ਸੋਮਵਾਰ, 15 ਜੂਨ, 2026
1 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 14

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 15 JUNE, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# 'ਆਗਿਆਕਾਰੀ ਸੇਵਕ' ਦੇਸ਼ ਦਾ ਅਪਮਾਨ ਕਰਵਾ ਰਿਹੈ : ਰਾਹੁਲ

**ਨਵੀਂ ਦਿੱਲੀ (ਨ ਜ਼ ਸ)**

ਰਾਹੁਲ ਗਾਂਧੀ ਨੇ ਖਾੜੀ ਵਿੱਚ ਅਮਰੀਕੀ ਹਮਲਿਆਂ ਵਿੱਚ ਤਿੰਨ ਭਾਰਤੀ ਮਲਾਹਾਂ ਦੇ ਮਾਰੇ ਜਾਣ ਤੋਂ ਬਾਅਦ ਅਮਰੀਕਾ ਦੇ ਬਿਆਨਾਂ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਐਤਵਾਰ ਤਿੱਖਾ ਹਮਲਾ ਕਰਦਿਆਂ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਇੱਕ 'ਆਗਿਆਕਾਰੀ ਸੇਵਕ' ਵਾਂਗ ਵਿਹਾਰ ਕਰਦੇ ਹਨ, ਜੋ 'ਆਦੇਸ਼ਾਂ' ਦੀ ਪਾਲਣਾ ਕਰਦਾ ਹੈ।

'ਐਕਸ' 'ਤੇ ਹਿੰਦੀ ਵਿੱਚ ਇੱਕ ਪੋਸਟ ਵਿੱਚ ਰਾਹੁਲ ਨੇ ਕਿਹਾ ਕਿ 'ਸਮਝੌਤਾਵਾਦੀ ਪ੍ਰਧਾਨ ਮੰਤਰੀ' ਭਾਰਤ ਦੇ ਸਨਮਾਨ ਦੀ ਰੱਖਿਆ ਨਹੀਂ ਕਰੇਗਾ, ਕਿਉਂਕਿ ਉਹ ਉਨ੍ਹਾਂ ਲੋਕਾਂ ਪ੍ਰਤੀ ਵਫਾਦਾਰ ਹੈ, ਜੋ ਦੇਸ਼ ਦਾ ਅਪਮਾਨ ਕਰਦੇ ਹਨ।

ਰਾਹੁਲ ਦੀ ਇਹ ਟਿੱਪਣੀ ਅਮਰੀਕਾ ਦੇ ਉਸ ਬਿਆਨ ਤੋਂ ਇੱਕ ਦਿਨ ਬਾਅਦ ਆਈ ਹੈ, ਜਿਸ ਵਿੱਚ ਉਸ ਨੇ ਭਾਰਤ ਨੂੰ ਦੱਸਿਆ ਸੀ ਕਿ ਹਾਰਮੁਜ਼ ਜਲਡਮਰੂ ਵਿੱਚ ਉਸ ਦੀ ਨਾਕਾਬੰਦੀ ਦੀ ਕਿਸੇ ਵੀ ਉਲੰਘਣਾ ਅਤੇ ਈਰਾਨੀ ਤੇਲ ਦੀ ਗੈਰ-ਕਾਨੂੰਨੀ ਆਵਾਜਾਈ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਸ਼ੁੱਕਰਵਾਰ ਇੱਕ ਗੱਲਬਾਤ ਦੌਰਾਨ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨਾਲ ਇਹ ਗੱਲ ਸਾਂਝੀ ਕੀਤੀ।

ਰਾਹੁਲ ਨੇ ਕਿਹਾ, 'ਅਮਰੀਕੀ ਹਮਲਿਆਂ ਵਿੱਚ ਤਿੰਨ ਭਾਰਤੀ ਮਲਾਹਾਂ ਦੇ ਮਾਰੇ ਜਾਣ ਤੋਂ ਬਾਅਦ ਨਾ ਤਾਂ ਪਛਤਾਵਾ ਹੈ ਅਤੇ ਨਾ ਹੀ ਮੁਆਫੀ। ਇਸ ਦੇ ਉਲਟ ਅਮਰੀਕਾ ਹੁਕਮ ਜਾਰੀ ਕਰ ਰਿਹਾ ਹੈ।' ਰਾਹੁਲ ਨੇ ਕਿਹਾ, 'ਉਨ੍ਹਾਂ ਦੇ ਸ਼ਬਦ ਪੜ੍ਹੋ : ਅਮਰੀਕੀ ਫੌਜੀ ਹੁਕਮਾਂ ਦੀ ਤੁਰੰਤ ਪਾਲਣਾ ਕਰੋ। ਕੋਈ ਵੀ ਉਲੰਘਣਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ।'

ਰਾਹੁਲ ਨੇ ਕਿਹਾ, 'ਇੱਕ ਪ੍ਰਭੂਸੱਤਾ ਸੰਪੰਨ ਦੇਸ਼ ਅਜਿਹੀ ਭਾਸ਼ਾ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ, ਪਰ ਸਾਡਾ ਸਮਝੌਤਾਵਾਦੀ ਪ੍ਰਧਾਨ ਮੰਤਰੀ? ਚੁੱਪ। ਉਹ ਇੱਕ ਆਗਿਆਕਾਰੀ ਸੇਵਕ ਵਾਂਗ ਸੁਣਦਾ ਹੈ ਅਤੇ ਹੁਕਮਾਂ ਦੀ ਪਾਲਣਾ ਕਰਦਾ ਹੈ। ਸਮਝੌਤਾ ਕਰਨ ਵਾਲਾ ਪ੍ਰਧਾਨ ਮੰਤਰੀ ਦੇਸ਼ ਦੇ ਸਨਮਾਨ ਦੀ ਰੱਖਿਆ ਨਹੀਂ ਕਰੇਗਾ, ਕਿਉਂਕਿ ਉਹ ਉਨ੍ਹਾਂ ਲੋਕਾਂ ਪ੍ਰਤੀ ਵਫਾਦਾਰ ਹੈ, ਜੋ ਦੇਸ਼ ਦਾ ਅਪਮਾਨ ਕਰਦੇ ਹਨ।'

ਅਮਰੀਕੀ ਵਿਦੇਸ਼ ਵਿਭਾਗ ਦੇ ਬੁਲਾਰੇ ਟੌਮੀ ਪਿਗੌਟ ਨੇ ਕਿਹਾ ਸੀ ਕਿ ਰੂਬੀਓ ਨੇ ਜੈਸ਼ੰਕਰ ਨੂੰ ਕਿਹਾ



ਕਿ ਸਾਰੇ ਵਪਾਰਕ ਜਹਾਜ਼ਾਂ ਨੂੰ ਖੇਤਰ ਵਿੱਚ ਸ਼ਾਂਤੀ ਅਤੇ ਸੁਰੱਖਿਆ ਨੂੰ ਬਣਾਈ ਰੱਖਣ ਦੀਆਂ ਕੋਸ਼ਿਸ਼ਾਂ ਦੇ ਹਿੱਸੇ ਵਜੋਂ ਹਾਰਮੁਜ਼ ਜਲਡਮਰੂ ਵਿੱਚ ਅਮਰੀਕੀ ਫੌਜਾਂ ਦੇ ਨਿਰਦੇਸ਼ਾਂ ਦੀ ਤੁਰੰਤ ਪਾਲਣਾ ਕਰਨੀ ਚਾਹੀਦੀ ਹੈ। ਅਮਰੀਕੀ ਨਾਕਾਬੰਦੀ ਦੀ ਉਲੰਘਣਾ ਅਤੇ ਈਰਾਨੀ ਤੇਲ ਦੀ ਗੈਰ-ਕਾਨੂੰਨੀ ਆਵਾਜਾਈ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇਸ ਹਫਤੇ ਓਮਾਨ ਤੱਟ 'ਤੇ ਭਾਰਤੀ ਚਾਲਕ ਦਲ ਦੇ ਤਿੰਨ ਜਹਾਜ਼ਾਂ 'ਤੇ ਹਮਲਾ ਹੋਇਆ, ਜਿਸ ਵਿੱਚੋਂ ਇੱਕ 'ਚ ਤਿੰਨ ਭਾਰਤੀ ਮਲਾਹਾਂ ਦੀ ਮੌਤ ਹੋ ਗਈ ਸੀ। ਜੈਸ਼ੰਕਰ ਨੇ ਬਾਅਦ ਵਿੱਚ ਭਾਰਤ ਦਾ ਸਖ਼ਤ ਵਿਰੋਧ ਦਰਜ ਕਰਵਾਉਣ ਲਈ ਰੂਬੀਓ ਨੂੰ ਫੋਨ ਕੀਤਾ, ਇਹ ਕਹਿੰਦੇ ਹੋਏ ਕਿ ਵਪਾਰਕ ਜਹਾਜ਼ਰਾਨੀ ਵਿਰੁੱਧ ਅਜਿਹੀਆਂ ਘਾਤਕ ਕਾਰਵਾਈਆਂ ਜਾਇਜ਼ ਨਹੀਂ ਹਨ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਭਾਰਤੀ ਜਹਾਜ਼ਾਂ 'ਤੇ ਡਰੋਨ ਹਮਲੇ ਕਰਨ ਦਾ ਦੋਸ਼ ਈਰਾਨ 'ਤੇ ਮੜ੍ਹਿਆ ਸੀ, ਜਦੋਂ ਕਿ ਈਰਾਨ ਨੇ ਇਸ ਦੋਸ਼ ਨੂੰ ਜ਼ੋਰਦਾਰ ਢੰਗ ਨਾਲ ਰੱਦ ਕਰ ਦਿੱਤਾ ਸੀ।

## ਅਮਰੀਕਾ ਬੇਦਰਦ ਦੋਸਤ : ਥਰੂਰ

**ਨਵੀਂ ਦਿੱਲੀ** : ਕਾਂਗਰਸ ਦੇ ਸੀਨੀਅਰ ਸੰਸਦ ਮੈਂਬਰ ਸ਼ਸ਼ੀ ਥਰੂਰ ਨੇ ਓਮਾਨ ਤੱਟ 'ਤੇ ਅਮਰੀਕੀ ਨੇਵੀ ਦੇ ਹਮਲੇ ਵਿੱਚ ਤਿੰਨ ਭਾਰਤੀ ਮਲਾਹਾਂ ਦੀ ਮੌਤ 'ਤੇ ਅਮਰੀਕਾ ਦੇ ਅੜੀਅਲ ਰਵੱਈਏ ਦੀ ਤਿੱਖੀ ਨਿਖੇਧੀ ਕੀਤੀ ਹੈ। ਅਮਰੀਕਾ ਵੱਲੋਂ ਇਸ ਦੁਖਦਾਈ ਘਟਨਾ 'ਤੇ ਕੋਈ ਵੀ ਅਫਸੋਸ ਜਾਂ ਹਮਦਰਦੀ ਜ਼ਾਹਰ ਨਾ ਕੀਤੇ ਜਾਣ 'ਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਥਰੂਰ ਨੇ ਉਸ ਨੂੰ ਇੱਕ ਬੇਦਰਦ ਦੋਸਤ ਕਰਾਰ ਦਿੱਤਾ ਹੈ। ਉਨ੍ਹਾ ਕਿਹਾ ਕਿ ਇੱਕ ਰਣਨੀਤਕ ਭਾਈਵਾਲ ਹੋਣ ਦੇ ਬਾਵਜੂਦ ਅਮਰੀਕਾ ਨੇ ਬੇਕਸੂਰ ਭਾਰਤੀਆਂ ਦੀ ਮੌਤ 'ਤੇ ਅਫਸੋਸ ਤੱਕ ਪ੍ਰਗਟ ਕਰਨ ਤੋਂ ਇਨਕਾਰ ਕਰ ਦਿੱਤਾ।



ਉਨ੍ਹਾ ਸਵਾਲ ਚੁੱਕਿਆ ਕਿ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਵਪਾਰਕ ਜਹਾਜ਼ਾਂ ਨੂੰ ਰੋਕਣ ਲਈ ਸਿੱਧੀ ਮਿਜ਼ਾਈਲ ਦਾਗਣ ਦੀ ਬਜਾਏ ਅਹਿੰਸਕ ਤਰੀਕਿਆਂ ਦੀ ਵਰਤੋਂ ਕਿਉਂ ਨਹੀਂ ਕੀਤੀ ਗਈ? ਉਹ ਵੀ ਅਜਿਹੇ ਨਾਜ਼ੁਕ ਸਮੇਂ ਵਿੱਚ, ਜਦੋਂ ਈਰਾਨ ਨਾਲ ਚੱਲ ਰਹੀ ਜੰਗ ਅਤੇ ਹਾਰਮੁਜ਼ ਜਲਡਮਰੂ ਦੀ ਅਮਰੀਕੀ ਨਾਕਾਬੰਦੀ ਕਾਰਨ ਹਾਲਾਤ ਪਹਿਲਾਂ ਹੀ ਖਤਰੇ ਨਾਲ ਭਰੇ ਹੋਏ ਹਨ।

ਉਨ੍ਹਾ 'ਐੱਕਸ' ਉੱਤੇ ਸਵਾਲ ਕਰਦਿਆਂ ਲਿਖਿਆ, 'ਇੱਕ ਦੋਸਤ ਅਤੇ ਰਣਨੀਤਕ ਭਾਈਵਾਲ ਏਨਾ ਬੇਦਰਦ ਕਿਵੇਂ ਹੋ ਸਕਦਾ ਹੈ? ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਪਾਰਕ ਜਹਾਜ਼ ਨੂੰ ਹੋਰ ਅਹਿੰਸਕ ਤਰੀਕਿਆਂ ਨਾਲ ਕਿਉਂ ਨਹੀਂ ਰੋਕਿਆ ਜਾ ਸਕਿਆ? ਕੀ ਨਿਰਦੋਸ਼ ਨਾਗਰਿਕਾਂ ਨੂੰ ਮਾਰਨ ਦੇ ਮਕਸਦ ਨਾਲ ਮਿਜ਼ਾਈਲਾਂ ਦਾਗੇ ਬਿਨਾਂ ਜਹਾਜ਼ ਦੇ ਸਿਸਟਮ ਜਾਂ ਇੰਜਣ ਨੂੰ ਜਾਮ ਕਰਨਾ ਸੰਭਵ ਨਹੀਂ ਸੀ? ਇਹ ਰਵੱਈਆ ਬਿਲਕੁਲ ਬਰਦਾਸ਼ਤ ਕਰਨ ਯੋਗ ਨਹੀਂ ਹੈ।'

# ਐਡਵੈਂਚਰ ਕਰਦੀ ਜਾਨ ਗੁਆ ਬੈਠੀ ਮੁਟਿਆਰ

**ਸਾਓ ਪਾਅਲੋ (ਨ ਜ਼ ਸ)**

ਅੱਜਕੱਲ੍ਹ ਸੋਸ਼ਲ ਮੀਡੀਆ 'ਤੇ ਰੀਲਾਂ ਅਤੇ ਵੀਡੀਓਜ਼ ਦੇਖ ਕੇ ਲੋਕ ਅਕਸਰ 'ਖਤਰਿਆਂ ਦੇ ਖਿਡਾਰੀ' ਬਣਨ ਨਿਕਲ ਪੈਂਦੇ ਹਨ, ਜੋ ਕਿ ਕਈ ਵਾਰ ਜਾਨਲੇਵਾ ਸਾਬਤ ਹੁੰਦਾ ਹੈ। ਤਾਜ਼ਾ ਮਾਮਲਾ ਬ੍ਰਾਜ਼ੀਲ ਤੋਂ ਸਾਹਮਣੇ ਆਇਆ ਹੈ, ਜਿੱਥੇ ਇੱਕ ਐਡਵੈਂਚਰ ਕੰਪਨੀ ਦੀ ਘੋਰ ਲਾਪਰਵਾਹੀ ਕਾਰਨ 24 ਸਾਲ ਦੀ ਮੁਟਿਆਰ ਦੀ ਬੰਜੀ ਜੰਪਿੰਗ ਦੌਰਾਨ ਮੌਤ ਹੋ ਗਈ।

ਇਹ ਹਾਦਸਾ ਸਾਓ ਪਾਓਲੋ ਰਾਜ ਦੇ ਲੀਮੇਈਰਾ ਅਤੇ ਕੋਰਡੇਈਰੋਪੋਲਿਸ ਸ਼ਹਿਰਾਂ ਨੂੰ ਜੋੜਨ ਵਾਲੇ 'ਪੋਂਟੇ ਡੋ ਐਸਕੇਲੇਟੋ' ਪੁਲ 'ਤੇ ਹੋਇਆ। ਇਹ ਪੁਲ ਹਾਲ ਹੀ ਦੇ ਦਿਨਾਂ ਵਿੱਚ ਐਡਵੈਂਚਰ ਦੇ ਸ਼ੌਕੀਨਾਂ ਅਤੇ ਸੈਲਾਨੀਆਂ ਲਈ ਇੱਕ ਪਸੰਦੀਦਾ ਸਪਾਟ ਬਣ ਗਿਆ ਸੀ, ਪਰ ਇਸ ਥਾਂ 'ਤੇ ਸਰਕਾਰ ਜਾਂ ਕਿਸੇ ਅਧਿਕਾਰਤ ਸੰਸਥਾ ਦੀ ਕੋਈ ਨਿਗਰਾਨੀ ਜਾਂ ਸੁਰੱਖਿਆ ਨਿਯਮ ਲਾਗੂ ਨਹੀਂ ਸਨ।

ਮਾਰੀਆ ਐਡੁਆਰਡਾ ਰੌਡਰਿਗਜ਼ ਡੀ ਫ੍ਰੀਟਾਸ ਨੇ ਇਸ ਖਤਰਨਾਕ ਬੰਜੀ ਜੰਪ ਅਤੇ ਉਸ ਦੀ ਵੀਡੀਓ ਸ਼ੂਟ ਕਰਵਾਉਣ ਲਈ 'ਐਂਟਰੇ ਕੋਰਡਾਸ' ਨਾਂਅ ਦੀ ਪ੍ਰਾਈਵੇਟ ਕੰਪਨੀ ਨੂੰ ਕਰੀਬ 290 ਡਾਲਰ ਦਿੱਤੇ ਸਨ। ਉਹ ਇਸ ਵੀਡੀਓ ਨੂੰ ਆਪਣੀਆਂ ਯਾਦਾਂ ਵਿੱਚ ਸਮੇਟਣਾ ਚਾਹੁੰਦੀ ਸੀ।

ਚਸ਼ਮਦੀਦਾਂ ਮੁਤਾਬਕ ਮੁਟਿਆਰ ਤੋਂ ਪਹਿਲਾਂ ਤਿੰਨ ਹੋਰ ਲੋਕਾਂ ਨੇ ਉੱਥੋਂ ਜੰਪ ਮਾਰਿਆ ਸੀ, ਜੋ



ਸੁਰੱਖਿਅਤ ਰਹੇ, ਪਰ ਜਿਵੇਂ ਹੀ ਕੁੜੀ ਦੀ ਵਾਰੀ ਆਈ, ਉੱਥੇ ਮੌਜੂਦ ਸਟਾਫ ਮੈਂਬਰਾਂ ਨੇ ਸੁਰੱਖਿਆ ਨਿਯਮਾਂ ਨੂੰ ਪੂਰੀ ਤਰ੍ਹਾਂ ਛਿੱਕੇ ਟੰਗ ਦਿੱਤਾ। ਉਹ ਮੁਟਿਆਰ ਨੂੰ 35 ਮੀਟਰ ਦੀ ਉਚਾਈ ਤੋਂ ਕੁੱਦਣ ਦਾ ਇਸ਼ਾਰਾ ਕਰਨ ਜਾਂ ਹੇਠਾਂ ਧੱਕਣ ਤੋਂ ਪਹਿਲਾਂ ਇਹ ਚੈੱਕ ਕਰਨਾ ਭੁੱਲ ਗਏ ਕਿ ਉਸ ਦੀ ਸੁਰੱਖਿਆ ਰੱਸੀ ਠੀਕ ਤਰ੍ਹਾਂ ਬੰਨ੍ਹੀ ਹੈ ਜਾਂ ਨਹੀਂ। ਜਿਵੇਂ ਹੀ ਮੁਟਿਆਰ ਨੇ ਪੁਲ ਤੋਂ ਹੇਠਾਂ ਛਾਲ ਮਾਰੀ, ਉੱਥੇ ਮੌਜੂਦ ਲੋਕਾਂ ਨੂੰ ਤੁਰੰਤ ਪਤਾ ਲੱਗ ਗਿਆ ਕਿ ਉਸ ਦੇ ਪੈਰਾਂ ਜਾਂ ਸਰੀਰ ਨਾਲ ਕੋਈ ਰੱਸੀ ਬੰਨ੍ਹੀ ਹੋਈ ਨਹੀਂ ਸੀ। ਕੁੜੀ ਸਿੱਧੀ ਹੇਠਾਂ ਜਾ ਡਿੱਗੀ ਤੇ ਦਮ ਤੋੜ ਗਈ। ਗਲਤੀ ਦਾ ਅਹਿਸਾਸ ਹੁੰਦੇ ਹੀ ਇੰਸਟ੍ਰਕਟਰ ਅਤੇ ਸਟਾਫ ਨੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਨੇ ਨਾਕਾਮ ਬਣਾ ਦਿੱਤੀ। ਮਾਮਲੇ ਵਿੱਚ ਹੁਣ ਤੱਕ 6 ਲੋਕਾਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ।

ਹਾਦਸੇ ਤੋਂ

• ਬਾਕੀ ਸਫਾ 2 'ਤੇ

# ਟੀ ਐੱਮ ਸੀ ਦੇ ਬਾਗੀਆਂ ਲਈ ਰਾਹ ਆਸਾਨ ਨਹੀਂ

**ਨਵੀਂ ਦਿੱਲੀ (ਨ ਜ਼ ਸ)**

ਇੱਕ ਉੱਘੇ ਸੰਵਿਧਾਨਕ ਮਾਹਰ ਨੇ ਬਾਗੀ ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰਾਂ ਵੱਲੋਂ ਲੋਕ ਸਭਾ ਸਪੀਕਰ ਤੋਂ ਪਾਰਟੀ ਦੇ ਵੱਖ ਹੋਏ ਗਰੁੱਪ ਲਈ 'ਅਸਲੀ ਟੀ ਐੱਮ ਸੀ' ਦਾ ਦਰਜਾ ਮੰਗਣ ਦੇ ਕਦਮ 'ਤੇ ਸਵਾਲ ਉਠਾਉਂਦੇ ਹੋਏ ਕਿਹਾ ਹੈ ਕਿ ਅਜਿਹਾ ਅਧਿਕਾਰ ਚੋਣ ਕਮਿਸ਼ਨ ਕੋਲ ਹੈ। ਬਾਗੀ ਸੰਸਦ ਮੈਂਬਰਾਂ ਦੇ ਗਰੁੱਪ ਨੇ ਸ਼ੁੱਕਰਵਾਰ ਨੂੰ 19 ਲੋਕ ਸਭਾ ਮੈਂਬਰਾਂ ਦੇ ਸਮਰਥਨ ਦਾ ਦਾਅਵਾ ਕੀਤਾ ਅਤੇ ਐਲਾਨ ਕੀਤਾ ਕਿ ਉਹ ਸੋਮਵਾਰ ਨੂੰ ਸਪੀਕਰ ਓਮ ਬਿੜਲਾ ਨੂੰ ਮਿਲਣਗੇ, ਤਾਂ ਜੋ 'ਅਸਲੀ ਟੀ ਐੱਮ ਸੀ' ਸੰਸਦੀ ਗਰੁੱਪ ਵਜੋਂ ਮਾਨਤਾ ਪ੍ਰਾਪਤ ਕੀਤੀ ਜਾ ਸਕੇ।



ਲੋਕ ਸਭਾ ਦੇ ਸਾਬਕਾ ਸਕੱਤਰ ਜਨਰਲ ਅਤੇ ਸੰਵਿਧਾਨਕ ਮਾਹਰ ਪੀ ਡੀ ਟੀ ਆਚਾਰੀ ਨੇ ਦੱਸਿਆ ਕਿ ਟੀ ਐੱਮ ਸੀ ਮਾਮਲੇ ਵਿੱਚ ਮੌਜੂਦਾ ਹਾਲਾਤ ਵਿੱਚ ਲੋਕ ਸਭਾ ਸਪੀਕਰ ਦੀ ਕੋਈ ਭੂਮਿਕਾ ਨਹੀਂ। ਅਸਲੀ ਟੀ ਐੱਮ ਸੀ ਬਾਰੇ ਫੈਸਲਾ ਲੈਣ ਦੀ ਸ਼ਕਤੀ ਚੋਣ ਕਮਿਸ਼ਨ ਕੋਲ ਹੈ। ਸੁਭਾਸ਼ ਦੇਸਾਈ ਮਾਮਲੇ ਵਿੱਚ ਭਾਰਤ ਦੇ ਤੱਤਕਾਲੀ ਚੀਫ ਜਸਟਿਸ ਡੀ ਵਾਈ ਚੰਦਰਚੂੜ ਨੇ ਸਪੱਸ਼ਟ ਕੀਤਾ ਸੀ ਕਿ ਸਪੀਕਰ ਦਲਬਦਲੀ ਕਾਨੂੰਨ ਦੇ ਮਾਮਲੇ ਦੇ ਤਹਿਤ ਕੇਸ ਦਾ ਨਿਪਟਾਰਾ ਕਰਦੇ ਸਮੇਂ ਅਜਿਹੇ ਮਾਮਲੇ ਵਿੱਚ ਫੈਸਲਾ ਲੈ ਸਕਦਾ ਹੈ, ਜਦੋਂ ਦੋ ਜਾਂ ਦੋ ਤੋਂ ਵੱਧ ਧੜੇ ਅਸਲ ਜਾਂ ਅਸਲ ਧਿਰ ਹੋਣ ਦਾ ਦਾਅਵਾ ਕਰ ਰਹੇ ਹੋਣ। ਉਨ੍ਹਾ ਕਿਹਾ ਕਿ ਬਾਗੀ ਗਰੁੱਪ ਨੂੰ ਚੋਣ ਕਮਿਸ਼ਨ ਕੋਲ ਇਹ ਦਲੀਲ ਦੇ ਕੇ ਪਹੁੰਚ ਕਰਨੀ ਪਵੇਗੀ ਕਿ ਉਨ੍ਹਾਂ ਕੋਲ ਸਭ ਤੋਂ ਵੱਧ ਸੰਸਦ ਮੈਂਬਰ ਅਤੇ ਵਿਧਾਇਕ ਹਨ ਅਤੇ ਪਾਰਟੀ ਦੇ ਸੰਗਠਨਾਤਮਕ ਵਿੰਗ 'ਤੇ ਉਨ੍ਹਾਂ ਦਾ ਕੰਟਰੋਲ ਹੈ। ਉਨ੍ਹਾ ਕਿਹਾ ਕਿ ਚੋਣ ਅਥਾਰਟੀ ਫਿਰ ਦੋਵਾਂ ਧੜਿਆਂ ਦੀ ਗੱਲ ਸੁਣ ਕੇ ਮਾਮਲੇ ਦੀ ਜਾਂਚ ਕਰੇਗੀ ਅਤੇ ਉਸ ਮਾਮਲੇ 'ਤੇ ਫੈਸਲਾ ਲਵੇਗੀ, ਜਿਸ ਨੂੰ ਨਿਆਂਇਕ ਜਾਂਚ ਦਾ ਵੀ ਸਾਹਮਣਾ

• ਬਾਕੀ ਸਫਾ 2 'ਤੇ

## ਝਾਰਖੰਡ 'ਚ ਅਸਮਾਨੀ ਬਿਜਲੀ ਨਾਲ 7 ਮੌਤਾਂ

**ਰਾਂਚੀ** : ਝਾਰਖੰਡ ਵਿੱਚ ਅਸਮਾਨੀ ਬਿਜਲੀ ਲੋਕਾਂ ਲਈ ਜਾਨਲੇਵਾ ਸਾਬਿਤ ਹੋ ਰਹੀ ਹੈ। ਪਿਛਲੇ 24 ਘੰਟਿਆਂ ਦੌਰਾਨ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਬਿਜਲੀ ਡਿੱਗਣ ਕਾਰਨ ਘੱਟੋ-ਘੱਟ ਸੱਤ ਲੋਕਾਂ ਦੀ ਮੌਤ ਹੋ ਗਈ। ਮ੍ਰਿਤਕਾਂ ਵਿੱਚ ਤਿੰਨ ਔਰਤਾਂ ਅਤੇ ਇੱਕ 10 ਸਾਲ ਦਾ ਬੱਚਾ ਵੀ ਸ਼ਾਮਲ ਹੈ।

ਪੁਲਸ ਅਧਿਕਾਰੀਆਂ ਅਨੁਸਾਰ, ਸਭ ਤੋਂ ਵੱਧ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਰਾਂਚੀ ਅਤੇ ਗੜ੍ਹਵਾ ਸ਼ਾਮਲ ਹਨ, ਜਿੱਥੇ ਦੋ-ਦੋ ਲੋਕਾਂ ਦੀ ਜਾਨ ਗਈ। ਰਾਂਚੀ ਜ਼ਿਲ੍ਹੇ ਦੇ ਪਿਥੋਰੀਆ ਥਾਣਾ ਖੇਤਰ ਦੇ ਬੜਹੂ ਪਿੰਡ ਦੇ ਰਹਿਣ ਵਾਲੇ ਜੀਤੂ ਮਹਲੀ (55) ਅਤੇ ਕਟਮਕੁਲੀ ਪਿੰਡ ਦੀ ਨਿਰਾਸ਼ਾ ਦੇਵੀ (33) ਖੇਤ ਵਿੱਚ ਕੰਮ ਕਰ ਰਹੇ ਸਨ, ਉਦੋਂ ਹੀ ਅਚਾਨਕ ਬਿਜਲੀ ਡਿੱਗਣ ਕਾਰਨ ਦੋਵਾਂ ਦੀ ਮੌਤ ਹੋ ਗਈ।

## ਬੇਅਦਬੀ ਕਾਨੂੰਨ ਨੂੰ ਲੈ ਕੇ ਅੱਜ ਅਹਿਮ ਮੀਟਿੰਗ

**ਅੰਮ੍ਰਿਤਸਰ** : ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਵਿਚਲੀਆਂ ਕੁਝ ਮੱਦਾਂ ਨੂੰ ਲੈ ਕੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ 15 ਜੂਨ ਨੂੰ ਸਿੱਖ ਜਥੇਬੰਦੀਆਂ ਦੀ ਮੀਟਿੰਗ ਸੱਦੀ ਗਈ ਹੈ। ਸਿੱਖ ਜਥੇਬੰਦੀਆਂ ਨਾਲ ਹੋਏ ਸਲਾਹ-ਮਸ਼ਵਰੇ ਤੋਂ ਬਾਅਦ ਇਹ ਮਾਮਲਾ ਛੇਤੀ ਹੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸੱਦ ਕੇ ਵਿਚਾਰਿਆ ਜਾਵੇਗਾ, ਜਿਸ ਵਿੱਚ ਕੋਈ ਸਖਤ ਫੈਸਲਾ ਵੀ ਲਿਆ ਜਾ ਸਕਦਾ ਹੈ। ਸ੍ਰੀ ਅਕਾਲ ਤਖਤ ਸਾਹਿਬ ਨੇ ਪੰਜਾਬ ਸਰਕਾਰ ਨੂੰ 15 ਦਿਨਾਂ ਦਾ ਅਲਟੀਮੇਟਮ ਦੇ ਕੇ ਅਸੈਂਬਲੀ ਦਾ ਵਿਸ਼ੇਸ਼ ਅਜਲਾਸ ਸੱਦ ਕੇ ਇਤਰਾਜ਼ਯੋਗ ਮੱਦਾਂ ਨੂੰ ਹਟਾਉਣ ਲਈ ਕਿਹਾ ਸੀ, ਪਰ ਸਰਕਾਰ ਨੇ ਕੋਈ ਕਾਰਵਾਈ ਨਹੀਂ ਕੀਤੀ। ਸਿੱਖ ਹਲਕਿਆਂ ਵਿੱਚ ਚਰਚਾ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਸਿੱਖ ਪੰਥ ਨੂੰ ਕੋਈ ਵਿਸ਼ੇਸ਼ ਆਦੇਸ਼ ਜਾਰੀ ਕੀਤਾ ਜਾ ਸਕਦਾ ਹੈ। ਸਿੱਖ ਮੰਤਰੀਆਂ ਦੀ ਵੀ ਜਵਾਬ-ਤਲਬੀ ਕੀਤੀ ਜਾ ਸਕਦੀ ਹੈ।

## ਰੇਲਾਂ ਦਾ ਪ੍ਰਬੰਧ ਨਾ ਹੋਣ 'ਤੇ ਪ੍ਰੀਖਿਆਰਥੀ ਭੜਕੇ



**ਪਟਨਾ** : ਬਿਹਾਰ ਵਿੱਚ ਐਤਵਾਰ ਤੋਂ ਸ਼ੁਰੂ ਹੋਈ ਸਿਪਾਹੀ ਭਰਤੀ ਪ੍ਰੀਖਿਆ ਦੇ ਪਹਿਲੇ ਹੀ ਦਿਨ ਉਸ ਵੇਲੇ ਸਥਿਤੀ ਬੇਹੱਦ ਤਣਾਅਪੂਰਨ ਹੋ ਗਈ, ਜਦੋਂ ਹਜ਼ਾਰਾਂ ਦੀ ਤਾਦਾਦ ਵਿੱਚ ਪੁੱਜੇ ਪ੍ਰੀਖਿਆਰਥੀਆਂ ਨੇ ਪ੍ਰਬੰਧਾਂ ਦੀ ਘਾਟ ਦਾ ਦੋਸ਼ ਲਾਉਂਦਿਆਂ ਪਾਟਲੀਪੁੱਤਰ ਰੇਲਵੇ ਸਟੇਸ਼ਨ 'ਤੇ ਜ਼ੋਰਦਾਰ ਹੰਗਾਮਾ ਕੀਤਾ। ਰੇਲ ਗੱਡੀਆਂ ਦੀ ਲੋੜੀਂਦੀ ਵਿਵਸਥਾ ਨਾ ਹੋਣ ਕਾਰਨ ਗੁੱਸੇ ਵਿੱਚ ਆਏ ਉਮੀਦਵਾਰਾਂ ਨੇ ਰੇਲਵੇ ਟਰੈਕ ਜਾਮ ਕਰ ਦਿੱਤੇ ਅਤੇ ਕਈ ਰੇਲ ਗੱਡੀਆਂ ਨੂੰ ਅੱਗੇ ਵਧਣ ਤੋਂ ਰੋਕ ਦਿੱਤਾ। ਭੀੜ ਵੱਲੋਂ ਰੇਲਵੇ ਸਟੇਸ਼ਨ 'ਤੇ ਜੰਮ ਕੇ ਪਥਰਾਅ ਕੀਤਾ ਗਿਆ ਅਤੇ ਪ੍ਰੀਖਿਆ ਵਿਸ਼ੇਸ਼ (ਐਗਜ਼ਾਮ ਸਪੈਸ਼ਲ) ਟਰੇਨ ਵਿੱਚ ਭਾਰੀ ਤੋੜਫੋੜ ਕੀਤੀ ਗਈ। ਅੱਧੀ ਰਾਤ ਦੇ ਕਰੀਬ ਸਟੇਸ਼ਨ 'ਤੇ ਹੰਗਾਮੇ 'ਤੇ ਕਾਬੂ ਪਾਉਣ ਲਈ ਪੁਲਸ ਨੇ ਤਾਕਤ ਦੀ ਵਰਤੋਂ ਕੀਤੀ ਅਤੇ ਹਵਾ 'ਚ ਗੋਲੀਆਂ ਚਲਾਈਆਂ।

# ਬਦਲ ਗਿਆ ਭਾਰਤੀ ਸੈਨਾ ਦਾ ਪਹਿਰਾਵਾ

**ਨਵੀਂ ਦਿੱਲੀ (ਨ ਜ਼ ਸ)**

ਭਾਰਤੀ ਸੈਨਾ ਨੇ ਆਪਣੀ ਵਰਦੀ (ਡਰੈੱਸ ਕੋਡ) ਅਤੇ ਰਹਿਣ-ਸਹਿਣ (ਗਰੂਮਿੰਗ) ਦੇ ਨਿਯਮਾਂ ਵਿੱਚ ਇੱਕ ਬਹੁਤ ਵੱਡਾ ਅਤੇ ਇਤਿਹਾਸਕ ਬਦਲਾਅ ਕੀਤਾ ਹੈ। ਸੈਨਾ ਵੱਲੋਂ ਜਾਰੀ ਕੀਤੀ ਗਈ 174 ਪੰਨਿਆਂ ਦੀ ਨਵੀਂ ਨਿਯਮਾਵਲੀ 'ਆਰਮੀ ਯੂਨੀਫਾਰਮਜ਼-2026' ਤਹਿਤ ਅੰਗਰੇਜ਼ ਸ਼ਾਸਨ ਕਾਲ (ਬ੍ਰਿਟਿਸ਼ ਦੌਰ) ਤੋਂ ਚੱਲੀਆਂ ਆ ਰਹੀਆਂ ਕਈ ਰਵਾਇਤਾਂ ਅਤੇ ਪ੍ਰਤੀਕਾਂ ਨੂੰ ਹਮੇਸ਼ਾ ਲਈ ਹਟਾ ਦਿੱਤਾ ਗਿਆ ਹੈ। ਭਾਰਤੀ ਫ਼ੌਜ ਦਾ ਕਹਿਣਾ ਹੈ ਕਿ ਇਨ੍ਹਾਂ ਸੁਧਾਰਾਂ ਦਾ ਮੁੱਖ ਮਕਸਦ ਬਸਤੀਵਾਦੀ ਮਾਨਸਿਕਤਾ ਦੇ ਚਿੰਨ੍ਹਾਂ ਨੂੰ ਖ਼ਤਮ ਕਰਕੇ ਭਾਰਤੀ ਸੈਨਿਕ ਪਰੰਪਰਾਵਾਂ, ਕਦਰਾਂ-ਕੀਮਤਾਂ ਅਤੇ ਦੇਸ਼ ਦੀ ਬਦਲਦੀ ਰਾਸ਼ਟਰੀ ਪਛਾਣ ਨੂੰ ਮਜ਼ਬੂਤੀ ਨਾਲ ਉਭਾਰਨਾ ਹੈ। ਇਸ ਨਵੀਂ ਨਿਯਮਾਵਲੀ ਦੇ ਅਨੁਸਾਰ, ਹੁਣ ਫ਼ੌਜ ਦੇ ਉੱਚ ਅਧਿਕਾਰੀ ਰਸਮੀ ਸਮਾਗਮਾਂ (ਫਾਰਮਲ ਡਰੈੱਸ) ਦੌਰਾਨ ਬੰਦ ਗਲੇ ਵਾਲੀ 'ਬੰਡੀ ਜੈਕਟ' ਪਹਿਨ ਸਕਣਗੇ। ਅਫ਼ਸਰਾਂ ਨੂੰ ਬੰਦਗਲਾ, ਲਾਊਂਜ ਸੂਟ, ਕੰਬੀਨੇਸ਼ਨ ਡਰੈੱਸ ਜਾਂ ਟਾਈ-ਸ਼ਰਟ ਦੇ ਨਾਲ ਵੀ ਬੰਡੀ ਪਹਿਨਣ ਦੀ ਖੁੱਲ੍ਹ ਹੋਵੇਗੀ, ਜਿਸ ਦੇ ਰੰਗ ਅਤੇ ਡਿਜ਼ਾਈਨ ਦੇ ਮਾਪਦੰਡ ਤੈਅ ਕੀਤੇ ਗਏ ਹਨ। ਹੁਣ ਪਰੇਡ ਦਾ ਨਿਰੀਖਣ ਕਰਨ ਵਾਲੇ ਸੀਨੀਅਰ ਸੈਨਿਕ ਅਧਿਕਾਰੀਆਂ ਲਈ ਹੱਥ ਵਿੱਚ ਤਲਵਾਰ ਲੈ ਕੇ ਚੱਲਣਾ ਲਾਜ਼ਮੀ ਨਹੀਂ ਹੋਵੇਗਾ। ਇਸ ਤੋਂ ਇਲਾਵਾ ਕਈ ਵਰਦੀਆਂ ਦੇ ਨਾਲ ਪਹਿਨੀ ਜਾਣ ਵਾਲੀ ਰਵਾਇਤੀ 'ਪਾਊਚ ਬੈਲਟ' ਨੂੰ ਵੀ ਹਟਾ ਦਿੱਤਾ ਗਿਆ ਹੈ, ਹਾਲਾਂਕਿ ਕੁਝ ਖ਼ਾਸ ਰੈਜੀਮੈਂਟਲ ਪ੍ਰੋਗਰਾਮਾਂ ਵਿੱਚ ਇਸ ਦੀ ਵਰਤੋਂ ਹੁੰਦੀ ਰਹੇਗੀ। ਸੈਨਾ ਨੇ ਸਾਰੇ ਰੈਂਕਾਂ ਦੇ ਜਵਾਨਾਂ ਲਈ ਸਰਦੀਆਂ ਦੀ ਇੱਕ ਨਵੀਂ ਵਿਹਾਰਕ ਵਰਦੀ ਸ਼ੁਰੂ ਕੀਤੀ ਹੈ, ਜਿਸ ਨੂੰ 'ਡਰੈੱਸ 32' ਦਾ ਨਾਂਅ ਦਿੱਤਾ

• ਬਾਕੀ ਸਫਾ 2 'ਤੇ

## ਰੇਲ ਗੱਡੀ ਨੂੰ ਅੱਗ ਦੀ ਅਫਵਾਹ ਕਾਰਨ ਮਾਰੀਆਂ ਛਾਲਾਂ, 4 ਦੀ ਮੌਤ



**ਨਵੀਂ ਦਿਲੀ** : ਮੱਧ ਪ੍ਰਦੇਸ਼ ਵਿਚ ਵਾਪਰੀ ਇਕ ਭਿਆਨਕ ਘਟਨਾ ਵਿੱਚ 4 ਵਿਅਕਤੀ ਰੇਲ ਗੱਡੀ ਹੇਠਾਂ ਆ ਕੇ ਮਾਰੇ ਗਏ। ਇਹ ਘਟਨਾ ਮੱਧ ਪ੍ਰਦੇਸ਼ ਦੇ ਮੋਰੈਨਾ ਅਤੇ ਰਾਜਸਥਾਨ ਦੇ ਧੌਲਪੁਰ ਦੇ ਵਿਚਕਾਰ ਸਰਾਏਚੌਲਾ ਥਾਣਾ ਖੇਤਰ ਦੇ ਹੇਤਮਪੁਰ ਸਟੇਸ਼ਨ ਦੇ ਨੇੜੇ ਐਤਵਾਰ ਦੁਪਹਿਰ ਨੂੰ ਵਾਪਰੀ। ਇੱਕ ਯਾਤਰੀ ਦਾ ਮੋਬਾਈਲ ਫੋਨ ਫਟਣ ਤੋਂ ਬਾਅਦ ਉਦੈਪੁਰ ਇੰਟਰਸਿਟੀ ਐਕਸਪ੍ਰੈਸ ਵਿੱਚ ਅੱਗ ਲੱਗਣ ਦੀ ਅਫਵਾਹ ਫੈਲ ਗਈ। ਫਿਰ ਕਿਸੇ ਨੇ ਚੇਨ ਖਿੱਚ ਕੇ ਰੇਲ ਗੱਡੀ ਨੂੰ ਰੋਕ ਦਿੱਤਾ। ਗੱਡੀ ਰੁਕਣ 'ਤੇ ਯਾਤਰੀਆਂ ਨੇ ਛਾਲਾਂ ਮਾਰ ਦਿੱਤੀਆਂ। ਕੁਝ ਯਾਤਰੀ ਦੂਜੀ ਰੇਲਵੇ ਲਾਈਨ 'ਤੇ ਪਹੁੰਚ ਗਏ। ਉਸੇ ਸਮੇਂ, ਆਗਰਾ ਤੋਂ ਮੋਰੈਨਾ ਜਾ ਰਹੀ ਪਾਤਾਲਕੋਟ ਐਕਸਪ੍ਰੈਸ ਉੱਥੋਂ ਲੰਘ ਰਹੀ ਸੀ, ਜਿਸ ਦੀ ਲਪੇਟ ਵਿਚ ਆ ਕੇ ਚਾਰ ਯਾਤਰੀ ਮੌਕੇ 'ਤੇ ਹੀ ਮਾਰੇ ਗਏ। ਮ੍ਰਿਤਕਾਂ ਦੀ ਪਛਾਣ ਆਫਰੀਨ ਪਤਨੀ ਨਦੀਮ ਖਾਨ (35) ਵਾਸੀ ਸੁਲਤਾਨਗੰਜ ਕੀ ਪੁਲੀਆ, ਆਗਰਾ, ਉਸ ਦਾ ਚਾਰ ਸਾਲਾ ਪੁੱਤਰ ਅਸਦ ਖਾਨ, ਸ਼ਕੁੰਤਲਾ ਪਤਨੀ ਭੂਰੀ ਸਿੰਘ ਪਰਮਾਰ (60) ਵਾਸੀ ਕਛਰਾ ਠੋਕ, ਰੰਕਾਟਾ, ਆਗਰਾ ਅਤੇ ਵੀਰਮਾ ਦੇਵੀ ਪਤਨੀ ਗਿਰਧਾਰੀ ਗਿਰੀ (60) ਵਾਸੀ ਮਹਾਜਨ ਗੇਰੇਸ, ਜ਼ਿਲ੍ਹਾ ਬੀਕਾਨੇਰ (ਰਾਜਸਥਾਨ) ਵਜੋਂ ਹੋਈ ਹੈ।

## ਅੱਜ-ਨਾਮਾ

ਢਿੱਲਾ ਮੱਠਾ ਵੀ ਭਾਰਤ ਜਦ ਰੋਸ ਕਰਦਾ,
ਸਹਾਰਦੀ ਨਹੀਂਉਂ ਟਰੰਪ ਦੀ ਟੀਮ ਬੇਲੀ।
ਮਾੜਾ-ਚੰਗਾ ਉਹ ਜਿੰਨਾ ਕੁਝ ਕਰੀ ਜਾਂਦੇ,
ਵਰਤਦੇ ਰਹਿੰਦੇ ਨੇ ਤਾਕਤ ਅਸੀਮ ਬੇਲੀ।
ਕਿਸੇ ਦੇ ਕਹਿਣ ਦੀ ਨਾਹੀਂ ਪ੍ਰਵਾਹ ਕਰਦੇ,
ਆਪਣੀ ਜਾਰੀ ਉਹ ਰੱਖਣ ਸਕੀਮ ਬੇਲੀ।
ਗਿਣਤੀਆਂ ਵੇਲੇ ਸੰਸਾਰ ਨੂੰ ਗੌਲਦੇ ਨਹੀਂ,
ਹਰ ਇੱਕ ਔਕੜ ਦਾ ਆਪ ਹਕੀਮ ਬੇਲੀ।
ਧੌਲਾ ਬਲਦ ਅਮਰੀਕਾ ਤਾਂ ਬਣੀ ਫਿਰਦਾ,
ਪਾਈ ਆ ਸੂਝ ਭੁਲਾ ਕੇ ਉਸ ਖੱਪ ਬੇਲੀ।
ਜਿਵੇਂ ਦੇ ਪੈਂਤੜੇ ਰਾਤ-ਦਿਨ ਬਦਲਦੇ ਈ,
ਹਰ ਇੱਕ ਗੱਲ ਦੀ ਹੱਦ ਗਏ ਟੱਪ ਬੇਲੀ।

-ਤੀਸ ਮਾਰ ਖਾਂ

## ਕੈਨੇਡਾ ਤੋਂ ਡਿਪੋਰਟ ਕੀਤੇ ਜਾਣਗੇ 14 ਮੁੰਡੇ

**ਵੈਨਕੂਵਰ** : ਸਰੀ ਅਤੇ ਕੈਨੇਡਾ ਦੇ ਹੋਰ ਸ਼ਹਿਰਾਂ ਵਿੱਚ ਫਿਰੌਤੀ ਲਈ ਗੋਲੀਬਾਰੀ ਕਰਨ ਦੇ ਦੋਸ਼ਾਂ ਹੇਠ ਫੜੇ ਗਏ ਭਾਰਤੀ ਨੌਜਵਾਨ, ਜਿਨ੍ਹਾਂ ਵਿੱਚੋਂ ਕੁਝ ਲੰਘੇ ਦਿਨੀਂ ਵਾਪਸ ਭਾਰਤ ਭੇਜੇ ਗਏ ਸਨ, ਉਨ੍ਹਾਂ ਵਿੱਚੋਂ ਹੀ 14 ਹੋਰਨਾਂ ਨੂੰ ਅਗਲੇ ਹਫ਼ਤੇ ਡਿਪੋਰਟ ਕੀਤੇ ਜਾਣ ਦੀ ਤਿਆਰੀ ਸਰਹੱਦੀ ਸੁਰੱਖਿਆ ਏਜੰਸੀ ਨੇ ਕਰ ਲਈ ਹੈ। ਸੂਤਰਾਂ ਅਨੁਸਾਰ ਇਨ੍ਹਾਂ ਨੂੰ ਸਜ਼ਾਵਾਂ ਦੀ ਥਾਂ ਵਾਪਸ ਤੋਰਨ ਵਿੱਚ ਹੀ ਭਲਾਈ ਸਮਝੀ ਜਾਣ ਲੱਗੀ ਹੈ। ਅਦਾਲਤੀ ਦਸਤਾਵੇਜ਼ਾਂ ਅਨੁਸਾਰ ਉਨ੍ਹਾਂ ਨੇ ਕੁਝ ਸੈਂਕੜੇ ਡਾਲਰਾਂ ਬਦਲੇ ਆਪਣਾ ਭਵਿੱਖ ਦਾਅ 'ਤੇ ਲਾਇਆ। ਮਿਲੀ ਜਾਣਕਾਰੀ ਅਨੁਸਾਰ ਇੱਕ ਘਰ 'ਤੇ ਗੋਲੀਬਾਰੀ ਕਰਨ ਬਦਲੇ ਦੋ ਜਣਿਆਂ ਨੂੰ ਮਸੀਂ ਹਜ਼ਾਰ ਜਾਂ 1200 ਡਾਲਰ ਮਿਲਦੇ ਹਨ। ਕਿਸੇ ਖ਼ਾਸ ਥਾਂ 'ਤੇ ਖ਼ਾਸ ਕਿਸਮ ਦੀ ਗੋਲੀਬਾਰੀ ਲਈ ਇਹ ਰਕਮ ਵਧ ਕੇ 1500 ਡਾਲਰ ਹੋ ਜਾਂਦੀ ਹੈ। ਮਿਲੀ ਰਕਮ ਕਾਰ ਚਲਾਉਣ ਵਾਲੇ ਅਤੇ ਗੋਲੀਬਾਰੀ ਕਰਨ ਵਾਲੇ ਬਰਾਬਰ ਵੰਡਦੇ ਹਨ।

ਹੋਰ ਪਤਾ ਲੱਗਾ ਹੈ ਕਿ ਭਾੜੇ ਦੇ ਕਾਤਲਾਂ ਦੇ ਤਿੰਨ-ਚਾਰ ਜਣਿਆਂ ਦੇ ਟੋਲੇ ਦੀ ਰਕਮ ਕਾਫ਼ੀ ਵੱਧ ਹੁੰਦੀ ਹੈ ਅਤੇ ਇਹ ਮਾਰੇ ਜਾਣ ਵਾਲੇ ਵਿਅਕਤੀ ਦੇ ਰੁਤਬੇ ਅਨੁਸਾਰ 40-50 ਹਜ਼ਾਰ ਡਾਲਰ ਤੱਕ ਹੁੰਦੀ ਹੈ। ਉਨ੍ਹਾਂ ਨੂੰ ਇੱਕ ਕਾਰ ਵੀ ਦਿੱਤੀ ਜਾਂਦੀ ਹੈ, ਜਿਸ ਨੂੰ ਵਾਰਦਾਤ ਤੋਂ ਬਾਅਦ ਉਨ੍ਹਾਂ ਨੇ ਅੱਗ ਲਾ ਕੇ ਸਾੜਨਾ ਹੁੰਦਾ ਹੈ। ਆਮ ਕਰਕੇ ਇਹ ਕਾਰਾਂ ਚੋਰੀ ਦੀਆਂ ਹੁੰਦੀਆਂ ਹਨ। ਵਾਰਦਾਤ ਕਰਨ ਵਾਲਿਆਂ ਨੂੰ ਖ਼ੁਦ ਪਤਾ ਨਹੀਂ ਹੁੰਦਾ ਕਿ ਉਨ੍ਹਾਂ ਤੋਂ ਇਹ ਕੰਮ ਕਰਵਾਉਣ ਪਿੱਛੇ ਕੌਣ ਹੈ ਅਤੇ ਉਸ ਦਾ ਮਕਸਦ ਕੀ ਹੈ। ਇੱਕ ਵਾਰ ਗੋਲੀਬਾਰੀ ਕਰਨ ਵਾਲੇ ਅੱਗੇ ਤੋਂ ਅੱਗੇ ਹੋਰ ਜਾਣਕਾਰਾਂ ਨੂੰ ਇਸ ਜਾਲ ਵਿੱਚ ਫਸਾਈ ਜਾਂਦੇ ਹਨ। ਜਾਲ ਵਿੱਚ ਫਸਣ ਵਾਲਿਆਂ ਵਿੱਚੋਂ ਬਹੁਤੇ ਉਹ ਹੁੰਦੇ ਹਨ, ਜੋ ਜਾਂ ਤਾਂ ਸਖ਼ਤ ਕੰਮ ਕਰਨ ਤੋਂ ਕਤਰਾਉਂਦੇ ਹਨ ਜਾਂ ਉਨ੍ਹਾਂ ਨੂੰ ਕੰਮ ਮਿਲਦਾ ਨਹੀਂ। ਪਤਾ ਲੱਗਾ ਹੈ ਕਿ ਹੁਣ ਤੱਕ ਗੋਲੀਬਾਰੀ ਦੇ ਮਾਮਲਿਆਂ ਵਿੱਚ ਫੜੇ ਜਾਣ ਵਾਲਿਆਂ ਵਿੱਚੋਂ ਇੱਕਾ-ਦੁੱਕਾ ਹੋਰ ਦੇਸ਼ਾਂ ਤੋਂ ਹਨ ਜਾਂ ਬੇਘਰੇ ਹਨ ਅਤੇ ਬਾਕੀ ਸਾਰੇ ਭਾਰਤ ਤੋਂ ਪੜ੍ਹਾਈ ਕਰਨ ਆਏ ਨੌਜਵਾਨ ਹਨ, ਜਿਨ੍ਹਾਂ ਨੇ ਕੈਨੇਡਾ ਪੁੱਜ ਕੇ ਕਾਲਜ ਵਿੱਚ ਪੈਰ ਵੀ ਨਹੀਂ ਪਾਇਆ।

ਮਨੀ ਮਯੂਲ ਉਹ ਵਿਅਕਤੀ ਹੈ ਜੋ ਕਿਸੇ ਦੂਸਰੇ ਦੀ ਤਰਫੋਂ ਗੈਰ-ਕਾਨੂੰਨੀ ਢੰਗ ਨਾਲ ਪ੍ਰਾਪਤ ਕੀਤੇ ਪੈਸੇ ਨੂੰ ਟ੍ਰਾਂਸਫਰ ਕਰਦਾ ਜਾਂ ਦੂਜੀ ਥਾਂ ਭੇਜਦਾ ਹੈ।



ਆਪਣੇ ਖਾਤੇ ਨੂੰ ਮਯੂਲ ਖਾਤਾ ਨਾ ਬਣਾਉ!

ਤੁਹਾਡਾ ਬੈਂਕ ਖਾਤਾ = ਤੁਹਾਡਾ ਪੈਸਾ

- ਕਦੇ ਵੀ ਕਿਸੇ ਨੂੰ ਪੈਸੇ ਟ੍ਰਾਂਸਫਰ ਕਰਨ ਲਈ ਆਪਣਾ ਬੈਂਕ ਖਾਤਾ ਇਸਤੇਮਾਲ ਨਾ ਕਰਨ ਦਿਓ।
- ਆਪਣੇ ਬੈਂਕ ਖਾਤੇ ਤੋਂ ਦੂਜਿਆਂ ਨੂੰ ਪੈਸੇ ਪ੍ਰਾਪਤ ਕਰਨ ਜਾਂ ਭੇਜਣ ਨਾਲ ਤੁਹਾਨੂੰ ਕੈਦ ਹੋ ਸਕਦੀ ਹੈ।
- ਕਦੇ ਵੀ ਆਪਣੇ ਬੈਂਕ ਦਾ ਵੇਰਵਾ, ਓ ਟੀ ਪੀ ਜਾਂ ਪਾਸਵਰਡ ਕਿਸੇ ਨਾਲ ਸਾਂਝਾ ਨਾ ਕਰੋ।

ਆਪਣਾ ਖਾਤਾ ਸੁਰੱਖਿਅਤ ਰੱਖੋ। ਖੁਦ ਨੂੰ ਸੁਰੱਖਿਅਤ ਰੱਖੋ।

ਅਸਾਨ ਢੰਗ ਨਾਲ ਪ੍ਰਾਪਤ ਕੀਤਾ ਪੈਸਾ ਕੋਈ ਵੀ ਜੋਖਮ ਲੈਣ ਦੇ ਲਾਇਕ ਨਹੀਂ ਹੈ।

https://rbikehtahai.rbi.org.in
rbikehtahai@rbi.org.in
ਅਧਿਕਾਰਤ WhatsApp ਨੰਬਰ: 99990 41935 / 99309 91935
ਜਾਣਕਾਰ ਬਣੋ, ਸਚੇਤ ਰਹੋ!

ਜਨ ਹਿਤ ਵਿੱਚ ਜਾਰੀ ਕਰਤਾ
भारतीय रिज़र्व बैंक
RESERVE BANK OF INDIA
www.rbi.org.in

## ਰੋਗ ਨਿਵਾਰਨ ਵਿਖੇ ਸਾਈਕਲਾਂ 'ਤੇ ਪਹੁੰਚੀਆਂ ਸਮਾਜ ਸੇਵੀ ਸ਼ਖ਼ਸੀਅਤਾਂ



**ਜ਼ੀਰਾ (ਨਰਿੰਦਰ ਅਨੇਜਾ)**-ਸਮਾਜ ਵਿੱਚ ਨਵੀਆਂ ਪਿਰਤਾਂ ਪਾਉਣ ਵਾਲੀ ਬਾਬਾ ਮਹਿੰਗਾ ਸਿੰਘ ਪਾਰਕ ਟੀਮ ਦੌਲਤਪੁਰਾ ਜ਼ਿਲਾ ਮੋਗਾ, ਰੋਗਨਿਵਾਰਨ ਜੀਵਨਧਾਰਾ ਜ਼ੀਰਾ ਪਹੁੰਚੀ।ਵੱਖ ਵੱਖ ਖੇਤਰਾਂ ਦੀਆਂ ਨਾਮੀ ਸ਼ਖ਼ਸ਼ੀਅਤਾਂ ਟੀਮ ਦੇ ਰੂਪ ਵਿੱਚ ਬੀਤੇ ਤੜਕਸਾਰ ਆਪਣੇ ਸਾਈਕਲਾਂ 'ਤੇ ਜ਼ੀਰਾ ਵਿਖੇ ਰੋਗਨਿਵਾਰਨ ਜੀਵਨਧਾਰਾ ਜ਼ੀਰਾ ਨੂੰ ਵੇਖਣ ਵਾਸਤੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਈਆਂ।ਇੱਥੇ ਇਨ੍ਹਾਂ ਸ਼ਖ਼ਸੀਅਤਾਂ ਦਾ ਪ੍ਰਸਿੱਧ ਸਾਹਿਤਕਾਰ ਲੇਖਕ ਗੁਰਚਰਨ ਸਿੰਘ ਨੂਰਪੁਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸਿਹਤ, ਸਾਡਾ ਰਹਿਣ ਸਹਿਣ, ਖਾਣ ਪੀਣ ਤੇ ਵਾਤਾਵਰਨ ਸਬੰਧੀ ਗੰਭੀਰ ਵਿਚਾਰ ਚਰਚਾ ਕੀਤੀ ਗਈ।ਇਹ ਟੀਮ ਜਿਸ ਵਿੱਚ ਦੌਲਤਪੁਰਾ ਮੋਗਾ ਦੇ ਸਮਾਜ ਸੇਵੀ ਬੂਟਾ ਸਿੰਘ ਦੌਲਤਪੁਰਾ, ਬਾਬਾ ਅਜਮੇਰ ਸਿੰਘ ਜੀ, ਬਲਰਾਜ ਸਿੰਘ ਰਾਜ, ਜਗਰੂਪ ਸਿੰਘ ਬਾਠ ਯੂਐੱਸਏ, ਨਰਿੰਦਰ ਪਾਲ ਸਿੰਘ ਉੱਪਲ, ਐੱਸਡੀਓ ਗੁਰਦੇਵ ਸਿੰਘ, ਗੁਰਦਿਆਲ ਸਿੰਘ, ਅਮਰਜੀਤ ਸਿੰਘ ਬਿੱਟੂ ਕੈਸ਼ੀਅਰ ਐੱਸਬੀਆਈ ਬੈਂਕ, ਸੂਬੇਦਾਰ ਸਤਪਾਲ ਸੱਤੀ ਸ਼ਰਮਾ, ਰਮੇਸ਼ ਕੁਮਾਰ ਪੰਜਾਬ ਐਂਡ ਸਿੰਧ ਬੈਂਕ ਆਦਿ ਮੈਂਬਰ ਹਾਜ਼ਰ ਸਨ, ਨੇ ਦੱਸਿਆ ਕਿ ਜਿਸ ਤਰ੍ਹਾਂ ਦਾ ਸਾਡਾ ਵਾਤਾਵਰਨ ਤੇ ਖਾਣ ਪੀਣ ਤੇ ਰਹਿਣ ਸਹਿਣ ਬਣ ਰਿਹਾ ਹੈ, ਇਸ ਮਾਹੌਲ ਵਿੱਚ ਸਾਨੂੰ ਮਨ ਦੀ ਸ਼ਾਂਤੀ ਤੇ ਸਰੀਰ ਦੀ ਤੰਦਰੁਸਤੀ ਲਈ ਐਕਸਰਸਾਈਜ਼ ਦੀ ਬਹੁਤ ਵੱਡੀ ਲੋੜ ਹੈ।ਉਨ੍ਹਾਂ ਕਿਹਾ ਕਿ ਰੋਗਨਿਵਾਰਨ ਜੀਵਨਧਾਰਾ ਜ਼ੀਰਾ ਇੱਕ ਨਵੇਕਲੀ ਪਹਿਲ ਕਦਮੀ ਹੈ, ਇੱਥੇ ਸਾਹਿਤ, ਗਿਆਨ, ਵਾਤਾਵਰਨ, ਸਰੀਰਕ ਤੇ ਮਾਨਸਿਕ ਤੰਦਰੁਸਤੀ ਸਬੰਧੀ ਬਹੁਤ ਹੀ ਸ਼ਲਾਘਾਯੋਗ ਭੂਮਿਕਾ ਨਿਭਾਈ ਜਾ ਰਹੀ ਹੈ।ਇਸ ਮੌਕੇ ਬੋਲਦਿਆਂ ਗੁਰਚਰਨ ਸਿੰਘ ਨੂਰਪੁਰ ਨੇ ਕਿਹਾ ਕਿ ਰੋਗ ਨਿਵਾਰਨ ਜੀਵਨ ਧਾਰਾ ਦਾ ਮਨੋਰਥ ਜਿੱਥੇ ਬਹੁਤ ਥੋੜ੍ਹੇ ਪੈਸਿਆਂ ਨਾਲ ਆਮ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਹੈ, ਉੱਥੇ ਨਾਲ ਦੀ ਨਾਲ ਸਮਾਜਿਕ ਤੇ ਘਰੇਲੂ ਮੁਸ਼ਕਲਾਂ ਸਮੱਸਿਆਵਾਂ ਲਈ ਇੱਥੇ ਕੌਂਸਲਿੰਗ ਕੀਤੀ ਜਾਂਦੀ ਹੈ ਅਤੇ ਹਰ ਐਤਵਾਰ ਨੂੰ ਮੈਡੀਟੇਸ਼ਨ ਧਿਆਨ ਕਰਵਾਇਆ ਜਾਂਦਾ ਹੈ।

## ਤਖ਼ਤੂਪੁਰਾ ਤੋਂ ਵੱਖ-ਵੱਖ ਲਿੰਕ ਸੜਕਾਂ ਦੇ ਬਰਮ ਪੂਰਾ ਕਰਨ ਦੀ ਮੁਹਿੰਮ ਸ਼ੁਰੂ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਸ੍ਰੀ ਸਾਗਰ ਸੇਤੀਆ ਡਿਪਟੀ ਕਮਿਸ਼ਨਰ ਮੋਗਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੰਡੀ ਬੋਰਡ ਤੇ ਲੋਕ ਨਿਰਮਾਣ ਵਿਭਾਗ (ਪੀ.ਡਬਲਿਊ.ਡੀ.) ਦੇ ਸਹਿਯੋਗ ਨਾਲ ਸਬ ਡਵੀਜ਼ਨ ਨਿਹਾਲ ਸਿੰਘ ਵਾਲਾ ਅਧੀਨ ਪਿੰਡ ਤਖ਼ਤੂਪੁਰਾ ਤੋਂ ਨਿਕਲਣ ਵਾਲੀਆਂ ਵੱਖ-ਵੱਖ ਲਿੰਕ ਸੜਕਾਂ ਦੇ ਬਰਮਾਂ ਨੂੰ ਪੂਰਾ ਕਰਨ ਦਾ ਕੰਮ ਸ਼ੁਰੂ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਡੀ.ਐੱਮ. ਨਿਹਾਲ ਸਿੰਘ ਵਾਲਾ ਸ੍ਰੀ ਗਗਨਦੀਪ ਨੇ ਦੱਸਿਆ ਕਿ ਬਰਮਾਂ ਦੀ ਮੁਰੰਮਤ ਤੇ ਉਚਾਈ ਨੂੰ ਸੜਕ ਦੇ ਪੱਧਰ ਦੇ ਬਰਾਬਰ ਕਰਨ ਨਾਲ ਆਵਾਜਾਈ ਨੂੰ ਹੋਰ ਸੁਰੱਖਿਅਤ ਤੇ ਸੁਚਾਰੂ ਬਣਾਉਣ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਬਰਮਾਂ ਦੇ ਨੀਵੇਂ ਹੋਣ ਕਾਰਨ ਸੜਕ ਹਾਦਸਿਆਂ ਦੀ ਸੰਭਾਵਨਾ ਬਣੀ ਰਹਿੰਦੀ ਹੈ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਕੰਮ ਤਰਜੀਹ ਦੇ ਆਧਾਰ 'ਤੇ ਕਰਵਾਇਆ ਗਿਆ ਹੈ। ਐੱਸ.ਡੀ.ਐੱਮ. ਨੇ ਦੱਸਿਆ ਕਿ ਮੰਡੀ ਬੋਰਡ, ਲੋਕ ਨਿਰਮਾਣ ਵਿਭਾਗ (ਪੀ.ਡਬਲਿਊ.ਡੀ.), ਗ੍ਰਾਮ ਪੰਚਾਇਤਾਂ ਤੇ ਸਥਾਨਕ ਪ੍ਰਸ਼ਾਸਨ ਦੇ ਆਪਸੀ ਤਾਲਮੇਲ ਤੇ ਸਹਿਯੋਗ ਨਾਲ ਇਹ ਕੰਮ ਸਮੇਂ ਸਿਰ ਮੁਕੰਮਲ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਤੇ ਬਿਹਤਰ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਵਚਨਬੱਧ ਹੈ ਤੇ ਭਵਿੱਖ ਵਿੱਚ ਵੀ ਅਜਿਹੇ ਕੰਮ ਜਾਰੀ ਰਹਿਣਗੇ।ਉਨ੍ਹਾਂ ਕਿਹਾ ਕਿ ਸੜਕਾਂ ਤੇ ਜਨਤਕ ਸੰਪਤੀ ਦੀ ਸੁਰੱਖਿਆ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ ਤੇ ਇਸ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਵਿਕਾਸ ਕਾਰਜਾਂ ਦੀ ਸੰਭਾਲ ਤੇ ਸੁਰੱਖਿਆ ਲਈ ਪ੍ਰਸ਼ਾਸਨ ਦਾ ਸਹਿਯੋਗ ਕਰਨ ਤਾਂ ਜੋ ਲੋਕ ਭਲਾਈ ਦੇ ਇਹ ਕੰਮ ਲੰਮੇ ਸਮੇਂ ਤੱਕ ਆਮ ਜਨਤਾ ਦੇ ਕੰਮ ਆ ਸਕਣ।

## ਪਰਮਜੀਤ ਢਿੱਲੋਂ ਦਾ ਕੈਨੇਡਾ ਪੁੱਜਣ 'ਤੇ ਭਰਵਾਂ ਸਵਾਗਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਨਿਰਦੇਸ਼ਾਂ ਹੇਠ ਪਾਰਟੀ ਦਾ ਇੱਕ ਵਫ਼ਦ ਕੈਨੇਡਾ ਵਿਖੇ ਪਾਰਟੀ ਦੀਆਂ ਨੀਤੀਆਂ ਦਾ ਪ੍ਰਚਾਰ ਕਰਨ ਲਈ ਪੁੱਜ ਗਿਆ ਹੈ। ਇਸ ਵਫ਼ਦ 'ਚ ਸ਼ਾਮਲ ਹਲਕਾ ਸਮਰਾਲਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਸੇਵਾਦਾਰ ਪਰਮਜੀਤ ਢਿੱਲੋਂ ਵੀ ਵੈਨਕੂਵਰ ਵਿਖੇ ਅੱਜ ਜਦੋਂ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪੁੱਜੇ ਤਾਂ ਉੱਥੇ ਪਾਰਟੀ ਸਮਰਥਕਾਂ ਨੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ। ਇਸ ਮੌਕੇ ਪਰਮਜੀਤ ਢਿੱਲੋਂ ਨੇ ਸਵਾਗਤ ਕਰਨ ਵਾਲਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇੱਕ ਪੰਥਕ ਪਾਰਟੀ ਹੈ, ਜੋ ਪੰਜਾਬ ਵਿਚ ਸਿੱਖ ਭਾਈਚਾਰੇ ਤੋਂ ਇਲਾਵਾ ਹਰੇਕ ਵਰਗ ਦੇ ਹਿੱਤਾਂ ਲਈ ਦੀ ਅਵਾਜ਼ ਬੁਲੰਦ ਕਰ ਰਹੀ ਹੈ। ਪਰਮਜੀਤ ਢਿੱਲੋਂ ਇੱਥੇ ਕੈਨੇਡਾ ਵਿਖੇ 27 ਜੂਨ ਤੱਕ ਰਹਿਣਗੇ, ਜਿੱਥੇ ਉਹ ਕੈਨੇਡਾ ਦੇ ਵੱਖ-ਵੱਖ ਸ਼ਹਿਰਾਂ ਵਿੱਚ ਜਾ ਕੇ ਵਫ਼ਦ ਸਮੇਤ ਪ੍ਰਵਾਸੀ ਪੰਜਾਬੀਆਂ ਨਾਲ ਮੀਟਿੰਗਾਂ ਕਰਨਗੇ। ਪਰਮਜੀਤ ਢਿੱਲੋਂ ਨੇ ਕਿਹਾ ਕਿ ਅਕਾਲੀ ਦਲ ਦੇ ਵਫ਼ਦ ਦਾ ਕੈਨੇਡਾ ਵਿਖੇ ਆਉਣ ਦਾ ਮੁੱਖ ਉਦੇਸ਼ ਜਿੱਥੇ ਪਾਰਟੀ ਨੂੰ ਮਜ਼ਬੂਤ ਕਰਨਾ ਹੈ, ਉੱਥੇ ਇੱਥੋਂ ਦੇ ਪ੍ਰਵਾਸੀ ਪੰਜਾਬੀਆਂ ਦੀਆਂ ਮੁੱਖ ਸਮੱਸਿਆਵਾਂ ਨੂੰ ਸਮਝਣਾ ਹੈ ਤਾਂ ਜੋ ਪੰਜਾਬ ਵਿੱਚ ਸਰਕਾਰ ਆਉਣ 'ਤੇ ਉਨ੍ਹਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾ ਸਕੇ।

## ਚੇਅਰਮੈਨ ਬੁੱਟਰ ਨੇ ਕੀਤੀ ਵਪਾਰੀਆਂ ਨਾਲ ਮੀਟਿੰਗ




**ਗਿੱਦੜਬਾਹਾ (ਜਸਵੰਤ ਸਿੰਘ ਗਿੱਲ)**-ਇਥੇ ਵਪਾਰੀਆਂ ਤੇ ਪ੍ਰਸ਼ਾਸਨਕ ਅਧਿਕਾਰੀਆਂ ਨਾਲ ਅਸੈਂਬਲੀ ਟਰੇਡ ਕਮਿਸ਼ਨ ਗਿੱਦੜਬਾਹਾ ਦੇ ਚੇਅਰਮੈਨ ਅਸ਼ੋਕ ਬੁੱਟਰ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦੇ ਹੋਏ ਚੇਅਰਮੈਨ ਅਸ਼ੋਕ ਬੁੱਟਰ ਨੇ ਕਿਹਾ ਕਿ ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗਿੱਦੜਬਾਹਾ ਵਿੱਚ ਲਗਾਤਾਰ ਵਿਕਾਸ ਕਾਰਜ ਚੱਲ ਰਹੇ ਹਨ ਤੇ ਉਨ੍ਹਾਂ ਕਿਹਾ ਕਿ ਗਿੱਦੜਬਾਹਾ ਦੇ ਦੁਕਾਨਦਾਰ ਵਪਾਰੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਮੁਸ਼ਕਲ ਆਉਂਦੀ ਹੈ ਤਾਂ ਉਸ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਬੁੱਟਰ ਨੇ ਰਾਸ਼ਨ ਕਾਰਡ ਲਾਭਪਾਤਰੀਆਂ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਦਾ ਭਰੋਸਾ ਵੀ ਦਿੱਤਾ ਤੇ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਬੇਨਤੀ ਕੀਤੀ ਕਿ ਗਿੱਦੜਬਾਹਾ ਨਿਵਾਸੀਆਂ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ।ਮੀਟਿੰਗ ਵਿੱਚ ਮੌਜੂਦ ਰਹੇ ਦੁਕਾਨਦਾਰਾਂ ਨੇ ਸੰਬੰਧਤ ਅਧਿਕਾਰੀਆਂ ਸਾਹਮਣੇ ਆਪਣੀਆਂ ਮੁਸ਼ਕਲਾਂ ਰੱਖੀਆਂ ਤੇ ਸੰਬੰਧਤ ਅਧਿਕਾਰੀਆਂ ਨੇ ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕਰਾਉਣ ਦਾ ਭਰੋਸਾ ਵੀ ਦਿੱਤਾ।ਇਸ ਮੌਕੇ ਪਰਵਿੰਦਰ ਸਿੰਘ ਥਾਣਾ ਮੁਖੀ ਗਿੱਦੜਬਾਹਾ, ਤਹਿਸੀਲਦਾਰ ਜਾਤਿੰਦਰਪਾਲ ਸਿੰਘ ਢਿੱਲੋਂ, ਈ ਟੀ ਓ ਗੁਰਿੰਦਰ ਸਿੰਘ, ਜੀਐੱਸਟੀ ਇੰਸਪੈਕਟਰ ਰਵਿੰਦਰ, ਜੀਐੱਸਟੀ ਇੰਸਪੈਕਟਰ ਅੰਮ੍ਰਿਤ ਪਾਲ, ਲੇਬਰ ਇੰਸਪੈਕਟਰ ਪ੍ਰਿੰਸ ਕੰਬੋਜ, ਬਲਾਕ ਖੇਤੀਬਾੜੀ ਅਫਸਰ, ਜੇ ਈ ਭੁਪਿੰਦਰ ਸਿੰਘ, ਲਖਵਿੰਦਰ ਸਿੰਘ ਤੋਂ ਇਲਾਵਾ ਵਪਾਰ ਮੰਡਲ ਦੀ ਸੱਤ ਮੈਂਬਰੀ ਕਮੇਟੀ ਦੇ ਮੈਂਬਰ ਤੇ ਸਮੂਹ ਦੁਕਾਨਦਾਰ ਮੌਜੂਦ ਸਨ।

## ਅੜੈਚਾਂ 'ਚ ਵਿਧਾਇਕ ਗਿਆਸਪੁਰਾ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



**ਦੋਰਾਹਾ (ਹਰਮਿੰਦਰ ਸੇਠ)**-ਪਿੰਡ-ਪਿੰਡ ਲੋਕ ਮਿਲਣੀ ਮੁਹਿੰਮ ਤਹਿਤ ਐਤਵਾਰ ਨੂੰ ਹਲਕਾ ਪਾਇਲ ਦੇ ਪਿੰਡ ਅੜੈਚਾ ਵਿਖੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।ਇਸ ਦੌਰਾਨ ਕਈ ਮਸਲਿਆਂ ਦਾ ਮੌਕੇ 'ਤੇ ਹੀ ਹੱਲ ਵੀ ਕੀਤਾ ਗਿਆ।ਇਸ ਮੌਕੇ ਗਿਆਸਪੁਰਾ ਨੇ ਕਿਹਾ ਕਿ ਲੋਕਾਂ ਦੀ ਸੇਵਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਅਤੇ ਵਿਸ਼ਵਾਸ ਉਨ੍ਹਾਂ ਲਈ ਵੱਡੀ ਜ਼ਿੰਮੇਵਾਰੀ ਹੈ ਅਤੇ ਉਹ ਹਮੇਸ਼ਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਵਚਨਬੱਧ ਹਨ।ਇਸ ਦੌਰਾਨ ਪੰਜਾਬ ਸਰਕਾਰ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੀ ਵੰਡੀਆਂ ਗਈਆਂ। ਇਸ ਮੌਕੇ ਨਗਰ ਕੌਂਸਲ ਦੋਰਾਹਾ ਦੇ ਸਾਬਕਾ ਪ੍ਰਧਾਨ ਸ੍ਰੀ ਸੁਦਰਸ਼ਨ ਸ਼ਰਮਾ ਪੱਪੂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਨਗਰ ਨਿਗਮ ਕਮਿਸ਼ਨਰ ਵੱਲੋਂ ਸਫ਼ਾਈ ਕਾਰਜਾਂ ਦੀ ਅਚਨਚੇਤ ਜਾਂਚ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕੈਬਨਿਟ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ ਅਨੁਸਾਰ ਮਿਸ਼ਨ ਕਲੀਨ ਪੰਜਾਬ ਤਹਿਤ ਨਗਰ ਨਿਗਮ ਕਮਿਸ਼ਨਰ ਮੈਡਮ ਲਵਜੀਤ ਕਲਸੀ ਨੇ ਐਤਵਾਰ ਤੜਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਦਾ ਅਚਨਚੇਤ ਦੌਰਾ ਕੀਤਾ।ਉਨ੍ਹਾਂ ਧੋਬੀ ਬਾਜ਼ਾਰ, ਹਸਪਤਾਲ ਬਾਜ਼ਾਰ, ਪੋਸਟ ਆਫ਼ਿਸ ਬਾਜ਼ਾਰ, ਸਿਰਕੀ ਬਾਜ਼ਾਰ, ਮਾਲ ਰੋਡ, ਅਜੀਤ ਰੋਡ ਅਤੇ ਸਿਵਲ ਲਾਈਨਜ਼ ਇਲਾਕਿਆਂ ਦਾ ਦੌਰਾ ਕੀਤਾ, ਜਿੱਥੇ ਸਫ਼ਾਈ ਦਾ ਕੰਮ ਚੱਲ ਰਿਹਾ ਸੀ। ਉਨ੍ਹਾਂ ਜਨਤਕ ਥਾਵਾਂ ਦੀ ਸਫ਼ਾਈ ਲਈ ਸਫ਼ਾਈ ਸੇਵਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਕਮਿਸ਼ਨਰ ਨੇ ਕਿਹਾ ਕਿ ਸਫ਼ਾਈ ਸੇਵਕ ਘਰ-ਘਰ ਤੋਂ ਕੂੜਾ ਇਕੱਠਾ ਕਰਨ ਦੇ ਨਾਲ-ਨਾਲ ਸੈਕੰਡਰੀ ਕਲੈਕਸ਼ਨ ਪੁਆਇੰਟਾਂ (ਜਿਥੇ ਕੂੜਾ ਸਿੱਟਿਆਂ ਜਾਂਦਾ ਹੈ) ਤੋਂ ਵੀ ਕੂੜਾ ਚੁੱਕਦੇ ਹਨ। ਉਨ੍ਹਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਦੇ ਕੂੜੇ ਨੂੰ ਗਲਣਯੋਗ ਅਤੇ ਨਾ-ਗਲਣਯੋਗ ਸ਼੍ਰੇਣੀਆਂ ਵਿੱਚ ਵੱਖਰਾ ਕਰਕੇ ਰੱਖਣ।

# ਭੀਖੀ ਡਿਸਟ੍ਰੀਬਿਊਟਰੀ 'ਚ ਪਿਆ ਪਾੜ; ਸੈਂਕੜੇ ਏਕੜ ਜ਼ਮੀਨ ਪ੍ਰਭਾਵਿਤ, ਨਿਰਮਾਣ ਅਧੀਨ ਪੁਲ ਵੀ ਨੁਕਸਾਨਿਆ



**ਭੀਖੀ (ਧਰਮਵੀਰ ਸ਼ਰਮਾ)**-ਭੀਖੀ ਡਿਸਟ੍ਰੀਬਿਊਟਰੀ (ਨਹਿਰ) 'ਤੇ ਨੈਸ਼ਨਲ ਕਾਲਜ ਦੇ ਨਜ਼ਦੀਕ ਧਲੇਵਾਂ ਰੋਡ 'ਤੇ ਨਿਰਮਾਣ ਅਧੀਨ ਪੁਲ ਕੋਲ ਨਹਿਰ ਵਿੱਚ ਸ਼ਨੀਵਾਰ ਸਵੇਰੇ 3 ਵਜੇ ਅਚਾਨਕ ਹੋਏ ਰਿਸਾਵ ਕਾਰਨ ਸ਼ਹਿਰ ਵਾਲੇ ਪਾਸੇ ਵੱਡਾ ਪਾੜ ਪੈ ਗਿਆ, ਜਿਸ ਕਾਰਨ ਦਰਜਨਾਂ ਮਕਾਨਾਂ ਤੋਂ ਇਲਾਵਾ ਸੈਂਕੜੇ ਏਕੜ ਜ਼ਮੀਨ ਪ੍ਰਭਾਵਿਤ ਹੋਈ ਹੈ।ਖੇਤਾਂ ਵਿੱਚ ਝੋਨੇ ਦੀ ਪੌਦ ਤੇ ਹਰੇ ਚਾਰੇ ਦਾ ਨੁਕਸਾਨ ਹੋਣ ਕਾਰਨ ਕਿਸਾਨਾਂ ਨੂੰ ਵਿੱਤੀ ਨੁਕਸਾਨ ਪਹੁੰਚਿਆ ਹੈ।ਮੌਕੇ 'ਤੇ ਜਾ ਕੇ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਚਸ਼ਮਦੀਦਾਂ ਨੇ ਦੱਸਿਆ ਕਿ ਅੱਜ ਸਵੇਰੇ ਤਿੰਨ ਵਜੇ ਦੇ ਕਰੀਬ ਨਹਿਰ 'ਚੋਂ ਪਾਣੀ ਦਾ ਰਿਸਾਵ ਸ਼ੁਰੂ ਹੋਇਆ ਤੇ ਦੇਖਦੇ ਹੀ ਦੇਖਦੇ ਵੱਡਾ ਪਾੜ ਬਣ ਗਿਆ।ਨਹਿਰ ਦੇ ਨਾਲ ਵਾਲੀ ਜ਼ਮੀਨ ਦੇ ਮਾਲਕ ਮਹਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਨਗਰ ਪੰਚਾਇਤ ਦੇ ਪ੍ਰਧਾਨ ਦੇ ਕਹਿਣ 'ਤੇ ਮੈਂ ਆਪਣੀ ਜ਼ਮੀਨ ਕੋਲੋਂ ਨਹਿਰ ਹੇਠੋਂ ਗੰਦੇ ਪਾਣੀ ਦੇ ਨਿਕਾਸ ਲਈ ਪੰਚਾਇਤ ਵੱਲੋਂ ਪਾਈ ਜਾ ਰਹੀ ਪਾਇਪਲਾਇਨ ਪਾਉਣ ਪ੍ਰਤੀ ਸਹਿਮਤੀ ਦਿੱਤੀ ਸੀ ਤੇ ਨਾਲ ਹੀ ਕਿਹਾ ਸੀ ਕਿ ਕੰਮ ਤਸੱਲੀਬਖਸ਼ ਹੋਵੇ ਤਾਂ ਜੋ ਸਾਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਹੋਵੇ, ਪਰ ਬੀਤੇ ਦਿਨ ਜਦੋਂ ਸਿੰਚਾਈ ਵਿਭਾਗ ਵੱਲੋਂ ਨਹਿਰ ਵਿੱਚ ਪਾਣੀ ਛੱਡਿਆ ਗਿਆ ਤਾਂ ਰਿਸਾਵ ਕਾਰਨ ਨਹਿਰ ਵਿੱਚ ਪਾੜ ਪੈ ਗਿਆ, ਜਿਸ ਕਾਰਨ ਮੇਰੇ ਖੇਤ ਤੇ ਮਕਾਨ ਦਾ ਨੁਕਸਾਨ ਹੋਇਆ ਹੈ।ਉਧਰ ਕਬਾੜ ਦੁਕਾਨਦਾਰ ਦੇਸ ਰਾਜ ਨੇ ਦੱਸਿਆ ਕਿ ਉਸ ਨੇ ਕਰਜ਼ਾ ਲੈ ਕੇ ਕਬਾੜ ਦਾ ਕੰਮ ਸ਼ੁਰੂ ਕੀਤਾ ਸੀ, ਪ੍ਰੰਤੂ ਨਹਿਰ ਟੁੱਟਣ ਕਾਰਨ ਉਸ ਦਾ ਸਾਰਾ ਸਾਮਾਨ ਰੁੜ੍ਹ ਗਿਆ।ਦੂਸਰੇ ਪਾਸੇ ਕਿਸਾਨ ਆਗੂ ਕਾ. ਗੁਰਨਾਮ ਭੀਖੀ ਨੇ ਕਿਸਾਨਾਂ ਨੂੰ ਮੁਆਵਜ਼ੇ ਦੀ ਮੰਗ ਕਰਦਿਆਂ ਕਿਹਾ ਕਿ ਜ਼ਿੰਮੇਵਾਰ ਨਗਰ ਪੰਚਾਇਤ ਤੇ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਭੂਮਿਕਾ ਦੀ ਜਾਂਚ ਕਰਵਾਈ ਜਾਵੇ।

ਇਸ ਮੌਕੇ ਜੂਨੀਅਰ ਇੰਜੀਨੀਅਰ ਸਾਹਿਲ ਕੁਮਾਰ ਨੇ ਦੱਸਿਆ ਕਿ ਅਗਲੇ ਦੋ ਤਿੰਨ ਦਿਨਾਂ ਤੱਕ ਨਹਿਰ ਦੀ ਮੁਕੰਮਲ ਮੁਰੰਮਤ ਕਰ ਦਿੱਤੀ ਜਾਵੇਗੀ।ਨਗਰ ਪੰਚਾਇਤ ਭੀਖੀ ਵੱਲੋਂ ਛੱਪੜਾਂ 'ਚੋਂ ਗੰਦੇ ਪਾਣੀ ਦੀ ਨਿਕਾਸੀ ਲਈ ਪਾਈ ਜਾ ਰਹੀ ਪਾਇਪ ਪਹਿਲਾਂ ਹੀ ਵਿਵਾਦਾਂ ਦੇ ਘੇਰੇ ਵਿੱਚ ਸੀ, ਪਰ ਹੁਣ ਜਦੋਂ ਨਹਿਰ ਦੇ ਬੈਂਡ ਹੇਠੋਂ ਦੀ ਪਾਇਪ ਲੰਘਾ ਕੇ ਅੱਗੇ ਬਹਾਦਰ ਸਿੰਘ ਵਾਲਾ ਡਰੇਨ ਵਿੱਚ ਪਾਣੀ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ ਤਾਂ ਇਹ ਭਾਣਾ ਵਾਪਰ ਗਿਆ ਤੇ ਨਗਰ ਪੰਚਾਇਤ ਦੀ ਪਾਇਪਲਾਇਨ ਪਾਉਣ ਵਾਲੀ ਕੀਮਤੀ ਡਰਿੱਲ ਮਸ਼ੀਨ ਵੀ ਪਾਣੀ ਦੇ ਵਹਾਅ ਵਿੱਚ ਵਹਿ ਗਈ।ਇਸ ਨਾਲ ਸਰਕਾਰ ਨੂੰ ਲੱਖਾਂ ਦਾ ਨੁਕਸਾਨ ਹੋਇਆ, ਉਥੇ ਕਿਸਾਨਾਂ ਨੂੰ ਵੀ ਆਰਥਿਕ ਮਾਰ ਪਈ ਹੈ।ਇਸ ਸਬੰਧੀ ਜਦੋਂ ਨਗਰ ਪੰਚਾਇਤ ਦੇ ਜੇ.ਈ. ਰਾਕੇਸ਼ ਕੁਮਾਰ ਨਾਲ ਫੋਨ 'ਤੇ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਫੋਨ ਚੁੱਕਣਾ ਮੁਨਾਸਿਬ ਨਹੀਂ ਸਮਝਿਆ।

ਨਹਿਰ 'ਚ ਪਏ ਪਾੜ ਤੋਂ ਬਾਅਦ ਸਥਿਤੀ ਨਾਲ ਨਜਿੱਠਣ ਲਈ ਜਿੱਥੇ ਸਿਵਲ ਪ੍ਰਸ਼ਾਸਨ, ਪੁਲਸ ਪ੍ਰਸ਼ਾਸਨ ਤੇ ਨਗਰ ਪੰਚਾਇਤ ਦੇ ਕੌਂਸਲਰਾਂ ਵੱਲੋਂ ਮੁਸਤੈਦੀ ਨਾਲ ਕੰਮ ਕੀਤਾ ਗਿਆ, ਉਥੇ ਸਮਾਜ ਸੇਵੀਆਂ ਤੇ ਪਿੰਡ ਦੇ ਪਤਵੰਤੇ ਸੱਜਣਾਂ ਵੱਲੋਂ ਵੀ ਕੰਮ ਕਰਨ ਵਾਲੇ ਕਾਰ ਸੇਵਕਾਂ ਲਈ ਲੰਗਰ ਆਦਿ ਦਾ ਪ੍ਰਬੰਧ ਕੀਤਾ ਗਿਆ।ਇਸ ਦੌਰਾਨ ਖਾਲਸਾ ਫਾਰਮ ਭੀਖੀ ਦੇ ਬਾਬਾ ਹਰਜਿੰਦਰ ਸਿੰਘ ਵੱਲੋਂ ਵੀ ਆਪਣਾ ਸਹਿਯੋਗ ਦਿੰਦੇ ਹੋਏ ਪਾੜ ਨੂੰ ਪੂਰਨ ਲਈ ਵੱਡੀ ਗਿਣਤੀ ਵਿੱਚ ਖਾਲੀ ਗੱਟਿਆਂ ਦਾ ਪ੍ਰਬੰਧ ਕਰਕੇ ਦਿੱਤਾ ਗਿਆ।ਬਾਬਾ ਹਰਜਿੰਦਰ ਸਿੰਘ ਨੇ ਕਿਹਾ ਕਿ ਉਹ ਹਮੇਸ਼ਾ ਸਮਾਜ ਭਲਾਈ ਤੇ ਲੋਕ ਸੇਵਾ ਦੇ ਕਾਰਜਾਂ ਲਈ ਹਮੇਸ਼ਾ ਤਤਪਰ ਰਹਿੰਦੇ ਹਨ।ਇਸ ਮੌਕੇ ਕਾਰਜ ਸਾਧਕ ਅਫਸਰ ਕੁਲਦੀਪ ਸਿੰਘ ਧਾਲੀਵਾਲ, ਆਪ ਆਗੂ ਵਰਿੰਦਰ ਸੋਨੀ, ਬਹਾਦਰ ਸਿੰਘ ਅਕਾਲੀ, ਕੌਂਸਲਰ ਪ੍ਰੇਮ ਕੁਮਾਰ ਗਰਗ, ਕੌਂਸਲਰ ਪਰਵਿੰਦਰ ਗੋਰਾ, ਕੌਂਸਲਰ ਰਾਮ ਸਿੰਘ ਚਹਿਲ, ਕੌਂਸਲਰ ਪੱਪੀ ਸਿੰਘ, ਕਾਂਗਰਸੀ ਆਗੂ ਧਨਜੀਤ ਭੀਖੀ ਤੋਂ ਇਲਾਵਾ ਦਰਜਨਾਂ ਪਤਵੰਤੇ ਸੱਜਣ ਤੇ ਸਮਾਜ ਹਿਤੈਸ਼ੀ ਮੌਜੂਦ ਸਨ।

## ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਚੰਦ ਪੁਰਾਣਾ ਵਿਖੇ ਸ੍ਰੀ ਅਖੰਡ ਪਾਠਾਂ ਦੀ ਲੜੀ ਦੀ ਸਮਾਪਤੀ 18 ਨੂੰ

**ਭੋਗ ਉਪਰੰਤ ਮਹਾਂਪੁਰਖਾਂ ਦੀ ਯਾਦ 'ਚ ਕਰਵਾਇਆ ਜਾਵੇਗਾ ਕੀਰਤਨ ਦਰਬਾਰ : ਬਾਬਾ ਗੁਰਦੀਪ ਸਿੰਘ**



**ਮੋਗਾ (ਇਕਬਾਲ ਸਿੰਘ ਖਹਿਰਾ)**

ਦੇਸ਼ਾਂ ਵਿਦੇਸ਼ਾਂ ਵਿੱਚ ਪ੍ਰਸਿੱਧ ਸ਼ਹੀਦਾਂ ਦਾ ਪਾਵਨ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ (ਤਪ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ) ਚੰਦ ਪੁਰਾਣਾ ਵਿਖੇ ਜਿੱਥੇ ਹਮੇਸ਼ਾ ਹੀ ਵੱਡੀ ਗਿਣਤੀ ਵਿੱਚ ਸੰਗਤਾਂ ਦਾ ਇਕੱਠ ਬਣਿਆ ਰਹਿੰਦਾ ਹੈ, ਹਰ ਰੋਜ਼ ਹਜ਼ਾਰਾਂ ਸੰਗਤਾਂ ਨਤਮਸਤਕ ਹੁੰਦੀਆਂ ਹਨ ਤੇ ਆਪਣੇ ਮਨ ਦੀਆਂ ਮੁਰਾਦਾਂ ਪੂਰੀਆਂ ਕਰਦੀਆਂ ਹਨ।ਇਸ ਪਾਵਨ ਅਸਥਾਨ ਨਾਲ ਲੱਖਾਂ ਸੰਗਤਾਂ ਦੀਆਂ ਭਾਵਨਾਵਾਂ ਜੁੜੀਆਂ ਹਨ ਤਾਂ ਕਰਕੇ ਇਸ ਨੂੰ ਆਸਥਾ ਦਾ ਕੇਂਦਰ ਵੀ ਕਿਹਾ ਜਾਂਦਾ ਹੈ।ਹਰ ਐਤਵਾਰ ਵੱਡੀ ਗਿਣਤੀ 'ਚ ਸੰਗਤਾਂ ਦਾ ਇਕੱਠ ਹੁੰਦਾ ਹੈ।ਇਸ ਅਸਥਾਨ ਦੇ ਮੁੱਖ ਸੇਵਾਦਾਰ ਸਮਾਜ ਸੇਵੀ ਸੰਤ ਬਾਬਾ ਗੁਰਦੀਪ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਲੋਹੜੀ ਮਾਘੀ ਦੇ ਦਿਹਾੜੇ ਤੋਂ ਲੈ ਕੇ ਨਿਰੰਤਰ ਚੱਲ ਰਹੀ ਸ੍ਰੀ ਅਖੰਡ ਪਾਠਾਂ ਦੀ ਲੜੀ ਦੀ ਸਮਾਪਤੀ 18 ਜੂਨ ਵੀਰਵਾਰ ਨੂੰ ਕੀਤੀ ਜਾਵੇਗੀ ਤੇ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 2 ਵਜੇ ਤੱਕ ਦੀਵਾਨ ਸਜਣਗੇ, ਕਿਉਂਕਿ 18 ਜੂਨ ਨੂੰ ਇਸ ਪਾਵਨ ਅਸਥਾਨ ਨੂੰ ਪ੍ਰਗਟ ਕਰਨ ਵਾਲੇ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਦੀ ਯਾਦ 'ਚ ਕੀਰਤਨ ਦਰਬਾਰ ਸਜੇਗਾ।ਇਥੋਂ ਪਤਾ ਲੱਗਦਾ ਹੈ ਕਿ ਸੰਗਤਾਂ ਦੀ ਇਸ ਅਸਥਾਨ ਇੰਨੇ ਲੰਬੇ ਸਮੇਂ ਤੋਂ ਚੱਲ ਰਹੀ ਸ੍ਰੀ ਅਖੰਡ ਪਾਠਾਂ ਦੀ ਨਾਲ ਸ਼ਰਧਾ ਕਿੰਨੀ ਹੋਵੇਗੀ।

ਦੋ ਸਾਲ ਬਾਅਦ ਜਾ ਕੇ ਸ੍ਰੀ ਅਖੰਡ ਪਾਠ ਕਰਵਾਉਣ ਵਾਲਿਆਂ ਨੂੰ ਸਮਾਂ ਮਿਲਦਾ ਹੈ।ਇੱਥੇ ਸਹਿਜ ਪਾਠਾਂ ਦੀਆਂ ਲੜੀਆਂ ਵੀ ਨਿਰੰਤਰ ਚੱਲਦੀਆਂ ਰਹਿੰਦੀਆਂ ਹਨ।ਆਓ 18 ਜੂਨ ਨੂੰ ਮਹਾਂਪੁਰਖਾਂ ਨੂੰ ਯਾਦ ਕਰਦਿਆਂ ਕੀਰਤਨ ਦਾ ਆਨੰਦ ਮਾਣੀਏ ਤੇ ਗੁਰੂ ਘਰ ਤੋਂ ਖੁਸ਼ੀਆਂ ਪ੍ਰਾਪਤ ਕਰੀਏ।

## ਮੰਗਾਂ ਮਨਵਾਉਣ ਲਈ ਬਿਜਲੀ ਕਾਮੇ ਟਾਵਰ ਉੱਪਰ ਚੜ੍ਹੇ



**ਬੱਧਨੀ ਕਲਾਂ (ਲਵਲੀ ਕੁਮਾਰ)**

ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਬਿਜਲੀ ਕਾਮਿਆਂ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕਰ ਦਿੱਤਾ ਗਿਆ। ਇਸ ਦੌਰਾਨ ਰੋਸ ਪ੍ਰਗਟ ਕਰਦੇ ਹੋਏ ਕੁਝ ਬਿਜਲੀ ਕਾਮੇ ਬਿਜਲੀ ਟਾਵਰ ਦੇ ਸਿਖਰ ਉੱਪਰ ਚੜ੍ਹ ਗਏ।ਟਾਵਰ ਉੱਪਰੋਂ ਹੀ ਬਿਜਲੀ ਕਾਮਿਆਂ ਨੇ ਫੋਨ ਰਾਹੀਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਨੂੰ ਸਰਕਾਰ ਵੱਲੋਂ ਨਹੀਂ ਮੰਨਿਆ ਜਾਂਦਾ, ਉਦੋਂ ਤੱਕ ਉਨ੍ਹਾਂ ਦਾ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਉਹ ਆਪਣੀਆਂ ਮੰਗਾਂ ਲਈ ਸ਼ਾਂਤੀਪੂਰਨ ਢੰਗ ਨਾਲ ਸੰਘਰਸ਼ ਕਰ ਰਹੇ ਹਨ ਪਰ ਜੇਕਰ ਸੰਘਰਸ਼ ਦੌਰਾਨ ਉਨ੍ਹਾਂ ਦੇ ਕਿਸੇ ਵੀ ਸਾਥੀ ਨਾਲ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਇਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ।

ਬਿਜਲੀ ਕਾਮਿਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੀਆਂ ਮੰਗਾਂ ਦਾ ਜਲਦ ਹੱਲ ਕੀਤਾ ਜਾਵੇ ਤਾਂ ਜੋ ਮਾਮਲੇ ਦਾ ਨਿਪਟਾਰਾ ਹੋ ਸਕੇ।

# ਜੰਗ ਦੀ ਆੜ 'ਚ ਮਹਿੰਗਾਈ ਵਧਾਉਣਾ ਬੰਦ ਕਰੋ : ਸ਼ਿੰਗਾਰਾ ਸਿੰਘ ਮਾਨ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਬਲਾਕ ਪ੍ਰਧਾਨ ਬਹੱਤਰ ਸਿੰਘ ਨੰਗਲਾ ਦੀ ਅਗਵਾਈ ਹੇਠ ਅਨਾਜ ਮੰਡੀ ਤਲਵੰਡੀ ਸਾਬੋ ਵਿਖੇ ਹੋਈ ਜਿਸ ਵਿੱਚ ਜਿਲ੍ਹਾ ਪ੍ਰਧਾਨ ਸਿੰਗਾਰਾ ਸਿੰਘ ਮਾਨ ਵਿਸੇਸ਼ ਤੌਰ 'ਤੇ ਸਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸ਼ਿੰਗਾਰਾ ਸਿੰਘ ਮਾਨ ਅਤੇ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਕਿਹਾ ਕਿ ਅਮਰੀਕਾ ਵੱਲੋਂ ਦੇਸ਼ 'ਤੇ ਥੋਪੇ ਜਾ ਰਹੇ ਵਪਾਰ ਸਮਝੌਤੇ ਖਿਲਾਫ, ਇਰਾਨ 'ਤੇ ਅਮਰੀਕੀ ਸਾਮਰਾਜੀ ਹਮਲੇ ਖਿਲਾਫ ਅਤੇ ਇਸ ਹਮਲੇ ਕਾਰਨ ਲੋਕਾਂ 'ਤੇ ਮਹਿੰਗਾਈ ਦੇ ਰੂਪ 'ਚ ਪੈ ਰਹੇ ਵੱਡੇ ਭਾਰ ਖਿਲਾਫ ਦੋ ਕਿਸਾਨ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਧਨੇਰ) ਵੱਲੋਂ 4 ਜੁਲਾਈ ਨੂੰ ਚੰਡੀਗੜ੍ਹ 34 ਸੈਕਟਰ ਵਿਖੇ ਕੇਂਦਰ ਦੀ ਮੋਦੀ ਹਕੂਮਤ ਤੇ ਪੰਜਾਬ ਦੀ ਭਗਵੰਤ ਮਾਨ ਹਕੂਮਤ ਖਿਲਾਫ ਰੋਸ ਧਰਨਾ ਅਤੇ ਮੁਜਾਹਰਾ ਕਰਕੇ ਮੰਗ ਕੀਤੀ ਜਾਵੇਗੀ ਕਿ ਦੇਸ਼ ਅੰਦਰ ਖਾਦਾਂ, ਜ਼ਰੂਰੀ ਵਸਤਾਂ,ਪੈਟਰੋਲ ਡੀਜ਼ਲ ਦੀਆਂ ਕੀਮਤਾਂ 'ਚ ਅਥਾਹ ਵਾਧਾ ਕਰਕੇ ਲੋਕਾਂ 'ਤੇ ਮਹਿੰਗਾਈ ਦਾ ਭਾਰੀ ਬੋਝ ਪਾਇਆ ਜਾ ਰਿਹਾ ਹੈ। ਖਾਦਾਂ ਦੇ ਮਾਮਲੇ ਚ ਵਿਦੇਸ਼ੀ ਮੁਲਕਾਂ 'ਤੇ ਬਣੀ ਹੋਈ ਨਿਰਭਰਤਾ ਕਾਰਨ ਖਾਦਾਂ ਦੀ ਭਾਰੀ ਤੋਟ ਪੈਦਾ ਹੋ ਰਹੀ ਹੈ ਜਿਸ ਕਾਰਨ ਫਸਲਾਂ ਦੇ ਉਤਪਾਦਨ 'ਤੇ ਅਸਰ ਪੈਣ ਦਾ ਖਤਰਾ ਮੰਡਰਾ ਰਿਹਾ ਹੈ। ਉਹਨਾਂ ਕਿਹਾ ਕਿ ਅਮਰੀਕਾ ਜੰਗ ਦੀ ਆੜ ਵਿੱਚ ਲੋਕਾਂ ਤੇ ਬੋਝ ਪਾਉਣਾ ਬੰਦ ਕੀਤਾ ਜਾਵੇ ਤੇ ਇਹ ਬੋਝ ਵੱਡੇ ਕਾਰਪੋਰੇਟ ਘਰਾਣਿਆ ਦੇਸ਼ੀ ਵਿਦੇਸ਼ੀ ਕੰਪਨੀਆਂ ਤੇ ਵੱਡੇ ਟੈਕਸ ਲਾ ਕੇ ਖਜ਼ਾਨਾ ਭਰਿਆ ਜਾਵੇ ਤੇ ਉਹ ਖਜ਼ਾਨੇ ਦਾ ਮੂੰਹ ਲੋਕਾਂ ਵੱਲ ਖੋਲਿਆ ਜਾਵੇ।ਭਾਰਤ ਅਮਰੀਕਾ ਵਪਾਰ ਸਮਝੌਤਾ ਵਾਰਤਾ ਰੱਦ ਕੀਤੀ ਜਾਵੇ।ਇਸ ਸਮਝੌਤੇ ਤਹਿਤ ਅਮਰੀਕੀ ਸਾਮਰਾਜੀਆਂ ਨੂੰ ਦਿੱਤੀਆਂ ਗਈਆਂ ਯਕੀਨ ਦਹਾਨੀਆਂ ਰੱਦ ਕੀਤੀਆਂ ਜਾਣ।ਮੀਟਿੰਗ ਵਿੱਚ ਬਲਾਕ ਆਗੂ ਕੁਲਵਿੰਦਰ ਸਿੰਘ ਗਿਆਨਾ,ਕਾਲਾ ਚੱਠੇਵਾਲਾ, ਰਣਜੋਧ ਸਿੰਘ ਮਾਹੀ ਨੰਗਲ ਤੇ ਕਲੱਤਰ ਕਲਾਲ ਵਾਲਾ ਤੇ ਪਿੰਡ ਇਕਾਈਆ ਦੇ ਆਗੂ ਵਰਕਰ ਹਾਜ਼ਰ ਸਨ।

# ਵਿਧਾਇਕ ਦੇ ਨਵੇਂ ਬਣੇ ਘਰ ਪੁੱਜੇ ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਹਲਕਾ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੇ ਆਪਣੇ ਨਵੇਂ ਬਣੇ ਘਰ ਦੀ ਖ਼ੁਸ਼ੀ 'ਚ ਆਪਣੇ ਗ੍ਰਹਿ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਅਨਾਜ ਮੰਡੀ ਘੜਾਮ ਵਿਖੇ ਰਾਗੀ ਜਥਿਆਂ ਵੱਲੋਂ ਕਥਾ ਕੀਰਤਨ ਰਾਹੀਂ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ ਗਿਆ। ਇਸ ਧਾਰਮਿਕ ਸਮਾਗਮ ਵਿਚ ਜਿੱਥੇ ਹਲਕੇ ਤੋਂ ਹਜ਼ਾਰਾਂ ਦੀ ਗਿਣਤੀ ਵਿਚ ਲੋਕਾਂ ਨੇ ਹਾਜ਼ਰੀ ਲਵਾਈ, ਉੱਥੇ ਹੀ ਸੰਤ ਸਮਾਜ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਭਾਰਤੀ ਜਨਤਾ ਪਾਰਟੀ ਦੇ ਦਿੱਲੀ ਤੋਂ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਵੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ, ਜਿਨ੍ਹਾਂ ਨੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੂੰ ਨਵੇਂ ਬਣੇ ਘਰ ਦੀ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਨੂੰ ਹਲਕਾ ਨਿਵਾਸੀਆਂ ਦੀ ਸੇਵਾ ਕਰਨ ਲਈ ਉਤਸ਼ਾਹਿਤ ਕੀਤਾ। ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਘਰ ਦਾ ਨਵੀਨੀਕਰਣ ਕਰਵਾਇਆ ਹੈ, ਜਿਸ ਦੀ ਖ਼ੁਸ਼ੀ ਵਿੱਚ ਇਹ ਧਾਰਮਿਕ ਸਮਾਗਮ ਕੁਝ ਮਹੀਨੇ ਪਹਿਲਾਂ ਕਰਵਾਉਣਾ ਸੀ ਪਰ ਆਮ ਆਦਮੀ ਪਾਰਟੀ ਦੇ ਨਾਲ ਵਾਦ ਵਿਵਾਦ ਪੈਦਾ ਹੋਣ ਕਾਰਨ ਉਨ੍ਹਾਂ ਨੂੰ ਕੁਝ ਸਮਾਂ ਬਾਹਰ ਰਹਿਣਾ ਪਿਆ, ਜਿਸ ਕਰਕੇ ਇਹ ਸਮਾਗਮ ਕੁਝ ਮਹੀਨੇ ਲੇਟ ਹੋ ਗਿਆ ਸੀ ਪਰ ਹੁਣ ਇਹ ਸਮਾਗਮ ਰੱਖਿਆ ਗਿਆ ਸੀ।

ਇਸ ਮੌਕੇ ਵਿਧਾਇਕ ਪਠਾਨਮਾਜਰਾ ਅਤੇ ਉਨ੍ਹਾਂ ਦੇ ਸਪੁੱਤਰ ਹਰਜਸ਼ਨ ਸਿੰਘ ਪਠਾਨਮਾਜਰਾ ਨੇ ਆਈਆਂ ਸੰਗਤ ਤੇ ਸੰਤ ਸਮਾਜ ਦਾ ਧੰਨਵਾਦ ਕੀਤਾ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਪੀਰ ਭੀਖਮ ਸ਼ਾਹ ਦੀ ਦਰਗਾਹ ਦੇ ਗੱਦੀ ਨਸ਼ੀਨ ਬੀਬੀ ਭੋਲੂ ਸ਼ਾਹ, ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲੇ, ਸੰਤ ਬਾਬਾ ਹਰਦੇਵ ਸਿੰਘ, ਬਾਬਾ ਸੁਖਦੇਵ ਸਿੰਘ, ਬਾਬਾ ਰਾਮ ਦੱਤ ਗਿਰੀ ਮਾਰਕੰਡਾ ਵਾਲੇ ਤੋਂ ਇਲਾਵਾ ਲਾਡੀ ਡੱਬਰੀ, ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ, ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ, ਜਗਰੂਪ ਸਿੰਘ ਵਿਧਾਇਕ ਬਠਿੰਡਾ, ਸਰਵਨ ਸਿੰਘ ਧੁਨ ਵਿਧਾਇਕ ਖੇਮਕਰਨ, ਲਾਡੀ ਧੌਂਸ ਵਿਧਾਇਕ ਧਰਮਕੋਟ, ਬੀਬੀ ਗੁਰਸ਼ਰਨ ਕੌਰ ਰੰਧਾਵਾ, ਹਰਵਿੰਦਰ ਸਿੰਘ ਹਰਪਾਲਪੁਰ, ਸੰਦੀਪ ਸਿੰਘ ਰਾਜਾ ਤੁੜ, ਗੁਰਬਚਨ ਸਿੰਘ ਵਿਰਕ, ਜਸਪਾਲ ਸਿੰਘ ਗਗਰੌਲੀ, ਰਜਿੰਦਰ ਸਿੰਘ ਵਿਰਕ, ਕ੍ਰਿਸ਼ਨ ਸਿੰਘ ਸਨੌਰ, ਜਗਮੀਤ ਸਿੰਘ ਹਰਿਆਊ, ਜਸਪਾਲ ਸਿੰਘ ਬਿੱਟੂ ਚੱਠਾ, ਬਲਜਿੰਦਰ ਸਿੰਘ ਨੰਦਗੜ੍ਹ, ਗੁਰਪ੍ਰੀਤ ਗੁਰੀ ਪੀ ਏ, ਜਗਦੀਸ਼ ਪੰਡਤ, ਪ੍ਰਭਜਿੰਦਰ ਸਿੰਘ ਭੋਲਾ, ਸੱਜਣ ਸਿੰਘ ਉਪਲੀ, ਕਰਮਜੀਤ ਸਿੰਘ ਖੇੜੀ ਰਣਵਾਂ, ਹਰਦੇਵ ਸਿੰਘ ਘੜਾਮ, ਡਾ. ਕਰਮ ਸਿੰਘ, ਬੀਬੀ ਸਵਿੰਦਰ ਕੌਰ ਧੰਜੂ, ਰਾਜਾ ਧੰਜੂ, ਹੈਪੀ ਸਰਪੰਚ, ਬੂਟਾ ਸਿੰਘ ਥਿੰਦ, ਪ੍ਰੇਮ ਸਿੰਘ ਖਨੇਜਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਪੰਚ ਸਰਪੰਚ, ਸਾਕ ਸਬੰਧੀ ਤੇ ਇਲਾਕਾ ਨਿਵਾਸੀ ਮੌਜੂਦ ਸਨ।

## ਸਫਾ 1 ਦੇ ਬਾਕੀ...

### ਟੀ ਐੱਮ ਸੀ ਦੇ ...

ਕਰਨਾ ਪਏਗਾ। ਦਲਬਦਲੀ ਵਿਰੋਧੀ ਕਾਨੂੰਨ ਅਤੇ ਸੰਵਿਧਾਨ ਦੀ 10ਵੀਂ ਅਨੁਸੂਚੀ ਦਾ ਹਵਾਲਾ ਦਿੰਦੇ ਹੋਏ ਆਚਾਰੀ ਨੇ ਕਿਹਾ ਕਿ ਹੁਣ ਤੱਕ ਉਨ੍ਹਾਂ ਨੂੰ ਇੱਕ ਵੱਖਰੇ ਗਰੁੱਪ ਵਜੋਂ ਨਹੀਂ ਮੰਨਿਆ ਜਾ ਸਕਦਾ ਅਤੇ ਵੱਖ-ਵੱਖ ਸੀਟਾਂ ਅਲਾਟ ਨਹੀਂ ਕੀਤੀਆਂ ਜਾ ਸਕਦੀਆਂ, ਕਿਉਂਕਿ ਮਮਤਾ ਬੈਨਰਜੀ ਦੀ ਅਗਵਾਈ ਵਾਲੀ ਟੀ ਐੱਮ ਸੀ ਨੂੰ ਪਹਿਲਾਂ ਹੀ ਲੋਕ ਸਭਾ ਵਿੱਚ ਸੀਟਾਂ ਅਲਾਟ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾ ਕਿਹਾ ਕਿ ਹੁਣ ਤੱਕ ਬਾਗੀਆਂ ਨੂੰ ਇੱਕ ਮਾਨਤਾ ਪ੍ਰਾਪਤ ਵੱਖਰੇ ਗਰੁੱਪ ਦਾ ਦਰਜਾ ਨਹੀਂ ਦਿੱਤਾ ਗਿਆ, ਇਸ ਲਈ ਉਨ੍ਹਾਂ ਲਈ ਇਸ ਸਮੇਂ ਕੋਈ ਵੱਖਰੀ ਬੈਠਣ ਦੀ ਵਿਵਸਥਾ ਨਹੀਂ ਕੀਤੀ ਜਾ ਸਕਦੀ।

ਪਾਰਟੀ ਦੇ ਲੋਕ ਸਭਾ ਵਿੱਚ 28 ਮੈਂਬਰ ਹਨ। ਰਾਜ ਸਭਾ ਵਿੱਚ 13 ਮੈਂਬਰ ਹਨ, ਜਿਨ੍ਹਾਂ ਵਿੱਚੋਂ ਤਿੰਨ ਹੁਣ ਤੱਕ ਅਸਤੀਫਾ ਦੇ ਚੁੱਕੇ ਹਨ।

### ਬਦਲ ਗਿਆ ਭਾਰਤੀ ...

ਗਿਆ ਹੈ; ਇਸ ਵਿੱਚ ਅੰਗੋਲਾ ਸ਼ਰਟ, ਬੈਟਲ ਜੈਕਟ ਅਤੇ ਬੇਰੇਟ (ਗੋਲ ਟੋਪੀ) ਸ਼ਾਮਲ ਹੈ। ਵਰਦੀ ਦੇ ਨਾਲ-ਨਾਲ ਬਸਤੀਵਾਦੀ ਦੌਰ ਦੀ ਯਾਦ ਦਿਵਾਉਣ ਵਾਲੀ ਸ਼ਬਦਾਵਲੀ ਨੂੰ ਵੀ ਬਦਲਿਆ ਗਿਆ ਹੈ, ਜਿਸ ਤਹਿਤ 'ਰੌਇਲ' ਵਰਗੇ ਸ਼ਬਦਾਂ ਨੂੰ ਫ਼ੌਜੀ ਕੋਸ਼ ਵਿੱਚੋਂ ਖ਼ਾਰਜ ਕਰ ਦਿੱਤਾ ਗਿਆ ਹੈ। ਸਰੀਰ 'ਤੇ ਟੈਟੂ ਖੁਣਵਾਉਣ ਅਤੇ ਕੰਨ-ਨੱਕ ਵਿੰਨ੍ਹਣ 'ਤੇ ਮੁਕੰਮਲ ਪਾਬੰਦੀ ਜਾਰੀ ਰਹੇਗੀ। ਵਰਦੀ ਵਿੱਚ ਬਰੇਸਲੇਟ ਪਾਉਣ ਦੀ ਇਜਾਜ਼ਤ ਨਹੀਂ ਹੋਵੇਗੀ।

ਡਿਓਡੋਰੈਂਟ ਅਤੇ ਪਰਫਿਊਮ ਦੀ ਵਰਤੋਂ ਵਰਜਿਤ ਕਰ ਦਿੱਤੀ ਗਈ ਹੈ, ਹਾਲਾਂਕਿ ਆਫਟਰ-ਸ਼ੇਵ ਲੋਸ਼ਨ ਲਗਾਇਆ ਜਾ ਸਕਦਾ ਹੈ। ਜਵਾਨਾਂ ਦੀਆਂ ਮੁੱਛਾਂ ਦੀ ਲੰਬਾਈ 12 ਸੈਂਟੀਮੀਟਰ ਨਿਰਧਾਰਤ ਕੀਤੀ ਗਈ ਹੈ। ਸਿੱਖ ਸੈਨਿਕਾਂ ਨੂੰ ਉਨ੍ਹਾਂ ਦੇ ਧਾਰਮਿਕ ਪ੍ਰਤੀਕਾਂ (ਦਸਤਾਰ ਅਤੇ ਕਕਾਰ) ਸੰਬੰਧੀ ਪਹਿਲਾਂ ਵਾਂਗ ਹੀ ਵਿਸ਼ੇਸ਼ ਛੋਟ ਮਿਲਦੀ ਰਹੇਗੀ। ਬਾਕੀ ਜਵਾਨਾਂ ਨੂੰ ਕੇਵਲ ਧਾਰਮਿਕ ਅਨੁਸ਼ਠਾਨ ਵਾਲੇ ਦਿਨ ਪਵਿੱਤਰ ਧਾਗਾ (ਖੰਮਹਣੀ/ਜਨੇਊ) ਪਹਿਨਣ ਦੀ ਸੀਮਤ ਖੁੱਲ੍ਹ ਹੋਵੇਗੀ। ਮਹਿਲਾ ਸੈਨਿਕ ਅਧਿਕਾਰੀਆਂ ਨੂੰ ਸਾਦੇ ਰੰਗ ਦੀ ਸਾੜ੍ਹੀ ਜਾਂ ਕੁੜਤਾ-ਸਲਵਾਰ ਪਹਿਨਣ ਦੀ ਪ੍ਰਵਾਨਗੀ ਦਿੱਤੀ ਗਈ ਹੈ, ਪਰ ਬਿਨਾਂ ਬਾਹਾਂ ਵਾਲੇ (ਸਲੀਵਲੇਸ) ਕੁੜਤੇ, ਪਲਾਜ਼ੋ ਅਤੇ ਸਿਗਰੇਟ ਪੈਂਟ ਪਹਿਨਣ 'ਤੇ ਪੂਰੀ ਤਰ੍ਹਾਂ ਰੋਕ ਹੋਵੇਗੀ। ਵਰਦੀ ਦੇ ਨਾਲ ਲਿਪਸਟਿਕ, ਰੰਗਦਾਰ ਨੇਲ ਪਾਲਿਸ਼, ਵੱਡੀ ਬਿੰਦੀ ਅਤੇ ਨੋਜ਼ ਪਿਨ (ਕੋਕਾ) ਪਾਉਣ 'ਤੇ ਪਾਬੰਦੀ ਲਗਾਈ ਗਈ ਹੈ। ਵਿਆਹੀਆਂ ਮਹਿਲਾ ਅਧਿਕਾਰੀ ਸਿੰਦੂਰ ਲਗਾ ਸਕਦੀਆਂ ਹਨ, ਬਸ਼ਰਤੇ ਉਹ ਬੇਰੇਟ ਜਾਂ ਫ਼ੌਜੀ ਕੈਪ ਦੇ ਹੇਠਾਂ ਛਿਪਿਆ ਹੋਣਾ ਚਾਹੀਦਾ ਹੈ ਅਤੇ ਬਾਹਰ ਦਿਖਾਈ ਨਾ ਦੇਵੇ।

### ਐਡਵੈਂਚਰ ਕਰਦੀ ਜਾਨ...

ਪਹਿਲਾਂ ਮਾਰੀਆ ਨੇ ਸੋਸ਼ਲ ਮੀਡੀਆ ਅਕਾਊਂਟ 'ਤੇ ਪੋਸਟ ਪਾ ਕੇ ਲਿਖਿਆ ਸੀ : 'ਆਖਰ ਕਿਹੜੇ ਪਾਗਲ ਇਨਸਾਨ ਨੇ ਮੈਨੂੰ ਪੁਲ ਤੋਂ ਛਾਲ ਲਾਉਣ ਲਈ ਆਉਣ ਦਿੱਤਾ।' ਮਾਰੀਆ ਦਾ ਮੰਗੇਤਰ ਵੀ ਮੌਕੇ 'ਤੇ ਮੌਜੂਦ ਸੀ। ਮਾਰੀਆ ਦੀ ਮੌਤ ਤੋਂ ਬਾਅਦ ਉਸ ਦੀ ਤਬੀਅਤ ਵਿਗੜ ਗਈ।

**ਕੀ ਹੁੰਦੀ ਹੈ ਬੰਜੀ ਜੰਪਿੰਗ** : ਇਸ ਵਿੱਚ ਵਿਅਕਤੀ ਨੇ ਪੁਲ, ਟਾਵਰ, ਕ੍ਰੇਨ ਜਾਂ ਚੱਟਾਨ ਤੋਂ ਇੱਕ ਖਾਸ ਤਰ੍ਹਾਂ ਦੀ ਇਲਾਸਟਿਕ ਰੱਸੀ ਬੰਨ੍ਹ ਕੇ ਛਾਲ ਮਾਰਨੀ ਹੁੰਦੀ ਹੈ। ਛਾਲ ਮਾਰਨ ਦੇ ਬਾਅਦ ਵਿਅਕਤੀ ਕੁਝ ਸਕਿੰਟ ਹੇਠਾਂ ਜਾਂਦਾ ਹੈ ਅਤੇ ਜਿਵੇਂ ਹੀ ਰੱਸੀ ਪੂਰੀ ਤਰ੍ਹਾਂ ਖਿੱਚੀ ਜਾਂਦੀ ਹੈ, ਉਹ ਉਸ ਨੂੰ ਉੱਪਰ ਵੱਲ ਖਿੱਚਦੀ ਹੈ। ਹੇਠਾਂ-ਉੱਪਰ ਉੱਛਲਣ ਦਾ ਅਨੁਭਵ ਬੰਜੀ ਜੰਪਿੰਗ ਨੂੰ ਰੋਮਾਂਚਕ ਬਣਾਉਂਦਾ ਹੈ। ਇਸ ਲਈ ਸਭ ਤੋਂ ਪਹਿਲਾਂ ਵਿਅਕਤੀ ਦਾ ਭਾਰ ਤੋਲਿਆ ਜਾਂਦਾ ਹੈ ਤੇ ਉਸੇ ਹਿਸਾਬ ਨਾਲ ਜਾਨਦਾਰ ਰੱਸੀ ਬੰਨ੍ਹੀ ਜਾਂਦੀ ਹੈ।

## ਅਕਾਲੀ ਦਲ ਨੂੰ ਬੂਥ ਪੱਧਰ ਤੱਕ ਮਜ਼ਬੂਤ ਬਣਾਉਣ ਲਈ ਪਿੰਡ-ਪਿੰਡ ਮੀਟਿੰਗਾਂ : ਸ਼ੰਮੇਵਾਲੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਬੂਥ ਪੱਧਰ ਤੱਕ ਜ਼ਿੰਮੇਵਾਰੀ ਸੌਂਪਣ ਲਈ ਸ਼੍ਰੋਮਣੀ ਅਕਾਲੀ ਦਲ ਸਰਕਲ ਟੱਲੇਵਾਲ ਦੀ ਵਿਸ਼ੇਸ਼ ਮੀਟਿੰਗ ਹਲਕਾ ਮਹਿਲ ਕਲਾਂ ਦੇ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਦੀ ਅਗਵਾਈ ਹੇਠ ਹੋਈ।ਇਸ ਮੌਕੇ ਹਲਕਾ ਮਹਿਲ ਕਲਾਂ ਦੇ ਨਵ-ਨਿਯੁਕਤ ਕੋਆਰਡੀਨੇਟਰ ਪ੍ਰੀਤ ਇੰਦਰ ਸਿੰਘ ਸੰਮੇਵਾਲੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਉਨ੍ਹਾਂ ਪਾਰਟੀ ਹਾਈ ਕਮਾਂਡ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹਰ ਵਰਗ ਨੂੰ ਪਾਰਟੀ ਦੇ ਮੁੱਖ ਧੁਰੇ ਨਾਲ ਜੋੜਨ ਲਈ ਪਿੰਡ-ਪਿੰਡ ਛਾਅ ਜਾਣ ਦੀ ਅਪੀਲ ਕਰਦਿਆਂ ਦੱਸਿਆ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਹਰ ਪਿੰਡ ਦੇ ਬੂਥ ਪੱਧਰ ਤੱਕ ਜ਼ਿੰਮੇਵਾਰੀ ਸੌਂਪਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਸਪੱਸ਼ਟ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸੂਬਾ ਸਰਕਾਰ ਦੀ ਕਿਸੇ ਵੀ ਧੱਕੇਸ਼ਾਹੀ ਅੱਗੇ ਝੁਕੇਗਾ ਨਹੀਂ।ਸਗੋਂ ਪਹਿਲਾ ਨਾਲੋਂ ਵੀ ਵਧੇਰੇ ਬੁਲੰਦ ਹੌਸਲੇ ਨਾਲ ਜ਼ਿੰਮੇਵਾਰੀ ਨਿਭਾਈ ਜਾਵੇਗੀ।ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪ੍ਰੀਤ ਇੰਦਰ ਸਿੰਘ ਸੰਮੇਵਾਲੀ ਨੂੰ ਹਲਕਾ ਕੋਆਰਡੀਨੇਟਰ ਦੀ ਨਿਯੁਕਤੀ ਕੀਤੇ ਜਾਣ 'ਤੇ ਧੰਨਵਾਦ ਕਰਦਿਆਂ ਦੱਸਿਆ ਕਿ ਹਲਕਾ ਮਹਿਲ ਕਲਾਂ ਪਾਰਟੀ ਦੇ ਆਗੂ, ਵਰਕਰ ਸ਼ੰਮੇਵਾਲੀ ਦੀ ਗਤੀਸ਼ੀਲ ਅਗਵਾਈ ਹੇਠ ਇਕਜੁੱਟ ਹੋ ਕੇ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕਰਨਗੇ।ਪ੍ਰਧਾਨ ਬੀ ਸੀ ਵਿੰਗ ਕੁਲਵੰਤ ਸਿੰਘ ਜਗਦੇ, ਸੁਖਬੀਰ ਸਿੰਘ ਟੱਲੇਵਾਲ, ਦਰਬਾਰ ਸਿੰਘ ਭੋਤਨਾ, ਬਲਰਾਜ ਸਿੰਘ ਕਾਕਾ ਸਰਕਲ ਪ੍ਰਧਾਨ ਟੱਲੇਵਾਲ, ਬੇਅੰਤ ਸਿੰਘ ਸਰਪੰਚ ਟੱਲੇਵਾਲ, ਹਰਜਿੰਦਰ ਸਿੰਘ ਮਾਂਗੇਵਾਲ ਸਰਕਲ ਪ੍ਰਧਾਨ ਬੀ ਸੀ ਵਿੰਗ, ਯੂਥ ਆਗੂ ਕਿਰਪਾਲ ਸਿੰਘ ਭੋਤਨਾ ਆਦਿ ਨੇ ਵੀ ਵਿਚਾਰ ਰੱਖੇ।

## ਲਿੰਕ ਰੋਡਾਂ ਦੇ ਬਰਮਾਂ 'ਤੇ ਕਿਸਾਨਾਂ ਨੇ ਕੀਤਾ ਕਬਜ਼ਾ, ਪ੍ਰਸ਼ਾਸਨ ਬਣਿਆ ਮੂਕ-ਦਰਸ਼ਕ



**ਜ਼ੀਰਾ (ਨਰਿੰਦਰ ਅਨੇਜਾ)**-ਭਾਵੇਂ ਹਰ ਸਮੇਂ ਸਰਕਾਰ ਸਰਕਾਰੀ ਜ਼ਮੀਨ 'ਤੇ ਕਬਜ਼ਾ ਕਰਨ ਵਾਲਿਆਂ ਨੂੰ ਹਦਾਇਤ ਦਿੰਦੀ ਰਹਿੰਦੀ ਹੈ ਕਿ ਸਰਕਾਰੀ ਜ਼ਮੀਨ 'ਤੇ ਕਬਜ਼ਾ ਛੱਡ ਦਿਓ, ਵਰਨਾ ਤੁਹਾਡੇ 'ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਪਰ ਇਹ ਚੇਤਾਵਨੀ ਸਿਰਫ ਬਿਆਨਾਂ ਤੱਕ ਹੀ ਸੀਮਤ ਹੈ। ਦੂਜੇ ਪਾਸੇ ਜ਼ੀਰਾ ਹਲਕੇ ਦੀ ਗੱਲ ਕਰੀਏ ਤਾਂ ਇੱਥੇ ਸਰਕਾਰ ਦੇ ਹੁਕਮ ਨੂੰ ਟਿੱਚ ਜਾਣਦੇ ਹੋਏ ਲਿੰਕ ਰੋਡਾਂ ਨਾਲ ਲੱਗਦੀ ਜ਼ਮੀਨ 'ਤੇ ਕਿਸਾਨਾਂ ਵੱਲੋਂ ਕਬਜ਼ਾ ਕਰ ਲਿਆ ਹੈ ਤੇ ਆਪਣੀ ਜ਼ਮੀਨ ਨਾਲ ਲੱਗਦੇ ਸਰਕਾਰੀ ਦਰੱਖਤ ਵੀ ਕਈ ਥਾਵਾਂ 'ਤੇ ਵੱਢ ਦਿੱਤੇ ਹਨ।ਜੋ ਦਰੱਖਤ ਰਹਿ ਗਏ ਹਨ, ਉਨ੍ਹਾਂ ਦੇ ਵੀ ਦੋਵਾਂ ਪਾਸੇ ਮਿੱਟੀ ਲਾ ਕੇ ਉਨ੍ਹਾਂ ਨੂੰ ਖੋਖਲਾ ਕੀਤਾ ਜਾ ਰਿਹਾ ਤਾਂ ਜਦੋਂ ਥੋੜ੍ਹੀ ਜਿਹੀ ਹਨੇਰੀ ਆਵੇ ਤੇ ਉਹ ਡਿੱਗ ਪੈਣ, ਫਿਰ ਉਸ ਨੂੰ ਚੁੱਕ ਕੇ ਪਾਸੇ ਸੁੱਟ ਦਿੰਦੇ ਜਾਂ ਬਾਲਣ ਦੇ ਤੌਰ 'ਤੇ ਵਰਤ ਲੈਂਦੇ ਹਨ। ਇਹ ਸਭ ਕੁਝ ਸਿਰਫ ਥੋੜ੍ਹੀ ਜਿਹੀ ਫਸਲ ਪਿੱਛੇ ਕਰਦੇ ਹਨ, ਉਨ੍ਹਾਂ ਦੀ ਸੋਚ ਇਹ ਹੈ ਕਿ ਜਿੱਥੇ ਦਰੱਖਤ ਦੀ ਛਾਂ ਹੁੰਦੀ ਹੈ, ਉੱਥੇ ਫਸਲ ਨਹੀਂ ਹੁੰਦੀ, ਉਧਰੋਂ ਸਰਕਾਰੀ ਜ਼ਮੀਨ ਖੇਤਾਂ ਵਿੱਚ ਸ਼ਾਮਲ ਕਰਨ ਨਾਲ ਸੜਕ ਕਮਜ਼ੋਰ ਹੋ ਜਾਂਦੀ ਹੈ ਤੇ ਬਹੁਤ ਜਲਦੀ ਟੁੱਟ ਜਾਂਦੀ ਹੈ, ਉਧਰੋਂ ਆਉਂਦੇ ਜਾਂਦੇ ਵਾਹਨਾਂ ਨੂੰ ਲਿੰਕ ਰੋਡਾਂ 'ਤੇ ਛੋਟੀ ਸੜਕ ਹੋਣ ਕਾਰਨ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਸੜਕ ਦੇ ਆਸੇ-ਪਾਸੇ ਮਿੱਟੀ ਨਾ ਹੋਣ ਕਾਰਨ ਵਾਹਨ ਦਾ ਖੇਤਾਂ ਵਿੱਚ ਡਿੱਗਣ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਕਿਸਾਨਾਂ ਕੋਲੋਂ ਸਰਕਾਰੀ ਜ਼ਮੀਨ ਖਾਲੀ ਕਰਵਾ ਕੇ ਆਸੇ-ਪਾਸੇ ਬੂਟੇ ਤੇ ਦਰੱਖਤ ਲਗਾਏ ਤਾਂ ਜੋ ਪਹਿਲਾਂ ਵਾਂਗ ਪੰਜਾਬ ਹਰਿਆ ਭਰਿਆ ਬਣ ਸਕੇ ਤੇ ਜਿਨ੍ਹਾਂ ਕਿਸਾਨਾਂ ਨੇ ਸਰਕਾਰੀ ਜ਼ਮੀਨ 'ਤੇ ਕਬਜ਼ਾ ਕੀਤਾ ਹੈ, ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰੇ।

## ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ ਦੇ ਐੱਨ ਸੀ ਸੀ ਕੈਡਟਾਂ ਨੇ ਬਠਿੰਡਾ ਕੈਂਪ 'ਚ ਲਿਆ ਭਾਗ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-3 ਪੀਬੀ ਨੇਵਲ ਯੂਨਿਟ ਐੱਨਸੀਸੀ ਬਠਿੰਡਾ ਵੱਲੋਂ 10 ਦਿਨਾਂ ਸਾਲਾਨਾ ਟ੍ਰੇਨਿੰਗ ਕੈਂਪ ਭਗਤਾ ਭਾਈਕਾ ਸਥਿਤ ਦਿ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਵਿਖੇ ਲਗਾਇਆ ਕੀਤਾ ਗਿਆ, ਜਿਸ ਵਿੱਚ ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਰਾਮਪੁਰਾ ਫੂਲ ਦੇ ਐੱਨਸੀਸੀ ਕੈਡਟਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਕੈਂਪ ਦੌਰਾਨ ਸਕੂਲ ਦੀ ਸੀਟੀਓ ਮੋਹਦੀਪ ਦੀਦੀ ਵੀ ਕੈਡਟਾਂ ਦੇ ਨਾਲ ਮੌਜੂਦ ਰਹੀ ਤੇ ਉਨ੍ਹਾਂ ਨੇ ਵਿਦਿਆਰਥੀਆਂ ਦਾ ਨਿਰੰਤਰ ਮਾਰਗਦਰਸ਼ਨ ਤੇ ਹੌਸਲਾ ਅਫਜ਼ਾਈ ਕੀਤੀ।ਕੈਂਪ ਦੌਰਾਨ ਕੈਡਟਾਂ ਨੂੰ ਵੱਖ-ਵੱਖ ਕਿਸਮ ਦੀ ਉਪਯੋਗੀ ਤੇ ਵਿਹਾਰਕ ਸਿਖਲਾਈ ਪ੍ਰਦਾਨ ਕੀਤੀ ਗਈ।ਇਸ ਵਿੱਚ ਡ੍ਰਿਲ ਟ੍ਰੇਨਿੰਗ, ਮੈਪ ਰੀਡਿੰਗ, ਨੇਵੀ ਸੰਬੰਧੀ ਮੁੱਢਲੀ ਜਾਣਕਾਰੀ, ਫਾਇਰ ਫਾਈਟਿੰਗ, ਆਫ਼ਤ ਪ੍ਰਬੰਧਨ, ਪ੍ਰਾਇਮਰੀ ਇਲਾਜ (ਫਰਸਟ ਏਡ), ਲੀਡਰਸ਼ਿਪ ਵਿਕਾਸ, ਸ਼ਖਸੀਅਤ ਵਿਕਾਸ, ਸਰੀਰਕ ਦੱਖਲਤਾ, ਯੋਗ ਤੇ ਖੇਡ ਗਤੀਵਿਧੀਆਂ ਦੀ ਸਿਖਲਾਈ ਸ਼ਾਮਲ ਰਹੀ।ਇਸ ਤੋਂ ਇਲਾਵਾ ਕੈਡਟਾਂ ਨੂੰ ਅਨੁਸ਼ਾਸਨ, ਟੀਮ ਵਰਕ, ਦੇਸ਼ਭਗਤੀ ਤੇ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਵੀ ਜਾਗਰੂਕ ਕੀਤਾ ਗਿਆ।ਸਾਲ 2025-26 ਦੌਰਾਨ ਕੀਤੇ ਗਏ ਸ਼ਾਨਦਾਰ ਕੰਮ, ਅਨੁਸ਼ਾਸਨ ਤੇ ਲੀਡਰਸ਼ਿਪ ਯੋਗਤਾ ਲਈ ਸੀਟੀਓ ਮੋਹਦੀਪ ਦੀਦੀ ਨੂੰ ਬੈਸਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਇਸ ਉਪਲਬਧੀ 'ਤੇ ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ, ਪ੍ਰਬੰਧਕ ਸੰਮਤੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਤੇ ਮੈਨੇਜਰ ਗੁਰਪ੍ਰੀਤ ਸਿੰਘ ਵੱਲੋਂ ਸੀਟੀਓ ਮੋਹਦੀਪ ਦੀਦੀ ਤੇ ਸਾਰੇ ਐੱਨਸੀਸੀ ਕੈਡਟਾਂ ਨੂੰ ਦਿਲੋਂ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ।

## ਬੀ ਕੇ ਯੂ ਏਕਤਾ ਅਜ਼ਾਦ 'ਚ ਹੋਇਆ ਵਾਧਾ



**ਅਜੀਤਵਾਲ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੀ ਮੀਟਿੰਗ ਜ਼ਿਲ੍ਹਾ ਆਗੂ ਬਲਜਿੰਦਰ ਸਿੰਘ ਕਿਸ਼ਨਪੁਰਾ ਦੀ ਅਗਵਾਈ ਹੇਠ ਪਿੰਡ ਬੱਧਨੀ ਕਲਾਂ ਵਿੱਚ ਹੋਈ, ਜਿਸ ਵਿੱਚ ਸੂਬਾਈ ਆਗੂ ਲਖਵੀਰ ਸਿੰਘ ਦੌਧਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਤੇ ਇਕਾਈ ਵਿੱਚ ਮਨਜੀਤ ਸਿੰਘ ਗੁਗਾ, ਜਗਜੀਤ ਸਿੰਘ ਤੇ ਗੁਰਬਖ਼ਸ਼ ਸਿੰਘ ਨੂੰ ਸ਼ਾਮਲ ਕੀਤਾ ਗਿਆ ਅਤੇ ਗੁਰਬਖ਼ਸ਼ ਸਿੰਘ ਨੂੰ ਬਲਾਕ ਨਿਹਾਲ ਸਿੰਘ ਵਾਲਾ ਦਾ ਆਗੂ ਲਾਇਆ ਗਿਆ। ਸ਼ਾਮਲ ਕੀਤੇ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਜੋ ਵੀ ਜਥੇਬੰਦੀ ਉਨ੍ਹਾਂ ਨੂੰ ਡਿਊਟੀ ਲਗਾਏਗੀ, ਉਸ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਭਰੋਸਾ ਦਿੱਤਾ ਕਿ ਆਉਣ ਵਾਲੇ ਸੰਘਰਸ਼ਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣਗੇ। ਲਖਵੀਰ ਸਿੰਘ ਦੌਧਰ ਨੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਜਥੇਬੰਦੀ ਵਿੱਚ ਪੂਰਾ ਮਾਨ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਆਗੂ ਜਗਰਾਜ ਸਿੰਘ ਦੱਦਾਹੂਰ, ਰਾਜੂ ਪੱਤੋ, ਅਜਮੇਰ ਸਿੰਘ ਕਿਸ਼ਨਪੁਰ, ਕਰਮਜੀਤ ਆਦਿ ਹਾਜ਼ਰ ਸਨ।

## ਵਪਾਰੀਆਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ : ਚੇਅਰਮੈਨ ਔਲਖ




**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਆਮ ਆਦਮੀ ਪੰਜਾਬ ਟਰੇਡਜ਼ ਕਮਿਸ਼ਨ ਹਲਕਾ ਮਹਿਲ ਕਲਾਂ ਦੀ ਅਹਿਮ ਮੀਟਿੰਗ ਹਲਕਾ ਮਹਿਲ ਕਲਾਂ ਦੇ ਚੇਅਰਮੈਨ ਗੁਰੀ ਔਲਖ ਦੀ ਅਗਵਾਈ ਹੇਠ ਹੋਈ।ਇਸ ਮੌਕੇ ਬੋਲਦਿਆਂ ਚੇਅਰਮੈਨ ਗੁਰੀ ਔਲਖ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਵਪਾਰੀ ਵਰਗ ਦੀਆਂ ਮੁਸ਼ਕਲਾਂ ਦੇ ਹੱਲ ਲਈ ਇਹ ਹਲਕਾ ਪੱਧਰੀ ਮੀਟਿੰਗਾਂ ਦੀ ਮੁਹਿੰਮ ਚਲਾਈ ਗਈ ਹੈ।ਇਸ ਦੌਰਾਨ ਵਪਾਰੀ ਵਰਗ ਦੀਆਂ ਮੁਸ਼ਕਲਾਂ ਬਾਰੇ ਵਿਸਥਾਰਪੂਰਵਕ ਵਿਚਾਰ ਚਰਚਾ ਕੀਤੀ ਗਈ।ਦਰਪੇਸ਼ ਮੁਸ਼ਕਲਾਂ ਨੂੰ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ, ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਰਾਹੀਂ ਛੇਤੀ ਹੱਲ ਕਰਵਾਉਣ ਦਾ ਭਰੋਸਾ ਦਿਵਾਇਆ ਗਿਆ।ਇਸ ਮੌਕੇ ਬਲਾਕ ਇੰਚਾਰਜ ਜਤਿੰਦਰ ਕੁਮਾਰ, ਸੰਜੇ ਦੱਤ, ਅਮਨਦੀਪ ਕੁਮਾਰ, ਸ਼ਤੀਸ਼ ਕੁਮਾਰ ਨੇ ਆਪ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਦੀ ਅਪੀਲ ਕੀਤੀ।ਇਸ ਮੌਕੇ ਐੱਸ ਐੱਚ ਓ ਕੁਲਵਿੰਦਰ ਸਿੰਘ ਧਾਲੀਵਾਲ, ਐਕਸਾਈਜ਼ ਅਫ਼ਸਰ ਕੁਲਦੀਪ ਸਿੰਘ, ਫੂਡ ਸਪਲਾਈ ਇੰਸਪੈਕਟਰ ਅਮਿਤ ਗੋਇਲ, ਜਨਰਲ ਮੈਨੇਜਰ ਇੰਡਸਟਰੀ ਰਮਨਪ੍ਰੀਤ ਕੌਰ, ਲੇਬਰ ਇੰਸਪੈਕਟਰ ਮਨਪ੍ਰੀਤ ਸਿੰਘ, ਮੰਡੀ ਅਫ਼ਸਰ ਰਾਜਦੀਪ ਸਿੰਘ, ਦੁਕਾਨਦਾਰ ਭਾਈਚਾਰੇ ਵੱਲੋਂ ਪ੍ਰੇਮ ਕੁਮਾਰ ਪਾਸੀ, ਮਨਜੀਤ ਸਿੰਘ ਸਹਿਜੜਾ, ਮਨਦੀਪ ਕੁਮਾਰ ਚੀਕੂ, ਸਿੱਧੂ ਟੈਲੀਕਾਮ, ਗਿਲ ਫੋਟੋਗ੍ਰਾਫਰ, ਅਵਤਾਰ ਬਾਵਾ ਟੇਲਰ, ਰਾਹੁਲ ਕੌਂਸਲ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਕੇਂਦਰ ਦੇ ਫਾਸ਼ੀਵਾਦੀ ਹਮਲਿਆਂ ਵਿਰੁੱਧ ਆਰ ਐੱਮ ਪੀ ਆਈ ਵੱਲੋਂ ਰੋਸ ਰੈਲੀ ਤੇ ਪ੍ਰਦਰਸ਼ਨ 22 ਨੂੰ

**ਪਠਾਨਕੋਟ (ਦਵਿੰਦਰ ਸਿੰਘ)**- ਦੇਸ਼ ਅੰਦਰ ਆਰ ਐੱਸ ਐੱਸ ਅਤੇ ਭਾਜਪਾ ਦੀ ਮੋਦੀ ਸਰਕਾਰ ਵੱਲੋਂ ਬੜੇ ਯੋਜਨਾਬੱਧ ਢੰਗ ਨਾਲ ਧਰਮ ਤੇ ਜਾਤ-ਪਾਤ ਅਧਾਰਿਤ ਫਿਰਕੂ ਵੰਡ ਨੂੰ ਤਿੱਖਾ ਕਰਨ ਹਿੱਤ ਘੱਟ ਗਿਣਤੀ ਭਾਈਚਾਰਿਆਂ ਮੁਸਲਮਾਨ, ਇਸਾਈ, ਦਲਿਤਾਂ ਉੱਪਰ ਰੋਜ਼ਾਨਾ ਕਿਤੇ ਨਾ ਕਿਤੇ ਹਮਲੇ ਕਰਕੇ ਡਰ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ।ਲਿਖਣ-ਬੋਲਣ ਜਾਂ ਸਰਕਾਰ ਨੂੰ ਲੋਕ ਮੁੱਦਿਆਂ ਤੇ ਸਵਾਲ ਕਰਨ ਵਾਲਿਆਂ ਲੇਖਕਾਂ ਪੱਤਰਕਾਰਾਂ ਨੂੰ ਸਾਲਾਂਬੱਧੀ ਜੇਲਾਂ ਵਿੱਚ ਡੱਕਿਆ ਜਾ ਰਿਹਾ।ਫਾਸ਼ੀ ਹਮਲਿਆਂ ਵਿਰੁੱਧ ਬਣੇ ਫਰੰਟ ਦੇ ਸੱਦੇ ਤਹਿਤ ਪੰਜਾਬ ਅੰਦਰ 22 ਜੂਨ ਨੂੰ ਜ਼ਿਲਾ ਪੱਧਰੀ ਰੋਸ ਪ੍ਰਦਰਸ਼ਨ ਦੀ ਤਿਆਰੀ ਵੱਜੋਂ ਫਾਸ਼ੀਵਾਦੀ ਹਮਲਿਆਂ ਵਿਰੁੱਧ ਫਰੰਟ ਜ਼ਿਲ੍ਹਾ ਪਠਾਨਕੋਟ ਦੀ ਮੀਟਿੰਗ ਸੀ. ਪੀ. ਆਈ. ਦੇ ਆਗੂ ਕਾਮਰੇਡ ਇਕਬਾਲ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸ਼ਾਮਲ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਕਾਮਰੇਡ ਨੱਥਾ ਸਿੰਘ ਫਡਵਾਲ, ਸ਼ਿਵ ਕੁਮਾਰ, ਬਲਵੰਤ ਸਿੰਘ ਘੋਹ, ਸੀ. ਪੀ. ਆਈ ਵੱਲੋਂ ਪ੍ਰਕਾਸ਼ ਸਿੰਘ, ਇਕਬਾਲ ਸਿੰਘ, ਸੀ. ਪੀ. ਆਈ. (ਐੱਮ ਐੱਲ) ਨਿਊਡੈਮੋਕਰੇਸੀ ਵੱਲੋਂ ਮੁਖਤਿਆਰ



ਸਿੰਘ ਅਤੇ ਹੋਰ ਹਾਜ਼ਰ ਸਨ।ਮੀਟਿੰਗ ਉਪਰੰਤ ਪੈੱਸ ਬਿਆਨ ਵਿੱਚ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਦੇਸ਼ ਅੰਦਰ ਇੱਕ ਫਿਰਕੇ ਦਾ ਰਾਜ ਕਾਇਮ ਕਰਨ ਲਈ ਕਈ ਪ੍ਰਕਾਰ ਦੇ ਢੰਗ ਤਰੀਕਿਆਂ ਦਾ ਇਸਤੇਮਾਲ ਕਰ ਰਹੀ ਹੈ, ਇਲੈਕਸ਼ਨ ਕਮਿਸ਼ਨ, ਈ ਡੀ, ਸੀ. ਬੀ. ਆਈ., ਇਨਕਮ ਟੈਕਸ ਵਿਭਾਗ ਦੀ ਦੁਰਵਰਤੋਂ ਇਥੋਂ ਤਕ ਕਿ ਸੁਪਰੀਮ ਕੋਰਟ ਨੂੰ ਆਪਣੇ ਕੰਟਰੋਲ ਹੇਠ ਕੀਤਾ ਹੋਇਆ ਹੈ। ਅਸਾਮ ਤੇ ਪੱਛਮੀ ਬੰਗਾਲ ਵਿੱਚ ਅਸੈਂਬਲੀ ਚੋਣਾਂ ਲੁੱਟਣ ਲਈ ਐੱਸ ਆਈ ਆਰ ਦੇ ਤਹਿਤ ਵਿਰੋਧੀ ਪਾਰਟੀਆਂ ਨੂੰ ਪੈਣ ਵਾਲੀਆਂ ਵੋਟਾਂ ਨੂੰ ਕੱਟਣਾ ਅਤੇ ਗਲਤ ਵੋਟਾਂ ਬਣਾ ਕੇ ਆਪਣੇ ਪੱਖ ਵਿਚ ਪਾਉਣ ਦਾ ਜਾਅਲੀ ਕੰਮ ਢੰਗ ਜੱਗ ਜ਼ਾਹਰ ਹੋ ਗਿਆ ਹੈ। ਪੰਜਾਬ ਅੰਦਰ ਵੀ ਅਸੈਂਬਲੀ ਚੋਣਾਂ ਤੋਂ ਪਹਿਲਾਂ-ਪਹਿਲਾਂ ਐੱਸ ਆਈ ਆਰ ਕਰਨ ਲਈ ਭਾਜਪਾਈ ਸਰਕਾਰ ਤਰਲੋਮੱਛੀ ਹੈ।ਮੋਦੀ ਸਰਕਾਰ ਦੇ ਬਾਰਾਂ ਸਾਲਾ ਰਾਜ ਨੇ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਦੀ ਆਰਥਿਕ ਬਰਬਾਦੀ ਦੇ ਨਾਲ ਨਾਲ ਛੋਟੇ ਉਦਯੋਗ-ਕਾਰੋਬਾਰ ਨੂੰ ਚੌਪਟ ਕਰ ਦਿੱਤਾ ਹੈ।ਜਨਰਲ ਮਹਿੰਗਾਈ ਨੇ ਆਮ ਲੋਕਾਂ ਜੀਣਾ ਮੁਹਾਲ ਕਰ ਛੱਡਿਆ, ਬੇਰੁਜ਼ਗਾਰੀ ਕਾਰਨ ਨੌਜਵਾਨ ਲੜਕੇ-ਲੜਕੀਆਂ ਡਿਗਰੀਆਂ ਲੈ ਕੇ ਦਰ ਦਰ ਦੀਆਂ ਠੋਕਰਾਂ ਖਾ ਰਹੇ ਹਨ, ਰੋਜ਼ਾਨਾ ਤੇਲ ਗੈਸ ਤੇ ਖਾਦ ਦੀਆਂ ਕੀਮਤਾਂ ਵਿੱਚ ਵਾਰ-ਵਾਰ ਵਾਧਾ ਹੋ ਰਿਹਾ ਪ੍ਰੰਤੂ ਭਾਜਪਾ ਦੀ ਲੀਡਰਸ਼ਿਪ ਪ੍ਰਧਾਨ ਮੰਤਰੀ ਮੋਦੀ ਦੇ ਜਸ਼ਨ ਮਨਾ ਕੇ ਲੋਕਾਂ ਦੇ ਜਖਮਾਂ ਤੇ ਲੂਣ ਛਿੜਕ ਰਹੀ। ਫਾਸ਼ੀਵਾਦ ਤਾਨਾਸ਼ਾਹੀ ਰਵੱਈਏ ਤੇ ਕਾਰਪੋਰੇਟ ਪੱਖੀ ਆਰਥਿਕ ਦੇ ਖਿਲਾਫ 22 ਜੂਨ ਨੂੰ ਗਾਂਧੀ ਚੌਂਕ ਪਠਾਨਕੋਟ ਰੋਸ ਰੈਲੀ ਤੇ ਪ੍ਰਦਰਸ਼ਨ ਕੀਤਾ ਜਾਵੇਗਾ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਕਾਮਰੇਡ ਰਘਬੀਰ ਸਿੰਘ ਧਲੌਰੀਆਂ, ਬਲਦੇਵ ਰਾਜ ਭੋਆ, ਸਕੱਤਰ ਸਿੰਘ, ਬਲਕਾਰ ਚੰਦ, ਰਾਮ ਬਿਲਾਸ, ਠਾਕੁਰ ਦੇਵ ਰਾਜ ਸੈਲੀ ਕੁਲੀਆਂ, ਸੋਹਾਂ ਲਾਲ ਢਾਂਗੂ ਅਤੇ ਹੋਰ ਸਾਥੀ ਹਾਜ਼ਰ ਸਨ।

# ਤੇਜ਼ ਹਨੇਰੀ ਕਾਰਨ ਤੂੜੀ ਵਾਲੇ ਕੋਠੇ ਦਾ ਸ਼ੈੱਡ ਡਿੱਗਿਆ, ਕਿਸਾਨ ਵੱਲੋਂ ਮੁਆਵਜ਼ੇ ਦੀ ਮੰਗ

**ਚੋਹਲਾ ਸਾਹਿਬ (ਰਮਨ ਚੱਢਾ)** ਬੀਤੇ ਦਿਨ ਇਲਾਕੇ ਵਿੱਚ ਆਈ ਤੇਜ਼ ਹਨੇਰੀ ਅਤੇ ਮੌਸਮ ਦੀ ਖਰਾਬੀ ਕਾਰਨ ਪਿੰਡ ਚੋਹਲਾ ਸਾਹਿਬ ਦੇ ਕਿਸਾਨ ਲੱਖਾ ਸਿੰਘ ਪੁੱਤਰ ਹਰਬੰਸ ਸਿੰਘ ਦਾ ਤੂੜੀ ਵਾਲੇ ਕੋਠੇ ਦਾ ਸ਼ੈੱਡ ਡਿੱਗ ਗਿਆ, ਜਿਸ ਨਾਲ ਉਸ ਨੂੰ ਕਾਫੀ ਆਰਥਿਕ ਨੁਕਸਾਨ ਝੱਲਣਾ ਪਿਆ।ਪ੍ਰਾਪਤ ਜਾਣਕਾਰੀ ਅਨੁਸਾਰ ਡੰਗਰਾਂ ਅਤੇ ਤੂੜੀ ਦੀ ਸੰਭਾਲ ਲਈ ਬਣਾਇਆ ਗਿਆ



ਕਰੀਬ 14 ਫੁੱਟ ਉੱਚਾ ਅਤੇ 15 ਫੁੱਟ ਲੰਮਾ ਸ਼ੈੱਡ ਤੇਜ਼ ਹਵਾਵਾਂ ਦੀ ਲਪੇਟ ਵਿੱਚ ਆ ਕੇ ਢਹਿ ਗਿਆ।ਇਸ ਘਟਨਾ ਕਾਰਨ ਸ਼ੈੱਡ ਦਾ ਢਾਂਚਾ ਪੂਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਅੰਦਰ ਪਈ ਤੂੜੀ ਨੂੰ ਵੀ ਨੁਕਸਾਨ ਪਹੁੰਚਣ ਦਾ ਖਦਸ਼ਾ ਹੈ।ਪੀੜਤ ਕਿਸਾਨ ਲੱਖਾ ਸਿੰਘ ਨੇ ਦੱਸਿਆ ਕਿ ਉਹ ਖੇਤੀਬਾੜੀ ਅਤੇ ਪਸ਼ੂ ਪਾਲਣ ਰਾਹੀਂ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦਾ ਹੈ। ਅਚਾਨਕ ਆਈ ਹਨੇਰੀ ਨੇ ਉਸ ਨੂੰ ਵੱਡਾ ਆਰਥਿਕ ਝਟਕਾ ਦਿੱਤਾ ਹੈ।ਉਸ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਮੌਕੇ ਦਾ ਜਾਇਜ਼ਾ ਲੈ ਕੇ ਹੋਏ ਨੁਕਸਾਨ ਦਾ ਮੁਲਾਂਕਣ ਕੀਤਾ ਜਾਵੇ ਅਤੇ ਯੋਗ ਮੁਆਵਜ਼ਾ ਦਿੱਤਾ ਜਾਵੇ।ਪਿੰਡ ਵਾਸੀਆਂ ਨੇ ਵੀ ਸਰਕਾਰ ਤੋਂ ਮੰਗ ਕੀਤੀ ਹੈ ਕਿ ਕੁਦਰਤੀ ਆਫ਼ਤਾਂ ਕਾਰਨ ਨੁਕਸਾਨ ਝੱਲਣ ਵਾਲੇ ਕਿਸਾਨਾਂ ਦੀ ਤੁਰੰਤ ਸਹਾਇਤਾ ਕੀਤੀ ਜਾਵੇ ਤਾਂ ਜੋ ਉਹ ਆਪਣੇ ਨੁਕਸਾਨ ਦੀ ਭਰਪਾਈ ਕਰ ਸਕਣ।ਇਸ ਘਟਨਾ ਤੋਂ ਬਾਅਦ ਇਲਾਕੇ ਦੇ ਲੋਕਾਂ ਵਿੱਚ ਚਿੰਤਾ ਦਾ ਮਾਹੌਲ ਹੈ ਅਤੇ ਉਹ ਮੌਸਮ ਦੀਆਂ ਅਜਿਹੀਆਂ ਅਣਕਿਆਸੀਆਂ ਮਾਰਾਂ ਤੋਂ ਬਚਾਅ ਲਈ ਪੱਕੇ ਪ੍ਰਬੰਧਾਂ ਦੀ ਲੋੜ ਮਹਿਸੂਸ ਕਰ ਰਹੇ ਹਨ।

# ਗੁਆਂਢੀਆਂ ਦੀ ਕੰਧ ਡਿੱਗਣ ਨਾਲ ਭਾਈ ਸ਼ਮਸ਼ੇਰ ਸਿੰਘ ਸੁੱਗਾ ਦੇ ਘਰ ਦੀ ਛੱਤ ਟੁੱਟੀ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਤੇਜ਼ ਹਨੇਰੀ ਝੱਖੜ ਨੇ ਜਿੱਥੇ ਵੱਖ-ਵੱਖ ਸਥਾਨਾਂ 'ਤੇ ਦਰੱਖਤਾਂ ਨੂੰ ਪੁੱਟਿਆ, ਸੜਕਾਂ 'ਤੇ ਵੱਡੇ ਵੱਡੇ ਵਾਹਨਾਂ ਨੂੰ ਪਲਟਾ ਕੇ ਰੱਖ ਦਿੱਤਾ ਅਤੇ ਲੋਕਾਂ ਦੀਆਂ ਘਰਾਂ ਦੀਆਂ ਛੱਤਾਂ ਨੂੰ ਉਡਾ ਕੇ ਬਹੁਤ ਨੁਕਸਾਨ ਕੀਤਾ, ਉਥੇ ਹੀ ਸਮਾਜ ਸੇਵਕ ਤੇ ਗੁਰੂ ਘਰ ਸੇਵਾ ਕਰਨ ਵਾਲੇ ਭਾਈ ਸ਼ਮਸ਼ੇਰ ਸਿੰਘ ਸੁੱਗਾ ਦੇ ਘਰ ਜਿਸ 'ਤੇ ਦੋ ਕਮਰਿਆਂ 'ਤੇ ਟੀਨ ਦੀਆਂ ਛੱਤਾਂ ਪਾਈਆਂ ਹੋਈਆਂ ਸਨ, ਉਪਰ ਤੇਜ਼ ਹਨੇਰੀ ਝੱਖੜ ਨਾਲ



ਗੁਆਂਢੀਆਂ ਦੀ ਛੱਤ ਡਿੱਗ ਗਈ ਅਤੇ ਟੀਨਾਂ ਨੂੰ ਬੁਰੀ ਤਰ੍ਹਾਂ ਨੁਕਸਾਨ ਪੁੱਜਾ ।ਸ਼ੁਕਰ ਹੈ ਜਾਨੀ ਮਾਲੀ ਨੁਕਸਾਨ ਹੋਣ ਤੋਂ ਤਾਂ ਬਚਾ ਹੋ ਗਿਆ ਪਰ ਪਰਿਵਾਰ ਸਿਰ ਦੀ ਛੱਤ ਤੋਂ ਵਾਂਝਾ ਹੋ ਗਿਆ।ਇਸ ਮੌਕੇ ਭਾਈ ਸ਼ਮਸ਼ੇਰ ਸਿੰਘ ਸੁੱਗਾ ਨੇ ਪ੍ਰਸ਼ਾਸਨ ਕੋਲੋਂ ਗੁਆਂਢੀਆਂ 'ਤੇ ਕਾਰਵਾਈ ਕਰਨ ਦੀ ਮੰਗ ਕੀਤੀ ਅਤੇ ਭਰੇ ਮਨ ਨਾਲ ਧਾਰਮਿਕ, ਸਿਆਸੀ ਤੇ ਦਾਨੀ ਸੱਜਣਾਂ ਅੱਗੇ ਮਦਦ ਕਰਨ ਦੀ ਗੁਹਾਰ ਲਗਾਉਂਦਿਆਂ ਕਿਹਾ ਕਿ ਮੇਰੀ ਮਦਦ ਕੀਤੀ ਜਾਵੇ ਤਾਂ ਜੋ ਦੁਬਾਰਾ ਸਿਰ 'ਤੇ ਛੱਤ ਪਾਈ ਜਾ ਸਕੇ।ਭਾਈ ਸ਼ਮਸ਼ੇਰ ਸਿੰਘ ਨੇ ਆਪਣਾ ਫੋਨ ਨੰਬਰ ਵੀ 77175-11771 ਲਿਖਿਆ ਹੈ। ਸੋ ਕਿਰਪਾ ਕਰਕੇ ਦਾਨੀ ਸੱਜਣਾਂ ਅੱਗੇ ਬੇਨਤੀ ਹੈ ਕਿ ਦਿੱਤੇ ਗਏ ਨੰਬਰ 'ਤੇ ਸੰਪਰਕ ਕਰਕੇ ਇਸ ਗੁਰਸਿੱਖ ਪਰਿਵਾਰ ਦੀ ਮਦਦ ਕੀਤੀ ਜਾਵੇ।

# ਸ੍ਰੀ ਅਕਾਲ ਤਖ਼ਤ ਸਾਹਿਬ ਨੇ ਗੁਲਮਰਗ ਗੁਰਦੁਆਰਾ ਸਾਹਿਬ ਦੇ ਵਿਵਾਦ ਨੂੰ ਕੀਤਾ ਹੱਲ

**ਸ੍ਰੀ ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਯਾਦਗਾਰ ਭਾਈ ਵੀਰ ਸਿੰਘ, ਗੁਲਮਰਗ (ਬਾਰਾਮੂਲਾ) ਸਬੰਧੀ ਸਿੱਖਾਂ ਵਿੱਚ ਚੱਲ ਰਹੇ ਆਪਸੀ

**● ਸਿੱਖਾਂ 'ਚ ਸਰਬਸੰਮਤੀ ਨਾਲ ਹੋਇਆ ਸਮਝੌਤਾ**

ਵਿਵਾਦ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਹੱਲ ਕਰ ਦਿੱਤਾ ਹੈ।ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਦੋਵੇਂ ਸਿੱਖ ਸਮੂਹਾਂ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੱਦ ਕੇ ਉਨ੍ਹਾਂ ਦੀ ਗੱਲ ਗੌਰ ਨਾਲ ਸੁਣੀ ਅਤੇ ਪੁੱਜੀ ਸੰਗਤ ਨੂੰ ਆਪਸ ਵਿੱਚ ਪ੍ਰੇਮ ਭਾਵਨਾ ਨਾਲ ਰਲ ਮਿਲ ਕੇ ਰਹਿਣ ਦੀ ਪ੍ਰੇਰਨਾ ਵੀ ਕੀਤੀ।ਬਾਰਾਮੂਲਾ ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਦੇ ਨਾਮ ਦੀ ਤਬਦੀਲੀ ਨੂੰ ਲੈ ਕੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਮ ਦੀ ਦੁਰਵਰਤੋਂ ਦੇ ਸਬੰਧ ਵਿੱਚ ਕਮੇਟੀ ਦੇ ਸੱਤ ਮੈਂਬਰਾਂ ਨੇ ਆਪਣੀ ਖਿਮਾ ਜਾਚਨਾ ਸਿੰਘ ਸਾਹਿਬ ਨੂੰ ਸੌਂਪੀ ਜਦਕਿ ਪ੍ਰਬੰਧਕ ਕਮੇਟੀ ਬਾਰਾਮੂਲਾ ਦੇ ਪ੍ਰਧਾਨ ਸ. ਪਰਮਜੀਤ ਸਿੰਘ ਨੇ ਵਿਦੇਸ਼ ਵਿੱਚ ਜ਼ਰੂਰੀ ਰੁਝੇਵੇਂ ਦਾ ਕਾਰਨ ਦੇ ਕੇ ਅਗਾਂਹ ਪੇਸ਼ ਹੋਣ



ਲਈ ਸਮਾਂ ਮੰਗਿਆ ਅਤੇ ਇੱਕ ਮੈਂਬਰ ਬਿਰਧ ਹੋਣ ਕਾਰਨ ਹਾਜ਼ਰ ਨਹੀਂ ਹੋਏ।ਸਮਝੌਤੇ ਵਿੱਚ ਸ਼ਿਕਾਇਤ ਕਰਨ ਵਾਲੀ ਧਿਰ ਵਿੱਚੋਂ ਬਾਰਾਮੂਲਾ ਪ੍ਰਬੰਧਕ ਕਮੇਟੀ ਦੇ ਦੋ ਮੈਂਬਰ ਵੀ ਹਾਜ਼ਰ ਹੋਏ।ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੁੱਜੇ ਸਿੱਖਾਂ ਨੂੰ ਗੁਰਮਤਿ ਦੀ ਰੋਸ਼ਨੀ ਵਿੱਚ ਪ੍ਰੇਰਨਾ ਕਰਦਿਆਂ ਆਪਸ ਵਿੱਚ ਝਗੜਨ ਦੀ ਥਾਂ ਸਮੇਂ ਦੀ ਲੋੜ ਮੁਤਾਬਕ ਜੰਮੂ ਕਸ਼ਮੀਰ ਵਿੱਚ ਗੁਰਮੁਖੀ ਪੰਜਾਬੀ ਭਾਸ਼ਾ ਨੂੰ ਚੁਣੌਤੀ ਜਿਹੇ ਜ਼ਰੂਰੀ ਕੌਮੀ ਮਾਮਲਿਆਂ ਉਤੇ ਇਕਜੁੱਟ ਹੋ ਕੇ ਯਤਨ ਕਰਨ ਲਈ ਕਿਹਾ।ਸਿੰਘ ਸਾਹਿਬ ਵੱਲੋਂ ਦੋਵੇਂ ਸਿੱਖ ਸਮੂਹਾਂ ਵਿਚਕਾਰ ਪ੍ਰੇਮ ਭਾਵਨਾ ਨਾਲ ਸਹਿਮਤੀ ਬਣਾ ਕੇ ਚੱਲ ਰਹੇ ਵਿਵਾਦ ਨੂੰ ਹੱਲ ਕਰਵਾਇਆ ਸਰਬਸੰਮਤੀ ਨਾਲ ਸਮਝੌਤਾ ਦਸਤਖ਼ਤ ਕਰਵਾਇਆ ਗਿਆ।ਇਸ ਮੌਕੇ ਸਮਝੌਤਾ ਸੰਗਤ ਰੂਪ ਵਿੱਚ ਪੜ੍ਹਿਆ ਗਿਆ ਜਿਸ ਨੂੰ ਪੰਜ ਜੈਕਾਰੇ ਲਗਾ ਕੇ ਆਪਸੀ ਸਹਿਮਤੀ ਤੇ ਪ੍ਰਵਾਨਗੀ ਦਿੱਤੀ ਗਈ ਅਤੇ ਇਸ ਦੀ ਵੀਡੀਓ ਰਿਕਾਰਡਿੰਗ ਜਨਤਕ ਕਰਨ ਦਾ ਫ਼ੈਸਲਾ ਹੋਇਆ।ਸਮਝੌਤੇ ਅਨੁਸਾਰ ਇਹ ਫ਼ੈਸਲਾ ਕੀਤਾ ਗਿਆ ਹੈ ਕਿ ਗੁਲਮਰਗ ਵਿਖੇ ਸਥਿਤ ਗੁਰਦੁਆਰਾ ਸਾਹਿਬ ਦਾ ਨਾਮ 'ਗੁਰਦੁਆਰਾ ਸਾਹਿਬ ਸ੍ਰੀ ਗੁਰੂ ਸਿੰਘ ਸਭਾ ਯਾਦਗਾਰ ਭਾਈ ਵੀਰ ਸਿੰਘ' ਹੀ ਰਹੇਗਾ ਅਤੇ ਅਗਾਂਹ ਤੋਂ ਇਸ ਨਾਮ ਨੂੰ ਬਦਲਿਆ ਨਹੀਂ ਜਾਵੇਗਾ।ਇਸ ਮਾਮਲੇ ਵਿੱਚ ਮੁੰਬਈ ਦੇ ਇਕ ਦਾਨੀ ਸੱਜਣ ਸ. ਗੁਰਿੰਦਰ ਸਿੰਘ ਬਾਵਾ ਵੱਲੋਂ ਗੁਰਦੁਆਰਾ ਸਾਹਿਬ ਦੀ ਇਮਾਰਤ ਲਈ ਜੋ 50 ਲੱਖ ਰੁਪਏ ਪ੍ਰਬੰਧਕ ਕਮੇਟੀ ਦੇ ਖਾਤੇ ਵਿਚ ਸੇਵਾ ਵਜੋਂ ਪਾਏ ਗਏ ਹਨ, ਉਹ ਉਨ੍ਹਾਂ ਨੂੰ ਵਾਪਸ ਕੀਤੇ ਜਾਣਗੇ।ਗੁਰੂ ਘਰ ਦੀ ਸੇਵਾ ਕਾਰ-ਸੇਵਾ ਰਾਹੀਂ ਕਰਵਾਈ ਜਾ ਰਹੀ ਹੈ, ਜਿਸ ਵਿੱਚ ਜੰਮੂ-ਕਸ਼ਮੀਰ ਤੋਂ ਇਲਾਵਾ ਹੋਰ ਸੰਗਤਾਂ ਵੀ ਵੱਧ ਚੜ੍ਹ ਕੇ ਯੋਗਦਾਨ ਪਾਉਣ ਅਤੇ ਰਹਿੰਦੇ ਕਾਰਜ ਮੁਕੰਮਲ ਕਰਵਾਉਣ।

ਇਹ ਵੀ ਤੈਅ ਹੋਇਆ ਹੈ ਕਿ ਦੋਵੇਂ ਸਮੂਹਾਂ ਵਿਚੋਂ ਕੋਈ ਵੀ ਧਿਰ ਇਸ ਮਸਲੇ 'ਤੇ ਨਾ ਅਦਾਲਤ ਵਿਚ ਜਾਵੇਗੀ ਅਤੇ ਨਾ ਹੀ ਇੱਕ ਦੂਜੇ ਵਿਰੁੱਧ ਦੂਸ਼ਣਬਾਜ਼ੀ ਜਾਂ ਸੋਸ਼ਲ ਮੀਡੀਆ 'ਤੇ ਪੋਸਟ/ਬਿਆਨ/ਵੀਡੀਓ ਆਦਿ ਪਾਵੇਗੀ, ਆਪਸ ਵਿਚ ਰਲ ਮਿਲ ਕੇ ਪ੍ਰੇਮ ਭਾਵਨਾ ਨਾਲ ਗੁਰੂ ਘਰ ਵਿੱਚ ਸੇਵਾਵਾਂ ਕਰਨਗੀਆਂ।ਦੋਵੇਂ ਸਮੂਹਾਂ ਜੰਮੂ-ਕਸ਼ਮੀਰ ਵਿਚ ਪੰਜਾਬੀ ਭਾਸ਼ਾ ਨੂੰ ਆ ਰਹੀਆਂ ਚੁਣੌਤੀਆਂ ਨਾਲ ਨਜਿੱਠਣ ਅਤੇ ਲੋੜਵੰਦ ਸਿੱਖਾਂ ਦੀ ਮਦਦ ਲਈ ਸਾਂਝੇ ਯਤਨ ਕਰਨਗੀਆਂ।ਸਾਰੇ ਸਿੱਖ ਸ੍ਰੀ ਅਨੰਦਪੁਰ ਸਾਹਿਬ ਦੇ ਵਾਸੀ ਹਨ, ਆਪਸ ਵਿੱਚ ਗੁਰ ਭਾਈਆਂ ਵਾਂਗ ਰਹਿਣਗੇ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਵਾਰਡ ਨੰਬਰ 45 'ਚ ਡੀਪ ਬੋਰ ਦੇ ਕੰਮ ਦੀ ਕਰਵਾਈ ਸ਼ੁਰੂਆਤ

**ਪਠਾਨਕੋਟ, (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਅਧੀਨ ਆਉਂਦੇ ਕਾਰਪੋਰੇਸ਼ਨ ਪਠਾਨਕੋਟ ਦੇ ਵਾਰਡ ਨੰਬਰ 45 ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਨੂੰ ਦੂਰ ਕਰਨ ਲਈ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਵੱਲੋਂ 5 ਲੱਖ ਰੁਪਏ ਖਰਚ ਕਰਕੇ ਬਣਾਏ ਜਾਣ ਵਾਲੇ ਡੀਪ ਬੋਰ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ।ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਵਸਨੀਕਾਂ ਨੂੰ ਪੀਣ ਵਾਲੇ ਪਾਣੀ ਦੀ ਲੰਬੇ ਸਮੇਂ ਤੋਂ ਚੱਲ ਰਹੀ ਸਮੱਸਿਆ ਤੋਂ ਵੱਡੀ ਰਾਹਤ ਮਿਲਣ ਦੀ ਉਮੀਦ ਹੈ।ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਿਸੇ ਵੀ ਖੇਤਰ ਨੂੰ ਵਿਕਾਸ ਪੱਖੋਂ ਪਿੱਛੇ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦਾ ਇਹ ਖੇਤਰ, ਜੋ ਕਿ ਕਾਰਪੋਰੇਸ਼ਨ ਪਠਾਨਕੋਟ ਦੇ ਅਧੀਨ ਆਉਂਦਾ ਹੈ, ਪਿਛਲੀਆਂ ਸਰਕਾਰਾਂ ਦੌਰਾਨ ਵਿਕਾਸ ਕਾਰਜਾਂ ਤੋਂ ਕਾਫੀ ਹੱਦ ਤੱਕ ਵਾਂਝਾ ਰਿਹਾ, ਜਿਸ ਕਾਰਨ ਇਲਾਕੇ ਦੇ ਲੋਕ ਕਈ ਮੁੱਢਲੀਆਂ ਸਮੱਸਿਆਵਾਂ ਨਾਲ ਜੂਝ ਰਹੇ ਸਨ।ਉਨ੍ਹਾਂ



ਦੱਸਿਆ ਕਿ ਐੱਸ. ਕੇ. ਆਰ., ਹਸਪਤਾਲ ਦੇ ਨੇੜੇ ਸਥਿਤ ਬੁੱਢਾ ਨਗਰ ਖੇਤਰ ਵਿੱਚ ਕਰੀਬ 50 ਘਰਾਂ ਨੂੰ ਪੀਣ ਵਾਲੇ ਪਾਣੀ ਦੀ ਭਾਰੀ ਕਿੱਲਤ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਉਨ੍ਹਾਂ ਕਿਹਾ ਕਿ ਇਲਾਕੇ ਦੇ ਵਸਨੀਕਾਂ ਵੱਲੋਂ ਇਹ ਮਾਮਲਾ ਵਾਰਡ ਨੰਬਰ 45 ਦੇ ਕੌਂਸਲਰ ਹਰੀਸ਼ ਗੋਰਖਾ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ।ਕੌਂਸਲਰ ਵੱਲੋਂ ਲੋਕਾਂ ਦੀ ਸਮੱਸਿਆ ਨੂੰ ਤਰਜੀਹ ਦੇ ਆਧਾਰ 'ਤੇ ਉਨ੍ਹਾਂ ਨਾਲ ਸਾਂਝਾ ਕੀਤਾ ਗਿਆ, ਜਿਸ ਤੋਂ ਬਾਅਦ ਤੁਰੰਤ ਕਾਰਵਾਈ ਕਰਦਿਆਂ ਨਵੇਂ ਡੀਪ ਬੋਰ ਦੇ ਨਿਰਮਾਣ ਕੰਮ ਦੀ ਸ਼ੁਰੂਆਤ ਕਰਵਾਈ ਗਈ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਇਹ ਕੰਮ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇਗਾ ਅਤੇ ਆਉਣ ਵਾਲੇ ਕੁਝ ਦਿਨਾਂ ਵਿੱਚ ਇਲਾਕੇ ਦੇ ਲੋਕਾਂ ਨੂੰ ਨਵੇਂ ਡੀਪ ਬੋਰ ਰਾਹੀਂ ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ ਮੁਹੱਈਆ ਕਰਵਾਈ ਜਾਵੇਗੀ ਤਾਂ ਜੋ ਕਿਸੇ ਵੀ ਪਰਿਵਾਰ ਨੂੰ ਪਾਣੀ ਦੀ ਕਮੀ ਕਾਰਨ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰੀਸ਼ ਗੋਰਖਾ ਕੌਂਸਲਰ ਵਾਰਡ ਨੰਬਰ 45, ਬਲਜਿੰਦਰ ਕੌਰ ਕੌਂਸਲਰ ਵਾਰਡ ਨੰਬਰ 43, ਗੋਲਡੀ ਸਰਨਾ, ਕੈਲਾਸ਼ਪਤੀ, ਵਿਕਰਾਂਤ ਚੌਧਰੀ, ਅਵਨੀਤ, ਸੇਠੀ ਧੋਬੜਾ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਵੀ ਹਾਜ਼ਰ ਸਨ।

# ਅਮਨ-ਸ਼ਾਂਤੀ ਨਾਲ ਨੇਪਰੇ ਚੜ੍ਹੀਆਂ ਨਗਰ ਕੌਂਸਲ ਕਾਦੀਆਂ ਦੀਆਂ ਚੋਣਾਂ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਨਗਰ ਕੌਂਸਲ ਕਾਦੀਆਂ ਦੀਆਂ ਚੋਣਾਂ ਅਮਨ-ਸ਼ਾਂਤੀ ਨਾਲ ਸੰਪੂਰਨ ਹੋਈਆਂ।ਐੱਸ. ਐੱਸ. ਪੀ. ਬਟਾਲਾ ਡਾ. ਮਹਿਤਾਬ ਸਿੰਘ ਦੀ ਅਗਵਾਈ ਹੇਠ ਕਰੀਬ ਪੰਜ ਸੌ ਪੁਲਸ ਕਰਮਚਾਰੀਆਂ ਨੇ ਕਾਦੀਆਂ ਦੇ 14 ਵਾਰਡਾਂ ਦੇ ਹਰੇਕ ਬੂਥ ਉਤੇ ਪੂਰੀ ਤਨਦੇਹੀ ਨਾਲ ਡਿਊਟੀ ਕਰਦੇ ਹੋਏ ਅਮਨ-ਸ਼ਾਂਤੀ ਨੂੰ ਬਹਾਲ ਰੱਖਿਆ। ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਪਾਰਟੀ, ਆਪ, ਬੀਜੇਪੀ ਅਤੇ ਆਜ਼ਾਦ ਦੇ ਉਮੀਦਵਾਰਾਂ ਵੱਲੋਂ ਇਸ ਲੋਕਤੰਤਰ ਦੇ ਮੇਲੇ ਵਿੱਚ ਭਾਗ ਲੈ ਕੇ ਆਪਣੀ ਕਿਸਮਤ ਅਜ਼ਮਾਈ ਗਈ ਜਿਸ ਦੇ ਨਤੀਜੇ ਵਜੋਂ ਸ਼੍ਰੋਮਣੀ ਅਕਾਲੀ ਦਲ ਨੇ 6 ਸੀਟਾਂ, ਕਾਗਰਸ ਪਾਰਟੀ ਨੇ 4 ਸੀਟਾਂ, ਆਪ ਨੇ 2 ਸੀਟਾਂ, ਬੀਜੇਪੀ ਨੇ 1 ਸੀਟ ਅਤੇ ਆਜ਼ਾਦ ਉਮੀਦਵਾਰਾਂ 'ਚੋਂ 2 ਸੀਟਾਂ 'ਤੇ ਜਿੱਤ ਪ੍ਰਾਪਤ ਕੀਤੀ।ਕਾਦੀਆਂ ਨਗਰ ਕੌਂਸਲ ਦੇ ਕੁੱਲ 15 ਵਾਰਡ ਹਨ।ਵਾਰਡ ਨੰਬਰ 4 ਤੋਂ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਬੀਬੀ ਹਰਪਾਲ ਕੌਰ ਦੀ ਲਗਾਤਾਰ 5ਵੀਂ ਵਾਰ ਜਿੱਤ ਦਾ ਰਿਕਾਰਡ ਹੈ।

# 9ਵਾਂ ਫੋਟੋਗ੍ਰਾਫੀ ਮੇਲਾ ਧੂਮਧਾਮ ਨਾਲ ਸਮਾਪਤ

**ਬੁਤਾਲਾ (ਨਿਰਮਲ ਸਿੰਘ ਸੰਘਾ)**- ਬੈਸਟ ਫੋਟੋਗ੍ਰਾਫ਼ਰ ਵੈੱਲਫੇਅਰ ਐਸੋਸੀਏਸ਼ਨ ਰਜਿ. ਬਟਾਲਾ ਵੱਲੋਂ ਫੋਟੋਗ੍ਰਾਫੀ ਮੇਲਾ ਡਾਇਮੰਡ ਰਿਜ਼ੋਰਟ ਬਟਾਲਾ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਜੰਮੂ, ਸ੍ਰੀਨਗਰ, ਕਠੂਆ, ਰਾਜਸਥਾਨ, ਹਿਮਾਚਲ, ਹਰਿਆਣਾ, ਚੰਡੀਗੜ੍ਹ, ਲੁਧਿਆਣਾ, ਪਟਿਆਲਾ, ਫਗਵਾੜਾ, ਜਲੰਧਰ, ਹੁਸ਼ਿਆਰਪੁਰ, ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਧਾਰੀਵਾਲ, ਅਜਨਾਲਾ, ਬਟਾਲਾ, ਮਹਿਤਾ, ਰਈਆ, ਬਿਆਸ, ਬਾਬਾ ਬਕਾਲਾ ਸਾਹਿਬ, ਸਠਿਆਲਾ, ਬੁਤਾਲਾ ਆਦਿ ਤੋਂ ਫੋਟੋਗ੍ਰਾਫ਼ਰਾਂ ਨੇ ਇਸ ਮੇਲੇ 'ਚ ਹਿੱਸਾ ਲਿਆ।ਇਸ ਮੇਲੇ ਵਿੱਚ ਉਦੋਂ ਹੋਰ ਰੌਣਕਾਂ ਵੱਧ ਗਈਆਂ ਜਦੋਂ ਬਟਾਲਾ



ਸ਼ਹਿਰ ਦੇ ਐੱਮ ਐੱਲ ਏ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਆ ਕੇ ਸ਼ਿਰਕਤ ਕੀਤੀ।ਮੇਲੇ ਵਿੱਚ ਸਾਰੇ ਪੰਜਾਬ 'ਚੋਂ ਫੋਟੋਗ੍ਰਾਫੀ ਮੇਲੇ ਨਾਲ ਸੰਬੰਧਿਤ ਆਈਆਂ ਕੰਪਨੀਆਂ, ਫੋਟੋਗ੍ਰਾਫ਼ਰਾਂ ਦਾ ਧੰਨਵਾਦ ਕਰਦਿਆਂ ਬੈਸਟ ਫੋਟੋਗ੍ਰਾਫ਼ਰ ਵੈੱਲਫੇਅਰ ਐਸੋਸੀਏਸ਼ਨ ਰਜਿ. ਬਟਾਲਾ ਸੰਸਥਾ ਨੂੰ ਦੋ ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਪ੍ਰਧਾਨ ਸੁਖਵਿੰਦਰ ਸਿੰਘ ਧੁੱਪਸੜੀ ਨੇ ਐੱਮ ਐੱਲ ਏ ਅਤੇ ਉਨ੍ਹਾਂ ਨਾਲ ਆਏ ਪਤਵੰਤੇ ਸਜਣਾਂ, ਬਾਹਰੋਂ ਆਈਆਂ ਕੰਪਨੀਆਂ, ਫੋਟੋਗ੍ਰਾਫ਼ਰਾਂ, ਸਰਕਲ ਪ੍ਰਧਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਰ ਸਾਲ ਇਸ ਤਰ੍ਹਾਂ ਹੀ ਰੌਣਕਾਂ ਵਧਾਉਂਦੇ ਰਹੋ।ਇਸ ਮੌਕੇ ਉਨ੍ਹਾਂ ਨਾਲ ਸਾਰੀ ਬਟਾਲਾ ਟੀਮ, ਸਰਕਲ ਪ੍ਰਧਾਨ ਲਾਲੀ ਮਹਿਤਾ, ਸੁੱਖ ਸਠਿਆਲਾ, ਰਾਜਨ ਬਾਬਾ ਬਕਾਲਾ ਸਾਹਿਬ, ਰਾਜਾ ਰਈਆ, ਹੈਪੀ ਬੁੱਟਰ, ਮਨੋਜ ਬਿਆਸ, ਨਿਰਮਲ ਸਿੰਘ ਸੰਘਾ ਸਰਕਲ ਪ੍ਰਧਾਨ ਬੁਤਾਲਾ, ਲੱਖਬੀਰ ਸਿੰਘ, ਸ਼ਰਨਜੀਤ ਸਿੰਘ ਸੰਘਾ, ਤਰਸੇਮ ਸਿੰਘ (ਕੋਲਕੱਤਾ), ਕੁਲਬੀਰ ਮਹਿਤਾ, ਹਰਦੇਵ ਸਿੰਘ ਰਿਖੀਆਂ, ਮਨਪ੍ਰੀਤ ਸਟਰੀਮ ਅੰਮ੍ਰਿਤਸਰ, ਹੈਪੀ ਸੇਲਜ਼ ਅੰਮ੍ਰਿਤਸਰ ਆਦਿ ਹਾਜ਼ਰ ਸਨ।

# ਗਿੱਲ ਨੇ ਪਿੰਡ ਕੱਥੂਨੰਗਲ ਵਿਖੇ ਈ-ਰਕਸ਼ਿਆਂ ਨੂੰ ਦਿੱਤੀ ਹਰੀ ਝੰਡੀ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਹਲਕਾ ਮਜੀਠਾ ਚ ਪੈਂਦੇ ਪਿੰਡ ਕੱਥੋਨੰਗਲ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਅਤੇ ਆਪ ਦੀ ਸਮੁੱਚੀ ਟੀਮ ਵੱਲੋਂ ਮਾਨ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਵੱਲੋਂ ਈ-ਰਿਕਸ਼ੇ ਦੇ ਵਿੱਚ ਕੰਪਲੇਂਟ ਬਾਕਸ ਲਗਾ ਕੇ ਤਲਬੀਰ ਗਿੱਲ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਸਬੰਧੀ ਸਰਦਾਰ ਤਲਬੀਰ ਸਿੰਘ ਗਿੱਲ ਨੇ ਦੱਸਿਆ ਹਲਕਾ ਮਜੀਠਾ ਵਿੱਚ ਕੰਪਲੇਂਟ ਬਾਕਸ ਲਗਾ ਕੇ ਈ-ਰਿਕਸ਼ੇ ਦੇ ਜ਼ਰੀਏ ਆਮ ਆਦਮੀ ਪਾਰਟੀ ਦੇ ਕੀਤੇ ਕੰਮਾਂ ਨੂੰ ਪ੍ਰਚਾਰਿਆ ਜਾਵੇਗਾ ਅਤੇ ਕੰਪਲੇਂਟ ਬਾਕਸ ਵਿੱਚ ਪਰਚੀ ਲਿਖ ਕੇ ਨਸ਼ਾ ਤਸਕਰ ਦੀ ਜਾਣਕਾਰੀ ਦੇ ਸਕਦੇ ਹੋ ਇਸ ਦੇ ਜ਼ਰੀਏ ਲੋਕਾਂ ਵੱਲੋਂ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ ਜਾਵੇਗਾ ਅਤੇ ਨਸ਼ਾ ਤਸਕਰਾਂ ਨੂੰ ਪਾਈ ਜਾਵੇਗੀ ਅਤੇ ਜਾਣਕਾਰੀ ਦੇਣ ਵਾਲੇ ਨੂੰ ਗੁਪਤ ਰੱਖਿਆ ਜਾਵੇਗਾ। ਇਸ ਮੌਕੇ ਟਰੇਡ ਵਿੰਗ ਚੇਅਰਮੈਨ ਦੀਪਕ ਭੰਡਾਰੀ, ਕੁਆਰਡੀਨੇਟਰ ਸਰਪੰਚ ਮਨਦੀਪ ਸਿੰਘ, ਸੋਨੀ ਸਰਪੰਚ, ਭਿੰਦ ਸ਼ਾਹ ਮਜੀਠਾ, ਪਵਨਦੀਪ ਸਿੰਘ, ਗੁਰਪ੍ਰੀਤ ਸਿੰਘ, ਜਗਦੀਸ਼ ਸਿੰਘ, ਬਲਜੀਤ ਸਿੰਘ, ਬਾਬਾ ਮੁਖਤਾਰ ਸਿੰਘ, ਸੁਰਿੰਦਰ ਸਿੰਘ, ਤਰਵਿੰਦਰ ਸਿੰਘ, ਜਸਪਾਲ ਸਿੰਘ, ਹਰਪਿੰਦਰ ਸਿੰਘ, ਰਾਜਵਿੰਦਰ ਸਿੰਘ, ਚਮਕੌਰ ਸਿੰਘ ਆਦੀ ਹਾਜ਼ਰ ਸਨ।

# ਤਰੁਣ ਚੁੱਘ ਨੇ ਕੈਪਟਨ ਅਮਰਿੰਦਰ ਸਿੰਘ ਕੋਲੋਂ ਲਿਆ ਆਸ਼ੀਰਵਾਦ

**ਛੇਹਰਟਾ, (ਮਨੋਜ ਕੁਮਾਰ)** : ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤੇ ਨਵੇਂ ਚੁਣੇ ਗਏ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਭਾਜਪਾ ਦੇ ਸੀਨੀਅਰ ਨੇਤਾ ਕੈਪਟਨ ਅਮਰਿੰਦਰ ਸਿੰਘ ਨਾਲ ਮੁਲਾਕਾਤ ਕੀਤੀ। ਇਸ ਮੌਕੇ ਕੈਪਟਨ ਅਮਰਿੰਦਰ ਸਿੰਘ ਨੇ ਤਰੁਣ ਚੁੱਘ ਨੂੰ ਰਾਜ ਸਭਾ ਲਈ ਚੁਣੇ ਜਾਣ 'ਤੇ ਵਧਾਈ ਦਿੱਤੀ ਅਤੇ ਸਫਲ ਸੰਸਦੀ ਕਾਰਜਕਾਲ ਲਈ ਸ਼ੁੱਭ ਕਾਮਨਾਵਾਂ ਤੇ ਆਸ਼ੀਰਵਾਦ ਦਿੱਤਾ। ਮੁਲਾਕਾਤ ਦੌਰਾਨ ਦੋਵਾਂ ਆਗੂਆਂ ਨੇ ਪੰਜਾਬ ਦੀ ਮੌਜੂਦਾ ਰਾਜਨੀਤਿਕ ਸਥਿਤੀ, ਸੂਬੇ ਨੂੰ ਦਰਪੇਸ਼ ਚੁਣੌਤੀਆਂ ਤੇ ਆਉਣ ਵਾਲੇ ਰਾਜਨੀਤਿਕ ਦ੍ਰਿਸ਼ 'ਤੇ ਵਿਸਥਾਰ ਨਾਲ ਚਰਚਾ ਕੀਤੀ। ਮੀਟਿੰਗ ਤੋਂ ਬਾਅਦ ਚੁੱਘ



ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਦਾ ਵਿਸ਼ਾਲ ਰਾਜਨੀਤਿਕ ਤੇ ਪ੍ਰਸ਼ਾਸਕੀ ਤਜਰਬਾ ਪੰਜਾਬ ਦੇ ਵਿਕਾਸ ਤੇ ਲੋਕ ਹਿੱਤ ਦੇ ਮੁੱਦਿਆਂ 'ਤੇ ਹਮੇਸ਼ਾ ਪ੍ਰੇਰਨਾਦਾਇਕ ਰਿਹਾ ਹੈ। ਉਨ੍ਹਾਂ ਦਾ ਮਾਰਗਦਰਸ਼ਨ ਭਾਜਪਾ ਵਰਕਰਾਂ ਤੇ ਲੀਡਰਸ਼ਿਪ ਲਈ ਬਹੁਤ ਮਹੱਤਵਪੂਰਨ ਹੈ। ਚੁੱਘ ਨੇ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਤੇ ਕਾਂਗਰਸ ਦੇ ਕੁਸ਼ਾਸਨ, ਭ੍ਰਿਸ਼ਟਾਚਾਰ ਤੇ ਖਾਲੀ ਵਾਅਦਿਆਂ ਤੋਂ ਨਿਰਾਸ਼ ਹਨ। ਸੂਬੇ ਦੇ ਲੋਕ ਹੁਣ ਵਿਕਾਸ, ਸੁਸ਼ਾਸਨ, ਸੁਰੱਖਿਆ ਤੇ ਸਥਿਰ ਲੀਡਰਸ਼ਿਪ ਦੀ ਰਾਜਨੀਤੀ ਚਾਹੁੰਦੇ ਹਨ। ਚੁੱਘ ਨੇ ਵਿਸ਼ਵਾਸ ਪ੍ਰਗਟਾਇਆ ਕੀਤਾ ਕਿ ਆਉਣ ਵਾਲੇ ਸਾਲਾਂ ਵਿਚ ਭਾਜਪਾ ਪੰਜਾਬ ਵਿਚ ਡਬਲ-ਇੰਜਣ ਸਰਕਾਰ ਬਣਾਏਗੀ, ਜੋ ਸੂਬੇ ਨੂੰ ਵਿਕਾਸ, ਨਿਵੇਸ਼, ਰੁਜ਼ਗਾਰ, ਬਿਹਤਰ ਕਾਨੂੰਨ ਵਿਵਸਥਾ ਤੇ ਖੁਸ਼ਹਾਲੀ ਦੇ ਨਵੇਂ ਯੁੱਗ ਵਿਚ ਲੈ ਜਾਵੇਗੀ। ਪੰਜਾਬ ਦੇ ਲੋਕਾਂ ਨੇ ਬਦਲਾਅ ਲਈ ਆਪਣਾ ਮਨ ਬਣਾ ਲਿਆ ਹੈ ਤੇ ਭਾਜਪਾ ਉਸ ਬਦਲਾਅ ਦੀ ਅਗਵਾਈ ਕਰੇਗੀ।

# ਤਲਬੀਰ ਗਿੱਲ ਨੇ 24 ਲਾਭਪਾਤਰੀਆਂ ਨੂੰ 8 ਲੱਖ 40 ਹਜ਼ਾਰ ਰੁਪਏ ਦੇ ਚੈੱਕ ਵੰਡੇ

**ਮਜੀਠਾ (ਸੋਇਮ ਆਨੰਦ)**- ਸਰਕਾਰ ਦੀ ਕੱਚੇ ਮਕਾਨਾਂ ਨੂੰ ਪੱਕੇ ਬਣਾਉਣ ਦੀ ਯੋਜਨਾ ਤਹਿਤ ਕਸਬਾ ਮਜੀਠਾ ਵਿਚ 24 ਲਾਭਪਾਤਰੀਆਂ ਨੂੰ 8 ਲੱਖ 40 ਹਜ਼ਾਰ ਰੁਪਏ ਦੀ ਬਕਾਇਆ ਰਾਸ਼ੀ ਦੇ ਚੈਕ ਵੰਡੇ ਗਏ।ਇਸ ਮੌਕੇ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਇਹ ਚੈੱਕ ਲਾਭਪਾਤਰੀਆਂ ਨੂੰ ਵੰਡਣ ਮੌਕੇ ਕਿਹਾ ਕਿ ਇਸ ਯੋਜਨਾ ਤਹਿਤ ਗਰੀਬ ਪਰਿਵਾਰਾਂ ਨੂੰ ਆਪਣੇ ਕੱਚੇ ਘਰਾਂ ਨੂੰ ਪੱਕੇ ਬਣਾਉਣ ਲਈ ਵਿੱਤੀ ਮਦਦ ਮੁਹੱਈਆ ਕਰਵਾਈ ਜਾ ਰਹੀ ਹੈ।ਅੱਜ ਵੰਡੇ ਗਏ ਚੈੱਕਾਂ ਨਾਲ ਲਾਭਪਾਤਰੀਆਂ ਦੇ ਸੁਪਨੇ ਸਾਕਾਰ ਹੋਣ ਵੱਲ ਇੱਕ ਹੋਰ ਕਦਮ ਵਧਿਆ ਹੈ। ਇਸ ਮੌਕੇ ਇੱਕ ਵੱਡੀ ਗਿਣਤੀ ਵਿਚ ਸ਼ਾਮਲ ਲਾਭਪਾਤਰੀਆਂ ਨੂੰ ਤਲਬੀਰ ਸਿੰਘ ਗਿੱਲ ਨੇ ਚੈੱਕ ਵੰਡਦਿਆਂ ਵਧਾਈ ਦਿੱਤੀ ਅਤੇ ਕਿਹਾ ਕਿ ਇਸ ਯੋਜਨਾ ਰਾਹੀਂ ਗਰੀਬ ਪਰਿਵਾਰਾਂ ਦੇ ਸਿਰ



ਉੱਤੇ ਛੱਤ ਦੀ ਸੁਰੱਖਿਆ ਯਕੀਨੀ ਬਣਾਈ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੋਂ ਬਾਅਦ ਲੋਕ ਭਲਾਈ ਦੀਆਂ ਕਈ ਤਰ੍ਹਾਂ ਦੀਆਂ ਸਕੀਮਾਂ ਚਲਾਈਆਂ ਗਈਆਂ ਹਨ।ਇਨ੍ਹਾਂ ਵਿਚ ਬਿਜਲੀ ਦਾ 600 ਯੂਨਿਟ ਮੁਫ਼ਤ, ਚੰਗੇਰੀ ਸਿੱਖਿਆ, 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ, ਵਧੀਆਂ ਸਿਹਤ ਸਿਵਾਵਾਂ ਆਦਿ ਸ਼ਾਮਲ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਸਿਰਫ਼ ਵਾਅਦੇ ਨਹੀਂ ਕਰਦੀ ਸਗੋਂ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਯਕੀਨ ਰੱਖਦੀ ਹੈ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੇ ਨਾਲ ਨਾਲ ਲੋਕ ਭਲਾਈ ਸਕੀਮਾਂ ਵੀ ਤੇਜ਼ੀ ਨਾਲ ਚਲ ਰਹੀਆਂ ਹਨ।ਖਾਸ ਤੌਰ 'ਤੇ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਲੋਕਾਂ ਦਾ ਜੀਵਨ ਪੱਧਰ ਉਚਾ ਚੁੱਕਣ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਯੋਜਨਾ ਤਹਿਤ ਹਜ਼ਾਰਾਂ ਪਰਿਵਾਰਾਂ ਨੂੰ ਆਪਣੇ ਮਕਾਨ ਬਣਾਉਣ ਲਈ ਵਿੱਤੀ ਮਦਦ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਦੀਆਂ ਮੁਸ਼ਕਲਾਂ ਘੱਟ ਹੋਈਆਂ ਹਨ।ਤਲਬੀਰ ਸਿੰਘ ਗਿੱਲ ਨੇ ਭਰੋਸਾ ਦਿਵਾਇਆ ਕਿ ਭਵਿੱਖ ਵਿਚ ਵੀ ਅਜਿਹੀਆਂ ਲੋਕ ਹਿਤੈਸ਼ੀ ਯੋਜਨਾਵਾਂ ਨੂੰ ਲਗਾਤਾਰ ਚਲਾਇਆ ਜਾਵੇਗਾ ਤਾਂ ਜੋ ਹਰ ਗਰੀਬ ਪਰਿਵਾਰ ਨੂੰ ਮੁੱਢਲੀਆਂ ਸਹੂਲਤਾਂ ਮਿਲ ਸਕਣ। ਇਸ ਮੌਕੇ ਬਲਜਿੰਦਰ ਸਿੰਘ ਛੀਨਾ, ਪਿੰਕਾ ਮਜੀਠਾ, ਪਰਮਜੀਤ ਸਿੰਘ ਪੰਮਾ, ਹਰਭੁਪਿੰਦਰ ਸਿੰਘ ਸ਼ਾਹ, ਅਮਰਜੀਤ ਸਿੰਘ, ਜੈਪਾਲ ਮਹਾਜਨ, ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਰਣਜੀਤ ਸਿੰਘ, ਹਰਪਾਲ ਸਿੰਘ, ਸ਼ਾਹ ਉਦੇ ਸਿੰਘ ਮਜੀਠਾ, ਆਜ਼ਾਦ ਸਿੰਘ, ਰਮਨ ਕੁਮਾਰ, ਨੀਰਜ ਸ਼ਰਮਾ, ਮੱਖਣ ਸਿੰਘ ਆਦਿ ਹਾਜ਼ਰ ਸਨ।

# ਰਾਜ ਸਭਾ 'ਚ ਪੰਜਾਬ ਦੀ ਆਵਾਜ਼ ਬੁਲੰਦ ਕਰਨਗੇ ਤਰੁਣ ਚੁੱਘ : ਰਾਜੇਸ਼ ਮਹਿਤਾ

**ਛੇਹਰਟਾ, (ਮਨੋਜ ਕੁਮਾਰ)** : ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਦੇ ਰਾਜ ਸਭਾ ਮੈਂਬਰ ਚੁਣੇ ਜਾਣ 'ਤੇ ਉਨ੍ਹਾਂ ਦੇ ਲਾਹੌਰੀ ਗੇਟ ਸਥਿਤ ਦਫ਼ਤਰ ਦੇ ਸਕੱਤਰ ਰਾਜੇਸ਼ ਮਹਿਤਾ ਨੇ ਪਾਰਟੀ ਆਗੂਆਂ, ਵਰਕਰਾਂ ਤੇ ਅੰਮ੍ਰਿਤਸਰ ਸ਼ਹਿਰ ਵਾਸੀਆਂ ਨੂੰ ਵਧਾਈ ਦਿੱਤੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਇਹ ਜ਼ਿੰਮੇਵਾਰੀ ਸੌਂਪੇ ਜਾਣ 'ਤੇ ਭਾਜਪਾ ਦੀ



ਉੱਚ ਲੀਡਰਸ਼ਿਪ ਦਾ ਧੰਨਵਾਦ ਕੀਤਾ ਹੈ। ਰਾਜੇਸ਼ ਮਹਿਤਾ ਨੇ ਕਿਹਾ ਕਿ ਤਰੁਣ ਚੁੱਘ ਦਾ ਸਾਧਾਰਨ ਵਰਕਰ ਤੋਂ ਸਿਆਸੀ ਕੈਰੀਅਰ ਸ਼ੁਰੂ ਕਰਕੇ ਰਾਜ ਸਭਾ ਦਾ ਮੈਂਬਰ ਬਣ ਜਾਣਾ ਸਿੱਧ ਕਰਦਾ ਹੈ ਕਿ ਭਾਜਪਾ ਵਿਚ ਸਿਰਫ਼ ਪਾਰਟੀ ਪ੍ਰਤੀ ਨਿਸ਼ਠਾ, ਵਫ਼ਾਦਾਰੀ ਤੇ ਅਗਵਾਈ ਕਰਨ ਦੀ ਗੁਣਵੱਤਾ ਨੂੰ ਹੀ ਵੇਖਿਆ ਜਾਂਦਾ ਹੈ। ਜਦੋਂਕਿ ਦੂਜੀਆਂ ਸਿਆਸੀ ਪਾਰਟੀਆਂ ਵਿਚ ਇਹ ਅਹੁਦੇ ਭਾਈ-ਭਤੀਜਾਵਾਦ ਤੇ ਚਾਪਲੂਸੀ ਨਾਲ ਹੀ ਮਿਲਦੇ ਹਨ। ਉਨ੍ਹਾਂ ਕਿਹਾ ਕਿ ਤਰੁਣ ਚੁੱਘ ਕੋਲ ਪਾਰਟੀ ਵਿਚ ਕਈ ਉੱਚ ਅਹੁਦਿਆਂ 'ਤੇ ਕੰਮ ਕਰਨ ਦਾ ਲੰਮਾ ਅਨੁਭਵ ਹੈ, ਜੋ ਰਾਜ ਸਭਾ ਮੈਂਬਰ ਵਜੋਂ ਜ਼ਿੰਮੇਦਾਰੀ ਨਿਭਾਉਂਦਿਆਂ ਉਨ੍ਹਾਂ ਲਈ ਬਹੁਤ ਲਾਹੇਵੰਦ ਸਾਬਿਤ ਹੋਵੇਗਾ। ਉਨ੍ਹਾਂ ਕਿਹਾ ਕਿ ਤਰੁਣ ਚੁੱਘ ਦੇ ਰਾਜ ਸਭਾ ਮੈਂਬਰ ਚੁਣੇ ਜਾਣ 'ਤੇ ਸਾਧਾਰਨ ਵਰਕਰ ਦਾ ਉਤਸ਼ਾਹ ਵਧਿਆ ਹੈ ਤੇ ਉਹ ਹੁਣ ਦੁੱਗਣੇ ਜੋਸ਼ ਨਾਲ ਪਾਰਟੀ ਲਈ ਕੰਮ ਕਰਨਗੇ। ਰਾਜੇਸ਼ ਮਹਿਤਾ ਨੇ ਕਿਹਾ ਕਿ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਤਰੁਣ ਚੁੱਘ ਰਾਜ ਸਭਾ ਵਿਚ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਆਪਣੀ ਆਵਾਜ਼ ਬੁਲੰਦ ਕਰਨਗੇ। ਉਹ ਪੰਜਾਬ, ਅੰਮ੍ਰਿਤਸਰ ਤੇ ਵਿਸ਼ੇਸ਼ ਤੌਰ 'ਤੇ ਗੁਰੂ ਦੀ ਨਗਰੀ ਦੇ ਵਿਕਾਸ ਲਈ ਕਈ ਪ੍ਰਾਜੈਕਟ ਵੀ ਕੇਂਦਰ ਸਰਕਾਰ ਤੋਂ ਪਾਸ ਕਰਵਾਉਣ ਲਈ ਪੂਰੀ ਵਾਹ ਲਗਾ ਦੇਣਗੇ। ਉਨ੍ਹਾਂ ਕਿਹਾ ਕਿ ਚੁੱਘ ਦੇ ਰਾਜ ਸਭਾ ਮੈਂਬਰ ਚੁਣੇ ਜਾਣ 'ਤੇ ਅੰਮ੍ਰਿਤਸਰ ਸ਼ਹਿਰ ਵਾਸੀਆਂ ਵਿਚ ਖੁਸ਼ੀ ਦੀ ਲਹਿਰ ਹੈ।

# ਵਜ਼ੀਰ ਭੁੱਲਰ 'ਚ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਾਇਆ



**ਬਿਆਸ (ਪਰਮਜੀਤ ਸਿੰਘ ਰੱਖੜਾ)** ਪਿੰਡ ਵਜ਼ੀਰ ਭੁੱਲਰ ਦੇ ਗੁਰਦੁਆਰਾ ਚਰਨ ਕਮਲ ਸਾਹਿਬ ਵਿਖੇ ਓਮ ਪ੍ਰਕਾਸ਼ ਆਈ ਕੇਅਰ ਹਸਪਤਾਲ ਵੱਲੋਂ ਸਮਾਜ ਸੇਵਕ ਸਭਾ ਰਈਆ ਦੇ ਪ੍ਰਧਾਨ ਸੁਖਵਿੰਦਰ ਸਿੰਘ ਮੱਤੇਵਾਲ, ਹਲਕਾ ਬਾਬਾ ਬਕਾਲਾ ਸਾਹਿਬ ਦੇ ਆਪ ਦੇ ਸੀਨੀਅਰ ਆਗੂ, ਜ਼ਿਲ੍ਹਾ ਪ੍ਰਧਾਨ ਸਮਾਜ ਸੇਵਾ ਹੈੱਲਪਲਾਈਨ ਅਤੇ ਐਂਟੀ ਕੁਰੱਪਸ਼ਨ ਰਜਿੰਦਰ ਸਿੰਘ ਸਹੋਤਾ ਅਤੇ ਕਪੂਰ ਸਿੰਘ ਭੁੱਲਰ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਬਲਵਿੰਦਰ ਸਿੰਘ ਭੁੱਲਰ ਸੀਨੀਅਰ ਆਗੂ ਆਮ ਆਦਮੀ ਪਾਰਟੀ, ਭਗਵੰਤ ਸਿੰਘ ਸੋਸ਼ਲ ਮੀਡੀਆ ਸੈਕਟਰੀ ਅੰਮ੍ਰਿਤਸਰ ਦਿਹਾਤੀ, ਬਲਕਾਰ ਸਿੰਘ, ਸੂਬੇਦਾਰ ਸਰਦੂਲ ਸਿੰਘ, ਕਵਲਜੀਤ ਸਿੰਘ ਬੱਲ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਕੈਂਪ ਵਿਚ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਲੋੜਵੰਦ ਬਜ਼ੁਰਗਾਂ ਨੂੰ ਡਾਕਟਰਾਂ ਵੱਲੋਂ ਦਾਰੂ ਅਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਨਿਗ੍ਹਾ ਦੇ ਨੰਬਰ ਦਾ ਚੈੱਕਅੱਪ ਕੰਪਿਊਟਰ ਦੁਆਰਾ ਕੀਤਾ ਗਿਆ। ਇਸ ਮੌਕੇ ਚੇਅਰਮੈਨ ਸੁਰਜੀਤ ਸਿੰਘ ਕੰਗ ਆਮ ਆਦਮੀ ਪਾਰਟੀ, ਬਾਬਾ ਬਲਬੀਰ ਸਿੰਘ, ਭੁਪਿੰਦਰ ਸਿੰਘ ਬਿੱਟੂ, ਸੁਖਬੀਰ ਸਿੰਘ, ਸੰਦੀਪ ਕੁਮਾਰ ਰਈਆ, ਸਰਪੰਚ ਸਰਵਿੰਦਰ ਸਿੰਘ, ਮਹਿੰਦਰ ਸਿੰਘ, ਹਰਜੀਤ ਸਿੰਘ ਢਿੱਲੋਂ, ਈਸ਼ਵਰਪ੍ਰੀਤ ਸਿੰਘ ਸਹੋਤਾ ਆਦਿ ਹਾਜ਼ਰ ਸਨ।

# ਮਾਤਾ ਬਲਬੀਰ ਕੌਰ ਨੂੰ ਸੇਜਲ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਗ੍ਰੰਥੀ ਸਿੰਘ ਭਾਈ ਗੁਰਪ੍ਰੀਤ ਸਿੰਘ ਦੇ ਸਤਿਕਾਰਯੋਗ ਮਾਤਾ ਬਲਬੀਰ ਕੌਰ ਜੋ ਬੀਤੇ ਦਿਨ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਦਾ ਅੰਤਿਮ



ਸੰਸਕਾਰ ਸ਼ਮਸ਼ਾਨਘਾਟ ਮਨਸੂਰਵਾਲ (ਕਪੂਰਥਲਾ) ਵਿਖੇ ਕੀਤਾ ਗਿਆ, ਜਿਥੇ ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਗ੍ਰੰਥੀ ਸਿੰਘ ਭਾਈ ਗੁਰਪ੍ਰੀਤ ਸਿੰਘ ਨੇ ਦਿਖਾਈ।ਇਸ ਮੌਕੇ ਗ੍ਰੰਥੀ ਸਿੰਘ ਭਾਈ ਗੁਰਪ੍ਰੀਤ ਸਿੰਘ ਨਾਲ ਇਲਾਕੇ ਦੇ ਮੋਹਤਬਰ ਵਿਅਕਤੀਆਂ ਜਿਨ੍ਹਾਂ ਵਿਚ ਕਰਨੈਲ ਸਿੰਘ, ਹਰਪ੍ਰੀਤ ਸਿੰਘ, ਕੁਲਵਿੰਦਰ ਸਿੰਘ ਮੈਨੇਜਰ ਐਸ.ਜੀ.ਪੀ.ਸੀ., ਜੇ.ਐਸ.ਟੇਲਰ, ਸੁਖਵਿੰਦਰ ਮੋਹਨ ਭਾਟੀਆ, ਹਰਵਿੰਦਰ ਸਿੰਘ, ਦਿਲਬਾਗ ਸਿੰਘ ਗੋਇੰਦਵਾਲ ਸਾਹਿਬ, ਐੱਸ ਐੱਸ ਸੰਧਾ ਫਤਿਹਾਬਾਦ ਨੇ ਦੁੱਖ ਸਾਂਝਾ ਕੀਤਾ।

# ਡਾ. ਛੀਨਾ, ਡਾ. ਮਨਮੋਹਨ ਸਿੰਘ ਤੇ ਕੁਲਜੀਤ ਸਿੰਘ ਦੀਵਾਨ ਦੇ ਐਡੀਸ਼ਨਲ ਆਨਰੇਰੀ ਸਕੱਤਰ ਨਿਯੁਕਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਨਵ-ਗਠਿਤ ਚੀਫ਼ ਖ਼ਾਲਸਾ ਦੀਵਾਨ ਐਜੂਕੇਸ਼ਨਲ ਕਮੇਟੀ ਵੱਲੋਂ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਦੀ ਪ੍ਰਧਾਨਗੀ ਹੇਠ ਪਲੇਠੀ ਇਕੱਤਰਤਾ ਦਾ ਆਯੋਜਨ ਕੀਤਾ ਗਿਆ ਜਿਸ ਦੌਰਾਨ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਵੱਲੋਂ

**● ਸੇਠੀ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਦੀ ਰਿਸੈਪਸ਼ਨ ਕਮੇਟੀ ਦੇ ਚੇਅਰਮੈਨ ਬਣੇ**

ਨਾਮਜ਼ਦ ਕਰਨ ਉਪਰੰਤ ਉਘੇ ਸਿੱਖ ਵਿਦਵਾਨਾਂ ਡਾ. ਸਰਬਜੀਤ ਸਿੰਘ ਛੀਨਾ ਨੂੰ ਐਜੂਕੇਸ਼ਨਲ ਕਮੇਟੀ ਦੇ ਆਨਰੇਰੀ ਸਕੱਤਰ ਵਜੋਂ ਅਤੇ ਡਾ. ਮਨਮੋਹਨ ਸਿੰਘ ਅਤੇ ਕੁਲਜੀਤ ਸਿੰਘ (ਸਿੰਘ ਬ੍ਰਦਰਜ਼) ਨੂੰ ਐਡੀ. ਆਨਰੇਰੀ ਸਕੱਤਰਾਂ ਵਜੋਂ ਸਰਬਸੰਮਤੀ ਨਾਲ ਚੁਣਿਆ ਗਿਆ ਜਿਸਨੂੰ ਐਜੂਕੇਸ਼ਨਲ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਪ੍ਰਵਾਨਗੀ ਦਿੱਤੀ ਗਈ।ਇਸਦੇ ਨਾਲ ਹੀ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਨੂੰ ਸਰਬਸੰਮਤੀ ਨਾਲ ਇਸ ਸਾਲ ਬਟਾਲਾ ਵਿਖੇ ਹੋਣ ਜਾ ਰਹੀ ਚੀਫ਼ ਖ਼ਾਲਸਾ ਦੀਵਾਨ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਦੀ ਰਿਸੈਪਸ਼ਨ ਕਮੇਟੀ ਦੇ ਚੇਅਰਮੈਨ ਬਣਾਇਆ ਗਿਆ। ਅਧਿਆਪਨ ਦੇ ਖੇਤਰ ਵਿਚ 40 ਸਾਲ ਦਾ ਤਜਰਬਾ ਰੱਖਣ ਵਾਲੇ ਦੀਵਾਨ ਦੇ ਮੀਤ ਪ੍ਰਧਾਨ ਸ੍ਰ. ਸੰਤੋਖ ਸਿੰਘ ਸੇਠੀ ਡਿਪਟੀ ਜ਼ਿਲ੍ਹਾ ਐਜੂਕੇਸ਼ਨ ਆਫਿਸਰ (ਗਾਇਡੈਂਸ ਅਤੇ ਕੌਂਸਲਿੰਗ) ਦੇ ਅਹੁਦੇ ਤੋਂ ਸੇਵਾ ਮੁਕਤ ਹਨ ਅਤੇ ਪਹਿਲਾਂ ਵੀ ਉਨ੍ਹਾਂ ਦੀ ਯੋਗ ਅਗਵਾਈ ਹੇਠ 67ਵੀਂ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਸਫਲਤਾਪੂਰਵਕ ਸੰਪੰਨ ਕੀਤੀ ਗਈ ਸੀ।ਕਮੇਟੀ ਦੇ ਨਵ-ਨਿਯੁਕਤ ਆਨਰੇਰੀ ਸਕੱਤਰ ਡਾ. ਸਰਬਜੀਤ ਸਿੰਘ ਛੀਨਾ ਖੇਤੀਬਾੜੀ, ਅਰਥ ਸ਼ਾਸਤਰ ਵਿਚ ਪੀ. ਐੱਚ. ਡੀ ਹਨ ਅਤੇ ਖਾਲਸਾ ਕਾਲਜ ਖੇਤੀਬਾੜੀ ਫੈਕਲਟੀ ਦੇ ਡੀਨ ਵਜੋਂ ਸੇਵਾ ਮੁਕਤ ਹੋਏ ਹਨ ਜਿਨ੍ਹਾਂ ਦੀਆਂ ਇਸ ਖੇਤਰ ਵਿਚ ਲਿਖੀਆਂ ਅਨੇਕਾਂ ਪੁਸਤਕਾਂ ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਸੰਦਰਭ ਪੁਸਤਕਾਂ ਵਜੋਂ ਪ੍ਰਸਿੱਧ ਹਨ।ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸੈਨੇਟ ਤੇ ਸਿੰਡੀਕੇਟ ਮੈਂਬਰ ਰਹਿ ਚੁੱਕੇ ਡਾ. ਛੀਨਾ ਇਸ ਸਮੇਂ ਇੰਸਟੀਚਿਊਟ ਆਫ ਸੋਸ਼ਲ ਸਾਇੰਸ ਨਵੀਂ ਦਿੱਲੀ ਵਿਖੇ ਸੀਨੀਅਰ ਫੈਲੋ



ਵਜੋਂ ਅਤੇ ਭਾਰਤੀ ਯੂਨੇਸਕੋ ਕਲੱਬਾਂ ਦੀ ਫੈਡਰੇਸ਼ਨ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਰਹੇ ਹਨ ਅਤੇ ਉਹ ਸੁਸਾਇਟੀ ਆਫ ਇਕਨਾਮਿਕਸ ਐਂਡ ਡਿਵੈਲਪਮੈਂਟ ਦੇ ਪ੍ਰਧਾਨ ਅਤੇ ਇੰਡੀਅਨ ਜਰਨਲ ਆਫ਼ ਇਕਨਾਮਿਕਸ ਐਂਡ ਡਿਵੈਲਪਮੈਂਟ ਦੇ ਸੰਪਾਦਕ ਵੀ ਰਹੇ ਹਨ।ਇਸੇ ਤਰ੍ਹਾਂ ਡਾ. ਮਨਮੋਹਨ ਸਿੰਘ (ਪੀ.ਐੱਚ.ਡੀ) ਇਸਰੋ ਵਿਚ ਸਨਮਾਨਿਤ ਪ੍ਰਬੰਧਕ ਅਹੁਦਿਆਂ ਤੇ ਰਹਿੰਦਿਆਂ ਪ੍ਰੋਜੈਕਟ ਮੈਨੇਜਮੈਂਟ ਅਤੇ ਪ੍ਰੋਡਕਟ ਡਿਵੈਲਪਮੈਂਟ ਵਿਭਾਗ ਵਿਚ ਕੰਮ ਕਰ ਚੁੱਕੇ ਹਨ ਅਤੇ ਦੇਸ਼ ਦੇ ਮਹੱਤਵਪੂਰਨ ਮਿਸ਼ਨਾਂ ਵਿਚ ਵਿਸ਼ੇਸ਼ ਹਿੱਸਾ ਪਾ ਕੇ ਆਪਣੇ ਕੰਮ ਰਾਹੀਂ ਨਿਵੇਕਲੀ ਪਹਿਚਾਣ ਬਣਾ ਚੁੱਕੇ ਹਨ।ਇਸ ਸਮੇਂ ਮੌਕੇ ਹਾਜ਼ਰ ਦੀਵਾਨ ਅਹੁਦੇਦਾਰਾਂ ਅਤੇ ਹੋਰਨਾਂ ਮੈਂਬਰ ਸਾਹਿਬਾਨ ਨੇ ਮੂਲ ਮੰਤਰ ਦੇ ਪਾਠ ਕਰਨ ਉਪਰੰਤ ਨਵ-ਨਿਯੁਕਤ ਸੰਤੋਖ ਸਿੰਘ ਸੇਠੀ, ਡਾ. ਸਰਬਜੀਤ ਸਿੰਘ ਛੀਨਾ, ਡਾ. ਮਨਮੋਹਨ ਸਿੰਘ, ਸ੍ਰ.ਕੁਲਜੀਤ ਸਿੰਘ (ਸਿੰਘ ਬ੍ਰਦਰਜ਼) ਨੂੰ ਐਜੂਕੇਸ਼ਨਲ ਕਮੇਟੀ ਦੇ ਜ਼ਿੰਮੇਵਾਰ ਅਹੁਦੇ ਸੌਂਪਦਿਆਂ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਉਹ ਆਪਣੇ ਅਹੁੱਦਿਆਂ ਦੀ ਮਾਣ-ਮਰਿਆਦਾ ਬਰਕਰਾਰ ਰੱਖਦਿਆਂ ਐਜੂਕੇਸ਼ਨਲ ਕਮੇਟੀ ਨੂੰ ਵਿਕਾਸ ਦੀਆਂ ਲੀਹਾਂ ਤੇ ਲਿਜਾਉਣ ਲਈ ਹਮੇਸ਼ਾਂ ਹੀ ਯਤਨਸ਼ੀਲ ਹੋਣਗੇ ਅਤੇ ਉਹਨਾਂ ਦੀ ਯੋਗ ਅਗਵਾਈ ਹੇਠ ਇਸ ਸਾਲ ਬਟਾਲਾ ਵਿਖੇ ਹੋਣ ਜਾ ਰਹੀ ਯਾਦਗਾਰ ਵਿਸ਼ਵ ਸਿੱਖ ਵਿਦਿਅਕ ਕਾਨਫਰੰਸ ਰਾਹੀਂ ਚੀਫ਼ ਖ਼ਾਲਸਾ ਦੀਵਾਨ ਵਿਸ਼ਵ ਦੇ ਨਕਸ਼ੇ ਤੇ ਇਕ ਨਿਵੇਕਲੀ ਪਹਿਚਾਣ ਬਣਕੇ ਉਭਰੇਗਾ। ਐਜੂਕੇਸ਼ਨਲ ਕਮੇਟੀ ਦੇ ਨਵ-ਨਿਯੁਕਤ ਅਹੁਦੇਦਾਰਾਂ ਨੇ ਚੀਫ਼ ਖ਼ਾਲਸਾ ਦੀਵਾਨ ਪ੍ਰਬੰਧਕਾਂ ਅਤੇ ਮੈਂਬਰਾਂ ਦਾ ਉਨ੍ਹਾਂ ਦੀ ਕਾਬਲੀਅਤ ਤੇ ਵਿਸ਼ਵਾਸ ਰੱਖਦਿਆਂ ਨਵੇਂ ਅਹੁਦਿਆਂ ਦੀਆਂ ਜਿੰਮੇਵਾਰੀਆਂ ਸੌਂਪਣ ਲਈ ਧੰਨਵਾਦ ਕੀਤਾ ਅਤੇ ਕਮੇਟੀ ਦੀਆਂ ਇੱਛਾਵਾਂ ਅਨੁਸਾਰ ਨਿਸ਼ਕਾਮ ਭਾਵਨਾ ਨਾਲ ਸੇਵਾ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸ੍ਰ.ਸੰਤੋਖ ਸਿੰਘ ਸੇਠੀ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਰਮਣੀਕ ਸਿੰਘ, ਐਡੀ. ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਡਾ. ਅਮਰਜੀਤ ਸਿੰਘ ਦੂਆ, ਏ. ਪੀ. ਐੱਸ. ਮਾਨ, ਤਰਲੋਚਨ ਸਿੰਘ, ਮਨਪ੍ਰੀਤ ਸਿੰਘ, ਰਣਦੀਪ ਸਿੰਘ, ਅੰਡਰ ਸੈਕਟਰੀ ਐਜੂਕੇਸ਼ਨ ਕਮੇਟੀ ਅਮਰਜੀਤ ਸਿੰਘ ਚੁੱਘ ਆਦਿ ਮੈਂਬਰ ਹਾਜ਼ਰ ਸਨ।

# ਭਗਵੰਤ ਸਿੰਘ ਢਿੱਲੋਂ ਕਸੇਲ ਨੂੰ ਧਾਰਮਿਕ ਤੇ ਰਾਜਸੀ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ

**ਝਬਾਲ (ਹਰਜਿੰਦਰ ਸਿੰਘ ਸੋਨੀ, ਮੱਖਣ ਮਨੋਜ)**- ਅਕਾਲੀ ਦਲ ਦੇ ਸੀਨੀਅਰ ਆਗੂ ਸੁਖਜਿੰਦਰ ਸਿੰਘ ਢਿੱਲੋਂ ਕਸੇਲ ਤੇ ਕਿਰਨਦੀਪ ਸਿੰਘ ਢਿੱਲੋਂ ਕਸੇਲ ਦੇ ਪਿਤਾ ਸ੍ਰ: ਭਗਵੰਤ ਸਿੰਘ ਸਾਬਕਾ ਸਰਪੰਚ ਜੋ ਕੁੱਝ ਦਿਨ ਪਹਿਲਾਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਆਤਮਿਕ ਸ਼ਾਂਤੀ ਲਈ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਜਾਣ ਉਪਰੰਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਗੋਬਿੰਦ ਸਿੰਘ ਜੀ ਪਿੰਡ ਢੰਡ ਵਿਖੇ ਹੋਇਆ ਜਿਥੇ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਸ਼ਬਦ ਕੀਰਤਨ ਕੀਤਾ ਗਿਆ ਅਤੇ ਸ਼ਰਧਾਂਜਲੀ ਸਮਾਗਮ ਦੌਰਾਨ ਹਲਕਾ ਤਰਨ ਤਾਰਨ ਤੋਂ ਵਿਧਾਇਕ ਹਰਮੀਤ ਸਿੰਘ ਸੰਧੂ, ਅਕਾਲੀ ਦਲ ਹਲਕਾ ਇੰਚਾਰਜ ਕੰਚਨਪ੍ਰੀਤ ਕੌਰ, ਕਾਂਗਰਸ ਪਾਰਟੀ ਦੇ ਹਲਕਾ ਤਰਨ ਤਾਰਨ ਇੰਚਾਰਜ ਕਰਨਬੀਰ ਸਿੰਘ ਬੁਰਜ, ਗੁਰਵਿੰਦਰ ਸਿੰਘ ਲਾਲੀ ਰਣੀਕੇ, ਸ਼੍ਰੋਮਣੀ ਕਮੇਟੀ ਸਾਬਕਾ ਮੈਂਬਰ ਕਸ਼ਮੀਰ ਸਿੰਘ



ਗੰਡੀਵਿੰਡ, ਇਕਬਾਲ ਸਿੰਘ ਸੰਧੂ ਤਰਨ ਤਾਰਨ, ਸਰਪੰਚ ਬਲਜਿੰਦਰ ਸਿੰਘ ਕਸੇਲ, ਪੂਰਨ ਸਿੰਘ ਝਬਾਲ, ਚੇਅਰਮੈਨ ਯੋਧਬੀਰ ਸਿੰਘ ਪੰਡੋਰੀ, ਸਾਬਕਾ ਚੇਅਰਮੈਨ ਤੇਗਾਂ ਸਿੰਘ ਸੋਹਲ, ਬੀਜੇਪੀ ਸੀਨੀਅਰ ਆਗੂ ਰਣਜੀਤ ਸਿੰਘ ਰਾਣਾ ਗੰਡੀਵਿੰਡ, ਬਾਬਾ ਵਰਿਆਮ ਸਿੰਘ ਬਰਤਨ ਸਟੋਰ, ਰਾਜਬੀਰ ਸਿੰਘ ਸੰਧੂ, ਸਰਪੰਚ ਸੋਨੂੰ ਬਰਾੜ ਦੋਦੇ, ਅਕਾਲੀ ਆਗੂ ਸੋਨੂੰ ਦੋਦੇ, ਹੈਰੀ ਬੁਰਜ, ਦਲਜੀਤ ਸਿੰਘ ਭੋਜੀਆਂ, ਮਨਿੰਦਰਪਾਲ ਸਿੰਘ ਪਲਾਸੌਰ, ਬਾਬਾ ਸੋਹਣ ਸਿੰਘ ਕਾਰ ਸੇਵਾ, ਮਨਜੀਤ ਸਿੰਘ ਝਬਾਲ ਖੁਰਦ, ਦਲਜੀਤ ਸਿੰਘ ਐਮਾ, ਸਰਪੰਚ ਮਨਜਿੰਦਰ ਸਿੰਘ ਐਮਾ, ਖਜ਼ਾਨ ਸਿੰਘ ਫੌਜੀ ਕਸੇਲ, ਬੌਬੀ ਕਸੇਲ, ਸਰਪੰਚ ਨਰਿੰਦਰ ਕੁਮਾਰ ਪੱਪਾ, ਮੇਜਰ ਸਿੰਘ, ਜਸਕਰਨ ਸਿੰਘ ਜਗਤਪੁਰਾ, ਦਿਲਬਾਗ ਸਿੰਘ ਕਸੇਲ, ਨਿਰਵੈਰ ਸਿੰਘ ਬਘਿਆੜੀ, ਸਾਬਕਾ ਚੇਅਰਮੈਨ ਪ੍ਰਭਜੀਤ ਸਿੰਘ ਕੋਟ, ਬਖਸ਼ੀਸ਼ ਸਿੰਘ ਪਟਵਾਰੀ, ਪ੍ਰਗਟ ਸਿੰਘ ਪਟਵਾਰੀ, ਮੈਂਬਰ ਖਜ਼ਾਨ ਸਿੰਘ, ਮੈਂਬਰ ਜਸਬੀਰ ਕੌਰ, ਮੈਂਬਰ ਦਲਬੀਰ ਸਿੰਘ ਕਸੇਲ, ਮੈਂਬਰ ਸਾਬ ਸਿੰਘ ਕਸੇਲ, ਮੈਂਬਰ ਜਗਰੂਪ ਸਿੰਘ ਕਸੇਲ, ਮੈਂਬਰ ਕਸ਼ਮੀਰ ਸਿੰਘ ਕਸੇਲ, ਮੈਂਬਰ ਹਰਜੀਤ ਕੌਰ, ਮੈਂਬਰ ਸੇਠੀ ਸ਼ਰਧਾਂਜਲੀ ਭੇਟ ਕੀਤੀ ਗਈ।

ਨਵਾਂ ਜ਼ਮਾਨਾ
ਸੋਮਵਾਰ, 15 ਜੂਨ 2026

# ਬੇਅਸੂਲੀ ਸਿਆਸਤ ਦਾ ਮਾੜਾ ਨਤੀਜਾ

ਪੱਛਮੀ ਬੰਗਾਲ ਅਸੈਂਬਲੀ ਚੋਣਾਂ 'ਚ ਤ੍ਰਿਣਮੂਲ ਕਾਂਗਰਸ ਦੀ ਹਾਰ ਤੋਂ ਬਾਅਦ, ਜਿਸ ਤਰ੍ਹਾਂ ਪਾਰਟੀ ਦੇ ਵਿਧਾਇਕ ਤੇ ਸੰਸਦ ਮੈਂਬਰ ਮਮਤਾ ਬੈਨਰਜੀ ਨਾਲੋਂ ਸੰਬੰਧ ਤੋੜ ਰਹੇ ਹਨ, ਉਸ ਨੇ ਬਹੁਤ ਸਾਰੇ ਲੋਕਾਂ ਨੂੰ ਹੈਰਾਨ ਕੀਤਾ ਹੈ, ਪਰ ਪਿਛਲੇ 28-29 ਸਾਲ ਮਮਤਾ ਬੈਨਰਜੀ ਜਿਸ ਬੇਅਸੂਲੀ ਸਿਆਸਤ ਵਿੱਚ ਰੁੱਝੀ ਰਹੀ, ਉਸ ਨੂੰ ਦੇਖਦੇ ਹੋਏ, ਇਨ੍ਹਾਂ ਲੋਕ ਨੁਮਾਇੰਦਿਆਂ ਦੀਆਂ ਹਰਕਤਾਂ 'ਚ ਕੁਝ ਵੀ ਅਸਾਧਾਰਨ ਨਹੀਂ ਜਾਪਦਾ। ਉਹ ਸਿਰਫ ਉਹੀ ਕਰ ਰਹੇ ਹਨ, ਜੋ ਮਮਤਾ ਦੀਦੀ ਨੇ ਉਨ੍ਹਾਂ ਨੂੰ ਸਿਖਾਇਆ।

ਇੱਕ ਚੰਗਾ ਚੇਲਾ ਉਹ ਹੁੰਦਾ ਹੈ, ਜੋ ਆਪਣੇ ਗੁਰੂ ਦੇ ਨਕਸ਼ੇ-ਕਦਮਾਂ 'ਤੇ ਚੱਲਦਾ ਹੈ। ਇਹ ਸੰਸਦ ਮੈਂਬਰ ਅਤੇ ਵਿਧਾਇਕ ਉਹੀ ਕੰਮ ਕਰ ਰਹੇ ਹਨ, ਜੋ ਮਮਤਾ ਬੈਨਰਜੀ ਕਰਦੀ ਆਈ ਹੈ : ਬੇਅਸੂਲੀ ਅਤੇ ਆਦਰਸ਼ਹੀਣ ਸਿਆਸਤ। ਕਿਸੇ ਨੂੰ ਪੌੜੀ ਵਜੋਂ ਵਰਤਣਾ ਅਤੇ ਫਿਰ ਆਪਣਾ ਕੰਮ ਪੂਰਾ ਹੋਣ ਤੋਂ ਬਾਅਦ ਉਸ ਨੂੰ ਛੱਡ ਦੇਣਾ, ਵਾਰ-ਵਾਰ ਉਸ ਤੋਂ ਮੂੰਹ ਮੋੜਨਾ ਅਤੇ ਵਿਰੋਧੀ ਪਾਰਟੀਆਂ ਦੇ ਵਿਧਾਇਕ ਭੰਨਣੇ। ਬਾਗੀ ਵਿਧਾਇਕਾਂ ਤੇ ਸੰਸਦ ਮੈਂਬਰਾਂ ਵਿਰੁੱਧ ਮੁੱਖ ਦੋਸ਼ ਇਹ ਹੈ ਕਿ ਤ੍ਰਿਣਮੂਲ ਕਾਂਗਰਸ ਦੀਆਂ ਟਿਕਟਾਂ 'ਤੇ ਜਿੱਤਣ ਤੋਂ ਬਾਅਦ, ਉਹ ਹੁਣ ਵਿਰੋਧੀ ਭਾਜਪਾ ਨਾਲ ਜੁੜ ਰਹੇ ਹਨ-ਉਹੀ ਭਾਜਪਾ, ਜਿਸ ਨੂੰ ਉਨ੍ਹਾਂ ਨੇ ਫਿਰਕੂ ਪਾਰਟੀ ਗਰਦਾਨ ਕੇ ਚੋਣ ਜਿੱਤੀ ਸੀ, ਪਰ ਮਮਤਾ ਬੈਨਰਜੀ ਨੇ ਵੀ 1998 ਵਿੱਚ ਇਹੀ ਕੰਮ ਕੀਤਾ ਸੀ, ਜਦੋਂ ਉਸ ਨੇ 1 ਜਨਵਰੀ 1998 ਨੂੰ ਕਾਂਗਰਸ ਤੋਂ ਵੱਖ ਹੋ ਕੇ ਤ੍ਰਿਣਮੂਲ ਕਾਂਗਰਸ ਬਣਾਈ ਸੀ। ਉਦੋਂ ਮਮਤਾ ਨੂੰ ਕਾਂਗਰਸ ਤੋਂ ਇਹ ਸ਼ਿਕਾਇਤ ਸੀ ਕਿ ਕਾਂਗਰਸ ਖੱਬੇ ਮੋਰਚੇ ਨੂੰ ਹਰਾਉਣ ਲਈ ਸੂਬੇ ਵਿੱਚ ਭਾਜਪਾ ਨਾਲ ਕਿਉਂ ਨਹੀਂ ਜੁੜ ਰਹੀ? ਉਸ ਸਮੇਂ ਮਮਤਾ ਭਾਜਪਾ ਨੂੰ ਫਿਰਕੂ ਨਹੀਂ ਮੰਨਦੀ ਸੀ। ਉਸ ਨੇ ਕਿਹਾ ਵੀ ਸੀ ਕਿ ਭਾਜਪਾ ਫਿਰਕੂ ਪਾਰਟੀ ਨਹੀਂ ਹੈ। ਇਸ ਲਈ, ਜੇ ਹੁਣ ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਅਤੇ ਵਿਧਾਇਕ ਕਹਿ ਰਹੇ ਹਨ ਕਿ ਭਾਜਪਾ ਫਿਰਕੂ ਪਾਰਟੀ ਨਹੀਂ ਹੈ, ਤਾਂ ਕੀ ਗਲਤ ਹੈ? ਉਹ ਸਿਰਫ ਆਪਣੇ ਪਿਆਰੇ ਨੇਤਾ ਦੇ ਨਕਸ਼ੇ-ਕਦਮਾਂ 'ਤੇ ਚੱਲ ਰਹੇ ਹਨ।

ਬਿਹਾਰ ਦੇ ਸਾਬਕਾ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਚਾਰ ਵਾਰ (2013, 2017, 2022 ਅਤੇ 2024 ਵਿੱਚ) ਆਪਣਾ ਸਟੈਂਡ ਬਦਲਿਆ, ਪਰ ਮਮਤਾ ਬੈਨਰਜੀ ਹੁਣ ਤੱਕ ਪੰਜ ਵਾਰ ਸਟੈਂਡ ਬਦਲ ਚੁੱਕੀ ਹੈ। ਸੰਯੁਕਤ ਮੋਰਚੇ ਦੀ ਸਰਕਾਰ ਨਵੰਬਰ 1997 ਵਿੱਚ ਡਿੱਗ ਗਈ ਸੀ ਅਤੇ 1998 ਵਿੱਚ ਨਵੀਆਂ ਲੋਕ ਸਭਾ ਚੋਣਾਂ ਹੋਈਆਂ ਸਨ। ਉਦੋਂ ਤੱਕ ਮਮਤਾ ਨੇ ਕਾਂਗਰਸ ਛੱਡ ਦਿੱਤੀ ਸੀ ਅਤੇ ਨਵੀਂ ਪਾਰਟੀ ਬਣਾ ਲਈ ਸੀ। ਚੋਣਾਂ ਵਿੱਚ ਮਮਤਾ ਦੀ ਤ੍ਰਿਣਮੂਲ ਕਾਂਗਰਸ ਨੇ ਭਾਜਪਾ ਨਾਲ ਸੀਟ ਐਡਜਸਟਮੈਂਟ ਕੀਤੀ ਅਤੇ ਸੱਤ ਸੀਟਾਂ ਜਿੱਤੀਆਂ। ਹਾਲਾਂਕਿ, ਉਹ ਸਰਕਾਰ ਵਿੱਚ ਸ਼ਾਮਲ ਨਹੀਂ ਹੋਈ, ਕਿਉਂਕਿ ਉਸ ਨੇ ਰਾਜ ਵਿੱਚ ਆਪਣੀ ਨਵੀਂ ਬਣੀ ਪਾਰਟੀ ਨੂੰ ਮਜ਼ਬੂਤ ਕਰਨ 'ਤੇ ਧਿਆਨ ਕੇਂਦਰਤ ਕੀਤਾ ਸੀ। ਕੇਂਦਰ ਸਰਕਾਰ 13 ਮਹੀਨਿਆਂ ਬਾਅਦ ਡਿੱਗ ਗਈ। 1999 ਦੀਆਂ ਚੋਣਾਂ ਤੋਂ ਬਾਅਦ, ਇੱਕ ਨਵੀਂ ਸਰਕਾਰ ਬਣੀ, ਜਿਸ ਵਿੱਚ ਮਮਤਾ ਬੈਨਰਜੀ ਰੇਲ ਮੰਤਰੀ ਬਣੀ। 2001 ਵਿੱਚ, ਜਦੋਂ ਬੰਗਾਲ ਅਸੈਂਬਲੀ ਚੋਣਾਂ ਨੇੜੇ ਆ ਰਹੀਆਂ ਸਨ, ਤਾਂ ਮਮਤਾ ਨੂੰ ਲੱਗਾ ਕਿ ਕਾਂਗਰਸ ਪਾਰਟੀ ਨਾਲ ਗੱਠਜੋੜ ਕਰਨਾ ਫਾਇਦੇਮੰਦ ਹੋਵੇਗਾ। ਇਸ ਲਈ ਮਾਰਚ 2001 ਵਿੱਚ, ਉਸ ਨੇ ਰੱਖਿਆ ਭ੍ਰਿਸ਼ਟਾਚਾਰ ਘੁਟਾਲੇ (ਤਹਿਲਕਾ ਸਟਿੰਗ ਅਪ੍ਰੇਸ਼ਨ) ਦੇ ਬਹਾਨੇ ਕੇਂਦਰ ਸਰਕਾਰ ਤੋਂ ਅਸਤੀਫਾ ਦੇ ਦਿੱਤਾ ਅਤੇ ਕਾਂਗਰਸ ਨਾਲ ਗੱਠਜੋੜ ਕਰ ਲਿਆ। ਹਾਲਾਂਕਿ ਇਹ ਵੀ ਬੰਗਾਲ ਵਿੱਚ ਖੱਬੇ ਮੋਰਚੇ ਨੂੰ ਹਰਾਉਣ ਵਿੱਚ ਅਸਫਲ ਰਿਹਾ। ਖੱਬੇ ਮੋਰਚੇ ਨੇ 199 ਸੀਟਾਂ ਜਿੱਤੀਆਂ, ਜਦੋਂ ਕਿ ਤ੍ਰਿਣਮੂਲ ਕਾਂਗਰਸ ਨੇ 31 ਫੀਸਦੀ ਵੋਟਾਂ ਨਾਲ ਸਿਰਫ 60 ਸੀਟਾਂ ਜਿੱਤੀਆਂ। ਅਗਲੀਆਂ ਅਸੈਂਬਲੀ ਚੋਣਾਂ ਪੰਜ ਸਾਲ ਦੂਰ ਸਨ ਅਤੇ ਭਾਜਪਾ ਕੇਂਦਰ ਵਿੱਚ ਸੱਤਾ ਵਿੱਚ ਸੀ। ਇਸ ਲਈ, 2003 ਵਿੱਚ ਮਮਤਾ ਬੈਨਰਜੀ ਵਾਜਪਾਈ ਸਰਕਾਰ ਵਿੱਚ ਦੁਬਾਰਾ ਸ਼ਾਮਲ ਹੋ ਗਈ। ਉਹ ਸਤੰਬਰ 2003 ਵਿੱਚ ਵਾਜਪਾਈ ਸਰਕਾਰ ਵਿੱਚ ਮੰਤਰੀ ਬਣੀ, ਭਾਵੇਂ ਗੁਜਰਾਤ ਦੰਗੇ ਡੇਢ ਸਾਲ ਪਹਿਲਾਂ ਫਰਵਰੀ 2002 ਵਿੱਚ ਹੋਏ ਸਨ। ਉਸ ਨੇ ਦੰਗਿਆਂ ਲਈ ਗੁਜਰਾਤ ਦੀ ਮੋਦੀ ਸਰਕਾਰ ਦੇ ਅਸਤੀਫੇ ਦੀ ਮੰਗ ਕੀਤੀ ਸੀ, ਪਰ ਜਦੋਂ ਅਪ੍ਰੈਲ 2002 ਵਿੱਚ ਲੋਕ ਸਭਾ ਵਿੱਚ ਵਾਜਪਾਈ ਸਰਕਾਰ ਵਿਰੁੱਧ ਨਿੰਦਾ ਮਤਾ ਪੇਸ਼ ਕੀਤਾ ਗਿਆ ਸੀ, ਤਾਂ ਮਮਤਾ ਦੀ ਪਾਰਟੀ ਨੇ ਵਾਜਪਾਈ ਦਾ ਸਮਰਥਨ ਕੀਤਾ। ਇਸ ਸਮਰਥਨ ਦੇ ਬਦਲੇ ਉਸ ਨੂੰ ਕੁਝ ਮਹੀਨਿਆਂ ਬਾਅਦ ਹੀ ਦੁਬਾਰਾ ਮੰਤਰੀ ਨਿਯੁਕਤ ਕੀਤਾ ਗਿਆ। ਮਮਤਾ ਬੈਨਰਜੀ ਨੇ 2004 ਦੀਆਂ ਲੋਕ ਸਭਾ ਅਤੇ 2006 ਦੀਆਂ ਅਸੈਂਬਲੀ ਸਭਾ ਚੋਣਾਂ ਭਾਜਪਾ ਨਾਲ ਗੱਠਜੋੜ ਕਰਕੇ ਲੜੀਆਂ ਸਨ। ਹਾਲਾਂਕਿ ਜਦੋਂ ਉਨ੍ਹਾਂ ਦੀ ਪਾਰਟੀ ਨੂੰ ਦੋਵਾਂ ਚੋਣਾਂ ਵਿੱਚ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਿਆ-ਤ੍ਰਿਣਮੂਲ ਨੇ 2004 ਦੀਆਂ ਲੋਕ ਸਭਾ ਚੋਣਾਂ ਵਿੱਚ ਸਿਰਫ ਇੱਕ ਸੀਟ ਜਿੱਤੀ ਅਤੇ 2006 ਦੀਆਂ ਅਸੈਂਬਲੀ ਚੋਣਾਂ ਵਿੱਚ ਪਾਰਟੀ ਦਾ ਵੋਟ ਸ਼ੇਅਰ ਨਾ ਸਿਰਫ (26 ਫੀਸਦੀ) ਘਟਿਆ, ਸਗੋਂ ਇਸ ਦੀਆਂ ਸੀਟਾਂ ਵੀ ਅੱਧੀਆਂ ਰਹਿ ਗਈਆਂ-ਮਮਤਾ ਨੂੰ ਲੱਗਾ ਕਿ ਭਾਜਪਾ ਨਾਲ ਗੱਠਜੋੜ ਕਰਨ ਦਾ ਕੋਈ ਫਾਇਦਾ ਨਹੀਂ। ਕੇਂਦਰ ਵਿੱਚ ਭਾਜਪਾ ਦੇ ਸੱਤਾ ਤੋਂ ਬੇਦਖਲ ਹੋਣ ਤੋਂ ਬਾਅਦ ਮਮਤਾ ਬੈਨਰਜੀ ਦੁਬਾਰਾ ਕਾਂਗਰਸ ਪਾਰਟੀ ਵੱਲ ਮੁੜ ਗਈ। ਉਨ੍ਹਾਂ ਨੇ 2009 ਦੀਆਂ ਲੋਕ ਸਭਾ ਚੋਣਾਂ ਇਕੱਠੀਆਂ ਲੜੀਆਂ। ਤ੍ਰਿਣਮੂਲ ਕਾਂਗਰਸ ਨੇ 19 ਸੀਟਾਂ ਜਿੱਤੀਆਂ। ਇਸ ਜਿੱਤ ਤੋਂ ਉਤਸ਼ਾਹਤ ਹੋ ਕੇ ਉਨ੍ਹਾਂ ਨੇ ਕਾਂਗਰਸ ਪਾਰਟੀ ਨਾਲ ਗੱਠਜੋੜ ਕਰਕੇ 2011 ਦੀਆਂ ਅਸੈਂਬਲੀ ਚੋਣਾਂ ਵੀ ਲੜੀਆਂ ਤੇ ਸਰਕਾਰ ਬਣਾਈ। ਆਪਣੀ ਸਰਕਾਰ ਬਣਾਉਣ ਤੋਂ ਸਿਰਫ ਇੱਕ ਸਾਲ ਬਾਅਦ, ਮਮਤਾ ਨੇ ਕਾਂਗਰਸ ਨਾਲੋਂ ਨਾਤਾ ਤੋੜ ਲਿਆ, ਕਿਉਂਕਿ ਉਸ ਨੂੰ ਕਾਂਗਰਸ ਦੀ ਪੌੜੀ ਦੀ ਲੋੜ ਨਹੀਂ ਰਹੀ ਸੀ, ਪਰ ਉਹ ਇੱਥੇ ਹੀ ਨਹੀਂ ਰੁਕੀ। ਉਹ ਇਸ ਪੌੜੀ ਨੂੰ ਅੱਗ ਲਗਾਉਣ ਲਈ ਦ੍ਰਿੜ੍ਹ ਸੀ। ਇਸ ਲਈ ਉਸ ਨੇ ਇੱਕ-ਇੱਕ ਕਰਕੇ ਵਿਰੋਧੀ ਵਿਧਾਇਕਾਂ ਨੂੰ ਭੁੰਡਣਾ ਸ਼ੁਰੂ ਕਰ ਦਿੱਤਾ ਅਤੇ ਅਗਲੇ ਪੰਜ ਸਾਲਾਂ ਵਿੱਚ ਉਸ ਨੇ ਕਾਂਗਰਸ ਪਾਰਟੀ ਦੇ 42 ਵਿਧਾਇਕਾਂ ਨੂੰ ਤੋੜ ਲਿਆ। ਉਸ ਨੇ ਖੱਬੇ ਮੋਰਚੇ ਦੇ ਚਾਰ ਵਿਧਾਇਕਾਂ ਨੂੰ ਵੀ ਪਾਰਟੀ ਵਿੱਚ ਸ਼ਾਮਲ ਕੀਤਾ, ਭਾਵੇਂ ਉਸ ਨੂੰ ਉਨ੍ਹਾਂ ਦੀ ਲੋੜ ਨਹੀਂ ਸੀ। ਇਨ੍ਹਾਂ ਵਿਧਾਇਕਾਂ ਤੋਂ ਬਿਨਾਂ ਵੀ ਪਾਰਟੀ ਕੋਲ 184 ਵਿਧਾਇਕਾਂ ਦੇ ਨਾਲ ਕਾਫੀ ਬਹੁਮਤ ਸੀ। ਮਮਤਾ ਬੈਨਰਜੀ ਨੇ 2016 ਦੀਆਂ ਚੋਣਾਂ ਤੋਂ ਬਾਅਦ ਵੀ ਵਿਰੋਧੀ ਵਿਧਾਇਕਾਂ ਨੂੰ ਤੋੜਨਾ ਜਾਰੀ ਰੱਖਿਆ, ਭਾਵੇਂ ਤ੍ਰਿਣਮੂਲ ਕਾਂਗਰਸ ਨੇ ਪਹਿਲੀ ਵਾਰ ਆਪਣੇ ਦਮ 'ਤੇ ਚੋਣਾਂ ਲੜੀਆਂ ਅਤੇ 211 ਸੀਟਾਂ ਜਿੱਤੀਆਂ। ਉਸ ਨੂੰ ਵਿਰੋਧੀ ਵਿਧਾਇਕਾਂ ਨੂੰ ਸ਼ਿਕਾਰ ਕਰਨ ਦੀ ਕੋਈ ਲੋੜ ਨਹੀਂ ਸੀ। ਹਾਲਾਂਕਿ ਅਗਲੇ ਪੰਜ ਸਾਲਾਂ ਵਿੱਚ ਉਸ ਨੇ 18 ਕਾਂਗਰਸ ਅਤੇ 4 ਖੱਬੇ ਮੋਰਚੇ ਦੇ ਵਿਧਾਇਕਾਂ ਨੂੰ ਸ਼ਿਕਾਰ ਬਣਾਇਆ। ਇਹ ਰੁਝਾਨ 2021 ਦੀਆਂ ਚੋਣਾਂ ਤੋਂ ਬਾਅਦ ਵੀ ਜਾਰੀ ਰਿਹਾ, ਜਦੋਂ ਭਾਜਪਾ ਦੀਆਂ ਟਿਕਟਾਂ 'ਤੇ ਚੁਣੇ ਗਏ 7 ਵਿਧਾਇਕ ਤ੍ਰਿਣਮੂਲ ਕਾਂਗਰਸ ਵਿੱਚ ਸ਼ਾਮਲ ਹੋ ਗਏ। ਇਨ੍ਹਾਂ ਵਿੱਚੋਂ ਸਿਰਫ ਤਿੰਨ ਜਾਂ ਚਾਰ ਵਿਧਾਇਕਾਂ ਨੇ ਆਪਣੀਆਂ ਸੀਟਾਂ ਤੋਂ ਅਸਤੀਫਾ ਦਿੱਤਾ ਅਤੇ ਤ੍ਰਿਣਮੂਲ ਕਾਂਗਰਸ ਦੀਆਂ ਟਿਕਟਾਂ 'ਤੇ ਉਪ-ਚੋਣਾਂ ਲੜੀਆਂ। ਬਾਕੀ ਆਪਣੀਆਂ ਸੀਟਾਂ ਛੱਡੇ ਬਿਨਾਂ ਤ੍ਰਿਣਮੂਲ ਕਾਂਗਰਸ ਦੇ ਨਾਲ ਹੀ ਰਹੇ। ਸਪੀਕਰ ਉਨ੍ਹਾਂ ਦੀਆਂ ਅਯੋਗਤਾ ਪਟੀਸ਼ਨਾਂ 'ਤੇ ਬੈਠ ਗਿਆ, ਜਦੋਂ ਕਿ ਉਹ ਆਪਣੇ ਵਿਧਾਨਕ ਕਾਰਜਕਾਲ ਦੀ ਸੇਵਾ ਕਰਦੇ ਰਹੇ। ਕੁਝ ਤਾਂ ਮੰਤਰੀ ਵੀ ਬਣ ਗਏ, ਜਦੋਂ ਕਿ ਕੁਝ ਸੱਤਾ ਦੇ ਲਾਭਾਂ ਦਾ ਆਨੰਦ ਮਾਣਦੇ ਰਹੇ।

ਉਦੋਂ ਜੋ ਕੰਮ ਵਿਰੋਧੀ ਧਿਰ ਦੇ ਦਲਬਦਲੂ ਵਿਧਾਇਕਾਂ ਨੇ ਮੰਤਰੀ ਦੇ ਅਹੁਦੇ, ਪੈਸੇ ਅਤੇ ਸ਼ਕਤੀ ਲਈ ਕੀਤਾ ਸੀ ਅਤੇ ਮਮਤਾ ਬੈਨਰਜੀ ਨੂੰ ਇਸ ਵਿੱਚ ਕੁਝ ਵੀ ਅਨੈਤਿਕ ਨਹੀਂ ਲੱਗਿਆ, ਉਹੀ ਕੰਮ ਅੱਜ ਉਨ੍ਹਾਂ ਦੇ 'ਆਪਣੇ' ਤ੍ਰਿਣਮੂਲ ਵਿਧਾਇਕਾਂ ਅਤੇ ਸੰਸਦ ਮੈਂਬਰਾਂ ਵੱਲੋਂ ਕੀਤਾ ਜਾ ਰਿਹਾ ਹੈ, ਫਿਰ ਮਮਤਾ ਨੂੰ ਕੋਈ ਸ਼ਿਕਾਇਤ ਕਿਉਂ ਹੋਣੀ ਚਾਹੀਦੀ ਹੈ? ਬਾਗੀ ਤ੍ਰਿਣਮੂਲ ਵਿਧਾਇਕ ਅਤੇ ਸੰਸਦ ਮੈਂਬਰ ਵੀ ਅਸਤੀਫਾ ਦਿੱਤੇ ਬਿਨਾਂ ਭਾਜਪਾ ਵਿੱਚ ਸ਼ਾਮਲ ਹੋ ਕੇ ਆਪਣੇ ਵਿਧਾਨਕ ਅਤੇ ਸੰਸਦੀ ਕਾਰਜਕਾਲ ਪੂਰਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਹ ਮਮਤਾ ਵੱਲੋਂ ਦਿਖਾਏ ਗਏ ਰਸਤੇ 'ਤੇ ਹੀ ਚੱਲ ਰਹੇ ਹਨ।

# ਪੰਜਾਬ 'ਚ ਭਾਜਪਾ ਦੀ ਸਿਆਸੀ ਪੈਂਤੜੇਬਾਜ਼ੀ



ਡਾ. ਅਰੁਣ ਮਿਤਰਾ

ਜਿਵੇਂ-ਜਿਵੇਂ ਪੰਜਾਬ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਰਾਜ ਦਾ ਸਿਆਸੀ ਮਾਹੌਲ ਤੇਜ਼ੀ ਨਾਲ ਬਦਲ ਰਿਹਾ ਹੈ। ਸਾਰੀਆਂ ਸਿਆਸੀ ਪਾਰਟੀਆਂ ਵੋਟਰਾਂ ਨੂੰ ਆਪਣੇ ਪੱਖ ਵਿੱਚ ਕਰਨ ਲਈ ਰਣਨੀਤੀਆਂ ਤਿਆਰ ਕਰ ਰਹੀਆਂ ਹਨ ਅਤੇ ਸੰਭਾਵਿਤ ਸਿਆਸੀ ਗੱਠਜੋੜਾਂ ਬਾਰੇ ਚਰਚਾਵਾਂ ਵੀ ਸ਼ੁਰੂ ਹੋ ਚੁੱਕੀਆਂ ਹਨ, ਹਾਲਾਂਕਿ ਉਹ ਅਜੇ ਸ਼ੁਰੂਆਤੀ ਪੜਾਅ ਵਿੱਚ ਹਨ।

ਕੇਂਦਰ ਦੀ ਆਰ ਐੱਸ ਐੱਸ-ਭਾਜਪਾ ਸਰਕਾਰ ਨੇ ਚੋਣ ਕਮਿਸ਼ਨ ਰਾਹੀਂ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਪੁਨਰ ਸਮੀਖਿਆ (Special Intensive Revision - SIR) ਸ਼ੁਰੂ ਕੀਤੀ ਹੈ। ਕਿਹਾ ਜਾਂਦਾ ਹੈ ਕਿ ਇਸ ਕਵਾਇਦ ਨਾਲ ਕੁਝ ਹੋਰ ਰਾਜਾਂ ਵਿੱਚ ਭਾਜਪਾ ਨੂੰ ਸਿਆਸੀ ਲਾਭ ਮਿਲਿਆ ਹੈ ਅਤੇ ਸੰਕੇਤ ਮਿਲ ਰਹੇ ਹਨ ਕਿ ਪੰਜਾਬ ਵਿੱਚ ਵੀ ਇਸੇ ਤਰ੍ਹਾਂ ਦੀ ਰਣਨੀਤੀ ਅਪਣਾਈ ਜਾ ਰਹੀ ਹੈ, ਪਰ ਭਾਜਪਾ ਇਹ ਚੰਗੀ ਤਰ੍ਹਾਂ ਜਾਣਦੀ ਹੈ ਕਿ ਉਸ ਦੀ ਰਵਾਇਤੀ ਹਿੰਦੂ-ਮੁਸਲਿਮ ਧਰੁਵੀਕਰਨ ਦੀ ਰਾਜਨੀਤੀ ਪੰਜਾਬ ਵਿੱਚ ਵੱਡਾ ਚੋਣਾਵੀ ਲਾਭ ਨਹੀਂ ਦੇ ਸਕਦੀ। ਰਾਜ ਦੀ ਮੁਸਲਿਮ ਆਬਾਦੀ ਮੁੱਖ ਤੌਰ 'ਤੇ ਮਾਲੇਰਕੋਟਲਾ ਜ਼ਿਲ੍ਹੇ ਵਿੱਚ ਕੇਂਦਰਤ ਹੈ, ਜਦਕਿ ਵੱਡੀ ਗਿਣਤੀ ਵਿੱਚ ਮੁਸਲਿਮ ਪ੍ਰਵਾਸੀ ਮਜ਼ਦੂਰ ਲੁਧਿਆਣਾ ਵਰਗੇ ਉਦਯੋਗਿਕ ਸ਼ਹਿਰਾਂ ਅਤੇ ਰਾਜ ਭਰ ਦੇ ਖੇਤੀਬਾੜੀ ਖੇਤਰਾਂ ਵਿੱਚ ਕੰਮ ਕਰਦੇ ਹਨ। ਇਸ ਲਈ ਭਾਜਪਾ ਪੰਜਾਬ ਵਿੱਚ ਇੱਕ ਵੱਖਰੀ ਰਣਨੀਤੀ 'ਤੇ ਕੰਮ ਕਰਦੀ ਨਜ਼ਰ ਆ ਰਹੀ ਹੈ।

ਪੰਜਾਬ ਵਿੱਚ ਸਿੱਖ ਬਹੁਗਿਣਤੀ ਹਨ। ਸਿੱਖ ਖੇਤੀਬਾੜੀ ਅਤੇ ਖੇਤੀ-ਅਧਾਰਤ ਕਾਰੋਬਾਰਾਂ ਵਿੱਚ ਪ੍ਰਮੁੱਖ ਭੂਮਿਕਾ ਨਿਭਾਉਂਦੇ ਹਨ ਅਤੇ ਸ਼ਹਿਰੀ ਖੇਤਰਾਂ ਵਿੱਚ ਵੀ ਉਨ੍ਹਾਂ ਦੀ ਮਜ਼ਬੂਤ ਹਾਜ਼ਰੀ ਹੈ। ਹਿੰਦੂ ਮੁੱਖ ਤੌਰ 'ਤੇ ਕਸਬਿਆਂ ਅਤੇ ਸ਼ਹਿਰਾਂ ਵਿੱਚ ਵਸਦੇ ਹਨ ਅਤੇ ਵੱਖ-ਵੱਖ ਵਪਾਰਕ ਅਤੇ ਕਾਰੋਬਾਰੀ ਗਤੀਵਿਧੀਆਂ ਨਾਲ ਜੁੜੇ ਹੋਏ ਹਨ।

ਰਾਜ ਵਿੱਚ ਭਾਰਤ ਦੇ ਹੋਰ ਹਿੱਸਿਆਂ ਤੋਂ ਆ ਕੇ ਦਹਾਕਿਆਂ ਤੋਂ ਵਸ ਰਹੇ ਵਸਨੀਕਾਂ ਦੀ ਵੀ ਵੱਡੀ ਗਿਣਤੀ ਹੈ। ਇਸ ਤੋਂ ਇਲਾਵਾ ਕਈ ਧਾਰਮਿਕ ਸੰਪਰਦਾਵਾਂ ਅਤੇ ਡੇਰਿਆਂ ਦਾ ਵੀ ਵੱਖ-ਵੱਖ ਵਰਗਾਂ 'ਤੇ ਕਾਫ਼ੀ ਪ੍ਰਭਾਵ ਹੈ। ਇਸ ਹਕੀਕਤ ਨੂੰ ਧਿਆਨ ਵਿੱਚ ਰੱਖਦੇ ਹੋਏ ਭਾਜਪਾ ਨੇ ਬਹੁਪੱਖੀ ਰਣਨੀਤੀ ਅਪਣਾਈ ਹੈ ਅਤੇ ਇਨ੍ਹਾਂ ਧਾਰਮਿਕ ਸੰਸਥਾਵਾਂ ਨਾਲ ਆਪਣਾ ਸੰਪਰਕ ਤੇਜ਼ ਕੀਤਾ ਹੈ।

ਪ੍ਰਧਾਨ ਮੰਤਰੀ ਨੇ ਗੁਰੂ ਰਵਿਦਾਸ ਜਯੰਤੀ ਦੇ ਮੌਕੇ 'ਤੇ ਜਲੰਧਰ ਦੇ ਪ੍ਰਭਾਵਸ਼ਾਲੀ ਡੇਰਾ ਸੱਚਖੰਡ ਬੱਲਾਂ ਦਾ ਦੌਰਾ ਕੀਤਾ। ਇਸ ਦੌਰੇ ਦੌਰਾਨ ਉਨ੍ਹਾ ਮੱਥਾ ਟੇਕਿਆ ਅਤੇ ਡੇਰੇ ਦੇ ਮੁਖੀ ਸੰਤ ਨਿਰੰਜਨ ਦਾਸ ਨਾਲ ਮੁਲਾਕਾਤ ਕੀਤੀ। ਪ੍ਰਧਾਨ ਮੰਤਰੀ ਦੇ ਦੌਰੇ ਤੋਂ ਪਹਿਲਾਂ ਭਾਜਪਾ ਦੇ ਸੀਨੀਅਰ ਆਗੂਆਂ ਦਾ ਇੱਕ ਵਫ਼ਦ, ਜਿਸ ਵਿੱਚ ਤਰੁਣ ਚੁੱਘ, ਸਾਬਕਾ ਕੇਂਦਰੀ ਮੰਤਰੀ ਵਿਜੈ ਸਾਂਪਲਾ ਅਤੇ ਅਵਿਨਾਸ਼ ਚੰਦਰ ਸ਼ਾਮਲ ਸਨ, ਵੀ ਡੇਰੇ ਦਾ ਦੌਰਾ ਕਰ ਚੁੱਕਾ ਸੀ।

ਇਸੇ ਤਰ੍ਹਾਂ ਹਰਿਆਣਾ ਦੇ ਮੁੱਖ ਮੰਤਰੀ ਅਤੇ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਬਿਆਸ ਵਿਖੇ ਰਾਧਾ ਸੁਆਮੀ ਸਤਸੰਗ ਬਿਆਸ (RSSB) ਦੇ ਮੁੱਖ ਦਫ਼ਤਰ ਦਾ ਦੌਰਾ ਕੀਤਾ। ਸੈਣੀ ਨੇ RSSB ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਮੁਲਾਕਾਤ ਕੀਤੀ। ਦੱਸਿਆ ਜਾਂਦਾ ਹੈ ਕਿ ਉਨ੍ਹਾ ਅਸ਼ੀਰਵਾਦ ਲੈਣ ਦੇ ਨਾਲ-ਨਾਲ ਆਧਿਆਤਮਿਕ ਅਤੇ ਸਮਾਜਿਕ ਮੁੱਦਿਆਂ 'ਤੇ ਵੀ ਚਰਚਾ ਕੀਤੀ। ਇਹ ਦੌਰੇ ਖੇਤਰ ਦੀਆਂ ਵੱਡੀਆਂ ਧਾਰਮਿਕ ਸੰਸਥਾਵਾਂ ਦੇ ਅਨੁਯਾਈਆਂ ਵਿਚਕਾਰ ਆਪਣਾ ਪ੍ਰਭਾਵ ਵਧਾਉਣ ਦੀ ਭਾਜਪਾ ਦੀ ਕੋਸ਼ਿਸ਼ ਨੂੰ ਦਰਸਾਉਂਦੇ ਹਨ।

ਭਾਵੇਂ ਡੇਰਾ ਸੱਚਾ ਸੌਦਾ ਹਰਿਆਣਾ ਵਿੱਚ ਸਥਿਤ ਹੈ, ਪਰ ਪੰਜਾਬ ਵਿੱਚ ਵੀ ਇਸ ਦੇ ਵੱਡੀ ਗਿਣਤੀ ਵਿੱਚ ਅਨੁਯਾਈ ਹਨ। ਇਸ ਦੇ ਮੁਖੀ ਜੇਲ੍ਹ ਵਿੱਚ ਹੋਣ ਦੇ ਬਾਵਜੂਦ ਕਾਫ਼ੀ ਪ੍ਰਭਾਵ ਰੱਖਦੇ ਹਨ। ਉਨ੍ਹਾ ਨੂੰ ਮਿਲਣ ਵਾਲੀਆਂ ਵਾਰ-ਵਾਰ ਪੈਰੋਲਾਂ ਵਿਵਾਦ ਦਾ ਕਾਰਨ ਬਣਦੀਆਂ ਰਹੀਆਂ ਹਨ ਅਤੇ ਕਈ ਨਿਰੀਖਕਾਂ ਦਾ ਮੰਨਣਾ ਹੈ ਕਿ ਚੋਣਾਂ ਦੌਰਾਨ ਉਨ੍ਹਾ ਦੇ ਪ੍ਰਭਾਵ ਦਾ ਰਣਨੀਤਕ ਤੌਰ 'ਤੇ ਇਸਤੇਮਾਲ ਕੀਤਾ ਜਾਂਦਾ ਹੈ।

ਹਾਲ ਹੀ ਵਿੱਚ ਭਾਜਪਾ ਨੇ ਆਪਣੀ ਸਿਆਸੀ ਰਣਨੀਤੀ ਵਿੱਚ ਇੱਕ ਹੋਰ ਪੱਖ ਜੋੜਿਆ ਜਾਪਦਾ ਹੈ। ਆਰ ਐੱਸ ਐੱਸ ਨਾਲ ਜੁੜੀ ਇੱਕ ਆਮ ਰਵਾਇਤ ਰਹੀ ਹੈ ਕਿ ਉਹ ਪਹਿਲਾਂ ਕੋਈ ਵਿਚਾਰ ਜਨਤਕ ਖੇਤਰ ਵਿੱਚ ਸੁੱਟਦੀ ਹੈ, ਲੋਕਾਂ ਦੀ ਪ੍ਰਤੀਕਿਰਿਆ ਨੂੰ ਪਰਖਦੀ ਹੈ ਅਤੇ ਫਿਰ ਉਸ ਨੂੰ ਅੱਗੇ ਵਧਾਉਣ ਜਾਂ ਨਾ ਵਧਾਉਣ ਦਾ ਫ਼ੈਸਲਾ ਕਰਦੀ ਹੈ। ਇਸੇ ਸੰਦਰਭ ਵਿੱਚ ਮਹਾਰਾਸ਼ਟਰ ਦੇ ਮੰਤਰੀ ਗਿਰੀਸ਼ ਮਹਾਜਨ ਨੇ 6 ਜੂਨ ਨੂੰ ਮਹਿਤਾ ਚੌਂਕ ਵਿਖੇ ਦਮਦਮੀ ਟਕਸਾਲ ਦੇ ਮੁੱਖ ਦਫ਼ਤਰ ਵਿੱਚ ਅਪ੍ਰੇਸ਼ਨ ਬਲੂ ਸਟਾਰ ਦੀ ਯਾਦ ਵਿੱਚ ਹੋਏ ਸਮਾਗਮ ਵਿੱਚ ਹਿੱਸਾ ਲਿਆ। ਇਸ ਮੌਕੇ ਉਨ੍ਹਾ ਭਾਰਤੀ ਫੌਜ ਦੇ ਵਿਰੁੱਧ ਲੜਨ ਵਾਲਿਆਂ ਨੂੰ ਜਨਤਕ ਤੌਰ 'ਤੇ ਸ਼ਹੀਦ ਕਿਹਾ। ਇਹ ਗੱਲ ਲੋਕਾਂ ਨੂੰ ਚੰਗੀ ਤਰ੍ਹਾਂ ਪਤਾ ਹੈ ਕਿ ਭਾਜਪਾ ਨੇਤਾ ਲਾਲ ਕ੍ਰਿਸ਼ਨ ਅਡਵਾਨੀ ਨੇ ਉਸ ਸਮੇਂ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ 'ਤੇ ਹਰਿਮੰਦਰ ਸਾਹਿਬ 'ਤੇ ਫੌਜੀ ਕਾਰਵਾਈ ਕਰਨ ਲਈ ਦਬਾਅ ਪਾਇਆ ਸੀ।

ਦੁਨੀਆ ਦੇ ਕਿਸੇ ਵੀ ਵੱਡੇ ਧਾਰਮਿਕ ਸਥਾਨ 'ਤੇ ਕੀਤੀ ਗਈ ਸੈਨਿਕ ਕਾਰਵਾਈ ਵਿਵਾਦਪੂਰਨ ਹੁੰਦੀ ਹੈ, ਕਿਉਂਕਿ ਅਜਿਹੇ ਸਥਾਨਾਂ ਨਾਲ ਲੋਕਾਂ ਦੀਆਂ ਡੂੰਘੀਆਂ ਭਾਵਨਾਵਾਂ ਅਤੇ ਆਸਥਾਵਾਂ ਜੁੜੀਆਂ ਹੁੰਦੀਆਂ ਹਨ। ਮਹਾਜਨ ਨੇ ਕਾਂਗਰਸ ਪਾਰਟੀ ਦੀ ਭੂਮਿਕਾ ਦੀ ਤੁਲਨਾ ਅਹਿਮਦ ਸ਼ਾਹ ਅਬਦਾਲੀ ਨਾਲ ਵੀ ਕੀਤੀ। ਇਸ ਗੱਲ ਵਿੱਚ ਕੋਈ ਸ਼ੱਕ ਨਹੀਂ ਕਿ 1984 ਵਿੱਚ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਦਿੱਲੀ ਅਤੇ ਹੋਰ ਥਾਵਾਂ 'ਤੇ ਸਿੱਖ ਵਿਰੋਧੀ ਹਿੰਸਾ ਭੜਕਾਉਣ ਵਿੱਚ ਕਾਂਗਰਸ ਦੇ ਕੁਝ ਆਗੂਆਂ ਨੇ ਨਿੰਦਣਯੋਗ ਭੂਮਿਕਾ ਨਿਭਾਈ ਸੀ, ਪਰ ਉਸ ਸਮੇਂ ਆਰ ਐੱਸ ਐੱਸ ਦੇ ਜ਼ਮੀਨੀ ਪੱਧਰ ਦੇ ਕਾਰਕੁਨਾਂ ਵੱਲੋਂ ਸਿੱਖ ਵਿਰੋਧੀ ਭਾਵਨਾਵਾਂ ਨੂੰ ਹਵਾ ਦੇਣ ਦੀ ਭੂਮਿਕਾ 'ਤੇ ਕਾਫ਼ੀ ਘੱਟ ਧਿਆਨ ਦਿੱਤਾ ਗਿਆ ਹੈ।

ਮਹੱਤਵਪੂਰਨ ਗੱਲ ਇਹ ਹੈ ਕਿ ਮਹਾਜਨ ਨੇ ਆਪ੍ਰੇਸ਼ਨ ਬਲੈਕ ਥੰਡਰ ਦਾ ਕੋਈ ਜ਼ਿਕਰ ਨਹੀਂ ਕੀਤਾ, ਜੋ ਬਰਨਾਲਾ ਸਰਕਾਰ ਦੇ ਸਮੇਂ ਚਲਾਇਆ ਗਿਆ ਸੀ। ਅਪ੍ਰੇਸ਼ਨ ਬਲੈਕ ਥੰਡਰ ਦੋ ਪੜਾਵਾਂ ਵਿੱਚ ਕੀਤਾ ਗਿਆ ਸੀ, ਤਾਂ ਜੋ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਮੌਜੂਦ ਹਥਿਆਰਬੰਦ ਅੱਤਵਾਦੀਆਂ ਨੂੰ ਬਾਹਰ ਕੱਢਿਆ ਜਾ ਸਕੇ। ਬਲੈਕ ਥੰਡਰ-9 30 ਅਪ੍ਰੈਲ 1986 ਦੀ ਰਾਤ ਨੂੰ ਸ਼ੁਰੂ ਹੋਇਆ ਅਤੇ 1 ਮਈ 1986 ਨੂੰ ਖ਼ਤਮ ਹੋਇਆ। ਬਲੈਕ ਥੰਡਰ-99 9 ਮਈ 1988 ਨੂੰ ਸ਼ੁਰੂ ਹੋਇਆ ਅਤੇ 18 ਮਈ 1988 ਨੂੰ ਅੱਤਵਾਦੀਆਂ ਦੇ ਆਤਮ ਸਮਰਪਣ ਨਾਲ ਸਮਾਪਤ ਹੋਇਆ।

ਇਹ ਕਾਰਵਾਈਆਂ ਅਪ੍ਰੇਸ਼ਨ ਬਲੂ ਸਟਾਰ ਤੋਂ ਕਾਫ਼ੀ ਵੱਖਰੀਆਂ ਸਨ। ਇਨ੍ਹਾਂ ਦੀ ਅਗਵਾਈ ਮੁੱਖ ਤੌਰ 'ਤੇ ਨੈਸ਼ਨਲ ਸਕਿਉਰਿਟੀ ਗਾਰਡ (NSG) ਅਤੇ ਪੰਜਾਬ ਪੁਲਸ ਨੇ ਕੀਤੀ ਸੀ ਅਤੇ ਇਨ੍ਹਾਂ ਵਿੱਚ ਨਾਗਰਿਕ ਹਾਨੀ ਅਤੇ ਧਾਰਮਿਕ ਸਥਾਨ ਨੂੰ ਨੁਕਸਾਨ ਘੱਟ ਤੋਂ ਘੱਟ ਰੱਖਣ 'ਤੇ ਜ਼ੋਰ ਦਿੱਤਾ ਗਿਆ ਸੀ। ਬਲੈਕ ਥੰਡਰ-9 ਦੌਰਾਨ ਮੁੱਖ ਮੰਤਰੀ ਸੁਰਜੀਤ ਸਿੰਘ ਬਰਨਾਲਾ ਨੇ ਕੇਂਦਰ ਦੀ ਦਖ਼ਲਅੰਦਾਜ਼ੀ ਮੰਗੀ ਸੀ, ਜਿਸ ਤੋਂ ਬਾਅਦ ਸੁਰੱਖਿਆ ਬਲ ਤਾਇਨਾਤ ਕੀਤੇ ਗਏ। ਬਲੈਕ ਥੰਡਰ-99 ਤੱਕ ਬਰਨਾਲਾ ਸਰਕਾਰ ਨੂੰ ਬਰਖ਼ਾਸਤ ਕੀਤਾ ਜਾ ਚੁੱਕਾ ਸੀ ਅਤੇ ਪੰਜਾਬ ਵਿੱਚ ਰਾਸ਼ਟਰਪਤੀ ਸ਼ਾਸਨ ਲਾਗੂ ਸੀ।

ਇਹ ਰਿਪੋਰਟਾਂ ਵੀ ਸਾਹਮਣੇ ਆਈਆਂ ਹਨ ਕਿ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਚੋਣ ਗੱਠਜੋੜ ਦੀ ਸੰਭਾਵਨਾ ਜਤਾਈ ਹੈ। ਇਸ ਨਾਲ ਕੁਝ ਵਿਰੋਧਾਭਾਸ ਵੀ ਸਾਹਮਣੇ ਆਉਂਦੇ ਹਨ। ਇਤਿਹਾਸਕ ਤੌਰ 'ਤੇ ਅਕਾਲੀ ਦਲ ਅਤੇ ਦਮਦਮੀ ਟਕਸਾਲ ਦੀਆਂ ਸਿਆਸੀ ਸੋਚਾਂ ਹਮੇਸ਼ਾ ਇੱਕੋ ਜਿਹੀਆਂ ਨਹੀਂ ਰਹੀਆਂ। ਦਮਦਮੀ ਟਕਸਾਲ ਨੇ ਅੱਤਵਾਦ ਦੇ ਦੌਰ ਵਿੱਚ ਪ੍ਰਮੁੱਖ ਭੂਮਿਕਾ ਨਿਭਾਈ ਸੀ ਅਤੇ ਖਾਲਿਸਤਾਨੀ ਲਹਿਰ ਅਤੇ ਵੱਖਵਾਦੀ ਵਿਚਾਰਧਾਰਾ ਨਾਲ ਜੁੜੀ ਰਹੀ ਸੀ। ਅਕਾਲੀ ਆਗੂਆਂ ਨੇ ਨਾ ਤਾਂ ਹਿੰਸਾ ਦਾ ਸਮਰਥਨ ਕੀਤਾ ਅਤੇ ਨਾ ਹੀ ਵੱਖਵਾਦ ਦਾ, ਪਰ ਉਨ੍ਹਾਂ ਦਾ ਵਿਰੋਧ ਅਕਸਰ ਕਮਜ਼ੋਰ ਅਤੇ ਮੱਧਮ ਮੰਨਿਆ ਜਾਂਦਾ ਰਿਹਾ।

ਧਾਰਮਿਕ ਪਛਾਣ ਦੀ ਰਾਜਨੀਤੀ 'ਤੇ ਅਧਾਰਤ ਪਾਰਟੀ ਹੋਣ ਕਾਰਨ ਅਕਾਲੀ ਦਲ ਦੇ ਧਰਮ ਨਿਰਪੱਖ ਚਰਿੱਤਰ 'ਤੇ ਅਕਸਰ ਸਵਾਲ ਉਠਦੇ ਰਹੇ ਹਨ। ਇਹ ਵੀ ਧਿਆਨਯੋਗ ਹੈ ਕਿ ਅਕਾਲੀ ਆਗੂਆਂ ਨੇ ਵਾਰ-ਵਾਰ ਸਿੱਖਾਂ ਨਾਲ ਕਥਿਤ ਵਿਤਕਰੇ ਦੇ ਮੁੱਦੇ ਉਠਾਏ ਅਤੇ ਕਈ ਵਾਰ ਭਾਰਤੀ ਸੰਵਿਧਾਨ ਦੀਆਂ ਕਾਪੀਆਂ ਪਾੜਨ ਵਰਗੇ ਪ੍ਰਤੀਕਾਤਮਕ ਕਦਮ ਵੀ ਚੁੱਕੇ। ਅਜਿਹੀਆਂ ਕਾਰਵਾਈਆਂ ਨੇ ਉਸ ਸਮੇਂ ਦੀ ਜਨਤਕ ਧਾਰਨਾ ਅਤੇ ਸਿਆਸੀ ਚਰਚਾ ਨੂੰ ਪ੍ਰਭਾਵਤ ਕੀਤਾ।

ਭਾਜਪਾ ਨੂੰ ਉਮੀਦ ਸੀ ਕਿ ਅਕਾਲੀਆਂ ਨਾਲ ਭਵਿੱਖ ਦੇ ਕਿਸੇ ਵੀ ਗੱਠਜੋੜ ਵਿੱਚ ਉਹ ਪ੍ਰਮੁੱਖ ਭੂਮਿਕਾ ਵਿੱਚ ਹੋਵੇਗੀ, ਪਰ ਸਥਾਨਕ ਚੋਣਾਂ ਦੇ ਹਾਲੀਆ ਨਤੀਜਿਆਂ ਨੂੰ ਦੇਖਦਿਆਂ ਹੁਣ ਇਹ ਆਸਾਨ ਨਹੀਂ ਜਾਪਦਾ। ਅਕਾਲੀ ਦਲ, ਜੋ ਰਵਾਇਤੀ ਤੌਰ 'ਤੇ ਸਿੱਖ ਵੋਟਾਂ ਨੂੰ ਇਕੱਠਾ ਕਰਨ ਦੀ ਕੋਸ਼ਿਸ਼ ਕਰਦਾ ਰਿਹਾ ਹੈ, ਹੁਣ ਕਈ ਹੋਰ ਸੰਗਠਨਾਂ ਨਾਲ ਮੁਕਾਬਲੇ ਦਾ ਸਾਹਮਣਾ ਕਰ ਰਿਹਾ ਹੈ।

ਅਜਿਹੀ ਇੱਕ ਉਭਰਦੀ ਤਾਕਤ ਅਕਾਲੀ ਦਲ ਵਾਰਿਸ ਪੰਜਾਬ ਦੇ ਹੈ, ਜਿਸ ਦੀ ਅਗਵਾਈ ਇਸ ਵੇਲੇ ਸੰਸਦ ਮੈਂਬਰ ਅਤੇ ਪ੍ਰਚਾਰਕ ਅੰਮ੍ਰਿਤਪਾਲ ਸਿੰਘ ਕਰ ਰਹੇ ਹਨ। ਉਨ੍ਹਾ ਇਸ ਸੰਗਠਨ ਦੇ ਸੰਸਥਾਪਕ ਦੀ ਮੌਤ ਤੋਂ ਬਾਅਦ ਇਸ ਦੀ ਕਮਾਨ ਸੰਭਾਲੀ। ਆਲੋਚਕਾਂ ਦਾ ਦੋਸ਼ ਹੈ ਕਿ ਅੰਮ੍ਰਿਤਪਾਲ ਸਿੰਘ ਨੂੰ ਭਾਜਪਾ ਦੀ ਅਗਵਾਈ ਵਾਲੀ ਕੇਂਦਰੀ ਸਰਕਾਰ ਦੀਆਂ ਨੀਤੀਆਂ ਤੋਂ ਅਸਿੱਧੇ ਤੌਰ 'ਤੇ ਫ਼ਾਇਦਾ ਹੋਇਆ ਹੈ। ਦੀਪ ਸਿੱਧੂ ਦੀ ਪ੍ਰਧਾਨ ਮੰਤਰੀ ਮੋਦੀ ਨਾਲ ਜਨਤਕ ਨਜ਼ਦੀਕੀ ਨੇ ਵੀ ਕਈ ਸਿਆਸੀ ਨਿਰੀਖਕਾਂ ਨੂੰ ਇਨ੍ਹਾਂ ਸੰਬੰਧਾਂ ਦੀ ਪ੍ਰਕਿਰਤੀ ਬਾਰੇ ਸਵਾਲ ਉਠਾਉਣ ਲਈ ਪ੍ਰੇਰਿਤ ਕੀਤਾ ਹੈ। ਇਸ ਕਾਰਨ ਅੰਮ੍ਰਿਤਪਾਲ ਸਿੰਘ ਦੇ ਸਿਆਸੀ ਸਫ਼ਰ ਬਾਰੇ ਵੀ ਸਵਾਲ ਖੜ੍ਹੇ ਕੀਤੇ ਜਾਂਦੇ ਰਹੇ ਹਨ।

ਇਸ ਪਿਛੋਕੜ ਵਿੱਚ ਪੰਜਾਬ ਵਿੱਚ ਭਾਜਪਾ ਦੀ ਮੌਜੂਦਾ ਪੈਂਤੜੇਬਾਜ਼ੀ 'ਤੇ ਗੰਭੀਰ ਨਜ਼ਰ ਰੱਖਣ ਦੀ ਲੋੜ ਹੈ। ਭਾਰਤੀ ਕਮਿਊਨਿਸਟ ਪਾਰਟੀ ਨੇ ਹਮੇਸ਼ਾ ਵੱਖਵਾਦ ਅਤੇ ਅੱਤਵਾਦੀ ਹਿੰਸਾ ਦਾ ਡਟ ਕੇ ਵਿਰੋਧ ਕੀਤਾ ਅਤੇ ਇਸ ਲਈ ਉਸ ਨੂੰ ਆਪਣੇ ਕਈ ਸਮਰਪਤ ਸਾਥੀਆਂ ਦੀਆਂ ਸ਼ਹਾਦਤਾਂ ਵੀ ਦੇਣੀਆਂ ਪਈਆਂ। ਉਸ ਸਮੇਂ ਨਾ ਹਿੰਦੂ ਰਾਜ, ਨਾ ਖਾਲਿਸਤਾਨ - ਜੁਗ ਜੁਗ ਜੀਵੇ ਹਿੰਦੁਸਤਾਨ ਦਾ ਨਾਅਰਾ ਭਾਈਚਾਰਕ ਬਹੁਸੰਖਿਆਵਾਦ ਅਤੇ ਵੱਖਵਾਦ ਦੋਵਾਂ ਦੇ ਵਿਰੋਧ ਦੇ ਪ੍ਰਤੀਕ ਵਜੋਂ ਬਹੁਤ ਪ੍ਰਸਿੱਧ ਹੋਇਆ ਸੀ।

ਅਜੋਕੀਆਂ ਵਾਪਰ ਰਹੀਆਂ ਘਟਨਾਵਾਂ ਇਸ ਲਈ ਚੌਕਸੀ ਦੀ ਮੰਗ ਕਰਦੀਆਂ ਹਨ। ਜੇ ਪੰਜਾਬ ਭਾਜਪਾ ਦੇ ਸਿਆਸੀ ਫੈਲਾਅ ਨੂੰ ਰੋਕਣ ਵਿੱਚ ਕਾਮਯਾਬ ਹੋ ਜਾਂਦਾ ਹੈ ਤਾਂ ਇਹ ਪਾਰਟੀ ਲਈ ਇੱਕ ਵੱਡਾ ਝਟਕਾ ਸਾਬਤ ਹੋ ਸਕਦਾ ਹੈ, ਪਰ ਅਜਿਹਾ ਕਰਨ ਲਈ ਸੁਚੱਜੀ ਯੋਜਨਾਬੰਦੀ ਅਤੇ ਵਿਆਪਕ ਸਿਆਸੀ ਲਾਮਬੰਦੀ ਦੀ ਲੋੜ ਹੋਵੇਗੀ। ਭਾਵੇਂ ਖੱਬਾ ਪੱਖ 1980 ਦੇ ਦਹਾਕੇ ਜਿੰਨਾ ਸੰਗਠਨਾਤਮਕ ਤੌਰ 'ਤੇ ਮਜ਼ਬੂਤ ਨਹੀਂ ਰਿਹਾ, ਫਿਰ ਵੀ ਉਸ ਕੋਲ ਮਹੱਤਵਪੂਰਨ ਵਿਚਾਰਧਾਰਕ ਤਾਕਤ ਮੌਜੂਦ ਹੈ।

ਖੱਬੇ ਪੱਖ ਦੀ ਮਜ਼ਦੂਰ ਯੂਨੀਅਨਾਂ, ਖੇਤ ਮਜ਼ਦੂਰਾਂ ਅਤੇ ਛੋਟੇ ਤੇ ਸੀਮਾਂਤ ਕਿਸਾਨਾਂ ਵਿੱਚ ਅੱਜ ਵੀ ਅਹਿਮ ਮੌਜੂਦਗੀ ਹੈ, ਜਦੋਂ ਕਿ ਬਹੁਤ ਸਾਰੀਆਂ ਸਿਆਸੀ ਪਾਰਟੀਆਂ ਚੋਣਾਵੀ ਰਾਜਨੀਤੀ ਨੂੰ ਅਜੇ ਵੀ ਧਾਰਮਿਕ ਪਛਾਣ ਦੇ ਚਸ਼ਮੇ ਰਾਹੀਂ ਦੇਖਦੀਆਂ ਹਨ। ਖੱਬੇ ਪੱਖ ਨੇ ਹਮੇਸ਼ਾ ਆਮ ਲੋਕਾਂ ਦੇ ਮੁੱਦਿਆਂ—ਤਨਖ਼ਾਹਾਂ, ਖੇਤੀ ਉਤਪਾਦਾਂ ਦੇ ਭਾਅ, ਸਿੱਖਿਆ, ਸਿਹਤ ਸੇਵਾਵਾਂ, ਰੁਜ਼ਗਾਰ ਅਤੇ ਮਹਿਲਾ ਅਧਿਕਾਰਾਂ ਨੂੰ ਕੇਂਦਰ ਵਿੱਚ ਰੱਖਿਆ ਹੈ।

ਇਹ ਬਹੁਤ ਜ਼ਰੂਰੀ ਹੈ ਕਿ ਇਹ ਮੁੱਦੇ ਜਨਤਕ ਚਰਚਾ ਦੇ ਕੇਂਦਰ ਵਿੱਚ ਬਣੇ ਰਹਿਣ। ਪ੍ਰਗਤੀਸ਼ੀਲ ਤਾਕਤਾਂ ਸਾਹਮਣੇ ਚੁਣੌਤੀ ਇੱਕ ਵਿਸ਼ਾਲ ਫਾਸ਼ੀਵਾਦ ਵਿਰੋਧੀ ਮੋਰਚਾ ਉਸਾਰਨ ਦੀ ਹੈ, ਜੋ ਖੱਬੀਆਂ ਜਥੇਬੰਦੀਆਂ ਦੇ ਨਾਲ-ਨਾਲ ਹੋਰ ਜਮਹੂਰੀ ਅਤੇ ਧਰਮ ਨਿਰਪੱਖ ਤਾਕਤਾਂ ਨੂੰ ਵੀ ਇਕੱਠਾ ਕਰ ਸਕੇ ਅਤੇ ਵੰਡ ਪੈਦਾ ਕਰਨ ਵਾਲੀ ਪਛਾਣ-ਅਧਾਰਤ ਰਾਜਨੀਤੀ ਦਾ ਇੱਕ ਭਰੋਸੇਯੋਗ ਬਦਲ ਪੇਸ਼ ਕਰ ਸਕੇ।

# ਸੰਪਰਕ : 94170-00360

# ਰੱਬ ਨਾਲ ਯਾਰੀ...!

ਡਾ. ਨਿਸ਼ਾਨ ਸਿੰਘ ਰਾਠੌਰ

ਇਹ ਗੱਲ ਪਿਛਲੇ ਸਾਲ 2025 ਦੀ ਹੈ। ਫ਼ੌਜ ਵਿੱਚ ਸਰਵਿਸ ਕਰਦਿਆਂ ਮੈਨੂੰ ਬਹੁਤ ਵਾਰ ਟਰੇਨ ਦਾ ਸਫ਼ਰ ਕਰਨਾ ਪੈਂਦਾ ਹੈ। ਦਸੰਬਰ ਮਹੀਨੇ ਜੰਮੂ ਵਿਖੇ ਡਿਊਟੀ 'ਤੇ ਹਾਜ਼ਰ ਹੋਣ ਲਈ ਮੈਂ ਅੰਬਾਲਿਓਂ 'ਵੰਦੇ ਭਾਰਤ' ਟਰੇਨ ਵਿੱਚ ਸੀਟ ਬੁਕ ਕਰਵਾਈ ਹੋਈ ਸੀ। ਅਸਲ ਵਿੱਚ ਲੇਹ-ਲੱਦਾਖ ਤੋਂ ਲੈ ਕੇ ਪੁਣਛ-ਰਾਜੌਰੀ ਤੱਕ ਦੇ ਇਲਾਕਿਆਂ ਵਿੱਚ ਤੈਨਾਤ ਫ਼ੌਜੀ ਜਵਾਨਾਂ ਨੂੰ ਪਹਿਲਾਂ ਜੰਮੂ ਸ਼ਹਿਰ ਵਿਖੇ ਹੀ ਹਾਜ਼ਰ ਹੋਣਾ ਪੈਂਦਾ ਹੈ। ਹਾਂ, ਕਦੇ-ਕਦੇ ਚੰਡੀਗੜ੍ਹ ਜਾਂ ਦਿੱਲੀ ਲਈ ਵੀ ਹੁਕਮ ਹੋ ਜਾਂਦਾ ਹੈ, ਪਰ ਬਹੁਤੀ ਵਾਰ ਫ਼ੌਜੀ ਜਵਾਨ ਜੰਮੂ ਵਿਖੇ ਹੀ ਹਾਜ਼ਰ ਹੁੰਦੇ ਹਨ। ਖ਼ੈਰ, ਜੰਮੂ ਵਿਖੇ ਹਾਜ਼ਰ ਹੋਣ ਲਈ ਮੈਂ ਅੰਬਾਲਾ ਛਾਉਣੀ ਤੋਂ 'ਵੰਦੇ ਭਾਰਤ' ਟਰੇਨ ਵਿੱਚ ਸਵਾਰ ਹੋ ਗਿਆ। ਰੇਲ ਗੱਡੀ 'ਚ ਬੈਠਦਿਆਂ ਹੀ ਘਰ ਆਪਣੀ ਪਤਨੀ ਨੂੰ ਫੋਨ ਲਾ ਲਿਆ ਅਤੇ ਗੱਡੀ ਵਿੱਚ ਬੈਠਣ ਅਤੇ ਗੱਡੀ ਦੇ ਤੁਰਨ ਬਾਰੇ ਦੱਸ ਦਿੱਤਾ। ਫੇਰ ਇੱਕ-ਦੋ ਹੋਰ ਦੋਸਤਾਂ-ਮਿੱਤਰਾਂ ਦੇ ਫੋਨ ਆ ਗਏ। ਮੈਂ ਆਪਣੇ ਦੋਸਤਾਂ ਨਾਲ ਗੱਲਬਾਤ ਵਿੱਚ ਰੁਝਾ ਸਾਂ, ਮੇਰਾ ਧਿਆਨ ਇੱਧਰ-ਉੱਧਰ ਘੱਟ ਹੀ ਸੀ। ਅਸਲ ਵਿੱਚ ਘਰ ਛੱਡ ਕੇ ਜਾਣ ਕਰਕੇ ਮਨ ਰਤਾ ਉਦਾਸ ਹੁੰਦਾ ਹੈ। ਇਹ ਹਰ ਵਾਰ ਦਾ ਵਰਤਾਰਾ ਹੁੰਦਾ ਹੈ। ਪਤਾ ਹੁੰਦਾ ਹੈ ਕਿ ਹੁਣ ਤਿੰਨ-ਚਾਰ ਮਹੀਨੇ ਫੇਰ ਜੰਗਲ, ਬਰਫ ਅਤੇ ਪਹਾੜ 'ਤੇ ਰਹਿਣਾ ਪੈਣਾ ਹੈ। ਖ਼ੈਰ, ਇਹ ਫ਼ੌਜੀ ਜ਼ਿੰਦਗੀ ਹੈ, ਇਹ ਇੰਝ ਹੀ ਤੁਰੀ ਜਾਂਦੀ ਹੈ।ਰਾਜਪੁਰਾ ਲੰਘ ਕੇ ਟਰੇਨ ਜਦੋਂ ਸਰਹਿੰਦ ਦੇ ਨੇੜੇ ਪਹੁੰਚੀ ਤਾਂ ਮੈਂ ਇਹ ਮਹਿਸੂਸ ਕੀਤਾ ਕਿ ਮੇਰੇ ਨਾਲ ਵਾਲੀ ਸੀਟ ਦੇ ਬੈਠੇ ਸ਼ਖਸ ਨੂੰ ਟਰੇਨ ਵਿੱਚ ਬੈਠੇ ਬਹੁਤੇ ਯਾਤਰੀ (ਖਾਸ ਕਰਕੇ ਬੀਬੀਆਂ ਅਤੇ ਬੱਚੇ) ਮੱਥਾ ਟੇਕ ਕੇ ਲੰਘ ਰਹੇ ਹਨ। ਕੋਈ ਉਨ੍ਹਾ ਨੂੰ ਝੁਕ ਕੇ ਨਮਸਕਾਰ ਕਰਦਾ ਅਤੇ ਕੋਈ ਮੁਸਕਰਾ ਦੇ ਉਨ੍ਹਾਂ ਦੇ ਕੋਲੋਂ ਲੰਘਦਾ। ਉਹ ਤਕਰੀਬਨ 70 ਕੁ ਸਾਲ ਦੇ ਬਜ਼ੁਰਗ ਵਿਅਕਤੀ ਸਨ। ਉਨ੍ਹਾ ਇੱਕ-ਦੋ ਵਾਰ ਮੇਰੇ ਵੱਲ ਮੁਸਕਰਾ ਕੇ ਵੇਖਿਆ। ਮੈਂ ਵੀ ਹਲਕੀ ਜਿਹੀ ਮੁਸਕਰਾਹਟ ਨਾਲ ਉਨ੍ਹਾ ਦਾ ਸਤਿਕਾਰ ਕੀਤਾ। ਉਹ ਮੇਰੇ ਨਾਲ ਗੱਲ ਕਰਨ ਦੇ ਚਾਹਵਾਨ ਲੱਗਦੇ ਸਨ, ਪਰ ਮੈਂ ਫੋਨ 'ਤੇ ਆਪਣੇ ਦੋਸਤਾਂ ਨਾਲ ਗੱਲਾਂ ਵਿੱਚ ਮਸਤ ਸਾਂ।

ਮੇਰਾ ਇੱਕ ਦੋਸਤ ਫੋਨ 'ਤੇ ਕੋਈ ਹਾਸੇ ਵਾਲੀ ਗੱਲ ਸੁਣਾ ਰਿਹਾ ਸੀ। ਮੈਂ ਵੀ ਹੱਸ ਕੇ ਉਸ ਦੀ ਗੱਲ ਵਿੱਚ ਕੋਈ ਹੋਰ ਗੱਲ ਜੋੜੀ ਤਾਂ ਉਹ ਬਾਬਾ ਜੀ ਵੀ ਹੱਸ ਪਏ। ਫੇਰ ਮੈਨੂੰ ਅਹਿਸਾਸ ਹੋਇਆ ਕਿ ਉਹ ਪੰਜਾਬੀ ਵੀ ਸਮਝ ਸਕਦੇ ਹਨ। ਫੋਨ ਕੱਟ ਕੇ ਮੈਂ ਉਨ੍ਹਾ ਨੂੰ ਨਮਸਕਾਰ ਕੀਤੀ। ਕਹਿੰਦੇ, 'ਸਰਦਾਰ ਜੀ, ਤੁਹਾਡੀ ਗੱਲ ਬਹੁਤ ਮਜ਼ੇਦਾਰ ਸੀ।' ਮੈਂ ਸ਼ੁਕਰੀਆ ਕਹਿ ਕੇ ਪੁੱਛਿਆ, 'ਪੰਜਾਬੀ ਵੀ ਸਮਝ ਲੈਂਦੇ ਹੋ?'

ਉਹ ਕਹਿੰਦੇ, 'ਮੇਰੇ ਬਹੁਤ ਸਾਰੇ ਸ਼ਿੱਸ਼ (ਭਗਤ) ਪੰਜਾਬੀ ਲੋਕ ਹੀ ਹਨ।'

ਮੈਂ ਪੁੱਛਿਆ, 'ਕਿਸੇ ਡੇਰੇ ਦੇ ਆਗੂ ਹੋ ਜਾਂ ਕੋਈ ਸੰਸਥਾ ਚਲਾਉਂਦੇ ਹੋ?'

ਉਹ ਮੁਸਕਰਾ ਕੇ ਕਹਿੰਦੇ, 'ਟਰੇਨ ਦੇ ਇਸ ਡੱਬੇ ਵਿੱਚ ਬਹੁਤੇ ਮੇਰੇ ਭਗਤ-ਮਿੱਤਰ ਹਨ ਅਤੇ ਮੈਂ ਇਨ੍ਹਾਂ ਨੂੰ ਇੱਕ ਧਾਰਮਿਕ ਸਮਾਗਮ 'ਤੇ ਜੰਮੂ ਲੈ ਕੇ ਜਾ ਰਿਹਾ ਹਾਂ।'

ਮੈਂ ਕਿਹਾ, 'ਚੰਗੀ ਗੱਲ ਹੈ। ਲੋਕਾਂ ਨੂੰ ਕਰਮ-ਧਰਮ ਨਾਲ ਜੋੜਨਾ ਚਾਹੀਦਾ ਹੈ।'

ਉਹ ਅੱਗਿਓਂ ਕਹਿੰਦੇ, 'ਸਰਦਾਰ ਜੀ, ਤੁਸੀਂ ਬਹੁਤ ਵਧੀਆ ਗੱਲ ਕਰ ਰਹੇ ਸੀ।'

ਮੈਂ ਕਿਹਾ, 'ਬਾਬਾ ਜੀ ਇਹ ਮੇਰੇ ਮਿੱਤਰ ਹਨ। ਮੇਰੇ ਡਿਊਟੀ ਜਾਣ ਦੀ ਇਨ੍ਹਾਂ ਨੂੰ ਵੀ ਤਕਲੀਫ਼ ਹੁੰਦੀ ਹੈ। ਹੁਣ ਅਗਲੀ ਛੁੱਟੀ ਤੱਕ ਇੰਤਜ਼ਾਰ ਕਰਨਾ ਪੈਣਾ ਹੈ ਤਾਂ ਹੀ ਹਾਸੇ ਵਾਲੀਆਂ ਗੱਲਾਂ ਕਰਕੇ ਮੇਰੀ ਉਦਾਸੀ ਨੂੰ ਦੂਰ ਕਰਨ ਦਾ ਯਤਨ ਕਰ ਰਹੇ ਸਨ।'

ਇਹ ਗੱਲ ਸੁਣ ਕੇ ਉਹ ਬਜ਼ੁਰਗ ਬਾਬਾ ਜੀ ਕਹਿੰਦੇ, 'ਮੈਨੂੰ ਆਪਣੀ ਜਵਾਨੀ ਦੇ ਦਿਨ ਚੇਤੇ ਆ ਗਏ, ਜਦੋਂ ਮੈਂ ਆਪਣੇ ਘਰ ਤੋਂ ਦਿੱਲੀ ਪੜ੍ਹਣ ਜਾਂਦਾ ਹੁੰਦਾ ਸਾਂ।'

ਏਨੀ ਗੱਲਬਾਤ ਹੋਣ ਤੋਂ ਬਾਅਦ ਮੈਂ ਉਨ੍ਹਾਂ ਨਾਲ ਰਤਾ ਖੁੱਲ੍ਹ ਗਿਆ ਸਾਂ ਇਸੇ ਲਈ ਮੈਂ ਸਿੱਧਾ ਹੀ ਪੁੱਛ ਲਿਆ, "ਫੇਰ ਇਹ 'ਕਰਮ-ਧਰਮ' ਵਾਲਾ ਕੰਮ ਵਿੱਚ ਕਿਵੇਂ ਆ ਗਏ?"

ਉਹ ਗੁੱਸੇ ਨਹੀਂ ਹੋਏ ਅਤੇ ਨਾ ਹੀ ਮੱਥੇ 'ਤੇ ਕੋਈ ਵੱਟ ਪਾਇਆ, ਬਲਕਿ ਸਹਿਜਤਾ ਨਾਲ ਕਹਿੰਦੇ, 'ਬੇਟਾ ਜੀ, ਲੋਕ ਤੁਹਾਨੂੰ ਖੁਦ ਹੀ ਰੱਬ ਬਣਾ ਦਿੰਦੇ ਹਨ। ਭਾਵੇਂ ਤੁਹਾਡੇ ਅੰਦਰ ਉਹ ਕਾਬਲੀਅਤ ਹੋਵੇ ਤੇ ਭਾਵੇਂ ਨਾ। ਤੁਸੀਂ ਉਸ ਵਿੱਚ ਕੁਝ ਨਹੀਂ ਕਰ ਸਕਦੇ!!!'

ਇਹ ਸੁਣ ਕੇ ਮੈਨੂੰ ਰਤਾ ਅਚੰਭਾ ਹੋਇਆ। ਉਨ੍ਹਾ ਮੇਰਾ ਹੱਥ ਆਪਣੇ ਹੱਥ ਵਿੱਚ ਫੜ ਕੇ ਘੁੱਟਿਆ ਅਤੇ ਮੁਸਕਰਾ ਦੇ ਕਿਹਾ, 'ਬੇਟਾ ਜੀ, ਅੱਜ ਦੇ ਦੌਰ ਵਿੱਚ ਲੋਕ ਏਨੇ ਜ਼ਿਆਦਾ ਦੁਖੀ ਅਤੇ ਪਰੇਸ਼ਾਨ ਹਨ ਕਿ ਉਨ੍ਹਾਂ ਨੂੰ ਕਿਸੇ ਸਹਾਰੇ ਦੀ ਲੋੜ ਹੁੰਦੀ ਹੈ। ਜਦੋਂ ਇਹ ਸਹਾਰਾ ਤੁਹਾਡੇ ਕੋਲੋਂ ਮਿਲ ਜਾਂਦਾ ਹੈ ਤਾਂ ਲੋਕ ਤੁਹਾਡੇ ਸ਼ਰਧਾਲੂ ਬਣ ਜਾਂਦੇ ਹਨ, ਭਗਤ-ਮਿੱਤਰ ਬਣ ਜਾਂਦੇ ਹਨ।'

ਮੈਂ ਹਾਮੀ ਵਿੱਚ ਸਿਰ ਹਿਲਾਇਆ।

ਆਪਣੀ ਗੱਲ ਜਾਰੀ ਰੱਖਦਿਆਂ ਉਨ੍ਹਾ ਕਿਹਾ, 'ਹਾਂ, ਮੈਂ ਮੰਨਦਾ ਹਾਂ ਕਿ ਬਹੁਤੀ ਵਾਰ ਆਮ ਲੋਕ ਠੱਗੀ ਦਾ ਸ਼ਿਕਾਰ ਹੋ ਜਾਂਦੇ ਹਨ, ਪਰ ਫੇਰ ਵੀ ਮਾਨਸਿਕ ਸਕੂਨ ਦੀ ਤਲਾਸ਼ ਵਿੱਚ ਲੋਕ ਭਟਕਦੇ ਫਿਰਦੇ ਹਨ। ਅੱਜ ਬਹੁਤੇ ਲੋਕਾਂ ਨੂੰ ਮਾਨਸਿਕ ਸਹਾਰੇ ਦੀ ਲੋੜ ਹੈ, ਕਿਉਂਕਿ ਸ਼ਹਿਰੀ ਜ਼ਿੰਦਗੀ ਨੇ ਬੰਦੇ ਕੋਲੋਂ ਸਾਂਝੇ ਪਰਵਾਰ ਖੋਹ ਲਏ ਹਨ। ਹੁਣ ਵਿਅਕਤੀ ਆਪਣੇ ਦੁੱਖ ਨੂੰ ਆਪਣੇ ਵੱਡੇ-ਵਡੇਰਿਆਂ ਨੂੰ ਨਹੀਂ ਦੱਸਦਾ, ਬਲਕਿ ਕਿਸੇ ਅਜਿਹੇ ਸ਼ਖਸ ਦੀ ਭਾਲ ਵਿੱਚ ਰਹਿੰਦਾ ਹੈ, ਜੋ ਉਸ ਨੂੰ ਇਸ ਦੁੱਖ ਤੋਂ ਨਿਜਾਤ ਦਿਵਾ ਦੇਵੇ।'

ਮੈਂ ਕਿਹਾ, 'ਬਿਲਕੁਲ ਠੀਕ ਕਿਹਾ ਤੁਸੀਂ। ਆਪਣੀਆਂ ਜੜਾਂ ਨਾਲੋਂ ਟੁੱਟ ਕੇ ਬੰਦਾ ਹੋਰ ਸਹਾਰੇ ਭਾਲਦਾ ਫਿਰਦਾ ਹੈ।'

ਉਹ ਮੁਸਕਰਾ ਕੇ ਕਹਿੰਦੇ, 'ਬਿਲਕੁਲ ਠੀਕ ਕਿਹਾ ਬੇਟਾ ਜੀ।'

ਮੈਂ ਉਨ੍ਹਾ ਨਾਲ ਗੱਲਾਂ ਲੱਗੀਂ ਸਾਂ ਕਿ ਮੈਨੂੰ ਮਹਿਸੂਸ ਹੋਇਆ ਕਿ ਹੁਣ ਟਰੇਨ ਵਿੱਚ ਘੁੰਮਦੇ ਕੁਝ ਲੋਕ ਉਸ ਬਾਬਾ ਜੀ ਦੇ ਨਾਲ-ਨਾਲ ਮੈਨੂੰ ਵੀ ਨਮਸਕਾਰ ਕਰ ਰਹੇ ਸਨ। ਮੈਂ ਥੋੜ੍ਹੀ ਝਿਜਕ ਮਹਿਸੂਸ ਕੀਤੀ। ਬਜ਼ੁਰਗ ਬਾਬਾ ਜੀ ਨੇ ਇਹ ਸਭ ਵੇਖ ਲਿਆ। ਉਨ੍ਹਾ ਮੇਰਾ ਹੱਥ ਫੜਿਆ ਤੇ ਕਿਹਾ, 'ਬੇਟਾ ਜੀ ਘਬਰਾਓ ਨਾ; ਹੁਣ ਤੁਹਾਡੀ ਯਾਰੀ 'ਰੱਬ' ਨਾਲ ਪੈ ਗਈ ਹੈ।"

ਆਖ ਕੇ ਉਹ ਉਚੀ ਹੱਸ ਪਏ।

ਸੰਪਰਕ: 90414-98009.

# ਟੀਚਰ ਦੋ ਕੌਡੀ ਦਾ ਨਹੀਂ, ਸਗੋਂ ਸੌ ਕੌਡੀ ਤੋਂ ਵੀ ਉੱਪਰ ਹੁੰਦਾ



ਵਰਗਿਸ ਸਲਾਮਤ

ਭਾਰਤ ਵਿਚ ਲਗਾਤਾਰ ਪੇਪਰ ਲੀਕ ਹੁੰਦੇ ਰਹੇ ਹਨ, ਲਗਾਤਾਰ ਹੋ ਰਹੇ ਹਨ ਅਤੇ ਮੌਜੂਦਾ ਸਰਕਾਰਾਂ ਨੇ ਅਜੇ ਤੱਕ ਕੋਈ ਠੋਸ ਕਦਮ ਉੱਠਾ ਕੇ ਲੋਕਾਂ ਦਾ ਭਰੋਸਾ ਨਹੀ ਬੰਨ੍ਹਵਾਇਆ, ਉਲਟਾ ਰਾਜਨੀਤੀ ਕਰਦਿਆਂ ਪਿਛਲੀਆਂ ਸਰਕਾਰਾਂ 'ਤੇ ਭਾਂਡਾ ਭੰਨਣ ਤੋਂ ਬਾਜ਼ ਨਹੀ ਆਏ। ਮੇਨ ਲਾਈਨ ਮੀਡੀਆ ਨੇ ਵੀ ਇਸ ਮਸਲੇ ਨੂੰ ਵਿਦਿਆਰਥੀਆਂ ਦੇ ਪੱਖ ਨਾਲ ਪੇਸ਼ ਨਹੀ ਕੀਤਾ। ਵਿਦਿਆਰਥੀਆਂ ਦੇ ਸਮੇਂ ਅਤੇ ਪੈਸੇ ਦੀ ਬਰਬਾਦੀ ਦੀ ਗੱਲ ਨਾ ਉਠਾ ਕੇ ਵਿਦਿਆਰਥੀਆਂ ਦਾ ਮਨੋਬਲ ਘਟਾਇਆ ਹੈ, ਨਾ ਕਿ ਵਧਾਇਆ। ਮੀਡੀਆ ਨੇ ਨਾ ਹੀ ਪ੍ਰੀਖਿਆਰਥੀਆਂ ਦੇ ਨੁਕਸਾਨ ਦੀ ਨੈਤਿਕ ਜ਼ਿੰਮੇਵਾਰੀ ਲੈਣ ਲਈ ਸਰਕਾਰ ਨੂੰ ਕਟਹਿਰੇ ਵਿਚ ਖੜ੍ਹੇ ਕੀਤਾ, ਪਰ ਟੀਚਰਾਂ, ਵਿਦਿਆਰਥੀਆਂ ਅਤੇ ਸ਼ੋਸ਼ਲ ਮੀਡੀਆ ਦੇ ਪ੍ਰਭਾਵਸ਼ਾਲੀ ਸੰਵੇਦਨਸ਼ੀਲ ਪੱਤਰਕਾਰਾਂ ਅਤੇ ਅੀਧਆਪਕਾਂ ਨੇ ਇਸਦਾ ਡੱਟ ਕੇ ਵਿਰੋਧ ਕੀਤਾ ਹੈ। ਨਤੀਜਨ ਟੀਚਰਾਂ, ਸੋਸ਼ਲ ਮੀਡੀਆ ਇਨਫਿਊਲੈਂਸਰ, ਵਿਦਿਆਰਥੀਆਂ ਅਤੇ ਇਸ ਤਰਾਂ ਦੇ ਨਿਜ਼ਾਮ ਦਾ ਵਿਰੋਧ ਕਰਨ ਵਾਲਿਆਂ ਨੂੰ ਕਾਕਰੋਚ ਅਤੇ ਦੋ ਕੌਡੀ ਦੇ ਟੀਚਰ ਅਤੇ ਪਰਜੀਵੀ ਆਦਿ ਨਾਕਾਰਾਤਮਕ ਵਿਸ਼ੇਸ਼ਣਾਂ ਨਾਲ ਸ਼ਰੇਆਮ ਮੀਡੀਆ ਪਲੇਟਫਾਰਮ ਤੋਂ ਅਪਮਾਨਤ ਕੀਤਾ ਗਿਆ। ਜੰਤਰ ਮੰਤਰ 'ਤੇ ਅਭੀਜੀਤ ਦੀਪਕੇ ਅਤੇ ਸਾਥੀਆਂ ਦੀ ਅਗਵਾਈ 'ਚ ਦੇਸ਼ ਭਰ ਦੇ ਨੌਜਵਾਨਾਂ ਦਾ ਰੋਸ ਪ੍ਰਦਰਸ਼ਨ ਅਤੇ ਖਾਨ ਸਰ ਅਤੇ ਸੋਸ਼ਲ ਮੀਡੀਆ ਦੇ ਹੋਰ ਅਧਿਆਪਕਾਂ ਦੀ ਆਜ ਤੱਕ ਦੀ ਮੂੰਹ ਫਟ ਐਂਕਰ ਨਾਲ ਤੂੰ-ਤੂੰ ਮੈਂ-ਮੈ ਲਗਾਤਾਰ ਚੱਲ ਰਹੀ ਹੈ। ਮਸਲਾ ਇਹ ਵੀ ਹੈ ਕਿ ਨਾ ਆਪਣੀ ਉੱਚ ਅਦਾਲਤ ਦੇ ਉੱਚ ਜੱਜ ਸਾਹਿਬ ਨੇ ਆਪਣੀ ਸਟੇਟਮੈਂਟ ਨੂੰ ਗਲਤ ਮੰਨ ਕੇ ਖੇਦ ਮੰਨੀ, ਨਾ ਮੁਹਤਰਮਾ ਅੰਜਨਾ ਨੇ ਆਪਣੀ ਟਿਪਣੀ ਦੀ ਅਧਿਆਪਕ ਵਰਗ ਤੋਂ ਮੁਆਫੀ ਮੰਗੀ ਅਤੇ ਨਾ ਹੀ ਸਾਡੇ ਕੇਂਦਰੀ ਸਿੱਖਿਆ ਮੰਤਰੀ ਨੇ ਨੀਟ ਪੇਪਰ ਲੀਕ ਅਤੇ ਸੀ ਬੀ ਐੱਸ ਸੀ ਪੇਪਰ ਚੈਕਿੰਗ ਸਕੈਮ ਦੇ ਮਾਮਲੇ 'ਚ ਨੈਤਿਕ ਜ਼ਿੰਮੇਵਾਰੀ ਸਮਝ ਕੇ ਅਸਤੀਫੇ ਦੀ ਗੱਲ ਕਬੂਲੀ ਹੈ। ਨਾ ਟੀਚਰ ਕਦੇ ਦੋ ਕੌੜੀ ਦਾ ਹੋ ਸਕਦਾ ਅਤੇ ਨਾ ਹੀ ਨੌਜਵਾਨ ਕੌਕਰੋਚ ਹੋ ਸਕਦਾ। ਪਤਾ ਨਹੀ ਇਹ ਕੋਈ ਖਿਝ ਹੈ ਜਾਂ ਕਿਸੇ ਵਿਸ਼ੇਸ਼ ਨੂੰ ਖੁਸ਼ ਕਰਨ ਦੀ ਤਰਫਦਾਰੀ ਜਾਂ ਫਿਰ ਕਿਸੇ ਵਿਸ਼ੇਸ ਏਜੰਡੇ ਅਧੀਨ ਵਿਵਾਦਿਤ ਟਿਪਣੀਆਂ ਨਾਲ ਆਮ ਲੋਕਾਂ ਨੂੰ ਚਿੜਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸਮਝਿਆ ਇਹ ਵੀ ਜਾ ਰਿਹਾ ਹੈ ਕਿ ਦੇਸ਼ ਅਤੇ ਦੇਸ਼ ਦੇ ਨੌਜਵਾਨਾਂ ਦੀਆਂ ਸਮੱਸਿਆਵਾਂ ਤੋ ਜਾਣੂ ਕਰਵਾਉਣ ਵਾਲੇ ਅਧਿਆਪਕ ਵਰਗ ਅਤੇ ਇਨਫਿਊਲੈਂਸਰਜ਼ ਭਾਵ ਵਿਸ਼ਲੇਸ਼ਕਾਂ ਆਦਿ ਨੂੰ ਉਲਝਾਉਣ, ਭਟਕਾਉਣ ਅਤੇ ਡਰਾਉਣ ਦੀ ਕੋਸ਼ਿਸ ਕੀਤੀ ਜਾ ਰਹੀ ਹੈ। ਪਹਿਲਾਂ ਸਾਡੇ ਸੁਪਰੀਮ ਜਸਟਿਸ ਆਫ ਇੰਡੀਆ ਜੀ ਦੁਆਰਾ ਨੌਜਵਾਨਾਂ ਨੂੰ ਕਾਕਰੋਚ ਕਹਿ ਕੇ ਆਪਣੀ ਭੜਾਸ ਕੱਢੀ ਗਈ ਅਤੇ ਹੁਣ ਇਕ ਗੋਦੀ ਮੀਡੀਆ ਚੈਨਲ ਦੀ ਗੋਦੀ ਐਂਕਰ ਨੇ ਅਧਿਆਪਕਾਂ ਨੂੰ 'ਦੋ ਕੌਡੀ' ਦੇ ਕਹਿ ਕੇ ਸਾਰੇ ਅਧਿਆਪਕ ਵਰਗ ਦਾ ਨਿਰਾਦਰ ਕੀਤਾ ਹੈ।

ਪ੍ਰਧਾਨ ਮੰਤਰੀ 2014 ਤੋਂ ਲਗਾਤਾਰ ਅਧਿਆਪਕ ਵਾਂਗ ਬੱਚਿਆਂ ਨਾਲ 'ਮੰਨ ਕੀ ਬਾਤ' ਰੇਡਿਓ ਪ੍ਰੋਗਰਾਮ ਕਰ ਰਹੇ ਹਨ ਅਤੇ ਹੁਣ ਮਈ 2026 ਤੱਕ ਲਗਭਗ 134 ਵਾਰ ਅਧਿਆਪਕ ਵਾਂਗ ਬਾਲਾਂ ਨੂੰ ਸੰਬੋਧਨ ਹੋਏ ਹਨ। 'ਪਰੀਕਸ਼ਾ ਪੇ ਚਰਚਾ' ਵੀ ਉਹਨਾ ਦਾ ਹੀ ਪ੍ਰੋਗਰਾਮ ਹੈ ਜੋ ਸਾਰੇ ਭਾਰਤ ਵਿਚ ਚਲਦਾ ਹੈ। ਮੈਨੂੰ ਯਾਦ ਹੈ ਉਹਨਾ ਆਪਣੀਆਂ ਸ਼ੁਰੂ ਦੀਆਂ ਕਲਾਸਾਂ ਵਿਚ ਅਧਿਆਪਕ ਦੀ ਮਹੱਤਤਾ 'ਚ ਕਿਹਾ ਸੀ ਕਿ ਮਾਂ-ਪਿਓ ਬੱਚੇ ਨੂੰ ਜਨਮ ਦਿੰਦੇ ਹਨ ਅਤੇ ਅਧਿਆਪਕ ਬੱਚੇ ਨੂੰ ਜੀਵਨ ਦਿੰਦਾ ਹੈ। ਸੋ ਬਿਨਾਂ ਸ਼ੱਕ ਸਾਨੂੰ ਜੀਵਨ ਦੇਣ ਵਾਲਾ ਅਧਿਆਪਕ ਹੀ ਹੈ। ਪ੍ਰਧਾਨ ਮੰਤਰੀ ਸਾਹਿਬ ਨੇ ਅਧਿਆਪਕ ਬਣ ਕੇ ਆਪਣੀ ਗਲ-ਬਾਤ ਦੇ ਰਿਕਾਰਡ ਵੀ ਬਣਾਏ ਹਨ, ਪਰ ਹੁਣ ਸਾਹਿਬ ਜੀ ਵੀ ਅਜਿਹੇ ਮਸਲਿਆਂ 'ਤੇ ਹਮੇਸ਼ਾ ਚੁੱਪ ਰਹਿੰਦੇ ਹਨ।ਸਾਨੂੰ ਭਾਰਤ ਦੀ ਪਹਿਲੀ ਮਹਿਲਾ ਅਧਿਆਪਕਾ ਸਵਿੱਤਰੀ ਬਾਈ ਫੂਲੇ ਦੇ ਅੱਗੇ ਸਿਰ ਝੁਕਾਉਣਾ ਚਾਹੀਦਾ ਹੈ। ਜਦੋਂ ਕੁੜੀਆਂ ਨੂੰ ਘਰੋਂ ਨਿਕਲਣ ਦੀ ਮਨਾਹੀ ਸੀ, ਪੜ੍ਹਨਾ ਤਾਂ ਦੂਰ ਦੀ ਗੱਲ ਸੀ। ਉਹ ਦੂਰ-ਦੂਰ ਪਿੰਡਾਂ ਵਿਚ ਜਾ ਕੇ ਪੜ੍ਹਾਉਂਦੇ ਸਨ। ਉਹ ਜਾਤਾਂ-ਪਾਤਾਂ ਦਾ ਵਿਤਕਰਾ ਝਲਦੇ ਰਹੇ। ਉਸ ਵੇਲੇ ਸਮਾਜ ਵਰਣ-ਵਰਗ, ਜਾਤ-ਪਾਤ, ਵਹਿਮ-ਭਰਮ ਅਤੇ ਵਿਤਕਰਿਆਂ ਦੇ ਜੰਜਾਲ ਵਿਚ ਝਕੜਿਆ ਸੀ। ਅੰਗਰੇਜ਼ ਸਰਕਾਰ ਦਾ ਤਸ਼ੱਦਦ ਭੁਲਾਇਆ ਨਹੀ ਜਾ ਸਕਦਾ, ਪਰ ਉਹਨਾਂ ਦੇ ਚੰਗੇ ਕੰਮਾ ਦੀ ਲਿਸਟ 'ਚ ਪਹਿਲੇ ਨੰਬਰ 'ਤੇ ਸਿੱਖਿਆ ਦਾ ਪ੍ਰਸਾਰ ਸੀ, ਉਹ ਵੀ ਬਿਨਾਂ ਭੇਦ-ਭਾਵ। ਅਜਿਹੇ ਉੱਦਮਾਂ ਸਦਕਾ ਹੀ ਅਧਿਆਪਕ ਅੱਜ ਨੇਸ਼ਨ ਬਿਲਡਰ ਹੈ।

ਅਧਿਆਪਕ ਨੂੰ ਸਮਾਜ ਵਿਚ ਬਹੁਤ ਹੀ ਸਨਮਾਨ ਵਾਲਾ ਸਥਾਨ ਅਤੇ ਉਪਾਧੀਆਂ ਪ੍ਰਾਪਤ ਹਨ। ਵਿਦਵਾਨਾਂ ਅਤੇ ਭਗਵਾਨਾਂ ਨੇ ਅਧਿਆਪਕ ਨੂੰ ਰਾਸ਼ਟਰ ਨਿਰਮਾਤਾ, ਪ੍ਰੇਰਨਾਸ੍ਰੋਤ, ਗਿਆਨ ਦਾ ਸਾਗਰ, ਚਰਿੱਤਰ ਨਿਰਮਾਤਾ, ਸ਼ਿਲਪਕਾਰ,ਸਿੱਖਿਆ ਪੁਜਾਰੀ ਅਤੇ ਰੱਬੀ ਆਦਿ ਕਈ ਉਪਾਧੀਆਂ ਨਾਲ ਨਿਵਾਜ਼ਿਆ ਹੈ। ਸ਼ਾਇਦ ਇਸੇ ਕਾਰਨ ਸਰਕਾਰਾਂ ਵੱਲੋਂ ਅਧਿਆਪਕਾਂ ਨੂੰ ਗੈਰ-ਵਿਦਿਅਕ ਕੰਮਾਂ ਵਿਚ ਲਗਾਤਾਰ ਝੋਕਿਆ ਜਾ ਰਿਹਾ ਹੈ। ਦੇਸ਼ ਭਰ ਵਿਚ ਅਧਿਆਪਕ ਹਰ ਕਿਸਮ ਦੀਆਂ ਵਿਦਿਅਕ ਅਤੇ ਗੈਰ-ਵਿਦਿਅਕ ਡਿਊਟੀਆਂ ਲਗਾਤਾਰ ਕਰ ਰਿਹਾ ਹੈ। ਟਰੇਡ ਯੂਨੀਅਨਜ਼ ਅਨੁਸਾਰ ਦੇਸ਼ ਭਰ ਵਿਚ ਅਧਿਆਪਕਾਂ ਕੋਲੋਂ ਲਗਭਗ 80 ਤੋਂ 100 ਕਿਸਮ ਦੀਆਂ ਗੈਰ-ਵਿਦਿਅਕ ਡਿਊਟੀਆਂ ਲਈਆਂ ਜਾ ਰਹੀਆਂ ਹਨ। ਇਸ ਸਮੇਂ ਛੁੱਟੀਆਂ ਵਿਚ ਐੱਸ ਆਈ ਆਰ, ਬੀ ਐੱਲ ਓ, ਮਰਦਮਸ਼ੁਮਾਰੀ, ਇਕਨਾਮਿਕ ਸਰਵੇ, ਡਰੱਗ ਸਰਵੇ ਅਤੇ ਕਈ ਹੋਰ ਡਿਊਟੀਆਂ ਲਈ ਤੈਨਾਤ ਹਨ।

ਨਿੱਜੀਕਰਨ, ਉਦਾਰੀਕਰਨ ਅਤੇ ਮੰਡੀਕਰਨ ਨੇ ਮੀਡੀਆ ਦਾ ਵੀ ਮੰਡੀਰਕਨ ਕਰ ਛੱਡਿਆ ਹੈ। ਸਾਮਰਾਜਵਾਦ ਨੇ ਲਗਭਗ ਮੀਡੀਆ ਆਪਣੇ ਅਧੀਨ ਲੈ ਲਿਆ ਹੈ। ਇਸ ਦੇ ਉਲਟ ਹੀ ਦੁਨੀਆ ਵਿਚ ਸੋਸ਼ਲ ਮੀਡੀਆ ਹੋਂਦ ਵਿਚ ਆਇਆ ਅਤੇ ਵਧਿਆ-ਫੁੱਲਿਆ ਵੀ ਬਹੁਤ ਜ਼ਿਆਦਾ। ਮੀਡੀਆ ਦੀਆਂ ਅਤਿ-ਆਧੁਨਿਕ ਤਕਨੀਕਾਂ ਨੇ ਸਾਰੀ ਦੁਨੀਆਂ ਨੂੰ ਜੋੜ ਕੇ ਰੱਖ ਦਿੱਤਾ ਹੈ। ਅੱਜ ਮੇਨ ਲਾਈਨ ਮੀਡੀਆ ਅਤੇ ਸੋਸ਼ਲ ਮੀਡੀਆ ਸੰਚਾਰ ਸਿਸਟਮ ਦੀਆਂ ਦੋ ਧਾਰਾਵਾਂ ਬਣ ਚੁੱਕੀਆਂ ਹਨ। ਮਹਿਸੂਸ ਕੀਤਾ ਜਾ ਰਿਹਾ ਕਿ ਮੇਨ ਲਾਈਨ ਮੀਡੀਆ ਤਾਂ ਲਗਭਗ ਕਾਰਪੋਰੇਟ ਦੇ ਹੱਥਾਂ ਦੀ ਕੱਠਪੁਤਲੀ ਵਾਂਗ ਹੀ ਹੈ, ਪਰ ਸੋਸ਼ਲ ਮੀਡੀਆ ਆਪਣੀਆਂ ਵੱਖ-ਵੱਖ ਵਿਧਾਵਾਂ ਵਿਚ ਅਜ਼ਾਦ, ਨਿਰਪੱਖ ਅਤੇ ਤੱਥਪੂਰਨ ਸਾਬਤ ਹੋ ਰਿਹਾ ਹੈ। ਇਸ ਸੋਸ਼ਲ ਮੀਡੀਆ ਦੀ ਸਭ ਤੋਂ ਵੱਡੀ ਪ੍ਰਾਪਤੀ ਅਧਿਆਪਨ ਰਾਹੀ ਸਿੱਖਿਆ ਦਾ ਪ੍ਰਸਾਰ ਅਤੇ ਪ੍ਰਚਾਰ ਹੈ। ਆਨ ਲਾਈਨ ਸਟੱਡੀ ਨੇ ਮਹੀਨਿਆਂ ਦੇ ਹਜ਼ਾਰਾਂ ਅਤੇ ਸਾਲਾਂ ਦੇ ਲੱਖਾਂ ਰੁਪਏ ਖਰਚੇ ਵਾਲੀਆਂ ਸੰਸਥਾਵਾਂ ਦੀ ਪੋਲ ਹੀ ਨਹੀਂ ਖੋਲੀ, ਬਲਕਿ ਮਹਿਜ਼ ਦੋ-ਚਾਰ ਹਜ਼ਾਰ ਦੀ ਸਲਾਨਾ ਫੀਸ ਨਾਲ ਝੁੱਗੀਆਂ-ਝੌਂਪੜੀਆਂ ਤੱਕ ਸਿੱਖਿਆ ਅਤੇ ਪ੍ਰੀਖਿਆਵਾਂ ਦੀ ਤਿਆਰੀ ਪਹੁੰਚਾ ਦਿੱਤੀ ਹੈ। ਇਸ ਕਿਸਮ ਦੀ ਸਿੱਖਿਆ ਨੇ ਦੇਸ਼ ਨੂੰ ਅਤਿ-ਕਾਬਿਲ ਅਧਿਆਪਕ, ਪੱਤਰਕਾਰ, ਵਿਸ਼ਲੇਸ਼ਕ ਅਤੇ ਰਿਪੋਰਟਰ ਦਿੱਤੇ ਹਨ। ਅੱਜ ਦੇਸ਼ ਦੀ ਸੰਸਦ ਦੀ ਵਿਰੋਧੀ ਧਿਰ ਕਮਜ਼ੋਰ ਹੁੰਦਿਆਂ ਹੋਇਆਂ ਵੀ ਲੋਕਤੰਤਰ ਦੇ ਚੌਥੇ ਪਿੱਲਰ ਦੀਆਂ ਇਹਨਾਂ ਇੱਟਾਂ ਨੇ ਮੁੱਦਿਆਂ ਨੂੰ ਲੋਕਾਂ ਤੱਕ ਪਹੁੰਚਾਇਆ ਹੈ ਅਤੇ ਲੋਕਾਂ ਨੂੰ ਵੀ ਉਹਨਾਂ ਦੇ ਮੁੱਦਿਆਂ ਤੋਂ ਜਾਣੂ ਕਰਵਾਇਆ ਹੈ। ਨੀਟ ਪ੍ਰੀਖਿਆ ਅਤੇ ਸੀ ਬੀ ਐੱਸ ਸੀ ਮਾਮਲੇ ਵਿਚ 90 ਪ੍ਰਤੀਸ਼ਤ ਤੋਂ ਵੱਧ ਲੋਕਾਂ ਨੇ ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫੇ ਦੀ ਮੰਗ ਕੀਤੀ ਹੈ, ਪਰ ਸਾਹਿਬ ਹਮੇਸ਼ਾ ਦੀ ਤਰਾਂ ਚੁੱਪ ਹਨ। ਵੇਖਿਆ ਇਹ ਵੀ ਗਿਆ ਹੈ ਕਿ ਚੋਣਾਂ ਅਤੇ ਚਾਕਲੇਟ ਵੇਲੇ ਹੀ ਉਹਨਾ ਦੀ ਚੁੱਪ ਟੁੱਟਦੀ ਹੈ।

ਲੋਕਾਂ ਦਾ ਰਾਜ, ਲੋਕਾਂ ਲਈ ਰਾਜ ਅਤੇ ਲੋਕਾਂ ਦੁਆਰਾ ਰਾਜ ਤਦ ਹੀ ਮੰਨਿਆ ਜਾਂਦਾ ਹੈ, ਜਦੋਂ ਸਿਸਟਮ ਵਿਚ ਪਾਰਦ੍ਰਸ਼ਤਾ, ਵਿਚਾਰਾਂ ਦੀ ਸਵਤੰਤਰਤਾ ਅਤੇ ਨਿਰਪੱਖਤਾ ਨੂੰ ਪਹਿਲ ਦਿੱਤੀ ਜਾਂਦੀ ਹਾਂ੩੩ਅਧਿਆਪਕ ਦਾ ਸੌ ਕੌਡੀ ਤੋ ਉੱਪਰ ਵਾਲਾ ਸਨਮਾਨ ਇਸ ਗੱਲ ਤੋਂ ਵੀ ਮੰਨਿਆ ਜਾ ਸਕਦਾ ਕਿ ਇਕ-ਦੋ ਸਾਲ ਪਹਿਲਾਂ ਯੂਰਪ ਦੀ ਇਕ ਨਾਮੀ ਅਖਬਾਰ ਨੇ ਦੱਸਿਆ ਕਿ ਇਕ ਅਧਿਆਪਕ 'ਤੇ ਕੋਈ ਸੰਗੀਨ ਜੁਰਮ ਦਾ ਇਲਜ਼ਾਮ ਸੀ, ਜਿਸ ਲਈ ਤਰੀਕ ਅਨੁਸਾਰ ਉਸ ਨੂੰ ਜੱਜ ਸਾਹਿਬ ਦੇ ਸਾਹਮਣੇ ਪੇਸ਼ ਕੀਤਾ ਗਿਆ। ਜੱਜ ਨੂੰ ਜਦ ਇਸ ਗੱਲ ਦਾ ਪਤਾ ਲੱਗਾ ਕਿ ਉਹ ਇਹ ਵਿਅਕਤੀ ਅਧਿਆਪਕ ਹੈ ਤਾਂ ਜੱਜ ਸਾਹਿਬ ਆਪਣੀ ਸੀਟ ਤੋਂ ਖੜ੍ਹੇ ਹੋ ਗਏ ਅਤੇ ਕਿਹਾ-ਉਹ ਇਕ ਅੀਧਆਪਕ ਹੈ! ਅਧਿਆਪਕ ਦਾ ਫੈਸਲਾਂ ਜੋ ਵੀ ਹੋਇਆ ਹੋਵੇਗਾ, ਉਸ ਨੂੰ ਪਤਾ, ਪਰ ਉਸ ਦੇ ਅਧਿਆਪਕ ਹੋਣ ਦਾ ਸਨਮਾਨ ਜੱਜ ਸਾਹਿਬ ਨੇ ਖੜ੍ਹੇ ਹੋ ਕਿ ਕੀਤਾ।

# ਸੰਪਰਕ : 98782-61522

# ਨਰੇਗਾ ਕਰਮਚਾਰੀਆਂ ਦੀਆਂ ਮੰਗਾਂ ਤੁਰੰਤ ਮੰਨ ਕੇ ਕੰਮ ਚਲਾਏ ਜਾਣ : ਗਦਾਈਆ, ਖੋਸਾ

**ਛੇ ਮਹੀਨਿਆਂ ਤੋਂ ਰੁਕੀਆਂ ਤਨਖਾਹਾਂ ਜਾਰੀ ਕਰਨ ਤੇ ਕਰਮਚਾਰੀਆਂ ਨੂੰ ਪੱਕਾ ਕਰਨ ਦੀ ਮੰਗ ਦਾ ਕੀਤਾ ਸਮਰਥਨ**




**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਤੇ ਸੂਬਾ ਸਕੱਤਰ ਜਗਸੀਰ ਸਿੰਘ ਖੋਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਵੱਲੋਂ ਨਰੇਗਾ ਕਰਮਚਾਰੀਆਂ ਵੱਲੋਂ ਚਲਾਏ ਜਾ ਰਹੇ ਸੰਘਰਸ਼ ਦਾ ਪੂਰਨ ਸਮਰਥਨ ਕਰਦਿਆਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਤੁਰੰਤ ਮੰਨ ਕੇ ਨਰੇਗਾ ਦੇ ਕੰਮਾਂ ਨੂੰ ਮੁੜ ਸੁਚਾਰੂ ਢੰਗ ਨਾਲ ਚਲਾਇਆ ਜਾਵੇ।

ਆਗੂਆਂ ਨੇ ਕਿਹਾ ਕਿ ਨਰੇਗਾ ਕਰਮਚਾਰੀ ਲੰਮੇ ਸਮੇਂ ਤੋਂ ਪੇਂਡੂ ਵਿਕਾਸ ਤੇ ਨਰੇਗਾ ਸਕੀਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਅਹਿਮ ਭੂਮਿਕਾ ਨਿਭਾ ਰਹੇ ਹਨ, ਪਰ ਬਦਕਿਸਮਤੀ ਨਾਲ ਉਹ ਖ਼ੁਦ ਗੰਭੀਰ ਆਰਥਿਕ ਸੰਕਟ ਦਾ ਸਾਹਮਣਾ ਕਰ ਰਹੇ ਹਨ।ਪਿਛਲੇ ਛੇ ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਾਰਨ ਕਰਮਚਾਰੀਆਂ ਦੇ ਪਰਿਵਾਰ ਭਾਰੀ ਮੁਸ਼ਕਲਾਂ ਵਿੱਚੋਂ ਗੁਜ਼ਰ ਰਹੇ ਹਨ।ਮਹਿੰਗਾਈ ਦੇ ਮੌਜੂਦਾ ਦੌਰ ਵਿੱਚ ਬਿਨਾਂ ਤਨਖਾਹ ਦੇ ਗੁਜ਼ਾਰਾ ਕਰਨਾ ਬਹੁਤ ਔਖਾ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਕਰਮਚਾਰੀਆਂ ਦੀਆਂ ਬਕਾਇਆ ਤਨਖਾਹਾਂ ਤੁਰੰਤ ਜਾਰੀ ਕੀਤੀਆਂ ਜਾਣ ਤੇ ਸਾਲਾਂ ਤੋਂ ਸੇਵਾ ਨਿਭਾਅ ਰਹੇ ਨਰੇਗਾ ਕਰਮਚਾਰੀਆਂ ਨੂੰ ਪੱਕਾ ਕਰਕੇ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਇਆ ਜਾਵੇ।ਇਹ ਮੰਗਾਂ ਪੂਰੀ ਤਰ੍ਹਾਂ ਜਾਇਜ਼ ਹਨ ਤੇ ਸਰਕਾਰ ਨੂੰ ਇਨ੍ਹਾਂ ਦੇ ਹੱਲ ਲਈ ਗੰਭੀਰਤਾ ਨਾਲ ਕਦਮ ਚੁੱਕਣੇ ਚਾਹੀਦੇ ਹਨ।ਗਦਾਈਆ ਤੇ ਖੋਸਾ ਨੇ ਕਿਹਾ ਕਿ ਨਰੇਗਾ ਕਰਮਚਾਰੀਆਂ ਦੀ ਹੜਤਾਲ ਕਾਰਨ ਪਿੰਡਾਂ ਦੇ ਹਜ਼ਾਰਾਂ ਮਜ਼ਦੂਰਾਂ ਦਾ ਰੁਜ਼ਗਾਰ ਪ੍ਰਭਾਵਿਤ ਹੋ ਰਿਹਾ ਹੈ।ਇਸ ਲਈ ਸਰਕਾਰ ਨੂੰ ਟਕਰਾਅ ਵਾਲਾ ਰਵੱਈਆ ਅਪਣਾਉਣ ਦੀ ਬਜਾਏ ਗੱਲਬਾਤ ਰਾਹੀਂ ਮਸਲੇ ਦਾ ਹੱਲ ਕੱਢਣਾ ਚਾਹੀਦਾ ਹੈ।ਨਰੇਗਾ ਸਕੀਮ ਪੇਂਡੂ ਗਰੀਬਾਂ ਲਈ ਰੁਜ਼ਗਾਰ ਦਾ ਮਹੱਤਵਪੂਰਨ ਸਾਧਨ ਹੈ ਤੇ ਇਸ ਦੇ ਕੰਮ ਰੁਕਣ ਨਾਲ ਸਭ ਤੋਂ ਵੱਧ ਨੁਕਸਾਨ ਮਜ਼ਦੂਰ ਵਰਗ ਨੂੰ ਝੱਲਣਾ ਪੈਂਦਾ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 21 ਜੂਨ ਤੋਂ ਹਰ ਹਾਲਤ ਵਿੱਚ ਨਰੇਗਾ ਦੇ ਕੰਮ ਮੁੜ ਸ਼ੁਰੂ ਹੋਣੇ ਚਾਹੀਦੇ ਹਨ ਤਾਂ ਜੋ ਮਜ਼ਦੂਰਾਂ ਨੂੰ ਰੁਜ਼ਗਾਰ ਮਿਲ ਸਕੇ ਤੇ ਪਿੰਡਾਂ ਦੇ ਵਿਕਾਸ ਕਾਰਜ ਪ੍ਰਭਾਵਿਤ ਨਾ ਹੋਣ।ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਨਰੇਗਾ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਗਿਆ ਤੇ ਨਰੇਗਾ ਦੇ ਕੰਮ ਸ਼ੁਰੂ ਨਾ ਹੋਏ ਤਾਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਅਗਲੀ ਰਣਨੀਤੀ ਤਿਆਰ ਕਰੇਗੀ।ਉਨ੍ਹਾਂ ਸਮੂਹ ਨਰੇਗਾ ਮਜ਼ਦੂਰਾਂ ਤੇ ਲੋਕਤੰਤਰੀ ਜਥੇਬੰਦੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਨਰੇਗਾ ਕਰਮਚਾਰੀਆਂ ਦੇ ਸੰਘਰਸ਼ ਦਾ ਸਮਰਥਨ ਕਰਨ ਤਾਂ ਜੋ ਉਨ੍ਹਾਂ ਦੇ ਹੱਕਾਂ ਤੇ ਰੁਜ਼ਗਾਰ ਦੀ ਰੱਖਿਆ ਕੀਤੀ ਜਾ ਸਕੇ।

# ਫੱਗੂਵਾਲਾ ਨੇੜੇ ਸੜਕ ਹਾਦਸੇ 'ਚ 2 ਦੀ ਮੌਤ, ਇੱਕ ਗੰਭੀਰ ਜ਼ਖ਼ਮੀ



**ਭਵਾਨੀਗੜ੍ਹ (ਰਾਜ ਖੁਰਮੀ)**

ਇਥੋਂ ਨੇੜਲੇ ਪਿੰਡ ਫੱਗੂਵਾਲਾ ਕੋਲ ਦਿੱਲੀ-ਕੱਟੜਾ ਹਾਈਵੇ 'ਤੇ ਬੀਤੀ ਰਾਤ ਕਰੀਬ 2:30 ਵਜੇ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ, ਜਿਸ ਵਿੱਚ ਇੱਕ ਨੌਜਵਾਨ ਤੇ ਇੱਕ ਨਾਬਾਲਗ ਲੜਕੀ ਦੀ ਮੌਤ ਹੋ ਗਈ, ਜਦਕਿ ਇੱਕ ਹੋਰ ਲੜਕੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ।ਮੌਕੇ 'ਤੇ ਪਹੁੰਚੀ ਸੜਕ ਸੁਰੱਖਿਆ ਫੋਰਸ (ਐੱਸ.ਐੱਸ.ਐੱਫ.) ਦੀ ਟੀਮ ਦੇ ਇੰਚਾਰਜ ਏ.ਐੱਸ.ਆਈ. ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਹਾਈਵੇ 'ਤੇ ਇੱਕ ਟਰੱਕ ਖ਼ਰਾਬ ਹੋਣ ਕਾਰਨ ਸੜਕ ਕਿਨਾਰੇ ਖੜ੍ਹਾ ਸੀ। ਇਸ ਦੌਰਾਨ ਪਿੱਛੋਂ ਆ ਰਹੀ ਇੱਕ ਟੋਇਟਾ ਹਾਈਰਾਈਡਰ ਕਾਰ (ਨੰਬਰ ਡੀ ਐੱਲ 14-ਸੀਜੇ-1807) ਬੇਕਾਬੂ ਹੋ ਕੇ ਟਰੱਕ ਨਾਲ ਜਾ ਟਕਰਾਈ।ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਦੇ ਪਰਖੱਚੇ ਉੱਡ ਗਏ।

ਹਾਦਸੇ ਵਿੱਚ ਕਾਰ ਚਾਲਕ ਪ੍ਰਿੰਸ ਕੁਮਾਰ (27) ਪੁੱਤਰ ਲਮੇਸ਼ ਰਾਏ ਵਾਸੀ ਬੁੱਧ ਨਗਰ, ਜ਼ਿਲ੍ਹਾ ਗੌਤਮ ਬੁੱਧ ਨਗਰ (ਉੱਤਰ ਪ੍ਰਦੇਸ਼) ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਸ ਦੇ ਨਾਲ ਸਵਾਰ ਮਹਿਰਾ (16) ਪੁੱਤਰੀ ਮੁਹੰਮਦ ਅਸ਼ਫਾਕ ਵਾਸੀ ਬਟਲਾ ਹਾਊਸ, ਦਿੱਲੀ ਨੇ ਹਸਪਤਾਲ ਪਹੁੰਚਣ ਉਪਰੰਤ ਦਮ ਤੋੜ ਦਿੱਤਾ।ਹਾਦਸੇ ਵਿੱਚ ਸਾਨੀਆ (21) ਪੁੱਤਰੀ ਮੁਹੰਮਦ ਅਸ਼ਫਾਕ ਵਾਸੀ ਬਟਲਾ ਹਾਊਸ, ਦਿੱਲੀ ਗੰਭੀਰ ਜ਼ਖ਼ਮੀ ਹੋ ਗਈ, ਜਿਸ ਨੂੰ ਐੱਸ.ਐੱਸ.ਐੱਫ. ਦੀ ਟੀਮ ਤੇ ਰਾਹਗੀਰਾਂ ਦੀ ਮਦਦ ਨਾਲ ਬੜੀ ਮੁਸ਼ਕਲ ਨਾਲ ਕਾਰ ਵਿੱਚੋਂ ਬਾਹਰ ਕੱਢਿਆ ਗਿਆ ਅਤੇ ਤੁਰੰਤ ਸਰਕਾਰੀ ਹਸਪਤਾਲ ਭਵਾਨੀਗੜ੍ਹ ਵਿਖੇ ਦਾਖ਼ਲ ਕਰਵਾਇਆ ਗਿਆ।ਜਾਣਕਾਰੀ ਅਨੁਸਾਰ ਤਿੰਨੇ ਵਿਅਕਤੀ ਦਿੱਲੀ ਤੋਂ ਜੰਮੂ ਵੱਲ ਜਾ ਰਹੇ ਸਨ।ਹਾਦਸੇ ਤੋਂ ਬਾਅਦ ਹਾਈਵੇ 'ਤੇ ਕੁਝ ਸਮੇਂ ਲਈ ਆਵਾਜਾਈ ਪ੍ਰਭਾਵਿਤ ਰਹੀ।ਬਾਅਦ ਵਿੱਚ ਹਾਈਡਰਾ ਮਸ਼ੀਨ ਦੀ ਮਦਦ ਨਾਲ ਟਰੱਕ ਤੇ ਕਾਰ ਨੂੰ ਸੜਕ ਤੋਂ ਹਟਾ ਕੇ ਇੱਕ ਪਾਸੇ ਕੀਤਾ ਗਿਆ, ਜਿਸ ਤੋਂ ਬਾਅਦ ਆਵਾਜਾਈ ਮੁੜ ਬਹਾਲ ਹੋਈ।ਘਟਨਾ ਦੀ ਸੂਚਨਾ ਮਿਲਣ 'ਤੇ ਭਵਾਨੀਗੜ੍ਹ ਪੁਲਸ ਦੇ ਏ.ਐੱਸ.ਆਈ. ਗੁਰਦੀਪ ਸਿੰਘ ਮੌਕੇ 'ਤੇ ਪਹੁੰਚੇ ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ।ਇਸ ਮੌਕੇ ਐੱਸ.ਐੱਸ.ਐੱਫ. ਦੇ ਮੁਲਾਜ਼ਮ ਬਲਵਿੰਦਰ ਸਿੰਘ, ਜਸਪ੍ਰੀਤ ਸਿੰਘ ਤੇ ਹੋਰ ਕਰਮਚਾਰੀ ਵੀ ਹਾਜ਼ਰ ਸਨ।ਪੁਲਸ ਵੱਲੋਂ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦੇ ਲੋਕ ਭਲਾਈ ਯਤਨਾਂ ਦੀ ਸਮਾਜ 'ਚ ਭੂਮਿਕਾ ਅਹਿਮ : ਅਮਨ ਅਰੋੜਾ

**ਪੀਰ ਬਾਬਾ ਚਿਰੰਗੀ ਸ਼ਾਹ ਕਮਿਊਨਿਟੀ ਹਾਲ ਵਿਖੇ ਮੁਫ਼ਤ ਮੈਡੀਕਲ ਕੈਂਪ**

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਪੀਰ ਬਾਬਾ ਚਿਰੰਗੀ ਸ਼ਾਹ ਸਮਿਤੀ ਵੱਲੋਂ ਜਨ ਸੇਵਾ ਦੇ ਮੰਤਵ ਨਾਲ ਬਾਬਾ ਚਿਰੰਗੀ ਸ਼ਾਹ ਜੀ ਦੀ ਯਾਦ ਵਿੱਚ ਉਨ੍ਹਾਂ ਦੇ ਅਸਥਾਨ ਵਿਖੇ ਇੱਕ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ।ਇਸ ਕੈਂਪ ਦਾ ਮੁੱਖ ਉਦੇਸ਼ ਇਲਾਕੇ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਤੇ ਸਿਹਤ ਪ੍ਰਤੀ ਜਾਗਰੂਕ ਕਰਨਾ ਸੀ।ਕੈਂਪ ਵਿੱਚ ਵੱਖ-ਵੱਖ ਬਿਮਾਰੀਆਂ ਦੀ ਜਾਂਚ ਲਈ ਮਾਹਿਰ ਡਾਕਟਰਾਂ ਦੀ ਟੀਮ ਮੌਜੂਦ ਰਹੀ, ਜਿਨ੍ਹਾਂ ਵੱਲੋਂ ਸੈਂਕੜਿਆਂ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੀ ਸਲਾਹ ਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।



ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਸਮਾਜ ਸੇਵਾ ਤੇ ਮਨੁੱਖਤਾ ਦੀ ਭਲਾਈ ਲਈ ਇਸ ਤਰ੍ਹਾਂ ਦੇ ਉਪਰਾਲੇ ਬਹੁਤ ਹੀ ਸ਼ਲਾਘਾਯੋਗ ਹਨ।ਉਨ੍ਹਾਂ ਕਿਹਾ ਕਿ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਵੱਲੋਂ ਲੋਕਾਂ ਦੀ ਸਿਹਤ ਲਈ ਕੀਤੇ ਜਾ ਰਹੇ ਯਤਨ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਕੈਬਨਿਟ ਮੰਤਰੀ ਨੇ ਪੀਰ ਬਾਬਾ ਚਿਰੰਗੀ ਸ਼ਾਹ ਸਮਿਤੀ ਦੇ ਮੈਂਬਰਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਲੰਮੇ ਸਮੇਂ ਤੋਂ ਲੋਕ ਭਲਾਈ ਦੇ ਕਾਰਜਾਂ ਵਿੱਚ ਸਰਗਰਮ ਹਨ ਤੇ ਸਮਾਜ ਨੂੰ ਏਕਤਾ ਤੇ ਸੇਵਾ ਦਾ ਸੰਦੇਸ਼ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਇਸ ਮੌਕੇ ਕੈਬਨਿਟ ਮੰਤਰੀ ਦਾ ਸਮਿਤੀ ਵੱਲੋਂ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਪੀਰ ਬਾਬਾ ਚਿਰੰਗੀ ਸ਼ਾਹ ਸਮਿਤੀ ਦੇ ਅਹੁਦੇਦਾਰ, ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਸਮਾਜ ਸੇਵੀ ਤੇ ਸਮਿਤੀ ਮੈਂਬਰ ਹਾਜ਼ਰ ਸਨ।

## ਕਾਤਰਾਂ

### ਸਕਿੱਲ ਡਿਵੈਲਪਮੈਂਟ ਸੈਂਟਰ ਆਫ਼ ਐਕਸੀਲੈਂਸ ਦਾ ਉਦਘਾਟਨ ਅੱਜ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਨ ਫਾਊਂਡੇਸ਼ਨ ਨੌਜਵਾਨਾਂ ਨੂੰ ਸਵੈ-ਨਿਰਭਰ ਬਣਨ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਨੂੰ ਆਕਾਰ ਦੇਣ ਲਈ ਸਸ਼ਕਤ ਬਣਾਉਣ ਲਈ ਫਰੀਦਕੋਟ ਵਿੱਚ ਇੱਕ ਇਤਿਹਾਸਕ ਸ਼ੁਰੂਆਤ ਕਰ ਰਿਹਾ ਹੈ। ਸਨ ਫਾਊਂਡੇਸ਼ਨ ਦੀ ਅਗਵਾਈ ਹੇਠ ਸਥਾਪਿਤ 'ਸਕਿੱਲ ਡਿਵੈਲਪਮੈਂਟ ਸੈਂਟਰ ਆਫ਼ ਐਕਸੀਲੈਂਸ' ਦਾ ਸ਼ਾਨਦਾਰ ਉਦਘਾਟਨ ਸਮਾਰੋਹ ਸੋਮਵਾਰ 15 ਜੂਨ ਨੂੰ ਆਯੋਜਿਤ ਕੀਤਾ ਜਾ ਰਿਹਾ ਹੈ।ਇਹ ਕੇਂਦਰ ਰਾਜ ਸਭਾ ਮੈਂਬਰ ਅਤੇ ਸਨ ਫਾਊਂਡੇਸ਼ਨ ਦੇ ਚੇਅਰਮੈਨ ਡਾ. ਵਿਕਰਮਜੀਤ ਸਿੰਘ ਸਾਹਨੀ ਦੇ ਹਰ ਸਾਲ 10,000 ਨੌਜਵਾਨਾਂ ਨੂੰ ਪੂਰੀ ਤਰ੍ਹਾਂ ਮੁਫ਼ਤ ਹੁਨਰ ਸਿਖਲਾਈ ਅਤੇ ਸਨਮਾਨਜਨਕ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਨੇਕ ਸੰਕਲਪ ਦਾ ਹਿੱਸਾ ਹੈ।

### ਸੜਕ ਹਾਦਸੇ 'ਚ ਇਕ ਜ਼ਖਮੀਂ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਲਾਂਵਾਲਾ ਵਿਖੇ ਹੋਏ ਸੜਕ ਹਾਦਸੇ ਵਿੱਚ ਇਕ ਵਿਅਕਤੀ ਦੇ ਜ਼ਖਮੀ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਮੱਲਾਂਵਾਲਾ ਪੁਲਸ ਨੇ ਅਣਪਛਾਤੇ ਵਹੀਕਲ ਚਾਲਕ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਲਾਲ ਮਸੀਹ ਪੁੱਤਰ ਕਾਕਾ ਮਸੀਹ ਵਾਸੀ ਪਿੰਡ ਚਾਬ ਨੇ ਦੱਸਿਆ ਕਿ 9 ਜੂਨ 2026 ਨੂੰ ਉਹ ਆਪਣੀ ਘਰਵਾਲੀ ਜੀਨਾ ਰਾਣੀ ਨਾਲ ਆਪਣੇ ਮੋਟਰਸਾਈਕਲ ਹੀਰੋ ਹਾਂਡਾ 'ਤੇ ਸਵਾਰ ਹੋ ਕੇ ਮੱਲਾਂਵਾਲਾ ਤੋਂ ਆਪਣੇ ਪਿੰਡ ਜਾ ਰਹੇ ਸੀ। ਜਦ ਬੂਟੇ ਵਾਲਾ ਨੂੰ ਜਾਂਦੀ ਸੜਕ ਤੋਂ ਥੋੜ੍ਹਾ ਅੱਗੇ ਗਏ ਤਾਂ ਪਿੱਛੋਂ ਕਿਸੇ ਅਣਪਛਾਤੇ ਵਹੀਕਲ ਨੇ ਤੇਜ਼ ਰਫਤਾਰ ਤੇ ਬਿਨਾਂ ਹਾਰਨ ਦਿੱਤੇ ਪਿੱਛੋਂ ਉਸ ਨੂੰ ਫੇਟ ਮਾਰ ਦਿੱਤੀ, ਜਿਸ ਨਾਲ ਉਸ ਦੇ ਸੱਟਾਂ ਲੱਗੀਆਂ। ਲਾਲ ਮਸੀਹ ਨੇ ਦੱਸਿਆ ਕਿ ਉਸ ਦਾ ਇਲਾਜ ਡੀਐੱਮਸੀ ਹਸਪਤਾਲ ਲੁਧਿਆਣਾ ਵਿਚ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਖਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਹੀਕਲ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਇਕ ਦਿਨ 'ਚ ਰਿਕਾਰਡ ਤਿੰਨ ਰੈਕ ਟਰੈਕਟਰ ਲੋਡਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਵਿੱਚ ਫਿਰੋਜ਼ਪੁਰ ਮੰਡਲ ਦੀ ਬਿਜ਼ਨੈੱਸ ਡਿਵੈਲਪਮੈਂਟ ਯੂਨਿਟ ਨੇ ਇਕ ਹੋਰ ਮਹੱਤਵਪੂਰਨ ਪ੍ਰਾਪਤੀ ਹਾਸਲ ਕੀਤੀ ਹੈ। ਵੱਖ-ਵੱਖ ਹਿੱਸੇਦਾਰਾਂ ਨਾਲ ਬਿਹਤਰ ਤਾਲਮੇਲ ਤੇ ਨਿਰੰਤਰ ਯਤਨਾਂ ਦੇ ਨਤੀਜੇ ਵਜੋਂ 13 ਜੂਨ 2026 ਨੂੰ ਮੰਡਲ ਵਿੱਚ ਇੱਕੋ ਦਿਨ ਵਿੱਚ ਤਿੰਨ ਰੈਕ ਟਰੈਕਟਰਾਂ ਦੀ ਲੋਡਿੰਗ ਕੀਤੀ ਗਈ। ਇਸ ਰਿਕਾਰਡ ਲੋਡਿੰਗ ਨਾਲ ਨਾ ਸਿਰਫ਼ ਮੰਡਲ ਦੇ ਮਾਲ ਆਵਾਜਾਈ ਵਿੱਚ ਵਾਧਾ ਹੋਇਆ ਹੈ, ਸਗੋਂ ਰੇਲ ਮਾਲੀਏ ਵਿੱਚ ਵੀ ਜ਼ਿਕਰਯੋਗ ਵਾਧਾ ਦਰਜ ਕੀਤਾ ਗਿਆ ਹੈ। ਇਹ ਪ੍ਰਾਪਤੀ ਫਿਰੋਜ਼ਪੁਰ ਮੰਡਲ ਦੀ ਕੁਸ਼ਲ ਕਾਰਜਪ੍ਰਣਾਲੀ, ਪ੍ਰਭਾਵਸ਼ਾਲੀ ਮਾਰਕੀਟਿੰਗ ਯਤਨਾਂ ਤੇ ਗਾਹਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸੁਵਿਧਾਜਨਕ ਸੇਵਾਵਾਂ ਦਾ ਨਤੀਜਾ ਹੈ। ਸੀਨੀਅਰ ਮੰਡਲ ਵਣਜ ਪ੍ਰਬੰਧਕ/ਫਰੇਟ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਮਾਲ ਢੋਆ-ਢੁਆਈ ਨੂੰ ਉਤਸ਼ਾਹਤ ਕਰਨ ਤੇ ਗਾਹਕਾਂ ਨੂੰ ਕਿਫਾਇਤੀ, ਸੁਰੱਖਿਅਤ, ਸਮਾਂਬੱਧ ਅਤੇ 'ਡੋਰ-ਟੂ-ਡੋਰ' ਸੇਵਾਵਾਂ ਉਪਲਬੱਧ ਕਰਾਉਣ ਲਈ ਨਿਰੰਤਰ ਯਤਨਸ਼ੀਲ ਹੈ।

# ਅਮਰੀਕਾ ਵੱਲੋਂ ਭਾਰਤ ਨੂੰ ਇੱਕ ਹੋਰ ਜ਼ੋਰਦਾਰ ਝਟਕਾ, ਪ੍ਰਧਾਨ ਮੰਤਰੀ ਚੁੱਪ ਕਿਉਂ : ਸੀ ਪੀ ਆਈ

**ਲੁਧਿਆਣਾ (ਐੱਮ ਐੱਸ ਭਾਟੀਆ)**-ਖਾੜੀ ਖੇਤਰ ਵਿੱਚ ਭਾਰਤ ਦੇ ਵਪਾਰਕ ਜਹਾਜ਼ਾਂ 'ਤੇ ਮਿਜ਼ਾਈਲਾਂ ਨਾਲ ਹਮਲੇ ਕਰਕੇ ਅਮਰੀਕਾ ਵੱਲੋਂ ਤਿੰਨ ਮਲਾਹਾਂ ਦੀ ਹੱਤਿਆ ਕਰ ਦਿੱਤੀ ਗਈ।ਇਸ 'ਤੇ ਰੋਸ ਜਤਾਉਣ ਲਈ ਭਾਰਤ ਦੇ ਵਿਦੇਸ਼ ਮੰਤਰੀ ਜੈ ਸ਼ੰਕਰ ਨੇ ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨਾਲ ਗੱਲਬਾਤ ਕੀਤੀ।ਬਾਅਦ ਵਿੱਚ ਜਾਰੀ ਬਿਆਨ ਵਿੱਚ ਰੂਬੀਓ ਨੇ ਅਫਸੋਸ ਤਾਂ ਕੀ ਜਤਾਉਣਾ ਸੀ, ਉਲਟੇ ਇਹ ਕਹਿ ਦਿੱਤਾ ਕਿ ਜਲਡਮਰੂ ਹਾਰਮੂਜ ਵਿੱਚ ਅਮਰੀਕਾ ਵੱਲੋਂ ਕੀਤੀ ਗਈ ਨਾਕੇਬੰਦੀ ਦੀ ਉਲੰਘਣਾ ਨੂੰ ਸਹਿਣ ਨਹੀਂ ਕੀਤਾ ਜਾਏਗਾ।ਇਸ ਢੰਗ ਦੇ ਨਾਲ ਉਨ੍ਹਾਂ ਨੇ ਮਿਜ਼ਾਈਲਾਂ ਨਾਲ ਹਮਲੇ ਕਰਕੇ ਭਾਰਤ ਦੇ ਮਲਾਹਾਂ ਦੀ ਹੱਤਿਆ ਨੂੰ ਜਾਇਜ਼ ਠਹਿਰਾਇਆ ਹੈ।

ਭਾਰਤੀ ਕਮਿਊਨਿਸਟ ਪਾਰਟੀ ਦੀ ਲੁਧਿਆਣਾ ਜ਼ਿਲ੍ਹਾ ਦੀ ਇਕਾਈ ਦੇ ਸਹਾਇਕ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ, ਐੱਮ ਐੱਸ ਭਾਟੀਆ ਤੇ ਡਾ: ਰਜਿੰਦਰ ਪਾਲ ਸਿੰਘ ਔਲਖ, ਡਾ: ਅਰੁਣ ਮਿੱਤਰਾ, ਰਮੇਸ਼ ਰਤਨ, ਵਿਜੇ ਕੁਮਾਰ ਅਤੇ ਕੇਵਲ ਸਿੰਘ ਬਨਵੈਤ ਨੇ ਕਿਹਾ ਹੈ ਕਿ ਇਹ ਬਹੁਤ ਹੀ ਦੁਖਦਾਈ ਗੱਲ ਹੈ ਕਿ ਅਮਰੀਕਾ ਦੇ ਇਸ ਕਿਸਮ ਦੇ ਵਿਹਾਰ ਤੋਂ ਬਾਅਦ ਵੀ ਸਾਡੇ ਪ੍ਰਧਾਨ ਮੰਤਰੀ ਬਿਲਕੁਲ ਚੁੱਪ ਹਨ ਤੇ ਇੱਕ ਲਫਜ਼ ਵੀ ਅਮਰੀਕਾ ਦੀ ਇਸ ਕਾਰਵਾਈ ਖਿਲਾਫ ਨਹੀਂ ਬੋਲੇ।ਇਸ ਦੇ ਉਲਟ ਉਹ ਹੁਣ ਫਰਾਂਸ ਗਏ ਹੋਏ ਹਨ, ਜਿੱਥੇ ਕਿ ਜੀ-7 ਦੀ ਮੀਟਿੰਗ ਦੇ ਵਿੱਚ ਇਹ ਕਿਹਾ ਜਾ ਰਿਹਾ ਹੈ ਕਿ ਟਰੰਪ ਦੇ ਨਾਲ ਸਿੱਧੀ ਮੁਲਾਕਾਤ ਕਰਨਗੇ। ਇਸ ਮੁਲਾਕਾਤ ਵਿੱਚ ਉਹ ਇਸ ਮੁੱਦੇ ਨੂੰ ਚੁੱਕਣਗੇ, ਇਸ ਬਾਰੇ ਕਹਿਣਾ ਬਹੁਤ ਕਠਿਨ ਹੈ? ਨਾਲ ਹੀ ਪੱਛਮੀ ਏਸ਼ੀਆ ਵਿੱਚ ਸ਼ਾਂਤੀ ਬਾਰੇ ਫਰਾਂਸ ਨੇ ਇੱਕ ਮੀਟਿੰਗ ਜਥੇਬੰਦ ਕਰਨ ਦੀ ਗੱਲ ਕੀਤੀ ਹੈ ਤੇ ਉਸ ਵਿੱਚ ਭਾਰਤ ਨੂੰ ਵੀ ਸੱਦਿਆ ਹੈ।ਦੂਜੇ ਪਾਸੇ ਅਮਰੀਕਾ ਨੇ ਸਾਫ ਤੌਰ 'ਤੇ ਕਿਹਾ ਹੈ ਕਿ ਪਾਕਿਸਤਾਨ ਦੀ ਭੂਮਿਕਾ ਬਹੁਤ ਸ਼ਲਾਘਾਯੋਗ ਹੈ ਤੇ ਉਸ ਦੇ ਸਦਕਾ ਜਲਦੀ ਹੀ ਪੱਛਮੀ ਏਸ਼ੀਆ ਵਿੱਚ ਅਮਨ ਕਾਇਮ ਕਰਨ ਲਈ ਅਮਰੀਕਾ ਤੇ ਈਰਾਨ ਵਿੱਚ ਸਮਝੌਤਾ ਹੋ ਜਾਏਗਾ।ਇਸ ਨੇ ਮੋਦੀ ਸਰਕਾਰ ਵੱਲੋਂ ਅਪਣਾਈ ਜਾ ਰਹੀ ਵਿਦੇਸ਼ ਨੀਤੀ ਤੇ ਦੁਨੀਆਂ ਵਿੱਚ ਭਾਰਤ ਦੀ ਸਾਖ 'ਤੇ ਵੱਡੇ ਸਵਾਲ ਖੜੇ ਕਰ ਦਿੱਤੇ ਹਨ।

# ਕਾਮਰੇਡ ਤਰਸੇਮ ਰਾਜ ਦੇ ਲਾਪਤਾ ਪੁੱਤਰ ਦੀ ਲਾਸ਼ ਭਾਖੜਾ ਨਹਿਰ 'ਚੋਂ ਬਰਾਮਦ

**ਮਰਨ ਲਈ ਮਜਬੂਰ ਕਰਨ ਵਾਲਿਆਂ ਖਿਲਾਫ ਪਰਚਾ ਦਰਜ ਕਰਵਾਉਣ ਲਈ ਕੱਲ੍ਹ ਕੀਤੀ ਜਾਵੇਗੀ ਸੜਕ ਜਾਮ**

**ਬੋਹਾ (ਨਿਰੰਜਣ ਬੋਹਾ)**-ਭਾਰਤੀ ਕਮਿਊਨਿਸਟ ਪਾਰਟੀ ਦੇ ਮੈਂਬਰ ਕਾਮਰੇਡ ਤਰਸੇਮ ਰਾਜ ਸੈਕਟਰੀ ਦੇ ਪਿਛਲੇ ਤਿੰਨ ਦਿਨ ਤੋਂ ਲਾਪਤਾ ਪੁੱਤਰ ਭੁਪਿੰਦਰ ਕੁਮਾਰ ਉਰਫ ਭਿੰਦਾ (ਹੈਲਥ ਸੁਪਰਵਾਈਜ਼ਰ) ਦੀ ਲਾਸ਼ ਅੱਜ ਮਾਖੇਵਾਲਾ ਪੁੱਲ ਕੋਲ ਭਾਖੜਾ ਨਹਿਰ ਵਿੱਚੋਂ ਮਿਲ ਗਈ ਹੈ।ਉਨ੍ਹਾਂ ਦੀ ਮੌਤ ਬਾਰੇ ਇਹ ਇਹ ਚਰਚਾ ਪਾਈ ਜਾ ਰਹੀ ਹੈ ਕਿ ਉਨ੍ਹਾਂ ਨੂੰ ਭਾਖੜਾ ਨਹਿਰ ਵਿੱਚ ਛਾਲ ਮਾਰ ਕੇ ਖੁਦਕੁਸ਼ੀ ਕਰਨ ਲਈ ਕੁਝ ਰਾਜਸੀ ਸ਼ਹਿ ਪ੍ਰਾਪਤ ਲੋਕਾਂ ਵੱਲੋਂ ਮਜਬੂਰ ਕੀਤਾ ਗਿਆ ਹੈ।ਬੋਹਾ ਖੇਤਰ ਵਿੱਚ ਉਸ ਦੀ ਮੌਤ ਨੂੰ ਲੈ ਕੇ ਬਹੁਤ ਰੋਸ ਪਾਇਆ ਜਾ ਰਿਹਾ।ਵਪਾਰ ਮੰਡਲ ਬੋਹਾ ਤੇ ਹੋਰ ਸਮਾਜਿਕ ਜਥੇਬੰਦੀਆਂ ਨੇ ਦੱਸਿਆ ਕਿ ਭੁਪਿੰਦਰ ਕੁਮਾਰ ਭਿੰਦਾ ਦੀ ਲਾਸ਼ ਬੁਢਲਾਡਾ ਸਰਕਾਰੀ ਹਸਪਤਾਲ ਦੇ ਮਿਉਚਰੀ ਵਿੱਚ ਰੱਖ ਦਿੱਤੀ ਗਈ ਹੈ, ਪਰ ਉਦੋਂ ਤੱਕ ਉਸ ਦਾ ਪੋਸਟ ਮਾਰਟਮ ਨਹੀਂ ਕਰਵਾਇਆ ਜਾਵੇਗਾ, ਜਦੋਂ ਤੱਕ ਉਸ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ ਵਾਲੇ ਲੋਕਾਂ ਖਿਲਾਫ ਪਰਚਾ ਦਰਜ ਕਰਕੇ ਪਰਿਵਾਰ ਨੂੰ ਇਨਸਾਫ ਨਹੀਂ ਦਿੱਤਾ ਜਾਂਦਾ।ਵਪਾਰ ਮੰਡਲ ਦੇ ਆਗੂਆਂ ਨੇ ਦੱਸਿਆ ਕਿ ਕੱਲ੍ਹ ਬੋਹਾ ਸ਼ਹਿਰ ਮੁਕੰਮਲ ਤੌਰ 'ਤੇ ਬੰਦ ਰਹੇਗਾ ਤੇ ਬੋਹਾ ਬੁਢਲਾਡਾ-ਸੜਕ ਮੁੱਖ ਸੜਕ 'ਤੇ ਜਾਮ ਲਾ ਕੇ ਪਰਵਾਰ ਨੂੰ ਇਨਸਾਫ ਦੇਣ ਲਈ ਮੰਗ ਉਠਾਈ ਜਾਵੇਗੀ।ਲਾਸ਼ ਦੀ ਭਾਲ ਦੀ ਕਾਰਵਾਈ ਵਿੱਚ ਭਾਰਤੀ ਕਮਿਊਨਿਸਟ ਦੀ ਕੌਮੀ ਕੌਂਸਲ ਦੇ ਮੈਂਬਰ ਕਾ. ਅਰਸ਼ੀ ਤੇ ਹੋਰ ਕਮਿਊਨਿਸਟ ਆਗੂ ਵੀ ਹਾਜ਼ਰ ਰਹੇ।



# ਦਿੱਲੀ ਹਾਈ ਕੋਰਟ ਵੱਲੋਂ ਨਿਊਜ਼ਕਲਿੱਕ ਦੇ ਸੰਪਾਦਕ ਵਿਰੁੱਧ ਦਰਜ ਐੱਫ ਆਈ ਆਰ ਰੱਦ ਕਰਨ ਦਾ ਆਈ ਜੇ ਯੂ ਵੱਲੋਂ ਜ਼ੋਰਦਾਰ ਸੁਆਗਤ

**ਬਠਿੰਡਾ/ਰਾਏਕੋਟ (ਰਾਜੀਵ ਗੋਇਲ/ਸੰਤੋਖ ਗਿੱਲ)**-ਇੰਡੀਅਨ ਜਰਨਲਿਸਟ ਯੂਨੀਅਨ (ਆਈ ਜੇ ਯੂ) ਨੇ ਦਿੱਲੀ ਹਾਈ ਕੋਰਟ ਵਲੋਂ ਦਿੱਲੀ ਪੁਲਸ ਦੀ ਆਰਥਿਕ ਅਪਰਾਧ ਸ਼ਾਖਾ ਤੇ ਇਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਨਿਊਜ਼ਕਲਿੱਕ ਪੋਰਟਲ ਅਤੇ ਇਸ ਦੇ ਸੰਪਾਦਕ ਪ੍ਰਬੀਰ ਪੁਰਕਾਇਸਥ ਵਿਰੁੱਧ ਦਰਜ ਕੀਤੀ ਗਈ ਐੱਫ. ਆਈ. ਆਰ. ਨੂੰ ਰੱਦ ਕਰਨ ਦੇ ਫੈਸਲੇ ਦਾ ਸਵਾਗਤ ਕੀਤਾ ਹੈ।ਇੰਡੀਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਸਿੰਘ ਜੰਮੂ, ਸਕੱਤਰ ਜਨਰਲ ਡੀ. ਸੋਮਾ ਸੁੰਦਰ ਤੇ ਸਕੱਤਰ ਵਾਈ. ਨਰਿੰਦਰ ਰੈਡੀ ਨੇ ਕਿਹਾ ਕਿ ਇਹ ਫੈਸਲਾ ਦੇਸ਼ ਵਿੱਚ ਮੀਡੀਆ ਦੀ ਆਜ਼ਾਦੀ ਦੀ ਵਕਾਲਤ ਕਰਨ ਵਾਲੇ ਹਰ ਵਿਅਕਤੀ ਲਈ ਨੈਤਿਕ ਜਿੱਤ ਹੈ।ਉਨ੍ਹਾਂ ਕਿਹਾ ਕਿ ਇਹ ਸੁਤੰਤਰ ਆਵਾਜ਼ਾਂ ਤੇ ਆਲੋਚਨਾਤਮਕ ਪੱਤਰਕਾਰੀ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀਆਂ ਸਰਕਾਰਾਂ ਦੇ ਮੂੰਹ 'ਤੇ ਕਰਾਰੀ ਚਪੇੜ ਹੈ।ਇੰਡੀਅਨ ਜਰਨਲਿਸਟ ਯੂਨੀਅਨ ਨੇ ਯਾਦ ਕੀਤਾ ਕਿ ਇਕ ਸਮੇਂ ਜਦੋਂ ਅਖੌਤੀ ਮੁੱਖ ਧਾਰਾ ਮੀਡੀਆ ਸੰਗਠਨ ਕਾਰਪੋਰੇਟ ਹਿੱਤਾਂ ਤੇ ਰਾਜਨੀਤਕ ਪ੍ਰਚਾਰ ਦੀ ਸੇਵਾ ਕਰ ਰਹੇ ਹਨ, ਨਿਊਜ਼ਕਲਿੱਕ ਨੇ ਜਨਤਾ ਦੀ ਆਵਾਜ਼ ਨੂੰ ਜ਼ੋਰਦਾਰ ਢੰਗ ਨਾਲ ਵਧਾਉਣ ਦੀ ਕੋਸ਼ਿਸ਼ ਕੀਤੀ।ਪੋਰਟਲ ਨੇ ਨਵੀਂ ਦਿੱਲੀ ਵਿੱਚ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ 'ਤੇ ਲਗਾਤਾਰ ਰਿਪੋਰਟਿੰਗ ਕੀਤੀ ਤੇ ਸੱਤਾ ਵਿੱਚ ਬੈਠੇ ਲੋਕਾਂ 'ਤੇ ਸਵਾਲ ਉਠਾਏ। ਨਤੀਜੇ ਵਜੋਂ ਸੱਤਾਧਾਰੀ ਨਿਜ਼ਾਮ ਨੇ ਨਿਊਜ਼ਕਲਿੱਕ ਦੀ ਆਵਾਜ਼ ਨੂੰ ਦਬਾਉਣ ਲਈ ਝੂਠੇ ਦੋਸ਼ਾਂ ਦੇ ਆਧਾਰ 'ਤੇ ਕੇਸ ਦਰਜ ਕੀਤੇ।ਆਗੂਆਂ ਨੇ ਇਸ ਗੱਲ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਕਿ ਸਰਕਾਰ ਨੇ ਨਿਊਜ਼ਕਲਿੱਕ ਦੇ ਮੁੱਖ ਸੰਪਾਦਕ ਪ੍ਰਬੀਰ ਪੁਰਕਾਇਸਥ ਵਿਰੁੱਧ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (ਯੂਏਪੀਏ) ਵਰਗੇ ਕਠੋਰ ਕਾਨੂੰਨਾਂ ਦੀ ਵਰਤੋਂ ਕੀਤੀ ਅਤੇ ਉਨ੍ਹਾਂ ਸਮੇਤ ਕੁਝ ਹੋਰ ਪੱਤਰਕਾਰਾਂ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਭੇਜ ਦਿੱਤਾ, ਕਾਰਨ ਪੋਰਟਲ ਨਾਲ ਕੰਮ ਕਰਨ ਵਾਲੇ ਲਗਭਗ ਸੌ ਪੱਤਰਕਾਰ ਸੜਕਾਂ 'ਤੇ ਆ ਗਏ।ਆਈ ਜੇ ਯੂ ਨੇ ਨਿਊਜ਼ਕਲਿੱਕ ਵਿਰੁੱਧ ਦਰਜ ਕੀਤੇ ਗਏ ਹੋਰ ਸਾਰੇ ਮਨਘੜਤ ਮਾਮਲਿਆਂ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ।

## ਤ੍ਰਿਓਦਸ਼ੀ ਮੇਲੇ 'ਤੇ ਮੈਡੀਕਲ ਕੈਂਪ ਲਗਾਇਆ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਸੰਗਮੇਸ਼ਵਰ ਮਹਾਦੇਵ ਅਰੁਣਾਏ ਚੈਰੀਟੇਬਲ ਸੋਸਾਇਟੀ ਤੇ ਸ੍ਰੀ ਬਾਲਾ ਜੀ ਟਰੱਸਟ ਸੁਨਾਮ ਦੁਆਰਾ ਤ੍ਰਿਓਦਸ਼ੀ ਮੇਲੇ 'ਤੇ ਸੁਨਾਮ ਵਾਲੀ ਧਰਮਸ਼ਾਲਾ (ਅਰੁਣਾਏ) ਵਿਖੇ ਵਿਸ਼ਾਲ ਭੰਡਾਰਾ ਤੇ ਮੋਬਾਈਲ ਹਸਪਤਾਲ ਵੈਨ ਰਾਹੀਂ 134ਵਾਂ ਮੈਡੀਕਲ ਕੈਂਪ ਲਗਾਇਆ ਗਿਆ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਗੌਰਵ ਜਨਾਲੀਆ ਨੇ ਦੱਸਿਆ ਕਿ ਸ੍ਰੀ ਸੰਗਮੇਸ਼ਵਰ ਮਹਾਂਦੇਵ ਦੇ ਦਰਸ਼ਨ ਕਰਨ ਲਈ ਹਰ ਮਹੀਨੇ ਤ੍ਰਿਓਦਸ਼ੀ ਦੇ ਮੌਕੇ 'ਤੇ ਸ਼ਰਧਾਲੂਆਂ ਦੀ ਭਾਰੀ ਭੀੜ ਉਮੜਦੀ ਹੈ, ਜਿਸ ਕਾਰਨ ਹਰ ਮਹੀਨੇ ਸੁਨਾਮ ਵਾਲੀ ਧਰਮਸ਼ਾਲਾ ਵਿੱਚ ਭੰਡਾਰਾ ਲਗਾਇਆ ਜਾਂਦਾ ਹੈ।ਇਸ ਦੇ ਨਾਲ ਹੀ ਸ੍ਰੀ ਬਾਲਾ ਜੀ ਟਰੱਸਟ ਵੱਲੋਂ ਮੋਬਾਈਲ ਹਸਪਤਾਲ ਵੈਨ ਰਾਹੀਂ 134ਵਾਂ ਮੁਫ਼ਤ ਮੈਡੀਕਲ ਕੈਂਪ ਅਰੁਣਾਏ ਵਿੱਚ ਲਗਾਇਆ ਗਿਆ।ਫਾਰਮਾਸਿਸਟ ਅਮਨਦੀਪ ਗੋਇਲ ਵੱਲੋਂ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਤੇ ਸ੍ਰੀ ਬਾਲਾ ਜੀ ਟਰੱਸਟ ਵੱਲੋਂ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ ਗਈਆਂ।ਇਸ ਮੌਕੇ ਐਡਵੋਕੇਟ ਨਵੀਨ ਜੈਨ, ਐਡਵੋਕੇਟ ਪਾਰਸ ਜੈਨ, ਮੰਗਤ ਰਾਏ ਜਿੰਦਲ, ਸਾਹਿਲ ਮਿੱਤਲ, ਰੋਹਿਤ ਗੋਇਲ, ਸੋਨੂ ਸਿੰਗਲਾ, ਗਗਨ, ਕੇਸ਼ਵ ਗੁਪਤਾ, ਗੌਤਮ ਆਹੂਜਾ, ਸ਼ੈਟੀ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# 17 ਸਾਲਾ ਲੜਕੀ ਦੀ ਵੰਦੇ ਭਾਰਤ ਟਰੇਨ ਦੀ ਲਪੇਟ 'ਚ ਆਉਣ ਕਾਰਨ ਮੌਤ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਥਾਨਕ ਰੇਲਵੇ ਸਟੇਸ਼ਨ ਤੇ ਵਾਪਰੇ ਇੱਕ ਦਰਦਨਾਕ ਹਾਦਸੇ ਵਿੱਚ 17 ਸਾਲਾ ਲੜਕੀ ਦੀ ਵੰਦੇ ਭਾਰਤ ਟਰੇਨ ਦੀ ਚਪੇਟ ਵਿੱਚ ਆਉਣ ਕਾਰਨ ਮੌਤ ਹੋ ਗਈ।ਇਸ ਘਟਨਾ ਤੋਂ ਬਾਅਦ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ।ਮ੍ਰਿਤਕਾ ਦੀ ਪਛਾਣ ਗਾਂਧੀ ਨਗਰ ਨਿਵਾਸੀ ਨੀਲਮ ਕੌਰ (17) ਪੁੱਤਰੀ ਰਾਜੂ ਸਿੰਘ ਵਜੋਂ ਹੋਈ ਹੈ।ਰੇਲਵੇ ਪੁਲਸ ਨੇ ਲੋੜੀਂਦੀ ਕਾਨੂੰਨੀ ਕਾਰਵਾਈ ਪੂਰੀ ਕਰਨ ਤੋਂ ਬਾਅਦ ਪੋਸਟਮਾਰਟਮ ਉਪਰੰਤ ਲਾਸ਼ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ।ਜਾਣਕਾਰੀ ਅਨੁਸਾਰ ਨੀਲਮ ਕੌਰ ਸਵੇਰੇ ਕਿਸੇ ਕੰਮ ਲਈ ਘਰੋਂ ਬਾਹਰ ਨਿਕਲੀ ਸੀ।ਸਵੇਰੇ ਕਰੀਬ 9:40 ਵਜੇ ਉਹ ਰੇਲਵੇ ਪਲੇਟਫਾਰਮ ਨੇੜੇ ਰੇਲਵੇ ਲਾਈਨ ਪਾਰ ਕਰ ਰਹੀ ਸੀ।ਇਸ ਦੌਰਾਨ ਬਠਿੰਡਾ ਤੋਂ ਦਿੱਲੀ ਵੱਲ ਜਾ ਰਹੀ ਤੇਜ਼ ਰਫ਼ਤਾਰ ਵੰਦੇ ਭਾਰਤ ਟਰੇਨ ਦੀ ਚਪੇਟ ਵਿੱਚ ਆ ਗਈ।ਟੱਕਰ ਇੰਨੀ ਭਿਆਨਕ ਸੀ ਕਿ ਨੀਲਮ ਦੀ ਮੌਕੇ 'ਤੇ ਹੀ ਮੌਤ ਹੋ ਗਈ।ਹਾਦਸੇ ਦੀ ਸੂਚਨਾ ਮਿਲਦੇ ਹੀ ਰੇਲਵੇ ਪੁਲਸ ਤੇ ਸਹਾਰਾ ਸਮਾਜ ਸੇਵਾ ਸੰਸਥਾ ਦੇ ਮੈਂਬਰ ਮੌਕੇ 'ਤੇ ਪਹੁੰਚ ਗਏ।ਪੁਲਿਸ ਦੀ ਮੌਜੂਦਗੀ ਵਿੱਚ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਰੱਖਵਾਇਆ ਗਿਆ।ਰੇਲਵੇ ਪੁਲਸ ਨੇ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕਰਕੇ ਅਗਲੀ ਕਾਰਵਾਈ ਪੂਰੀ ਕੀਤੀ। ਪਰਿਵਾਰਕ ਮੈਂਬਰਾਂ ਅਨੁਸਾਰ ਨੀਲਮ ਨੇ ਹਾਲ ਹੀ ਵਿੱਚ ਬਾਰ੍ਹਵੀਂ ਦੀ ਪੜ੍ਹਾਈ ਪੂਰੀ ਕੀਤੀ ਸੀ ਤੇ ਅੱਗੇ ਕਾਨੂੰਨ ਦੀ ਪੜ੍ਹਾਈ ਕਰਕੇ ਵਕੀਲ ਬਣਨ ਦਾ ਸੁਪਨਾ ਦੇਖ ਰਹੀ ਸੀ।ਸਧਾਰਨ ਪਰਿਵਾਰ ਨਾਲ ਸਬੰਧਤ ਨੀਲਮ ਦੇ ਪਿਤਾ ਰਾਜੂ ਸਿੰਘ ਸਬਜ਼ੀ ਵੇਚ ਕੇ ਪਰਿਵਾਰ ਦਾ ਗੁਜ਼ਾਰਾ ਕਰਦੇ ਹਨ।ਦੋ ਭੈਣ-ਭਰਾਵਾਂ ਵਿੱਚ ਨੀਲਮ ਆਪਣੇ ਭਰਾ ਤੋਂ ਛੋਟੀ ਸੀ।ਉਸ ਦੀ ਅਚਾਨਕ ਮੌਤ ਨਾਲ ਪਰਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ।ਹਸਪਤਾਲ ਵਿੱਚ ਪਰਿਵਾਰਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ ਸੀ।



# ਜ਼ੋਨਲ ਨਿਰੰਕਾਰੀ ਬਾਲ ਸਮਾਗਮ ਸ਼ਰਧਾਪੂਰਵਕ ਕਰਵਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ੋਨ ਫਿਰੋਜ਼ਪੁਰ ਦਾ ਜ਼ੋਨਲ ਨਿਰੰਕਾਰੀ ਬਾਲ ਸਮਾਗਮ ਸੰਤ ਨਿਰੰਕਾਰੀ ਸਤਿਸੰਗ ਭਵਨ ਫਰੀਦਕੋਟ ਵਿਖੇ ਸ਼ਰਧਾ ਪੂਰਵਕ ਕਰਵਾਇਆ ਗਿਆ, ਜਿਸ ਵਿੱਚ ਫਿਰੋਜ਼ਪੁਰ ਜ਼ੋਨ ਦੀਆਂ 27 ਬ੍ਰਾਂਚਾਂ ਦੇ ਸੈਂਕੜੇ ਬੱਚਿਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ। ਬੱਚਿਆਂ ਦੁਆਰਾ ਕਵਾਲੀ, ਕਵਿਤਾਵਾਂ, ਸਕਿਟਾਂ, ਗੀਤਾਂ ਆਦਿ ਨਾਲ ਨਿਰੰਕਾਰੀ ਮਿਸ਼ਨ ਦੀਆਂ ਸਿੱਖਿਆਵਾਂ ਨੂੰ ਬਹੁਤ ਹੀ ਸੁੰਦਰ ਤਰੀਕੇ ਨਾਲ ਪ੍ਰਗਟ ਕੀਤਾ ਗਿਆ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਰਮਜੀਤ ਸਿੰਘ ਮੋਮਨ ਪ੍ਰਚਾਰਕ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਸਤਿਗੁਰੂ ਮਾਤਾ ਜੀ ਦਾ ਪਵਿੱਤਰ ਸੰਦੇਸ਼ ਦਿੱਤਾ। ਉਨ੍ਹਾਂ ਨੇ ਆਪਣੇ ਪ੍ਰਵਚਨਾਂ ਵਿੱਚ ਫਰਮਾਇਆ ਕਿ ਬੱਚੇ ਸਮਾਜ ਦਾ ਵਡਮੁੱਲਾ ਅੰਗ ਹਨ, ਬੱਚਿਆਂ ਨੇ ਹੀ ਇਸ ਸੁੰਦਰ ਸਮਾਜ ਦੀ ਸਿਰਜਣਾ ਕਰਨੀ ਹੁੰਦੀ ਹੈ। ਉਨ੍ਹਾਂ ਫਰਮਾਇਆ ਕਿ ਪਰਵਾਰ ਵਿੱਚ ਮਾਂ-ਪਿਓ ਦਾ ਜੋ ਰੋਲ ਹੁੰਦਾ ਹੈ, ਉਹ ਬੱਚਿਆਂ ਦੀ ਜ਼ਿੰਦਗੀ ਵਿੱਚ ਬਹੁਤ ਮਹੱਤਵਪੂਰਨ ਤੇ ਅਹਿਮ ਹੁੰਦਾ ਹੈ। ਮਾਤਾ-ਪਿਤਾ ਵੱਲੋਂ ਦਿੱਤੇ ਗਏ ਸੰਸਕਾਰ ਹੀ ਅੱਗੇ ਜਾ ਕੇ ਬੱਚਿਆਂ ਦੀ ਜ਼ਿੰਦਗੀ ਵਿੱਚ ਮੀਲ ਪੱਥਰ ਸਾਬਿਤ ਹੁੰਦੇ ਹਨ। ਅੱਜ ਅਸੀਂ ਸਾਰੇ ਹੀ ਬੜੇ ਭਾਗਾਂ ਵਾਲੇ ਹਾਂ ਕਿ ਸਾਡੇ ਬੱਚੇ ਨਿਰੰਕਾਰੀ ਮਿਸ਼ਨ ਦੀਆਂ ਸਿਖਲਾਈਆਂ ਨੂੰ ਆਪਣੇ ਜੀਵਨ ਵਿੱਚ ਅਪਨਾ ਕੇ, ਨਸ਼ਿਆਂ ਤੇ ਬੁਰੀਆਂ ਆਦਤਾਂ ਤੋਂ ਬਚ ਕੇ ਇੱਕ ਸੁੰਦਰ ਜੀਵਨ ਬਤੀਤ ਕਰ ਰਹੇ ਹਨ ਅਤੇ ਆਪਣੇ ਕਰਮ ਦੁਆਰਾ ਸਮਾਜ ਵਿੱਚ ਵੀ ਕਲਿਆਣਕਾਰੀ ਸਾਬਿਤ ਹੋ ਰਹੇ ਹਨ।

ਸਮਾਗਮ ਦੌਰਾਨ ਜਿੱਥੇ ਬੱਚਿਆਂ ਵਿੱਚ ਬਹੁਤ ਉਤਸ਼ਾਹ ਦੇਖਿਆ ਗਿਆ, ਉੱਥੇ ਹੀ ਬੱਚਿਆਂ ਦੇ ਮਾਪਿਆਂ ਵਿੱਚ ਵੀ ਸਤਿਗੁਰੂ ਪ੍ਰਤੀ ਸ਼ੁਕਰਾਨੇ ਦੇ ਭਾਵ ਵੇਖਣ ਨੂੰ ਮਿਲੇ। ਸੰਤ ਨਿਰੰਕਾਰੀ ਮਿਸ਼ਨ ਬ੍ਰਾਂਚ ਫਰੀਦਕੋਟ ਵੱਲੋਂ ਸ਼ਾਨਦਾਰ ਪ੍ਰਬੰਧ ਕੀਤੇ ਗਏ ਅਤੇ ਇਸ ਮੌਕੇ ਇੱਕ ਸੁੰਦਰ ਪ੍ਰਦਰਸ਼ਨੀ ਵੀ ਲਗਾਈ ਗਈ। ਸਮਾਗਮ ਦੇ ਅੰਤ ਵਿੱਚ ਫ਼ਿਰੋਜ਼ਪੁਰ ਦੇ ਜ਼ੋਨਲ ਇੰਚਾਰਜ ਸ੍ਰੀ ਐੱਨ ਐੱਸ ਗਿੱਲ ਤੇ ਬ੍ਰਾਂਚ ਫਰੀਦਕੋਟ ਦੇ ਬ੍ਰਾਂਚ ਇੰਚਾਰਜ ਭੈਣ ਸੁਰਜੀਤ ਕੌਰ ਭਾਟੀਆ ਨੇ ਸਾਰੇ ਹੀ ਮਹਿਮਾਨਾਂ, ਪ੍ਰਬੰਧਕਾਂ, ਬੱਚਿਆਂ ਤੇ ਸਮੂਹ ਸਾਧ ਸੰਗਤ ਦਾ ਨਿੱਘਾ ਸਵਾਗਤ ਕਰਦੇ ਹੋਏ ਧੰਨਵਾਦ ਕੀਤਾ।



# ਪੀ ਡਬਲਯੂ ਡੀ ਫ਼ੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਵੱਲੋਂ ਡਵੀਜ਼ਨਲ ਪੱਧਰੀ ਧਰਨੇ ਅੱਜ ਤੋਂ




**ਜ਼ੀਰਾ (ਨਰਿੰਦਰ ਅਨੇਜਾ)**-ਪੀ ਡਬਲਯੂ ਡੀ ਫ਼ੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਸੂਬੇ ਭਰ ਵਿੱਚ ਜਲ ਸਰੋਤ ਵਿਭਾਗ ਦੇ ਡਵੀਜ਼ਨ ਦਫ਼ਤਰਾਂ ਅੱਗੇ ਰੋਸ ਧਰਨੇ ਦਿੱਤੇ ਜਾਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਨੇ ਦੱਸਿਆ ਕਿ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1406-22-ਚੰਡੀਗੜ੍ਹ ਦੀ ਫੀਲਡ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਮੱਖਣ ਸਿੰਘ ਵਹਿਦਪੁਰ ਦੀ ਪ੍ਰਧਾਨਗੀ ਹੇਠ ਪਟਿਆਲਾ ਵਿਖੇ ਹੋਈ।ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਜਲ ਸਰੋਤ ਵਿਭਾਗ ਦੇ ਸਮੂਹ ਵਿੰਗਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਵਿਚਾਰਾਂ ਕੀਤੀਆਂ ਗਈਆਂ ਤੇ ਸਰਬਸੰਮਤੀ ਨਾਲ ਮਤਾ ਪਾਸ ਕਰਦਿਆਂ 15 ਜੂਨ 2026 ਤੋਂ 30 ਜੂਨ 2026 ਤੱਕ ਜਲ ਸਪਲਾਈ ਵਿਭਾਗ ਦੀਆਂ ਡਵੀਜ਼ਨਾਂ ਅੱਗੇ ਰੋਸ ਧਰਨੇ ਦੇਣ ਦਾ ਐਲਾਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ 1 ਜੁਲਾਈ 2026 ਤੋਂ 15 ਜੁਲਾਈ 2026 ਤੱਕ ਡਵੀਜ਼ਨਲ ਪੱਧਰ 'ਤੇ ਰੋਸ ਧਰਨਿਆਂ ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜੇ ਜਾਣਗੇ।ਉਨ੍ਹਾਂ ਕਿਹਾ ਕਿ ਸਰਕਲ ਪੱਧਰੀ ਧਰਨਿਆਂ ਉਪਰੰਤ ਵਿੱਤ ਮੰਤਰੀ ਪੰਜਾਬ ਨੂੰ ਜਲ ਸਪਲਾਈ, ਸੀਵਿਰੇਜ ਬੋਰਡ, ਪੀ ਡਬਲਯੂ ਡੀ, ਡ੍ਰੇਨੇਜ ਵਿਭਾਗ ਤੇ ਸਿੰਚਾਈ ਵਿਭਾਗ ਦੇ ਫੀਲਡ ਮੁਲਾਜ਼ਮਾਂ ਦੀਆ ਮੁੱਖ ਮੰਗਾਂ ਦੇ ਹੱਲ ਕਰਵਾਉਣ ਲਈ ਮੰਗ ਪੱਤਰ ਸੌਂਪਿਆ ਜਾਵੇਗਾ।ਇਸ ਮੌਕੇ ਉਨ੍ਹਾਂ ਦੇ ਨਾਲ ਸੁਲੱਖਣ ਸਿੰਘ, ਸੁਖਦੇਵ ਸਿੰਘ, ਸੁਰਿੰਦਰ ਹੈਪੀ, ਰਾਜ ਕੁਮਾਰ, ਰਾਮੇਸ਼ ਕੁਮਾਰ, ਬਲਵੰਤ ਸਿੰਘ, ਪੰਮਾ ਸਿੰਘ, ਰਵੀ ਕੁਮਾਰ, ਨਿਸ਼ਾਨ ਸਿੰਘ, ਗੁਰਬੀਰ ਸਿੰਘ, ਮਹਿੰਦਰ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

# ਆਦਰਸ਼ ਸਕੂਲ ਐਸੋਸੀਏਸ਼ਨ ਦੇ ਕਨਵੀਨਰਾਂ ਦਾ ਵ.ਫਦ ਵਿੱਤ ਮੰਤਰੀ ਨੂੰ ਮਿਲਿਆ

- ਚੀਮਾ ਨੇ ਤਨਖਾਹਾਂ ਦਾ ਮਸਲਾ ਇੱਕ ਹਫ਼ਤੇ 'ਚ ਹੱਲ ਕਰਨ ਦਾ ਦਿੱਤਾ ਭਰੋਸਾ
- ਚਾਉਕੇ ਦੇ ਬਰਖਾਸਤ ਕਰਮਚਾਰੀਆਂ ਦੇ ਮਾਮਲੇ ਦੀ ਜਾਂਚ ਦੇ ਦਿੱਤੇ ਆਦੇਸ਼



**ਮੋਗਾ (ਇਕਬਾਲ ਸਿੰਘ ਖਹਿਰਾ)**

ਆਦਰਸ਼ ਸਕੂਲ ਐਸੋਸੀਏਸ਼ਨ ਪੰਜਾਬ ਦੇ ਕਨਵੀਨਰਾਂ ਦੀ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਉੱਚ ਅਧਿਕਾਰੀਆਂ ਨਾਲ ਚੰਡੀਗੜ੍ਹ ਸਿਵਲ ਸਕੱਤਰੇਤ ਵਿਖੇ ਅਹਿਮ ਮੀਟਿੰਗ ਹੋਈ।ਮੀਟਿੰਗ ਦੌਰਾਨ ਆਦਰਸ਼ ਸਕੂਲਾਂ ਦੇ ਕਰਮਚਾਰੀਆਂ ਦੀਆਂ ਨਿਗੂਣੀਆਂ ਤਨਖਾਹਾਂ, ਸੇਵਾ ਸੁਰੱਖਿਆ ਤੇ ਹੋਰ ਲੰਬਿਤ ਮੰਗਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ।ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਕਨਵੀਨਰਾਂ ਅਮਨਦੀਪ ਸ਼ਾਸਤਰੀ, ਅਮਰਜੋਤ ਜੋਸ਼ੀ, ਸਲੀਮ ਮੁਹੰਮਦ, ਨਛੱਤਰ ਸਿੰਘ, ਮੱਖਣ ਸਿੰਘ ਬੀਰ, ਬਲਵਿੰਦਰ ਸਿੰਘ ਚਾਉਕੇ ਤੇ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਨੇ ਆਦਰਸ਼ ਸਕੂਲਾਂ ਦੇ ਸਟਾਫ਼ ਦੀਆਂ ਤਨਖਾਹਾਂ ਨਾਲ ਸਬੰਧਤ ਮਸਲੇ ਦਾ ਇੱਕ ਹਫ਼ਤੇ ਦੇ ਅੰਦਰ ਹੱਲ ਕਰਨ ਦਾ ਭਰੋਸਾ ਦਿੱਤਾ ਹੈ।ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਆਦਰਸ਼ ਸਕੂਲ ਚੌਂਕੇ ਦੇ ਬਰਖਾਸਤ ਕੀਤੇ ਗਏ ਕਰਮਚਾਰੀਆਂ ਦਾ ਮਾਮਲਾ ਵੀ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ, ਜਿਸ 'ਤੇ ਵਿੱਤ ਮੰਤਰੀ ਨੇ ਡੀ.ਪੀ.ਆਈ. ਸੈਕੰਡਰੀ ਸਿੱਖਿਆ ਨੂੰ ਜਾਂਚ ਦੇ ਹੁਕਮ ਜਾਰੀ ਕਰਦਿਆਂ ਮਾਮਲੇ ਦੀ ਰਿਪੋਰਟ ਪੇਸ਼ ਕਰਨ ਲਈ ਕਿਹਾ ਹੈ। ਐਸੋਸੀਏਸ਼ਨ ਦੇ ਆਗੂਆਂ ਨੇ ਕਿਹਾ ਕਿ ਆਦਰਸ਼ ਸਕੂਲਾਂ ਦਾ ਸਟਾਫ਼ ਲੰਬੇ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਿਹਾ ਹੈ ਤੇ ਹੁਣ ਸਰਕਾਰ ਵੱਲੋਂ ਦਿੱਤੇ ਭਰੋਸੇ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜੇਕਰ ਇੱਕ ਹਫ਼ਤੇ ਦੇ ਅੰਦਰ ਤਨਖਾਹਾਂ ਸਬੰਧੀ ਮਸਲੇ ਦਾ ਠੋਸ ਹੱਲ ਨਾ ਕੀਤਾ ਗਿਆ ਤਾਂ ਆਦਰਸ਼ ਸਕੂਲ ਐਸੋਸੀਏਸ਼ਨ ਪੰਜਾਬ ਆਗਾਮੀ ਦਿਨਾਂ ਵਿੱਚ ਆਪਣਾ ਸੰਘਰਸ਼ ਹੋਰ ਤਿੱਖਾ ਕਰਨ ਲਈ ਮਜਬੂਰ ਹੋਵੇਗੀ।ਆਗੂਆਂ ਨੇ ਉਮੀਦ ਜਤਾਈ ਕਿ ਪੰਜਾਬ ਸਰਕਾਰ ਆਪਣੇ ਵਾਅਦੇ ਅਨੁਸਾਰ ਜਲਦ ਹੀ ਕਰਮਚਾਰੀਆਂ ਦੀਆਂ ਮੰਗਾਂ ਦਾ ਹੱਲ ਕਰਕੇ ਆਦਰਸ਼ ਸਕੂਲਾਂ ਦੇ ਸਟਾਫ਼ ਨੂੰ ਰਾਹਤ ਪ੍ਰਦਾਨ ਕਰੇਗੀ।

# ਸਰਕਾਰ ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਮੰਗਾਂ ਤੁਰੰਤ ਲਾਗੂ ਕਰੇ : ਗੋਇਲ

- ਜਥੇਬੰਦਕ ਢਾਂਚੇ ਨੂੰ ਹੇਠਲੇ ਪੱਧਰ 'ਤੇ ਮਜ਼ਬੂਤ ਕਰਨ ਦਾ ਸੱਦਾ



**ਮਾਨਸਾ (ਆਤਮਾ ਸਿੰਘ ਪਮਾਰ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਸੂਬਾ ਕੈਸ਼ੀਅਰ ਰਾਕੇਸ਼ ਕੁਮਾਰ ਮਹਿਤਾ, ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ, ਸੀਨੀਅਰ ਵਾਇਸ ਪ੍ਰਧਾਨ ਜਸਵਿੰਦਰ ਸਿੰਘ ਖੀਵਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਲੰਘੀ 11 ਅਪ੍ਰੈਲ ਨੂੰ ਸੰਗਰੂਰ ਵਿਖੇ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨਾਲ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਚੋਣਾਂ ਮੌਕੇ ਤੇ ਨਵੰਬਰ 2024 'ਚ ਐਸੋਸੀਏਸ਼ਨ ਦੇ ਸੂਬਾਈ ਵਫ਼ਦ ਨਾਲ ਹੋਈ ਪੈਨਲ ਮੀਟਿੰਗ 'ਚ ਸ਼ਾਰਟ ਟਰਮ ਟ੍ਰੇਨਿੰਗ ਦੇ ਕੇ ਮੁਢੱਲੀਆਂ ਸਿਹਤ ਸੇਵਾਵਾਂ ਦੇਣ ਦੇ ਕੀਤੇ ਵਾਅਦੇ ਨੂੰ ਪੂਰਾ ਕਰਵਾਉਣ ਲਈ ਕੀਤੀ ਵਿਸ਼ਾਲ ਰੈਲੀ ਦੇ ਦਬਾਅ ਸਦਕਾ ਐਸੋਸੀਏਸ਼ਨ ਦੇ ਵਫਦ ਨਾਲ 16 ਅਪ੍ਰੈਲ ਨੂੰ ਪੰਜਾਬ ਭਵਨ ਚੰਡੀਗੜ੍ਹ ਵਿਖੇ ਕੈਬਨਿਟ ਸਬ ਕਮੇਟੀ, ਜਿਸ 'ਚ ਮਾਨਯੋਗ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਦੀ ਰਹਿਨੁਮਾਈ ਹੇਠ ਪ੍ਰਿੰਸੀਪਲ ਸਿਹਤ ਸਕੱਤਰ ਸਮੇਤ ਵਿਭਾਗ ਦੇ ਉੱਚ ਅਧਿਕਾਰੀਆਂ ਦੀ ਹਾਜ਼ਰੀ 'ਚ ਮਾਨਤਾ ਦੇਣ ਦੀ ਚਿਰੋਕਣੀ ਮੰਗ ਨੂੰ ਸ਼ਾਰਟ ਟਰਮ ਟ੍ਰੇਨਿੰਗ ਉਪਰੰਤ ਮਾਨਤਾ ਦੇਣ ਸਬੰਧੀ ਖੁੱਲ੍ਹ ਕੇ ਵਿਚਾਰ ਵਟਾਂਦਰੇ ਤੇ ਵਿਉਂਤਬੰਦੀ ਨੂੰ ਨੇਪਰੇ ਚਾੜ੍ਹਨ ਲਈ ਸਿਹਤ ਸਕੱਤਰ ਤੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਸੀ, ਜਿਸ ਸਬੰਧੀ ਐਸੋਸੀਏਸ਼ਨ ਵੱਲੋਂ ਲਗਾਤਾਰ ਹੁਣ ਵੀ ਲਗਾਤਾਰ ਯਤਨ ਜਾਰੀ ਹਨ।ਉਨ੍ਹਾਂ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਮੰਨੀਆਂ ਗਈਆਂ ਮੰਗਾਂ ਲਾਗੂ ਕਰਵਾਉਣ ਲਈ ਹੋਰ ਸਾਰਥਿਕ ਉਪਰਾਲੇ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਤਿਆਰ ਬਰ ਤਿਆਰ ਰਹਿਣ ਦਾ ਸੱਦਾ ਦਿੱਤਾ ਤੇ ਨਿੱਜਤਾ ਤੋਂ ਉੱਪਰ ਉੱਠ ਕੇ ਲਾਮਬੰਦੀ ਕਰਨ ਤੋਂ ਇਲਾਵਾ ਚੱਲ ਰਹੀ ਪਿਰਤ ਅਨੁਸਾਰ ਭਰਾਤਰੀ ਸਾਂਝ ਨਿਭਾਉਂਦਿਆਂ ਹੱਕ ਮੰਗਦੇ ਲੋਕਾਂ 'ਤੇ ਹੋ ਰਹੇ ਸਰਕਾਰੀ ਜਬਰ ਦੀ ਨਿਖੇਧੀ ਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਲੋਕਾਂ/ਜਥੇਬੰਦੀਆਂ ਦਾ ਸਮੱਰਥਨ ਕਰਦਿਆਂ ਸ਼ਮੂਲੀਅਤ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਐਸੋਸੀਏਸ਼ਨ ਪੂਰੀ ਤਰ੍ਹਾਂ ਸੰਘਰਸ਼ ਦੇ ਪਿੜ 'ਚ ਚਟਾਨ ਵਾਂਗ ਖੜ੍ਹੀ ਹੈ।

ਇਸ ਸਮੇਂ ਸੂਬਾ ਪ੍ਰੈੱਸ ਸਕੱਤਰ ਚਮਕੌਰ ਸਿੰਘ, ਸੀਨੀਅਰ ਵਾਈਸ ਪ੍ਰਧਾਨ ਅਵਤਾਰ ਸਿੰਘ ਤੇ ਸੀ ਆਰ ਸ਼ੰਕਰ, ਲੀਗਲ ਅਡਵਾਈਜ਼ਰ ਜਸਵਿੰਦਰ ਸਿੰਘ ਭੋਗਲ, ਵਾਇਸ ਪ੍ਰਧਾਨ ਗੁਲਜੀਤ ਸਿੰਘ, ਵਾਇਸ ਪ੍ਰਧਾਨ ਦਿਲਦਾਰ ਸਿੰਘ ਚਾਹਲ, ਵਾਇਸ ਪ੍ਰਧਾਨ ਅਰਜਿੰਦਰ ਸਿੰਘ ਕੋਹਾਲੀ, ਵਾਇਸ ਪ੍ਰਧਾਨ ਗੁਰਦੀਪ ਸਿੰਘ ਘੁੱਦਾ, ਸਹਾਇਕ ਸਕੱਤਰ ਸੁਖਚੈਨ ਸਿੰਘ ਤੇ ਰਣਜੀਤ ਸਿੰਘ ਸੋਹੀ, ਸਹਾਇਕ ਕੈਸ਼ੀਅਰ ਤਾਰਾ ਚੰਦ ਭਾਵਾ, ਮਨਜੀਤ ਸਿੰਘ, ਅਵਤਾਰ ਸਿੰਘ ਸ਼ਾਹਪੁਰ, ਰਜਿੰਦਰ ਸਿੰਘ ਔਲਖ, ਰਾਕੇਸ਼ ਬਸੀ ਨੇ ਸਮੂਹ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਸਾਫ਼ ਸੁਥਰੀਆਂ ਸੇਵਾਵਾਂ ਦਿੰਦਿਆਂ ਸੂਬਾ ਕਮੇਟੀ ਵੱਲੋਂ ਉਲੀਕੇ ਹਰ ਪ੍ਰੋਗਰਾਮ ਨੂੰ ਤਨਦੇਹੀ ਨਾਲ ਨੇਪਰੇ ਚਾੜ੍ਹਨ ਲਈ ਕਿਹਾ।

# ਹਵਾਈ ਫਾਇਰ ਕਰਕੇ ਜਾਨੋਂ ਮਾਰਨ ਦੀਆਂ ਦਿੱਤੀਆਂ ਧਮਕੀਆਂ, 9 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਭਾਰਤ ਨਗਰ ਵਿਖੇ ਇੱਕ ਵਿਅਕਤੀ ਨੂੰ ਗਲੀ ਵਿਚੋਂ ਲੰਘਣ ਤੋਂ ਰੋਕਣ 'ਤੇ ਹਵਾਈ ਫਾਇਰ ਕਰਕੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 3 ਬਾਏ ਨੇਮ ਵਿਅਕਤੀਆਂ ਤੇ 5-6 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ।

ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਮਨਮੋਹਨ ਉਰਫ ਮੋਨੂੰ ਕੰਤੋੜ ਪੁੱਤਰ ਪ੍ਰੇਮ ਕੁਮਾਰ ਕੰਤੋੜ ਵਾਸੀ ਗਲੀ ਕੁਮਾਰ ਵਾਲੀ ਭਾਰਤ ਨਗਰ ਫਿਰੋਜ਼ਪੁਰ ਸ਼ਹਿਰ ਨੇ ਦੱਸਿਆ ਕਿ 10 ਜੂਨ 2026 ਨੂੰ ਕਰੀਬ ਸਾਢੇ 9 ਵਜੇ ਉਹ ਆਪਣੇ ਪਰਵਾਰ ਸਮੇਤ ਘਰ ਵਿੱਚ ਹਾਜ਼ਰ ਸੀ ਤਾਂ ਉਹ ਆਪਣੇ ਪਰਵਾਰ ਸਮੇਤ ਰੋਟੀ ਪਾਣੀ ਖਾ ਕੇ ਗਲੀ ਵਿੱਚ ਸੈਰ ਕਰ ਰਿਹਾ ਸੀ ਤਾਂ ਸੈਮਲ ਪੁੱਤਰ ਦੀਪੂ ਵਾਸੀ ਆਵਾ ਬਸਤੀ ਨੇੜੇ ਪਾਣੀ ਵਾਲੀ ਟੈਂਕੀ, ਜੋ ਕਿ ਉਸ ਦੀ ਗਲੀ ਵਿੱਚੋਂ ਗਾਹੇ ਬਗਾਹੇ ਲੰਘ ਕੇ ਸਾਨੂੰ ਘੂਰਦਾ ਹੈ, ਜਿਸ ਨੂੰ ਉਸ ਨੇ ਕਿਹਾ ਕਿ ਤੂੰ ਸਾਨੂੰ ਕਿਉਂ ਘੂਰਦਾ ਹੈ ਤੇ ਉਹ ਵਾਪਸ ਆਪਣੇ ਘਰ ਚਲਾ ਗਿਆ। ਮਨਮੋਹਨ ਉਰਫ ਮੋਨੂੰ ਨੇ ਦੱਸਿਆ ਕਿ ਕੁਝ ਦੇਰ ਬਾਅਦ ਸੈਮਲ, ਸਾਹਿਲ ਟਿੰਡੀ ਪੁੱਤਰ ਅਮਾਨਤ, ਜਤਿਨ ਪੁੱਤਰ ਵਿੱਕੀ ਵਾਸੀਆਨ ਗਲੀ ਕੁਮਾਰ ਵਾਲੀ ਭਾਰਤ ਨਗਰ ਫਿਰੋਜ਼ਪੁਰ ਸ਼ਹਿਰ, ਬਾਦਲ ਪੁੱਤਰ ਮੂਲਚੰਦ ਮੁਸੱਲਾ ਦੇਸੀ ਪਿਸਟਲ ਵਾਸੀਅਨ ਗਲੀ ਕੁਮਾਰ ਵਾਲੀ ਭਾਰਤ ਨਗਰ ਫਿਰੋਜ਼ਪੁਰ ਤੇ 5-6 ਅਣਪਛਾਤੇ ਵਿਅਕਤੀ ਆਏ ਤੇ ਜਿਨ੍ਹਾਂ ਨੇ ਆਉਂਦੇ ਹੀ ਸੈਮਲ ਨੇ ਲਲਕਾਰਾ ਮਾਰ ਕੇ ਕਿਹਾ ਕਿ ਅੱਜ ਮੋਨੂੰ ਨੂੰ ਜਿੰਦਾ ਨਹੀਂ ਛੱਡਣਾ, ਉਸ ਨੂੰ ਰੋਕਣ ਦਾ ਮਜ਼ਾ ਦੱਸਣਾ ਹੈ ਤੇ ਐਨੇ ਵਿੱਚ ਸਾਹਿਲ ਟਿੰਡੀ ਤੇ ਬਾਦਲ ਨੇ ਹਵਾਈ ਫਾਇਰ ਕਰਨੇ ਸ਼ੁਰੂ ਕਰ ਦਿੱਤੇ। ਮਨਮੋਹਨ ਉਰਫ ਮੋਨੂੰ ਨੇ ਦੱਸਿਆ ਕਿ ਸੈਮਲ ਤੇ ਜਤਿਨ ਅਤੇ ਇਨ੍ਹਾਂ ਨਾਲ 5-6 ਅਣਪਛਾਤੇ ਵਿਅਕਤੀਆਂ ਨੇ ਗਲੀ ਵਿੱਚ ਖੜਾ ਛੋਟਾ ਹਾਥੀ ਤੇ ਗਲੀ ਵਿੱਚ ਖੜੀ ਗੱਡੀ ਸਵਿਫਟ ਦੀ ਕਾਫੀ ਭੰਨਤੋੜ ਕੀਤੀ ਅਤੇ ਗਲੀ ਵਿਚ ਸਾਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਤੇ ਗਲੀ ਵਿੱਚ ਹਵਾਈ ਫਾਇਰ ਕਰਦੇ ਹੋਏ ਆਪਣੇ ਆਪਣੇ ਹਥਿਆਰਾਂ ਸਮੇਤ ਮੌਕੇ ਤੋਂ ਭੱਜ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਜਗਰੂਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਕੇਂਦਰ ਦੇ ਸੂਬਾ ਸਰਕਾਰਾਂ ਪੰਜਾਬ ਨੂੰ ਗੈਰ-ਕੁਦਰਤੀ ਹੜ੍ਹਾਂ ਤੋਂ ਬਚਾਉਣ ਲਈ ਡੈਮਾਂ ਦਾ ਵਾਫ਼ਰ ਪਾਣੀ ਪ੍ਰੋਟੋਕੋਲ ਅਨੁਸਾਰ ਦਰਿਆਵਾਂ 'ਚ ਛੱਡਣ : ਦਸਮੇਸ਼ ਯੂਨੀਅਨ

**ਲੁਧਿਆਣਾ (ਸਤੀਸ਼ ਸਚਦੇਵਾ)**

'9 ਜੂਨ 2025 ਦੀ ਤੁਲਨਾ 'ਚ 9 ਜੂਨ 2026 ਨੂੰ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ 1556.60 ਫੁੱਟ ਦੀ ਬਜਾਏ 1578.07 ਫੁੱਟ (ਭਾਵ 21.47 ਫੁੱਟ ਵੱਧ), ਪੌਂਗ ਡੈਮ ਵਿੱਚ 1292.78 ਫੁੱਟ ਦੀ ਬਜਾਏ 1328.24 ਫੁੱਟ (ਭਾਵ 35. 46 ਫੁੱਟ ਵੱਧ), ਰਣਜੀਤ ਸਾਗਰ ਡੈਮ 1663.55 ਫੁੱਟ ਦੀ ਬਜਾਏ 1676.05 ਫੁੱਟ (ਭਾਵ 12.50 ਫੁੱਟ ਵੱਧ) ਤੱਕ ਪੁੱਜ ਚੁੱਕਿਆ ਹੈ।' ਇਹ ਸੂਚਨਾ ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਜ਼ਿਲ੍ਹਾ ਲੁਧਿਆਣਾ ਦੀ ਜ਼ਿਲ੍ਹਾ ਕਮੇਟੀ ਨੇ ਸਿੱਧਵਾਂ ਬ੍ਰਾਂਚ ਨਹਿਰ ਨੇੜੇ ਕੀਤੀ ਆਪਣੀ ਵਿਸ਼ੇਸ਼ ਮੀਟਿੰਗ ਉਪਰੰਤ ਜਾਰੀ ਕੀਤੀ।ਆਗੂਆਂ ਨੇ ਵਰਨਣ ਕੀਤਾ ਕਿ ਪ੍ਰਵਾਨਤ ਪ੍ਰੋਟੋਕੋਲ ਮੁਤਾਬਕ ਭਾਖੜਾ ਡੈਮ ਦਾ ਪੱਧਰ 15 ਮਈ ਤੱਕ (ਭਾਵ ਡੀਪਲੀਸ਼ਨ ਪੀਰੀਅਡ-ਡੈਮ ਨੂੰ ਢੁਕਵਾਂ ਖਾਲੀ ਕਰਨ ਦਾ ਸਮਾਂ) 1462 ਫੁੱਟ ਤੱਕ ਰੱਖਣਾ ਹੁੰਦਾ ਹੈ।15 ਮਈ ਤੋਂ ਬਾਅਦ (ਫਿਲਿੰਗ ਪੀਰਡ-ਭਰਨ ਦਾ ਸਮਾਂ) ਪਹਾੜੀ ਖੇਤਰਾਂ 'ਚ ਬਰਫ ਦੇ ਤੇਜ਼ੀ ਨਾਲ ਪਿਘਲਣ ਤੇ ਇਸ ਤੋਂ ਇਲਾਵਾ ਮੌਸਮੀ ਬਾਰਸ਼ਾਂ ਦੇ ਸਿੱਟੇ ਵਜੋਂ ਇਹ ਪੱਧਰ ਉੱਚਾ ਉੱਠਣਾ ਸ਼ੁਰੂ ਹੋ ਜਾਂਦਾ ਹੈ।ਇਸੇ ਤਰ੍ਹਾਂ ਬਾਕੀ ਡੈਮਾਂ ਨੂੰ ਲੋੜੀਂਦਾ ਖਾਲੀ ਕਰਨਾ ਹੁੰਦਾ ਹੈ।ਉਪਰੋਕਤ ਤੱਥ ਗਵਾਹ ਹਨ ਕਿ ਪਿਛਲੇ 8 ਮਹੀਨਿਆਂ ਅੰਦਰ ਦਰਿਆਵਾਂ ਅੰਦਰ ਔਸਤ ਦੇ ਅਧਾਰ 'ਤੇ ਲੋੜੀਂਦਾ ਪਾਣੀ ਨਾ ਛੱਡੇ ਜਾਣ ਕਰਕੇ ਇਸ ਵਰ੍ਹੇ ਪੰਜਾਬ 'ਚ ਹੜ੍ਹਾਂ ਦਾ ਸੰਭਾਵਿਤ ਖਤਰਾ 2025 ਤੋਂ ਵੀ ਵਧੇਰੇ ਜ਼ਿਆਦਾ ਹੈ।ਸੋ 8 ਮਹੀਨੇ ਔਸਤ ਦੇ ਆਧਾਰ 'ਤੇ ਬਣਦੀ ਪਾਣੀ ਦੀ ਮਾਤਰਾ ਨਾ ਛੱਡੇ ਜਾਣਾ ਬੇਹੱਦ ਗੰਭੀਰ ਗੁਨਾਹ ਹੈ, ਜਿਸ ਦੇ ਸਿੱਟੇ ਵਜੋਂ ਭਾਰੀ ਹੜ੍ਹਾਂ ਦਾ ਖਤਰਾ ਸਿਰ 'ਤੇ ਕੂਕ ਰਿਹਾ ਹੈ, ਜਿਸ ਦੀ ਜ਼ਿੰਮੇਵਾਰੀ ਮੁੱਖ ਤੌਰ 'ਤੇ ਕੇਂਦਰੀ ਹਕੂਮਤ ਦੀ ਅਗਵਾਈ ਵਾਲੀ ਬੀ.ਬੀ.ਐੱਮ.ਬੀ. ਮੈਨੇਜਮੈਂਟ ਤੇ ਦੂਜੇ ਨੰਬਰ 'ਤੇ ਢੁੱਕਵੀਂ ਨਿਗਰਾਨੀ ਨਾ ਕਰਨ ਵਾਲੀ ਪੰਜਾਬ ਸਰਕਾਰ ਸਿਰ ਹੋਵੇਗੀ।ਅੰਤ 'ਚ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ, ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਜਥੇਦਾਰ ਗੁਰਮੇਲ ਸਿੰਘ ਢੱਟ, ਰਣਜੀਤ ਸਿੰਘ ਗੁੜੇ ਨੇ ਜ਼ੋਰਦਾਰ ਮੰਗ ਕੀਤੀ ਕਿ ਦੋਨੋਂ ਸਰਕਾਰਾਂ ਬੀ.ਬੀ.ਐੱਮ.ਬੀ. ਤੋਂ ਯਕੀਨੀ ਬਣਾਉਣ ਕਿ ਤੁਰੰਤ ਵਾਫਰ ਪਾਣੀ ਫੌਰੀ ਤੌਰ 'ਤੇ ਸਬੰਧਤ ਦਰਿਆਵਾਂ ਤੇ ਨਹਿਰਾਂ 'ਚ ਔਸਤ ਪੂਰੀ ਮਾਤਰਾ 'ਚ ਛੱਡਣਾ ਆਰੰਭ ਕੀਤਾ ਜਾਵੇ ਤਾਂ ਜੋ ਪੰਜਾਬ ਨੂੰ ਸੰਭਾਵੀ ਹੜ੍ਹਾਂ ਦੀ ਮਾਰ ਤੋਂ ਬਚਾਇਆ ਜਾ ਸਕੇ।ਇਸ ਤੋਂ ਇਲਾਵਾ ਸਾਰੇ ਦਰਿਆਵਾਂ ਦੀ ਮੁਕੰਮਲ ਡੀਸਿਲਟਿੰਗ ਤੇ ਸਾਰੇ ਬੰਨਾਂ ਦੀ ਪੂਰਨ ਮਜ਼ਬੂਤੀ ਹਰ ਹਾਲਤ ਯਕੀਨੀ ਬਣਾਈ ਜਾਵੇ।ਜਥੇਬੰਦੀ ਨੇ ਕਿਸਾਨ, ਮਜ਼ਦੂਰ ਮੋਰਚਾ ਪੰਜਾਬ (ਭਾਰਤ) ਸਮੇਤ ਸਮੂਹ ਕਿਸਾਨ ਮੋਰਚਿਆਂ ਤੇ ਮਜ਼ਦੂਰ ਜਥੇਬੰਦੀਆਂ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਇੱਕਮੁੱਠ ਹੋ ਕੇ ਪੰਜਾਬ ਨੂੰ ਸੰਭਾਵੀ ਹੜ੍ਹਾਂ ਤੋਂ ਬਚਾਉਣ ਲਈ ਦੋਨਾਂ ਸਰਕਾਰਾਂ ਵਿਰੁੱਧ ਫੈਸਲਾਕੁਨ ਕਾਰਵਾਈ ਲਈ ਸਮੇਂ ਸਿਰ ਮੈਦਾਨ 'ਚ ਨਿਤਰਨ।ਇਸ ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਜਸਵੰਤ ਸਿੰਘ ਮਾਨ, ਗੁਰਚਰਨ ਸਿੰਘ ਤਲਵੰਡੀ, ਹਰਪਾਲ ਸਿੰਘ ਸਵੱਦੀ ਸੋਹਣ ਸਿੰਘ ਸਵੱਦੀ, ਨਿਰਭੈ ਸਿੰਘ ਤਲਵੰਡੀ, ਪ੍ਰਿਤਪਾਲ ਸਿੰਘ ਪਡੋਰੀ, ਗੁਰਚਰਨ ਸਿੰਘ ਮੰਡਿਆਣੀ, ਅਮਰਜੀਤ ਸਿੰਘ ਖੰਜਰਵਾਲ, ਲਛਮਣ ਸਿੰਘ ਸਿੱਧਵਾਂ, ਹਰੀ ਸਿੰਘ ਚਚਰਾੜੀ, ਗੁਰਸੇਵਕ ਸਿੰਘ ਸੋਨੀ ਸਵੱਦੀ, ਗੁਰਦੇਵ ਸਿੰਘ ਢੱਟ ਉਚੇਚੇ ਤੌਰ 'ਤੇ ਸ਼ਾਮਲ ਹੋਏ।



# ਜਸਵੀਰ ਕੌਰ ਜੱਸੀ 'ਆਪ' ਮਹਿਲਾ ਵਿੰਗ ਦੀ ਜ਼ਿਲ੍ਹਾ ਸਕੱਤਰ ਨਿਯੁਕਤ

## ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਦਿੱਤੀਆਂ ਵਧਾਈਆਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਮਾਜ ਸੇਵਾ ਦੇ ਖੇਤਰ ਵਿੱਚ ਹਮੇਸ਼ਾ ਅੱਗੇ ਰਹਿਣ ਵਾਲੀ ਤੇ ਪ੍ਰਧਾਨ ਆਸਰਾ ਵੈੱਲਫੇਅਰ ਸੋਸਾਇਟੀ ਦੀ ਪੰਜਾਬ ਉਪ ਪ੍ਰਧਾਨ ਜਸਵੀਰ ਕੌਰ ਜੱਸੀ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਤੇ ਪਾਰਟੀ ਪ੍ਰਤੀ ਵਚਨਬੱਧਤਾ ਨੂੰ ਦੇਖਦਿਆਂ ਆਮ ਆਦਮੀ ਪਾਰਟੀ ਵੱਲੋਂ ਮਹਿਲਾ ਵਿੰਗ ਦੀ ਜ਼ਿਲ੍ਹਾ ਸਕੱਤਰ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਨਿਯੁਕਤੀ ਨਾਲ ਪਾਰਟੀ ਵਰਕਰਾਂ ਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਹੈ।ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਜਸਵੀਰ ਕੌਰ ਜੱਸੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਪਹਿਲਾਂ ਨਾਲੋਂ ਵੀ ਵੱਧ ਜੋਸ਼ ਤੇ ਸਮਰਪਣ ਨਾਲ ਸਮਾਜ ਸੇਵਾ ਦੇ ਕੰਮਾਂ ਦੇ ਨਾਲ-ਨਾਲ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਆਪਣੀ ਨਿਯੁਕਤੀ 'ਤੇ ਜਸਵੀਰ ਕੌਰ ਜੱਸੀ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਪਾਰਟੀ ਦੀ ਸਮੂਹ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਲਗਾਤਾਰ ਯਤਨਸ਼ੀਲ ਰਹਿਣਗੇ।

# ਮਨਜੀਤ ਸਿੰਘ ਔਲਖ ਨੂੰ ਰਾਮਗੜ੍ਹੀਆ ਭਲਾਈ ਬੋਰਡ ਦਾ ਚੇਅਰਮੈਨ ਨਿਯੁਕਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵੈੱਲਫੇਅਰ ਬੋਰਡਾਂ ਦੇ ਸਟੇਟ ਮੈਂਬਰ ਚੇਅਰਮੈਨ, ਵਾਈਸ ਚੇਅਰਮੈਨ ਦੀ ਨਿਯੁਕਤੀ ਦਾ ਐਲਾਨ ਕੀਤਾ ਗਿਆ ਹੈ, ਜਿਸ ਵਿੱਚ ਮਨਜੀਤ ਸਿੰਘ ਔਲਖ ਨੂੰ ਰਾਮਗੜ੍ਹੀਆ ਭਲਾਈ ਬੋਰਡ ਜ਼ਿਲ੍ਹਾ ਫਿਰੋਜ਼ਪੁਰ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਸਮੂਹ ਰਾਮਗੜ੍ਹੀਆ ਭਾਈਚਾਰੇ ਵੱਲੋਂ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਤੇ ਹਲਕਾ ਫਿਰੋਜ਼ਪੁਰ ਸ਼ਹਿਰੀ ਵਿਧਾਇਕ ਰਣਬੀਰ ਸਿੰਘ ਭੁੱਲਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਨਵ-ਨਿਯੁਕਤ ਰਾਮਗੜ੍ਹੀਆ ਭਲਾਈ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਮਨਜੀਤ ਸਿੰਘ ਔਲਖ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ, ਸਤਪਾਲ ਸਿੰਘ ਸੋਖੀ ਚੇਅਰਮੈਨ ਰਾਮਗੜ੍ਹੀਆ ਬੋਰਡ ਪੰਜਾਬ ਦਾ ਤਹਿ ਦਿਲੋਂ ਤੋਂ ਧੰਨਵਾਦ ਕਰਦਿਆਂ ਪਾਰਟੀ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ ਤੇ ਰਾਮਗੜ੍ਹੀਆ ਬਰਾਦਰੀ ਦੀ ਭਲਾਈ ਲਈ ਵਚਨਬੱਧ ਰਹਾਂਗਾ। ਇਸ ਮੌਕੇ ਮੇਹਰ ਸਿੰਘ ਕਲਸੀ ਐੱਨ ਆਰ ਆਈ ਕੈਨੇਡਾ ਹਰਨੇਕ ਸਿੰਘ ਮਠਾੜੂ, ਸੁਰਜੀਤ ਸਿੰਘ ਸੱਗੂ, ਭੁਪਿੰਦਰ ਸਿੰਘ ਪੰਪਾਂ ਵਾਲੇ, ਗੁਰਸ਼ਰਨ ਸਿੰਘ ਬਗਦਾਦੀ ਗੇਟ, ਸ਼ਮਸ਼ੇਰ ਸਿੰਘ ਕਲਸੀ, ਸਰਬਜੀਤ ਸਿੰਘ ਜੱਬਲ, ਅੰਗਰੇਜ ਸਿੰਘ ਫੌਜੀ ਬਲਾਕ ਪ੍ਰਧਾਨ, ਸੁਖਵਿੰਦਰ ਸਿੰਘ ਚਾਨਾ, ਜਸਵਿੰਦਰ ਸਿੰਘ ਰਿੰਕੂ, ਅਮਨਦੀਪ ਸਿੰਘ ਜੱਬਲ, ਰਾਜਬੀਰ ਸਿੰਘ ਗਾਬੜੀਆ, ਹਰਜਿੰਦਰ ਸਿੰਘ ਗਾਬੜੀਆ, ਗਗਨਦੀਪ ਸਿੰਘ ਚਾਵਲਾ, ਕਰਮਜੀਤ ਸਿੰਘ ਸਰਾਂ, ਬਲਦੇਵ ਸਿੰਘ ਦੇਬੀ, ਮਨਜੀਤ ਸਿੰਘ ਮਠਾੜੂ ਐਕਸੀਅਨ, ਸੁਖਦੇਵ ਸਿੰਘ ਲਾਡੀ ਬਗਦਾਦੀ ਗੇਟ, ਜਸਕਰਨ ਸਿੰਘ ਰਾਮਗੜ੍ਹੀਆ ਨੇ ਕਿਹਾ ਕਿ ਰਾਮਗੜ੍ਹੀਆ ਵੈੱਲਫੇਅਰ ਬੋਰਡ ਬਣਨ ਨਾਲ ਭਾਈਚਾਰੇ ਨੂੰ ਬਹੁਤ ਵੱਡਾ ਫਾਇਦਾ ਹੋਵੇਗਾ, ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਹੋ ਰਹੀ ਹੈ।

# ਸਰਕਾਰ 5994 ਬੇਰੁਜ਼ਗਾਰ ਈ ਟੀ ਟੀ ਅਧਿਆਪਕਾਂ ਨੂੰ ਤੁਰੰਤ ਨਿਯੁਕਤ ਕਰੇ : ਸੁਖਦੇਵ ਸ਼ਰਮਾ

## ਸਰਕਾਰ ਦੇ ਸੰਵੇਦਨਹੀਣ ਰਵੱਈਏ ਦੀ ਨਿਖੇਧੀ



**ਧੂਰੀ (ਸੁਖਦੇਵ ਧੂਰੀ)**-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਸੁਖਦੇਵ ਸ਼ਰਮਾ ਨੇ ਪੰਜਾਬ ਸਰਕਾਰ ਦੀ ਸਿੱਖਿਆ ਨੀਤੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਫਲੈਕਸਾਂ ਰਾਹੀਂ ਕ੍ਰਾਂਤੀ ਦੇ ਸੁਪਨੇ ਵਿਖਾਏ ਜਾ ਰਹੇ ਹਨ, ਜਦਕਿ ਹਕੀਕਤ ਕੁੱਝ ਹੋਰ ਹੈ।ਧੂਰੀ ਵਿਖੇ ਬੀ ਐੱਸ ਐੱਨ ਐੱਲ ਟਾਵਰ ਮੋਰਚੇ ਵਿੱਚ ਹੱਕੀ ਮੰਗਾਂ ਲਈ ਜਾਨ ਜੋਖਮ ਵਿੱਚ ਪਾਈ ਬੈਠੇ ਹਰਜੀਤ ਸਿੰਘ ਨੂੰ ਸਮਰਥਨ ਦੇਣ ਲਈ ਪੈਨਸ਼ਨਰ ਸਾਥੀਆਂ ਨਾਲ ਸ਼ਮੂਲੀਅਤ ਕਰਦਿਆਂ ਸੁਖਦੇਵ ਸ਼ਰਮਾ ਨੇ ਕਿਹਾ 5994 ਈਟੀਟੀ ਬੇਰੁਜ਼ਗਾਰ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਨਾ ਦੇ ਕੇ ਸਰਕਾਰ ਨੇ ਮੁਲਾਜ਼ਮ ਵਿਰੋਧੀ ਰਵੱਈਆ ਧਾਰਨ ਕਰ ਰੱਖਿਆ ਹੈ।ਸਰਕਾਰ ਨੇ ਬਿਆਨਾਂ ਰਾਹੀਂ ਪੰਜਾਬ ਨੂੰ ਰੰਗਲਾ ਬਣਾ ਰੱਖਿਆ ਹੈ, ਜਦਕਿ ਅਸਲੀਅਤ ਵਿੱਚ ਪੰਜਾਬ ਦੀ ਬਰਬਾਦੀ ਦੀ ਕਹਾਣੀ ਲਿਖੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਧਰਨਿਆਂ ਰਾਹੀਂ ਬਣੀ ਸਰਕਾਰ ਨੇ ਧਰਨਿਆਂ ਨੂੰ ਰੋਕਣ ਲਈ ਪੰਜਾਬ ਨੂੰ ਪੁਲਸ ਸਟੇਟ ਵਿੱਚ ਤਬਦੀਲ ਕਰ ਦਿੱਤਾ ਹੈ।ਸਰਕਾਰ ਸੰਘਰਸ਼ ਵਾਲੀ ਥਾਂ ਪੁਲਸ ਬਲ ਪ੍ਰਯੋਗ ਕਰਕੇ ਧਰਨਾਕਾਰੀਆਂ 'ਤੇ ਅੰਨ੍ਹਾ ਤਸ਼ੱਦਦ ਕਰਨ ਦੇ ਰਾਹ ਪਈ ਹੈ।ਸਿੰਗਾਪੁਰ ਤੇ ਫਿਨਲੈਂਡ ਤੋਂ ਪ੍ਰਾਪਤ ਟ੍ਰੇਨਿੰਗ ਸਕੂਲਾਂ ਵਿੱਚ ਸਟਾਫ਼ ਦੀ ਘਾਟ ਕਾਰਨ ਨਿਸ਼ਫਲ ਹੋ ਰਹੀ ਹੈ।ਉਨ੍ਹਾਂ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਹਠੀ ਰਵੱਈਆ ਛੱਡ ਕੇ ਬੇਰੁਜ਼ਗਾਰ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਜਾਣ।ਉਨ੍ਹਾਂ ਸਮੂਹ ਇਨਸਾਫ਼ ਪਸੰਦ ਲੋਕਾਂ ਨੂੰ ਸੰਘਰਸ਼ਸ਼ੀਲ ਧਿਰਾਂ ਦਾ ਸਮਰਥਨ ਕਰਨ ਦੀ ਅਪੀਲ ਕੀਤੀ।

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਾਰਮਿਕ ਕਲਾਸਾਂ ਸਮਾਪਤ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਐਤਵਾਰ ਨੂੰ ਪਿੰਡ ਮਾਛੀਕੇ ਵਿਖੇ ਗੁਰਦੁਆਰਾ ਸਿੰਘ ਸਭਾ ਵਿੱਚ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਅੰਮ੍ਰਿਤਸਰ ਵੱਲੋਂ ਚਲਾਈ ਗਈ ਧਾਰਮਿਕ ਪ੍ਰਚਾਰ ਮੁਹਿੰਮ ਤਹਿਤ ਇੱਕ ਹਫ਼ਤੇ ਦੀਆਂ ਧਾਰਮਿਕ ਕਲਾਸਾਂ ਦਾ ਸਮਾਪਨ ਕੀਤਾ ਗਿਆ।ਇਨ੍ਹਾਂ ਕਲਾਸਾਂ ਦੌਰਾਨ ਢਾਡੀ ਪ੍ਰਚਾਰਕ ਭਾਈ ਗੁਰਦੀਪ ਸਿੰਘ ਵੱਲੋਂ ਬੱਚਿਆਂ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖੀ ਜੀਵਨ ਨਾਲ ਜੋੜਨ ਲਈ ਵਿਸ਼ੇਸ਼ ਸਿੱਖਿਆ ਦਿੱਤੀ ਗਈ।ਕਲਾਸਾਂ ਦੇ ਅੰਤ ਵਿੱਚ ਬੱਚਿਆਂ ਦਾ ਨਤੀਜਾ ਐਲਾਨਿਆ ਗਿਆ ਅਤੇ ਵਧੀਆ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਗਈ।ਇਸ ਮੌਕੇ ਸੰਗਤ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਪ੍ਰੋਗਰਾਮ ਨਵੀਂ ਪੀੜ੍ਹੀ ਨੂੰ ਆਪਣੀ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਗ੍ਰੰਥੀ ਗੁਰਜੰਟ ਸਿੰਘ ਮਾਛੀਕੇ ਅਤੇ ਪ੍ਰਬੰਧਕ ਕਮੇਟੀ ਹਾਜ਼ਰ ਸੀ !

# ਹਰਬੰਸ ਭੀਲਾ ਸਰਬਸੰਮਤੀ ਨਾਲ ਰੇਲਵੇ ਸੇਵਾ ਪਾਣੀ ਦਲ ਦੇ ਬਣੇ ਪ੍ਰਧਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਸਮਾਜ ਸੇਵੀ ਹਰਬੰਸ ਲਾਲ ਭੀਲਾ ਨੂੰ ਰੇਲਵੇ ਸੇਵਾ ਪਾਣੀ ਦਲ ਮਾਨਸਾ ਦਾ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ।ਦਲ ਦੇ 50 ਦੇ ਕਰੀਬ ਮੈਂਬਰਾਂ ਨੇ ਰੇਲਵੇ ਸਟੇਸ਼ਨ 'ਤੇ ਇੱਕ ਇਕੱਤਰਤਾ ਕਰਕੇ ਹਰਬੰਸ ਲਾਲ ਭੀਲਾ ਦੇ ਨਾਂ 'ਤੇ ਪ੍ਰਧਾਨਗੀ ਲਈ ਸਹਿਮਤੀ ਦਾ ਪ੍ਰਗਟਾਵਾ ਕੀਤਾ।ਇਸ ਸਮੇਂ ਭੀਲਾ ਨੂੰ ਸੇਵਾ ਦਲ ਦੇ ਬਾਕੀ ਅਹੁਦੇਦਾਰਾਂ ਦੀ ਚੋਣ ਕਰਨ ਦੇ ਅਧਿਕਾਰ ਵੀ ਦਿੱਤੇ ਗਏ ਹਨ।ਆਉਂਦੇ ਦਿਨਾਂ 'ਚ ਬਾਕੀ ਅਹੁਦੇਦਾਰਾਂ ਦੀ ਚੋਣ ਵੀ ਕੀਤੀ ਜਾਵੇਗੀ।ਨਵ ਨਿਯੁਕਤ ਪ੍ਰਧਾਨ ਹਰਬੰਸ ਲਾਲ ਭੀਲਾ ਨੇ ਕਿਹਾ ਕਿ ਸੇਵਾ ਹੀ ਕਿਸੇ ਵਿਅਕਤੀ ਦਾ ਕਰਮ,ਧਰਮ ਹੋਣਾ ਚਾਹੀਦਾ ਹੈ।ਇਸ ਮੌਕੇ ਸਮਾਜ ਸੇਵੀ ਜਤਿੰਦਰ ਆਗਰਾ, ਡਾ. ਅਵਤਾਰ ਸਿੰਘ, ਮੱਖਣ ਗੋਇਲ ਨੰਗਲ, ਰਾਜਿੰਦਰ ਭੰਮਾ, ਸ਼ਿਵਚਰਨ ਸੂਚਨ, ਹੁਕਮ ਚੰਦ, ਤੇਲੂ ਰਾਮ, ਵਰਿੰਦਰ ਭਲਵਾਨ, ਦਵਾਰਕਾ ਦਾਸ, ਰਮੇਸ਼ ਵਰਮਾ, ਸੰਮੀ ਗਰਗ, ਭਾਨਾ ਨੰਗਲੀਆ, ਭਗਵਾਨ ਦਾਸ ਮਿੱਤਲ, ਸਤੀਸ਼ ਬੌਬੀ, ਪੂਰਨ ਸਿੰਘ ਸੈਕਟਰੀ, ਵਿੰਦਰ, ਜਗਨ ਨਾਥ ਕੋਕਲਾਂ, ਮਨਜੀਤ ਸਿੰਘ, ਤਰਸੇਮ ਮੋਹਨੀ ਆਦਿ ਹਾਜ਼ਰ ਸਨ।

# ਪਿਛਲੇ ਸਾਲ ਦੇ ਹੜ੍ਹਾਂ ਤੋਂ ਸਬਕ ਨਹੀਂ ਲਿਆ : ਰਣ ਸਿੰਘ ਚੱਠਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਜਨਰਲ ਸਕੱਤਰ ਰਣ ਸਿੰਘ ਚੱਠਾ ਨੇ ਗੱਲਬਾਤ ਕਰਦਿਆਂ ਕਿਹਾ ਹੈ ਕਿ ਪਿਛਲੇ ਸਾਲ ਆਏ ਹੜ੍ਹਾਂ ਤੋਂ ਕੋਈ ਸਬਕ ਨਾ ਲੈਂਦਿਆਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ ਬੀ ਐਮ ਬੀ) ਅਤੇ ਪੰਜਾਬ ਸਰਕਾਰ ਵੱਲੋਂ ਇਸ ਸਾਲ ਵੀ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਸਮੇਂ ਸਿਰ ਘਟਾਉਣ ਲਈ ਲੋੜੀਂਦੇ ਕਦਮ ਨਾ ਚੁੱਕਣ ਕਾਰਨ ਲੱਖਾਂ ਏਕੜ ਫਸਲਾਂ ਤਬਾਹ ਹੋਈਆਂ ਅਤੇ ਪੰਜਾਬ ਵਾਸੀਆਂ ਨੂੰ ਕਰੋੜਾਂ ਰੁਪਏ ਦਾ ਆਰਥਿਕ ਨੁਕਸਾਨ ਝੱਲਣਾ ਪਿਆ ਹੈ। ਚੱਠਾ ਨੇ ਦੱਸਿਆ ਕਿ ਹਰ ਸਾਲ ਬਰਸਾਤੀ ਮੌਸਮ ਤੋਂ ਪਹਿਲਾਂ ਡੈਮ ਵਿੱਚੋਂ ਪਾਣੀ ਹੌਲੀ-ਹੌਲੀ ਛੱਡ ਕੇ ਪੱਧਰ ਨੂੰ ਘਟਾਇਆ ਜਾਂਦਾ ਹੈ, ਪਰ ਇਸ ਵਾਰ ਸਮੇਂ ਸਿਰ ਪਾਣੀ ਰਿਲੀਜ਼ ਨਹੀਂ ਕੀਤਾ ਗਿਆ।ਚੱਠਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸੇਮ ਨਾਲਿਆਂ ਦੀ ਤੁਰੰਤ ਸਫਾਈ ਕਰਵਾਈ ਜਾਵੇ, ਦਰਿਆਵਾਂ ਦੇ ਕਮਜ਼ੋਰ ਬੰਨ੍ਹਾਂ ਨੂੰ ਪੱਥਰਾਂ ਅਤੇ ਜਾਲੀਆਂ ਨਾਲ ਮਜ਼ਬੂਤ ਕੀਤਾ ਜਾਵੇ ਅਤੇ ਸੰਭਾਵਿਤ ਹੜ੍ਹਾਂ ਨਾਲ ਨਜਿੱਠਣ ਲਈ ਪਹਿਲਾਂ ਤੋਂ ਪੁਖਤਾ ਪ੍ਰਬੰਧ ਯਕੀਨੀ ਬਣਾਏ ਜਾਣ।

# ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਪਾਇਲ ਵਿਖੇ ਰਜਿਸਟ੍ਰੇਸ਼ਨ ਟ੍ਰੇਨਿੰਗ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਨਮਾਨ, ਸਸ਼ਕਤੀਕਰਨ ਅਤੇ ਭਲਾਈ ਲਈ ਚਲਾਈ ਜਾ ਰਹੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਐਤਵਾਰ ਨੂੰ ਪਾਇਲ ਵਿਖੇ ਰਜਿਸਟ੍ਰੇਸ਼ਨ ਦੀ ਟ੍ਰੇਨਿੰਗ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਵੱਡੀ ਗਿਣਤੀ ਵਿੱਚ ਮਾਵਾਂ ਅਤੇ ਧੀਆਂ ਨੇ ਪਹੁੰਚ ਕਰ ਯੋਜਨਾ ਨਾਲ ਸੰਬੰਧਿਤ ਜਾਣਕਾਰੀ ਹਾਸਲ ਕੀਤੀ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਦੀ ਟ੍ਰੇਨਿੰਗ ਲਈ।ਇਸ ਮੌਕੇ ਹਲਕਾ ਪਾਇਲ ਤੋਂ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੀ ਭਲਾਈ ਅਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਲਈ ਵਚਨਬੱਧ ਹੈ।ਇਸ ਦੌਰਾਨ ਦੋਰਾਹਾ ਦੇ ਸਾਬਕਾ ਪ੍ਰਧਾਨ, ਕੌਂਸਲਰ ਸ੍ਰੀ ਸੁਦਰਸ਼ਨ ਕੁਮਾਰ ਸ਼ਰਮਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

# ਮਿੱਡ-ਡੇ ਮੀਲ ਕਰਮੀਆਂ ਨੂੰ ਘੱਟੋ-ਘੱਟ ਉਜਰਤਾਂ ਦੇ ਘੇਰੇ 'ਚ ਲਿਆਉਣ ਦੀ ਮੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਦੇ ਬੈਨਰ ਹੇਠ ਪਟਿਆਲਾ ਜ਼ਿਲ੍ਹੇ ਵਿਚਲੇ ਸਰਕਾਰੀ ਸਕੂਲਾਂ ਵਿੱਚ ਲੰਮੇ ਸਮੇਂ ਤੋਂ ਕੰਮ ਕਰ ਰਹੀਆਂ ਮਿੱਡ-ਡੇ ਮੀਲ ਕਰਮੀ ਯੂਨੀਅਨ ਦਫਤਰ ਰਾਜਪੁਰਾ ਕਾਲੋਨੀ ਵਿਖੇ ਇਕੱਤਰ ਹੋਏ। ਇਸ ਮੌਕੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੂਲਾਂ ਦੇ ਪ੍ਰਧਾਨ ਰਾਮ ਪ੍ਰਸਾਦ ਸਹੋਤਾ, ਸ਼ਹਿਰੀ ਪ੍ਰਧਾਨ ਰਾਮ ਲਾਲ ਰਾਮਾ ਵੀ ਸ਼ਾਮਲ ਹੋਏ।ਇਕੱਤਰਤਾ ਵਿੱਚ ਮਿੱਡ-ਡੇ ਮੀਲ ਤੋਂ ਇਲਾਵਾ ਸਕੂਲਾਂ ਵਿਚਲੇ ਪਾਰਟ ਟਾਇਮ ਮੇਲ ਤੇ ਫੀਮੇਲ ਕਰਮੀ ਵੀ ਸ਼ਾਮਲ ਹੋਏ ਅਤੇ ਉਹ ਕਰਮੀ ਵੀ ਪੁੱਜੇ, ਜਿਨ੍ਹਾਂ ਨੂੰ ਆਪ ਸਰਕਾਰ ਨੇ ਸਫਾਈ ਸੇਵਕ 3000 ਰੁਪਏ, ਚੌਂਕੀਦਾਰ 5000 ਰੁਪਏ ਪ੍ਰਤੀ ਮਹੀਨਾ 'ਤੇ ਰੱਖਿਆ ਹੋਇਆ ਹੈ, ਪ੍ਰੰਤੂ ਇਨ੍ਹਾਂ ਨੂੰ ਤਿੰਨ-ਤਿੰਨ ਮਹੀਨਿਆਂ ਤੋਂ ਤਨਖਾਹਾਂ ਨਸੀਬ ਨਹੀਂ ਹੋ ਰਹੀਆਂ।ਇਕੱਤਰਤਾ ਨੂੰ ਸੰਬੋਧਨ ਕਰਦਿਆਂ ਦਰਸ਼ਨ ਸਿੰਘ ਲੁਬਾਣਾ, ਰਾਮ ਪ੍ਰਸਾਦ ਸਹੋਤਾ ਨੇ ਮੰਗ ਕੀਤੀ ਕਿ ਪੰਜਾਬ ਵਿਚਲੇ ਸਮੂਹ ਸਰਕਾਰੀ ਸਕੂਲਾਂ ਵਿੱਚ ਕੰਮ ਕਰ ਰਹੀਆਂ ਮਿੱਡ-ਡੇ ਮੀਲ ਕਰਮੀਆਂ, ਪਾਰਟ ਟਾਇਮ ਤੇ ਘੱਟ ਤਨਖਾਹਾਂ 'ਤੇ ਨਿਯੁਕਤ ਕੀਤੇ ਸਫਾਈ ਸੇਵਕਾਂ/ਚੌਂਕੀਦਾਰਾਂ ਨੂੰ ਘੱਟੋ-ਘੱਟ ਉਜ਼ਰਤਾਂ ਦੇ ਘੇਰੇ ਵਿੱਚ ਲਿਆਂਦਾ ਜਾਵੇ, ਕੰਮ ਕਰਨ ਸਮੇਂ ਵਰਦੀਆਂ ਦਿੱਤੀਆਂ ਜਾਣ, ਕੋਈ ਵੀ ਖਾਣਾ ਬਣਾਉਣ ਸਮੇਂ ਹਾਦਸਾ ਵਾਪਰਨ 'ਤੇ ਡਾਕਟਰੀ ਸਹੂਲਤਾਂ ਦਿੱਤੀਆਂ ਜਾਣ ਆਦਿ ਮੰਗਾਂ ਉਠਾਈਆਂ ਗਈਆਂ ਤੇ ਫੈਸਲਾ ਕੀਤਾ ਗਿਆ ਕਿ ਸਾਰੀਆਂ ਮੰਗਾਂ ਦਾ ਇੱਕ ਯਾਦ ਪੱਤਰ ਦੇਣ ਲਈ 26 ਜੂਨ 2026 ਨੂੰ ਜ਼ਿਲ੍ਹਾ ਸਿੱਖਿਆ ਦਫਤਰ ਕੰਪਲੈਕਸ ਵਿਖੇ ਰੈਲੀ ਕੀਤੀ ਜਾਵੇਗੀ ਤੇ ਮਾਰਚ ਕਰਕੇ ਮੰਗ ਪੱਤਰ ਡਿਪਟੀ ਕਮਿਸ਼ਨਰ ਨੂੰ ਦਿੱਤਾ ਜਾਵੇਗਾ।ਇਕੱਤਰਤਾ ਵਿੱਚ ਰਾਮ ਲਾਲ ਰਾਮਾ, ਸਤਿ ਨਰਾਇਣ ਗੋਨੀ, ਤਰਲੋਚਨ ਮਾੜੂ, ਨਿਸ਼ਾਨ ਸਿੰਘ, ਚਰਨਜੀਤ ਸਿੰਘ ਮਰਦਾਪੁਰ, ਸਤਨਾਮ ਸਿੰਘ, ਤਰਸੇਮ ਲਾਲ, ਬਲਵਿੰਦਰ ਸਿੰਘ ਪਾਤੜਾਂ, ਕਾਲਾ ਸਿੰਘ, ਮੰਜੂ ਰਾਣੀ, ਹਰਜੀਤ ਕੌਰ, ਦਵਿੰਦਰ ਕੁਮਾਰ, ਮਦਨ ਲਾਲ ਨਾਭਾ, ਨੇਹਾ, ਬੇਗਰਾਮ, ਰਘਵੀਰ ਸਿੰਘ, ਸਹੇਨਾਜ ਬੇਗਮ, ਨਰਿੰਦਰ ਕੁਮਾਰ ਆਦਿ ਹਾਜ਼ਰ ਸਨ।

# ਬਾਜ਼ੀਗਰ ਭਵਨ ਦੇ ਨਿਰਮਾਣ ਲਈ ਟਰੱਸਟ ਸਰਗਰਮੀ ਨਾਲ ਕੰਮ ਕਰੇਗਾ : ਸੁੱਚਾ ਸਿੰਘ, ਸੇਵਾ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਬਾਜ਼ੀਗਰ ਸਮਾਜ ਟਰੱਸਟ ਦੀ ਇੱਕ ਅਹਿਮ ਮੀਟਿੰਗ ਸਥਾਨਕ ਚੰਡੀਗੜ੍ਹ ਰੋਡ ਸਥਿਤ ਗਿੱਲ ਰਿਜੈਂਸੀ ਵਿਖੇ ਟਰੱਸਟ ਦੇ ਪ੍ਰਧਾਨ ਸੁੱਚਾ ਸਿੰਘ (ਐੱਸ.ਡੀ.ਓ. ਰਿਟਾਇਰਡ) ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਬਾਜ਼ੀਗਰ ਸਮਾਜ ਦੀ ਭਲਾਈ, ਬਾਜ਼ੀਗਰ ਭਵਨ ਦੀ ਉਸਾਰੀ ਤੇ ਟਰੱਸਟ ਦੀਆਂ ਭਵਿੱਖੀ ਯੋਜਨਾਵਾਂ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਮੀਟਿੰਗ ਦੀ ਸ਼ੁਰੂਆਤ ਟਰੱਸਟੀ ਤੇ ਪੰਜਾਬ ਪੁਲਸ ਦੇ ਸਾਬਕਾ ਐੱਸ. ਪੀ. ਦੇ ਵੱਡੇ ਭਰਾ ਸਵਰਗਵਾਸੀ ਮੁਲਖ ਰਾਜ ਲਾਲਕਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਇੱਕ ਮਿੰਟ ਦਾ ਮੌਨ ਧਾਰਨ ਕਰਕੇ ਕੀਤੀ ਗਈ।ਟਰੱਸਟ ਦੇ ਜਨਰਲ ਸਕੱਤਰ ਹਰਬੰਸ ਲਾਲ ਮਾਨ (ਸੀਨੀਅਰ ਮੈਨੇਜਰ, ਪੀ.ਐੱਨ.ਬੀ. ਰਿਟਾਇਰਡ) ਨੇ ਟਰੱਸਟ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਜ਼ੀਗਰ ਭਵਨ ਦੀ ਉਸਾਰੀ ਲਈ ਸਰਕਾਰੀ ਸਹਿਯੋਗ ਹਾਸਲ ਕਰਨ ਵਾਸਤੇ ਮੁੱਖ ਮੰਤਰੀ ਪੰਜਾਬ ਤੇ ਹੋਰ ਉੱਚ ਅਧਿਕਾਰੀਆਂ ਨਾਲ ਮੁਲਾਕਾਤ ਲਈ ਈ-ਮੇਲ ਰਾਹੀਂ ਬੇਨਤੀ ਪੱਤਰ ਭੇਜੀ।ਪ੍ਰਧਾਨ ਸੁੱਚਾ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਟਰੱਸਟ ਦੇ ਬੈਂਕ ਖਾਤੇ ਵਿੱਚ ਹੁਣ ਤੱਕ 32 ਲੱਖ ਰੁਪਏ ਦੀ ਰਕਮ ਜਮ੍ਹਾਂ ਹੋ ਚੁੱਕੀ ਹੈ।ਮੀਟਿੰਗ ਦੌਰਾਨ ਮੈਂਬਰਾਂ ਵੱਲੋਂ ਹਰ ਮਹੀਨੇ 500 ਰੁਪਏ ਯੋਗਦਾਨ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਦੀ ਸਮੀਖਿਆ ਵੀ ਕੀਤੀ ਗਈ ਤੇ ਬਕਾਇਆ ਰਕਮ ਜਲਦ ਜਮ੍ਹਾਂ ਕਰਵਾਉਣ ਦੀ ਅਪੀਲ ਕੀਤੀ ਗਈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਟਰੱਸਟ ਦੇ ਨੁਮਾਇੰਦੇ ਪੰਜਾਬ ਸਰਕਾਰ ਦੇ ਅਧਿਕਾਰੀਆਂ, ਵਿਧਾਇਕਾਂ ਅਤੇ ਮੰਤਰੀਆਂ ਨਾਲ ਮੁਲਾਕਾਤਾਂ ਕਰਕੇ ਬਾਜ਼ੀਗਰ ਭਵਨ ਲਈ ਲੋੜੀਂਦਾ ਸਰਕਾਰੀ ਸਹਿਯੋਗ ਪ੍ਰਾਪਤ ਕਰਨ ਦੇ ਯਤਨ ਹੋਰ ਤੇਜ਼ ਕਰਨਗੇ।ਮੀਟਿੰਗ ਦੇ ਅੰਤ ਵਿੱਚ ਸਮਾਜ ਦੀ ਭਲਾਈ, ਬਿਰਾਦਰੀ ਦੀ ਤਰੱਕੀ ਤੇ ਬਾਜ਼ੀਗਰ ਭਵਨ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ ਗਿਆ।ਇਸ ਮੌਕੇ ਪ੍ਰਧਾਨ ਸੁੱਚਾ ਸਿੰਘ, ਜਨਰਲ ਸਕੱਤਰ ਹਰਬੰਸ ਲਾਲ ਮਾਨ, ਕੈਸ਼ੀਅਰ ਚਰਨਾ ਰਾਮ ਲਾਲਕਾ, ਜੁਆਇੰਟ ਸਕੱਤਰ ਹੰਸ ਰਾਜ ਜੱਸਾ, ਸੀਨੀਅਰ ਉਪ ਪ੍ਰਧਾਨ ਧਰਮ ਪਾਲ ਧਰਮਸੋਤ, ਓਮ ਪ੍ਰਕਾਸ਼ ਕਮਲ, ਅਮਰਜੀਤ ਮਾਨ, ਸੁਰਜੀਤ ਸਿੰਘ, ਰਾਜ ਕੁਮਾਰ ਰਾਜੂ, ਸੁਖਬੀਰ ਸਿੰਘ ਅਬਲੋਵਾਲ, ਸੇਵਾ ਸਿੰਘ (ਸਾਬਕਾ ਐਮ.ਸੀ.), ਸੁਖਵਿੰਦਰ ਰਾਮ ਸੁੱਖਾ, ਬਲਵੰਤ ਸਿੰਘ, ਬਲਕਾਰ ਸਿੰਘ, ਦੀਵਾਨ ਚੰਦ, ਦਰਸ਼ਨ ਸਿੰਘ ਖੀਵਾ, ਖਰੈਤੀ ਰਾਮ ਸਮੇਤ ਹੋਰ ਪਤਵੰਤੇ ਸਾਥੀ ਹਾਜ਼ਰ ਸਨ।

# ਪਾਣੀ ਦੇ ਸੰਕਟ ਤੇ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ 20 ਨੂੰ ਸੈਮੀਨਾਰ

**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਬਚਾਓ, ਪੰਜਾਬ ਬਚਾਓ ਟੀਮ ਵੱਲੋਂ 20 ਜੂਨ ਸ਼ਨੀਵਾਰ ਸਵੇਰੇ 10 ਵਜੇ ਨਛੱਤਰ ਸਿੰਘ ਯਾਦਗਾਰੀ ਹਾਲ, ਬੱਸ ਅੱਡਾ ਮੋਗਾ ਵਿਖੇ ਪਾਣੀ ਦੇ ਸੰਕਟ ਤੇ ਸੈਮੀਨਾਰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫ਼ਤਰ ਮੋਗਾ ਵਿਖੇ ਇਕ ਮੀਟਿੰਗ ਹੋਈ, ਜਿਸ ਵਿੱਚ ਪਿੰਡ ਬਚਾਓ, ਪੰਜਾਬ ਬਚਾਓ ਮੁਹਿੰਮ ਦੇ ਆਗੂ ਜਥੇਦਾਰ ਗਿਆਨੀ ਕੇਵਲ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਗਿਆਨੀ ਜੀ ਦਾ ਦਫਤਰ ਪਹੁੰਚਣ 'ਤੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੇ ਸਮੁੱਚੀ ਟੀਮ ਨੇ ਜੀ ਆਇਆਂ ਕਿਹਾ ਅਤੇ ਧੰਨਵਾਦ ਕੀਤਾ।ਇਸ ਮੌਕੇ ਗਿਆਨੀ ਕੇਵਲ ਸਿੰਘ ਨੇ ਕਿਹਾ ਕਿ ਪੰਜਾਬ ਇਸ ਵੇਲੇ ਪਾਣੀ ਦੇ ਗੰਭੀਰ ਸੰਕਟ ਦਾ ਸਾਹਮਣਾ ਕਰ ਰਿਹਾ ਹੈ।ਧਰਤੀ ਹੇਠਲਾ ਪਾਣੀ ਲਗਾਤਾਰ ਹੇਠਾਂ ਜਾ ਰਿਹਾ ਹੈ, ਦਰਿਆਈ ਪਾਣੀਆਂ ਦੇ ਹੱਕਾਂ 'ਤੇ ਵੀ ਖਤਰੇ ਮੰਡਰਾ ਰਹੇ ਹਨ ਤੇ ਵਾਤਾਵਰਨਕ ਤਬਦੀਲੀਆਂ ਕਾਰਨ ਖੇਤੀ ਤੇ ਆਮ ਜਨ ਜੀਵਨ ਪ੍ਰਭਾਵਿਤ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਤੇ ਪਾਣੀ ਦੀ ਸੰਭਾਲ ਲਈ ਸਾਂਝੇ ਉਪਰਾਲੇ ਕਰਨੇ ਸਮੇਂ ਦੀ ਸਭ ਤੋਂ ਵੱਡੀ ਲੋੜ ਹਨ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਸਾਬਕਾ ਸਰਪੰਚ ਇਕਬਾਲ ਸਿੰਘ ਗਲੋਟੀ, ਅਨੁਸ਼ਾਸਨੀ ਕਮੇਟੀ ਮੈਂਬਰ ਹਰਜੀਤ ਸਿੰਘ ਮਨਾਵਾਂ, ਡਾ. ਹਰਨੇਕ ਸਿੰਘ ਰੋਡੇ, ਦਰਸ਼ਨ ਸਿੰਘ, ਪ੍ਰਧਾਨ ਸਿੰਘ ਜੱਖੇਪਾਲ, ਦਰਸ਼ਨ ਸਿੰਘ ਧਨੇਠਾ, ਕਰਮਦੀਨ ਮਲੇਰਕੋਟਲਾ, ਰੂਪਿੰਦਰ ਸਿੰਘ ਕੋਕਰੀ ਕਲਾਂ ਤੇ ਕਰਨੈਲ ਸਿੰਘ ਜੱਖੇਪਾਲ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਮੰਗਾਂ ਦੀ ਪ੍ਰਾਪਤੀ ਲਈ ਆਰ ਪਾਰ ਦੀ ਲੜਾਈ ਲੜੀ ਜਾਵੇਗੀ : ਰਾਜ ਕੁਮਾਰ ਅਰੋੜਾ

## 17 ਦੀ ਸੂਬਾਈ ਕਨਵੈਨਸ਼ਨ 'ਚ ਕਨਫੈਡਰੇਸ਼ਨ ਕਰੇਗੀ ਵਧ-ਚੜ੍ਹ ਕੇ ਸ਼ਮੂਲੀਅਤ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਟੇਟ ਪੈਨਸ਼ਨਰਜ਼ ਕੰਨਫੈਡਰੇਸ਼ਨ (ਰਜਿ.) ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਤੇ ਸੂਬਾਈ ਮੁੱਖ ਬੁਲਾਰੇ ਰਾਜ ਕੁਮਾਰ ਅਰੋੜਾ, ਜੋ ਪੈਨਸ਼ਨਰ ਵੈੱਲਫੇਅਰ ਜ਼ਿਲ੍ਹਾ ਸੰਗਰੂਰ ਦੇ ਵੀ ਪ੍ਰਧਾਨ ਹਨ, ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।ਮੰਗਾਂ ਮੰਨਣ ਦੀ ਬਜਾਏ ਟਾਲਮਟੋਲ ਦੀ ਨੀਤੀ ਅਪਣਾ ਰਹੀ ਹੈ, ਜਿਸ ਕਾਰਨ ਪੰਜਾਬ ਦੇ 7 ਲੱਖ ਮੁਲਾਜ਼ਮ ਤੇ ਪੈਨਸ਼ਨਰ ਪੰਜਾਬ ਸਰਕਾਰ ਵਿਰੁੱਧ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਹੋ ਗਏ ਹਨ।ਹੁਣ ਆਰ-ਪਾਰ ਦੀ ਲੜਾਈ ਹੋਵੇਗੀ। ਉਨ੍ਹਾਂ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿਰੋਧੀ ਨੀਤੀ ਦੀ ਜ਼ੋਰਦਾਰ ਨਿੰਦਾ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਦਾ ਨਿਪਟਾਰਾ ਕਰਨ ਲਈ ਸਭ ਤੋਂ ਵੱਧ ਨਿਕੰਮੀ ਸਰਕਾਰ ਸਾਬਿਤ ਹੋਈ ਹੈ।ਹਾਈਕੋਰਟ ਵੱਲੋਂ 8 ਅਪ੍ਰੈਲ 2026 ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 30 ਜੂਨ 2026 ਤੱਕ 16 ਪ੍ਰਤੀਸ਼ਤ ਡੀਏ ਦੀਆਂ ਕਿਸ਼ਤਾਂ ਤੇ ਬਣਦੇ ਬਕਾਏ ਦੇਣ ਦੇ ਸਿੰਗਲ ਬੈਂਚ ਦੇ ਫੈਸਲੇ ਨੂੰ ਲਟਕਾ ਕੇ ਰੱਖਣ ਲਈ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿਰੁੱਧ ਹਾਈਕੋਰਟ ਵਿੱਚ ਡਬਲ ਬੈਂਚ ਜੱਜ ਕੋਲ ਐੱਸ ਐੱਲ ਪੀ ਵੀ ਪਾ ਚੁੱਕੀ ਹੈ।ਉਨ੍ਹਾਂ ਮੰਗ ਕੀਤੀ ਗਈ ਕਿ ਹਾਈਕੋਰਟ ਦੇ ਫੈਸਲੇ ਨੂੰ ਤੁਰੰਤ ਲਾਗੂ ਕਰਦੇ ਹੋਏ 30 ਜੂਨ 2026 ਤੋਂ ਪਹਿਲਾਂ ਪਹਿਲਾਂ ਡੀ ਏ ਦੇ ਕੇ ਹਾਈ ਕੋਰਟ ਦੇ ਫੈਸਲੇ ਦਾ ਮਾਣ ਸਨਮਾਨ ਬਹਾਲ ਰੱਖੇ।ਉਨ੍ਹਾਂ ਕਿਹਾ ਕਿ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਜਲੰਧਰ ਵਿਖੇ 17 ਜੂਨ ਨੂੰ ਹੋ ਰਹੀ ਸੂਬਾਈ ਕਨਵੈਨਸ਼ਨ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਇਸ ਮੌਕੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਜਨਰਲ ਸਕੱਤਰ ਦਰਸ਼ਨ ਸਿੰਘ ਔਲਖ, ਵਿੱਤ ਸਕੱਤਰ ਕਰਨੈਲ ਸਿੰਘ ਸੇਖੋਂ, ਸਹਾਇਕ ਵਿੱਤ ਸਕੱਤਰ ਰਜਿੰਦਰ ਸਿੰਘ ਚੰਗਾਲ, ਦਫਤਰ ਸਕੱਤਰ ਸੁਰਿੰਦਰ ਸਿੰਘ ਸੋਢੀ ਤੇ ਲਾਲ ਚੰਦ ਸੈਣੀ ਮੌਜੂਦ ਸਨ।

# ਪੰਜਾਬੀ ਸਾਹਿਤ ਅਕਾਦਮੀ ਵੱਲੋਂ ਯੂਨੀਵਰਸਿਟੀ ਆਫ਼ ਕੋਟਾ ਦਾ ਧੰਨਵਾਦ

**ਲੁਧਿਆਣਾ (ਰੈਕਟਰ ਕਥੂਰੀਆ)**

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਮੈਂਬਰਾਂ ਤੇ ਸਮੂਹ ਮੈਂਬਰਾਂ ਵੱਲੋਂ ਯੂਨੀਵਰਸਿਟੀ ਆਫ਼ ਕੋਟਾ ਦਾ ਧੰਨਵਾਦ ਕੀਤਾ ਗਿਆ। ਯਾਦ ਰਹੇ ਪੰਜਾਬੀ ਸਾਹਿਤ ਅਕਾਦਮੀ ਨੇ ਰਾਜਸਥਾਨ ਸਰਕਾਰ ਤੇ ਯੂਨੀਵਰਸਿਟੀ ਅਧਿਕਾਰੀਆਂ ਨੂੰ ਪੱਤਰ ਲਿਖੇ ਸਨ।ਪੰਜਾਬੀ ਸਾਹਿਤ ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਦੱਸਿਆ ਕਿ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਤੇ ਰਾਜਸਥਾਨ ਪੰਜਾਬੀ ਐਸੋਸੀਏਸ਼ਨ ਸੰਸਥਾ ਦੇ ਸਾਂਝੇ ਯਤਨਾਂ ਸਦਕਾ ਰਾਜਸਥਾਨ ਵਿਚ ਹੋਣ ਵਾਲੀ ਐੱਸ.ਈ.ਟੀ. ਦੀ ਪ੍ਰੀਖਿਆ ਵਿੱਚ ਪੰਜਾਬੀ ਵਿਸ਼ੇ ਨੂੰ ਸ਼ਾਮਲ ਕਰਨ ਨਾਲ ਪੰਜਾਬੀ ਭਾਸ਼ਾ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਕੈਰੀਅਰ ਲਈ ਨਵੇਂ ਰਸਤੇ ਖੁੱਲ੍ਹ ਗਏ ਹਨ।ਇਸ ਮਹੱਤਵਪੂਰਨ ਫ਼ੈਸਲੇ ਲਈ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਯੂਨੀਵਰਸਿਟੀ ਆਫ਼ ਕੋਟਾ ਦਾ ਧੰਨਵਾਦ ਕਰਦੀ ਹੈ।ਅਕਾਦਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਇਸ ਫ਼ੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਇਤਿਹਾਸਕ ਫ਼ੈਸਲੇ ਨਾਲ ਸਹਾਇਕ ਪ੍ਰੋਫ਼ੈਸਰ ਬਣਨ ਦੀ ਯੋਗਤਾ ਦਾ ਮੌਕਾ ਮਿਲ ਸਕੇਗਾ।ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਯੂਨੀਵਰਸਿਟੀ ਆਫ਼ ਕੋਟਾ ਦੇ ਇਸ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੇ ਵਿਕਾਸ ਲਈ ਨਿਰੰਤਰ ਯਤਨਸ਼ੀਲ ਪੰਜਾਬੀ ਸਾਹਿਤ ਅਕਾਦਮੀ ਦੀ ਇਹ ਮਹੱਤਵਪੂਰਨ ਕਾਮਯਾਬੀ ਸਮਾਜ ਦੇ ਉੱਜਲ ਭਵਿੱਖ ਲਈ ਬੇਹੱਦ ਸੁਖਦ ਤੇ ਸਲਾਹੁਣਯੋਗ ਉਪਰਾਲਾ ਹੈ।ਮੁਬਾਰਕਬਾਦ ਦੇਣ ਵਾਲਿਆਂ ਵਿੱਚ ਪ੍ਰੋ. ਗੁਰਭਜਨ ਸਿੰਘ ਗਿੱਲ, ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਰਵਿੰਦਰ ਸਿੰਘ ਭੱਠਲ, ਡਾ. ਲਖਵਿੰਦਰ ਸਿੰਘ ਜੌਹਲ, ਡਾ. ਵਰਿਆਮ ਸਿੰਘ ਸੰਧੂ, ਡਾ. ਗੁਰਇਕਬਾਲ ਸਿੰਘ, ਡਾ. ਸਰਬਜੀਤ ਕੌਰ ਸੋਹਲ, ਸ੍ਰੀ ਜਸਪਾਲ ਮਾਨਖੇੜਾ, ਸ. ਸਹਿਜਪ੍ਰੀਤ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ, ਡਾ. ਅਰਵਿੰਦਰ ਕੌਰ ਕਾਕੜਾ, ਸ੍ਰੀਮਤੀ ਸੁਰਿੰਦਰ ਨੀਰ, ਸੁਰਿੰਦਰ ਕੈਲੇ, ਜਨਮੇਜਾ ਸਿੰਘ ਜੌਹਲ, ਹਰਵਿੰਦਰ ਸਿੰਘ ਸਿਰਸਾ ਆਦਿ ਸ਼ਾਮਲ ਹਨ।

# ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਰਕਾਰ ਵਚਨਬੱਧ : ਰਣਬੀਰ ਭੁੱਲਰ

## ਵਿਧਾਇਕ ਨੇ ਹਲਕੇ ਦੇ ਵਪਾਰੀਆਂ ਨਾਲ ਕੀਤੀ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਵਿਧਾਨ ਸਭਾ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਫਿਰੋਜ਼ਪੁਰ ਛਾਉਣੀ ਵਿਖੇ ਇਲਾਕੇ ਦੇ ਵਪਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਦੌਰਾਨ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਤੇ ਉਨ੍ਹਾਂ ਦੇ ਹੱਲ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਵਿੱਚ ਪੁਲਸ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਵੀ ਮੌਜੂਦ ਰਹੇ।

ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਅਰਥਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਤੇ ਵਪਾਰੀਆਂ ਦੀਆਂ ਜਾਇਜ਼ ਮੰਗਾਂ ਤੇ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਸੂਬੇ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹੈ ਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ। ਇਸ ਮੌਕੇ ਵਪਾਰੀਆਂ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ, ਬਾਜ਼ਾਰਾਂ ਵਿੱਚ ਬੁਨਿਆਦੀ ਸਹੂਲਤਾਂ ਦੇ ਸੁਧਾਰ, ਟ੍ਰੈਫਿਕ ਪ੍ਰਬੰਧਨ, ਸੁਰੱਖਿਆ ਪ੍ਰਬੰਧਾਂ ਤੇ ਕਾਰੋਬਾਰ ਨਾਲ ਜੁੜੀਆਂ ਹੋਰ ਚੁਣੌਤੀਆਂ ਸਬੰਧੀ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਵਿਧਾਇਕ ਭੁੱਲਰ ਨੇ ਭਰੋਸਾ ਦਿਵਾਇਆ ਕਿ ਵਪਾਰੀਆਂ ਵੱਲੋਂ ਉਠਾਏ ਗਏ ਹਰ ਮੁੱਦੇ ਨੂੰ ਸਬੰਧਤ ਵਿਭਾਗਾਂ ਦੇ ਧਿਆਨ ਵਿੱਚ ਲਿਆ ਕੇ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਤੇ ਵਪਾਰੀਆਂ ਨਾਲ ਲਗਾਤਾਰ ਸੰਵਾਦ ਰਾਹੀਂ ਵਿਕਾਸ ਤੇ ਖੁਸ਼ਹਾਲੀ ਦੇ ਨਵੇਂ ਮਾਪਦੰਡ ਸਥਾਪਤ ਕਰਨ ਲਈ ਯਤਨਸ਼ੀਲ ਹੈ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਵਪਾਰ ਮੰਡਲ ਸੁਖਦੇਵ ਸਿੰਘ ਜੋਸਨ, ਡੀਐੱਸਪੀ ਸੁਖਵਿੰਦਰ ਸਿੰਘ, ਨਾਇਬ ਤਹਿਸੀਲਦਾਰ ਪ੍ਰੀਆ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਹਲਵਾਰਾ ਨੂੰ ਕੌਮਾਂਤਰੀ ਹਵਾਈ ਅੱਡੇ ਦਾ ਦਰਜਾ ਦੇਣ ਤੇ ਦੇਸ਼ ਦੇ ਪ੍ਰਮੁੱਖ ਸ਼ਹਿਰਾਂ ਨਾਲ ਜੋੜਨ ਦੀ ਮੰਗ



**ਰਾਏਕੋਟ (ਸੰਤੋਖ ਗਿੱਲ)**-ਲੰਬੀ ਉਡੀਕ ਬਾਅਦ ਰਾਏਕੋਟ ਹਲਕੇ ਦੇ ਲੋਕਾਂ ਨੂੰ ਕੌਮਾਂਤਰੀ ਹਵਾਈ ਅੱਡਾ ਹਲਵਾਰਾ ਦੀ ਸੌਗਾਤ ਦੇਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਰਾਏਕੋਟ ਦੇ ਭਾਜਪਾ ਆਗੂਆਂ ਨੇ ਕੇਂਦਰੀ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਪੁਰੀ ਤੋਂ ਇਸ ਹਵਾਈ ਅੱਡੇ ਦੇ ਹੋਰ ਵਿਸਥਾਰ ਦੀ ਮੰਗ ਕੀਤੀ ਹੈ।ਭਾਜਪਾ ਵਪਾਰ ਮੰਡਲ ਦੇ ਸੂਬਾ ਸਕੱਤਰ ਕਪਿਲ ਗਰਗ ਤੇ ਮੰਡਲ ਪ੍ਰਧਾਨ ਦੀਪਕ ਬਾਂਸਲ ਦੀ ਅਗਵਾਈ ਵਿੱਚ ਕੇਂਦਰੀ ਮੰਤਰੀ ਨਾਲ ਮੁਲਾਕਾਤ ਕਰਨ ਵਾਲੇ ਵਫ਼ਦ ਨੇ ਕਿਹਾ ਕਿ ਸਮੁੱਚੇ ਮਾਲਵਾ ਖੇਤਰ ਤੇ ਖ਼ਾਸਕਰ ਲੁਧਿਆਣਾ ਜ਼ਿਲ੍ਹੇ ਦੇ ਵਪਾਰੀਆਂ, ਪ੍ਰਵਾਸੀ ਪੰਜਾਬੀਆਂ ਤੇ ਹਰ ਵਰਗ ਦੇ ਲੋਕਾਂ ਦੀ ਮੰਗ ਅਨੁਸਾਰ ਕੌਮਾਂਤਰੀ ਉਡਾਨਾਂ ਤੋਂ ਇਲਾਵਾ ਹੋਰ ਘਰੇਲੂ ਉਡਾਨਾਂ ਸ਼ੁਰੂ ਕਰਨ ਦੇ ਨਾਲ ਹੀ ਸਮਾਂ ਸਾਰਨੀ ਵਿੱਚ ਵੀ ਕੁਝ ਤਬਦੀਲੀਆਂ ਕਰਨ ਦੀ ਮੰਗ ਕੀਤੀ।

ਭਾਜਪਾ ਆਗੂਆਂ ਨੇ ਕਿਹਾ ਕਿ ਹਲਵਾਰਾ ਹਵਾਈ ਅੱਡਾ ਕੇਵਲ ਲੁਧਿਆਣਾ ਜ਼ਿਲ੍ਹੇ ਹੀ ਨਹੀਂ, ਸਗੋਂ ਸਮੁੱਚੇ ਮਾਲਵਾ ਖੇਤਰ ਦੀ ਤਸਵੀਰ ਬਦਲਣ ਦੀ ਸਮਰੱਥਾ ਰੱਖਦਾ ਹੈ।ਉਨ੍ਹਾਂ ਦਿੱਲੀ ਲਈ ਮੌਜੂਦਾ ਉਡਾਨਾਂ ਦੀ ਗਿਣਤੀ ਵਧਾਉਣ ਤੇ ਸ਼ਾਮ ਸਮੇਂ ਇੱਕ ਨਵੀਂ ਉਡਾਣ ਸ਼ੁਰੂ ਕਰਨ ਦੀ ਮੰਗ ਕੀਤੀ।ਕਪਿਲ ਗਰਗ ਨੇ ਕਿਹਾ ਕਿ ਹਲਵਾਰਾ ਹਵਾਈ ਅੱਡਾ ਕੇਵਲ ਵਪਾਰਕ ਗਤੀਵਿਧੀਆਂ ਨੂੰ ਹੀ ਨਹੀਂ, ਬਲਕਿ ਉਦਯੋਗ, ਨਿਵੇਸ਼, ਸੈਰ-ਸਪਾਟੇ ਤੇ ਪਰਵਾਸੀ ਪੰਜਾਬੀਆਂ ਨਾਲ ਸੰਪਰਕ ਨੂੰ ਵੀ ਨਵੀਆਂ ਉਚਾਈਆਂ 'ਤੇ ਲੈ ਜਾਵੇਗਾ।ਉਨ੍ਹਾਂ ਦੇਸ਼ ਦੇ ਮੁੱਖ ਵਪਾਰਕ ਸ਼ਹਿਰਾਂ ਤੋਂ ਇਲਾਵਾ ਧਾਰਮਿਕ ਤੇ ਸੈਰ-ਸਪਾਟੇ ਵਾਲੀਆਂ ਥਾਂਵਾਂ ਨਾਲ ਸੰਪਰਕ ਵਧਾਉਣ ਦੀ ਮੰਗ ਦੁਹਰਾਈ ਹੈ।ਆਗੂਆਂ ਨੇ ਕਿਹਾ ਕਿ ਕੇਂਦਰੀ ਮੰਤਰੀ ਹਰਦੀਪ ਪੁਰੀ ਨੇ ਗੰਭੀਰਤਾ ਨਾਲ ਸੁਣਨ ਬਾਅਦ ਭਰੋਸਾ ਦਿਵਾਇਆ ਕਿ ਹਲਵਾਰਾ ਹਵਾਈ ਅੱਡੇ ਨੂੰ ਵਧੇਰੇ ਵਿਕਸਤ ਕੀਤਾ ਜਾਵੇਗਾ।ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਰਜਿੰਦਰ ਸ਼ਰਮਾ, ਜ਼ਿਲ੍ਹਾ ਜਨਰਲ ਸਕੱਤਰ ਪ੍ਰਦੀਪ ਜੰਡ, ਸੁਧਾਰ ਬਲਾਕ ਪ੍ਰਧਾਨ ਮਨੋਜ ਗੋਇਲ, ਜ਼ਿਲ੍ਹਾ ਉਪ ਪ੍ਰਧਾਨ ਬਾਲ ਕ੍ਰਿਸ਼ਨ ਗਰਗ, ਅਸ਼ੋਕ ਚੋਪੜਾ, ਅਨੁਸੂਚਿਤ ਜਾਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਬਾਂਗੜ, ਸੁਭਾਸ਼ ਕੱਕੜ ਵੀ ਵਫ਼ਦ ਵਿੱਚ ਸ਼ਾਮਲ ਸਨ।

# 20 ਤੱਕ ਈ-ਕੇ ਵਾਈ ਸੀ ਅਤੇ ਜ਼ਮੀਨ ਦੀ ਤਸਦੀਕ ਕਰਵਾਈ ਜਾਵੇ : ਮੁੱਖ ਖੇਤੀਬਾੜੀ ਅਫ਼ਸਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਪ੍ਰੀਤ ਪਾਲ ਕੌਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਕਿਸਾਨਾਂ ਵੱਲੋਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਅਧੀਨ ਈ-ਕੇ. ਵਾਈ. ਸੀ ਅਤੇ ਜ਼ਮੀਨ ਦੀ ਤਸਦੀਕ ਨਹੀਂ ਕਰਵਾਈ ਗਈ ਹੈ ਤਾਂ ਉਹ ਕਿਸਾਨ ਵੀਰ ਅਗਲੀ ਕਿਸ਼ਤ ਪ੍ਰਾਪਤ ਕਰਨ ਲਈ 20 ਜੂਨ ਤੱਕ ਆਪਣੀ ਈ-ਕੇ. ਵਾਈ. ਸੀ ਅਤੇ ਜ਼ਮੀਨ ਦੀ ਤਸਦੀਕ ਪ੍ਰਕਿਰਿਆ ਤੁਰੰਤ ਮੁਕੰਮਲ ਕਰਵਾਉਣ। ਉਨ੍ਹਾਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਹੇਠ ਲਾਭਪਾਤਰੀ ਕਿਸਾਨਾਂ ਲਈ ਈ-ਕੇ ਵਾਈ ਸੀ ਅਤੇ ਜ਼ਮੀਨ ਦੀ ਤਸਦੀਕ ਲਾਜ਼ਮੀ ਕੀਤੀ ਗਈ ਹੈ, ਤਾਂ ਕਿ ਉਨ੍ਹਾਂ ਨੂੰ ਯੋਜਨਾ ਦੀ ਅਗਲੀ ਕਿਸ਼ਤ ਪ੍ਰਾਪਤ ਕਰਨ ਵਿੱਚ ਦਿੱਕਤ ਨਾ ਆਵੇ।ਉਨ੍ਹਾਂ ਕਿਹਾ ਕਿ ਕਿਸਾਨ ਵੀਰ ਆਪਣੇ ਨੇੜਲੇ ਕਾਮਨ ਸਰਵਿਸ ਸੈਂਟਰ, ਸੁਵਿਧਾ ਕੇਂਦਰ ਜਾਂ ਖੇਤੀਬਾੜੀ ਵਿਭਾਗ ਦੇ ਦਫ਼ਤਰ ਨਾਲ ਸੰਪਰਕ ਕਰਕੇ ਈ-ਕੇ. ਵਾਈ. ਸੀ ਅਤੇ ਜ਼ਮੀਨ ਦੀ ਤਸਦੀਕ ਦੀ ਪ੍ਰਕਿਰਿਆ ਪੂਰੀ ਕਰਵਾ ਦੇ ਹਨ।

# ਵਿਸ਼ਵ ਸਾਈਕਲ ਦਿਵਸ ਸੰਬੰਧੀ ਅਸ਼ਮਿਤਾ ਖੇਲੋ ਇੰਡੀਆ ਵਿਮੈਨ ਲੀਗ ਤੇ ਸਾਈਕਲ ਰੈਲੀ





**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ/ਜਸਵੰਤ ਗਿੱਲ)**-ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਵਿਸ਼ਵ ਸਾਈਕਲ ਦਿਵਸ ਸਬੰਧੀ ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਨੇੜੇ ਅਸ਼ਮਿਤਾ ਖੇਲੋ ਇੰਡੀਆ ਵਿਮੈਨ ਲੀਗ ਤੇ ਸਾਈਕਲ ਰੈਲੀ ਕਰਵਾਈ ਗਈ, ਜਿਸ ਵਿੱਚ ਵੱਖ-ਵੱਖ ਉਮਰ ਵਰਗਾਂ ਦੀਆਂ ਮਹਿਲਾ ਸਾਈਕਲ ਸਵਾਰਾਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ।ਇਸ ਮੁਕਾਬਲੇ ਦਾ ਮਕਸਦ ਮਹਿਲਾਵਾਂ ਵਿੱਚ ਸਾਈਕਲਿੰਗ ਪ੍ਰਤੀ ਰੁਝਾਨ ਵਧਾਉਣਾ ਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਨਾ ਸੀ।ਮੁਕਾਬਲਿਆਂ ਦੇ ਨਤੀਜਿਆਂ ਅਨੁਸਾਰ ਸਬ ਜੂਨੀਅਰ ਵਰਗ ਵਿੱਚ ਚਸ਼ਮੀਤ ਕੌਰ ਨੇ ਤੀਜਾ, ਰਾਜਵੀਰ ਕੌਰ ਨੇ ਦੂਜਾ ਤੇ ਨਵਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।ਜੂਨੀਅਰ ਵਰਗ ਵਿੱਚ ਨੀਰਜ ਰਾਣੀ ਨੇ ਤੀਜਾ, ਨਮਸਤਿਕਾ ਨੇ ਦੂਜਾ ਤੇ ਰੁਪਿੰਦਰ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।

ਇਸੇ ਤਰ੍ਹਾਂ ਅਲੀਟ ਵਰਗ ਵਿੱਚ ਪ੍ਰਿੰਸਦੀਪ ਨੇ ਤੀਜਾ, ਕੰਚਨ ਨੇ ਦੂਜਾ ਤੇ ਜਸਕਰਨਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕਰਕੇ ਆਪਣੀ ਸ਼ਾਨਦਾਰ ਪ੍ਰਦਰਸ਼ਨ ਨਾਲ ਸਭ ਦਾ ਧਿਆਨ ਖਿੱਚਿਆ।ਇਸ ਮੌਕੇ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਪੰਜਾਬ ਵਿੱਚ ਸਾਈਕਲਿੰਗ ਖੇਡ ਨੂੰ ਉਤਸ਼ਾਹਤ ਕਰਨ ਲਈ ਐਸੋਸੀਏਸ਼ਨ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਅਸ਼ਮਿਤਾ ਖੇਲੋ ਇੰਡੀਆ ਵਿਮੈਨ ਲੀਗ ਵਰਗੇ ਪ੍ਰੋਗਰਾਮ ਮਹਿਲਾ ਖਿਡਾਰੀਆਂ ਨੂੰ ਅੱਗੇ ਆਉਣ ਤੇ ਰਾਸ਼ਟਰੀ ਪੱਧਰ 'ਤੇ ਆਪਣੀ ਪਛਾਣ ਬਣਾਉਣ ਲਈ ਇੱਕ ਵਧੀਆ ਮੰਚ ਪ੍ਰਦਾਨ ਕਰਦੇ ਹਨ।ਸਾਡਾ ਉਦੇਸ਼ ਹੈ ਕਿ ਪੰਜਾਬ ਦੀਆਂ ਵੱਧ ਤੋਂ ਵੱਧ ਲੜਕੀਆਂ ਖੇਡਾਂ ਨਾਲ ਜੁੜਨ ਤੇ ਆਪਣਾ ਭਵਿੱਖ ਰੌਸ਼ਨ ਕਰਨ।ਇਸ ਮੌਕੇ ਬੀ.ਐੱਸ. ਸੂਦਨ ਖਜ਼ਾਨਚੀ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਨੇ ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਪੰਕਜ ਸਿੰਘ, ਚੇਅਰਮੈਨ ਓਂਕਾਰ ਸਿੰਘ, ਸਕੱਤਰ ਜਨਰਲ ਮਨਿੰਦਰਪਾਲ ਸਿੰਘ ਤੇ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਤੇ ਜਨਰਲ ਸਕੱਤਰ ਜਗਦੀਪ ਸਿੰਘ ਦਾ ਇਹ ਮਹੱਤਵਪੂਰਨ ਈਵੈਂਟ ਪੰਜਾਬ ਨੂੰ ਦੇਣ ਲਈ ਵਿਸ਼ੇਸ਼ ਧੰਨਵਾਦ ਕੀਤਾ।ਸਮਾਗਮ ਦੇ ਅੰਤ ਵਿੱਚ ਜੇਤੂ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਖੇਡ ਸਮਾਗਮ ਲਗਾਤਾਰ ਕਰਵਾਉਣ ਦਾ ਭਰੋਸਾ ਦਿੱਤਾ ਗਿਆ।

# ਮਾਵਾਂ-ਧੀਆਂ ਸਤਿਕਾਰ ਯੋਜਨਾ ਨਾਲ ਮਹਿਲਾਵਾਂ ਨੂੰ ਮਿਲੇਗਾ ਨਵਾਂ ਆਰਥਿਕ ਸਹਾਰਾ : ਗਿਆਸਪੁਰਾ

## 1 ਜੁਲਾਈ ਤੋਂ ਖਾਤਿਆਂ 'ਚ ਆਉਣਗੇ ਪੈਸੇ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਨਮਾਨ, ਸਸ਼ਕਤੀਕਰਨ ਤੇ ਆਰਥਿਕ ਮਜ਼ਬੂਤੀ ਲਈ ਸ਼ੁਰੂ ਕੀਤੀ ਗਈ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ।ਇਸ ਯੋਜਨਾ ਤਹਿਤ ਪਾਇਲ ਵਿਖੇ ਰਜਿਸਟ੍ਰੇਸ਼ਨ ਸਬੰਧੀ ਟ੍ਰੇਨਿੰਗ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮਾਵਾਂ ਤੇ ਧੀਆਂ ਨੇ ਸ਼ਮੂਲੀਅਤ ਕਰਕੇ ਰਜਿਸਟ੍ਰੇਸ਼ਨ ਦੀ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਹਲਕਾ ਪਾਇਲ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਲੋਕ ਭਲਾਈ ਦੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਪੰਜਾਬ ਦੀਆਂ ਮਹਿਲਾਵਾਂ ਲਈ ਇੱਕ ਇਤਿਹਾਸਕ ਪਹਿਲ ਹੈ, ਜਿਸ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਸਿੱਧਾ ਲਾਭ ਮਿਲੇਗਾ।ਗਿਆਸਪੁਰਾ ਨੇ ਦੱਸਿਆ ਕਿ ਸਰਕਾਰ ਵੱਲੋਂ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਤੇ ਆਸਾਨ ਬਣਾਇਆ ਗਿਆ ਹੈ ਤਾਂ ਜੋ ਕੋਈ ਵੀ ਯੋਗ ਮਹਿਲਾ ਇਸ ਯੋਜਨਾ ਦੇ ਲਾਭ ਤੋਂ ਵਾਂਝੀ ਨਾ ਰਹੇ।ਉਨ੍ਹਾਂ ਭਰੋਸਾ ਦਿੱਤਾ ਕਿ ਸਾਰੀਆਂ ਲੋੜੀਂਦੀਆਂ ਕਾਰਵਾਈਆਂ ਮੁਕੰਮਲ ਹੋਣ ਤੋਂ ਬਾਅਦ 1 ਜੁਲਾਈ ਤੋਂ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਰਕਮ ਆਉਣੀ ਸ਼ੁਰੂ ਹੋ ਜਾਵੇਗੀ, ਜਿਸ ਨਾਲ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤੀ ਮਿਲੇਗੀ।

# ਸੁਖਦੇਵ ਸਿੰਘ ਢੀਂਡਸਾ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਦਿਨ-ਰਾਤ ਇੱਕ ਕਰ ਦਿਆਂਗੇ : ਵਿੱਕੀ ਛਾਜਲੀ



**ਦਿੜ੍ਹਬਾ (ਜਸਵੀਰ ਲਾਡੀ)**

ਪਿਛਲੇ ਲੰਮੇ ਸਮੇਂ ਤੋਂ ਨੌਜਵਾਨਾਂ ਨੂੰ ਸ਼੍ਰੋਮਣੀ ਅਕਾਲੀ ਦਲ (ਮੁੜ ਪੁਨਰ ਸੁਰਜੀਤੀ) ਨਾਲ ਜੋੜਨ ਦੀ ਸਰਗਰਮ ਭੂਮਿਕਾ ਨਿਭਾਅ ਰਹੇ ਬਿਕਰਮਜੀਤ ਸਿੰਘ ਵਿੱਕੀ ਛਾਜਲੀ ਨੂੰ ਸਰਕਲ ਜਥੇਦਾਰ ਨਿਯੁਕਤ ਕੀਤਾ ਗਿਆ, ਜਿਸ ਨਾਲ ਇਲਾਕੇ ਦੇ ਪਾਰਟੀ ਵਰਕਰ ਤੇ ਨੌਜਵਾਨਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਵੱਖ ਵੱਖ ਆਗੂਆਂ ਤੇ ਵਰਕਰਾਂ ਵੱਲੋਂ ਬਿਕਰਮਜੀਤ ਵਿੱਕੀ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਪਾਰਟੀ ਦੇ ਇਸ ਫੈਸਲੇ ਦਾ ਸਵਾਗਤ ਕੀਤਾ ਹੈ। ਇਸ ਨਿਯੁਕਤੀ ਉਪ੍ਰੰਤ ਬਿਕਰਮਜੀਤ ਸਿੰਘ ਵਿੱਕੀ ਨੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ, ਸੀਨੀਅਰ ਅਕਾਲੀ ਆਗੂ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਜਥੇਦਾਰ ਗੁਰਬਚਨ ਸਿੰਘ ਭੱਟੀਵਾਲ, ਜਥੇਦਾਰ ਤੇਜਾ ਸਿੰਘ ਕਮਾਲਪੁਰ, ਹਰਦੇਵ ਸਿੰਘ ਰੋਗਲਾ, ਕਰਣ ਘੁਮਾਣ ਕੈਨੇਡਾ, ਰਣਧੀਰ ਸਿੰਘ ਸਮੂੰਰਾ, ਕੌਰ ਸਿੰਘ ਮੌੜਾ, ਜ਼ਿਲ੍ਹਾ ਪ੍ਰਧਾਨ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਤੇ ਪਾਰਟੀ ਵਰਕਰਾਂ, ਜਿਨ੍ਹਾਂ ਮੈਨੂੰ ਯੋਗ ਸਮਝ ਕੇ ਇਹ ਜ਼ਿੰਮੇਵਾਰੀ ਸੌਂਪੀ ਹੈ, ਮੈਂ ਸਾਰਿਆਂ ਦਾ ਧੰਨਵਾਦ ਕਰਦਾ ਹਾਂ ਤੇ ਯਕੀਨ ਦਿਵਾਉਂਦਾ ਹਾਂ ਕਿ ਜਿਸ ਵਿਸ਼ਵਾਸ ਨਾਲ ਮੈਨੂੰ ਇਹ ਜ਼ਿੰਮੇਵਾਰੀ ਦਿੱਤੀ ਹੈ, ਮੈਂ ਇਸ ਨੂੰ ਪਾਰਟੀ ਦੇ ਵਿਕਾਸ ਲਈ ਤੇ ਮਰਹੂਮ ਆਗੂ ਸੁਖਦੇਵ ਸਿੰਘ ਢੀਂਡਸਾ ਦੇ ਪੰਥ ਤੇ ਪੰਜਾਬ ਲਈ ਸਿਰਜੇ ਸੁਪਨਿਆਂ ਨੂੰ ਪੂਰਾ ਕਰਨ ਲਈ ਦਿਨ-ਰਾਤ ਇੱਕ ਕਰ ਦਿਆਂਗੇ।ਇਸ ਮੌਕੇ ਬਾਬਾ ਕਰਮ ਸਿੰਘ ਸੰਗਤੀਵਾਲਾ, ਜਥੇਦਾਰ ਭਰਪੂਰ ਸਿੰਘ ਕਾਹਲ ਕੌਮੀ ਜਥੇਬੰਦਕ ਸਕੱਤਰ, ਅਮਰਜੀਤ ਸਿੰਘ ਛਾਜਲੀ (ਕੈਨੇਡਾ), ਮਾਸਟਰ ਰਣਜੀਤ ਸਿੰਘ ਛਾਜਲੀ ਜਥੇਬੰਦਕ ਸੱਕਤਰ, ਮੁਖ਼ਤਿਆਰ ਸਿੰਘ ਸਿੱਧੂ ਪ੍ਰਧਾਨ ਕੋ-ਅਪ੍ਰੇਟਿਵ ਸੁਸਾਇਟੀ ਛਾਜਲੀ, ਮਾਸਟਰ ਦਲਬਾਰਾ ਸਿੰਘ, ਗੁਰਸੇਵਕ ਸਿੰਘ ਧਾਲੀਵਾਲ ਪੰਚਾਇਤ ਮੈਂਬਰ, ਦਰਸ਼ਨ ਸਿੰਘ ਢੋਟ, ਅਵਤਾਰ ਸਿੰਘ ਕੰਬੋਜ, ਕੁਲਬੀਰ ਸਿੰਘ ਧਾਲੀਵਾਲ, ਗੁਰਦੀਪ ਸਿੰਘ ਖਾਗੂੰੜਾ, ਸਤਨਾਮ ਸਿੰਘ ਨੰਬਰਦਾਰ, ਭੋਲਾ ਸਿੰਘ ਸਮਰਾਓਂ, ਮਿੱਠੂ ਸਿੰਘ ਸਮਰਾਓਂ, ਗੁਰਜੀਤ ਸਿੰਘ ਖੰਗੂੜਾ, ਜਗਦੀਪ ਸਿੰਘ ਨੰਗਲਾ ਹਰੀ ਸਿੰਘ ਨੰਗਲਾ, ਗੁਰਜਿੰਦਰ ਸਿੰਘ ਨੰਗਲਾ, ਨਰਿੰਦਰ ਸਿੰਘ ਸੰਗਤੀਵਾਲਾ, ਦਰਸ਼ਨ ਸਿੰਘ ਸੰਗਤੀਵਾਲਾ, ਅਜੈਬ ਸਿੰਘ ਛਾਹੜ, ਸਤਪਾਲ ਸਿੰਘ ਛਾਹੜ, ਕੇਵਲ ਸਿੰਘ ਜਵੰਧਾ, ਰਾਜਪਾਲ ਸਿੰਘ ਜਵੰਧਾ, ਪਿੰਦਾ ਸਿੰਘ ਸਾਬਕਾ ਸਰਪੰਚ ਕੋਠੇ ਛਾਜਲੀ, ਪ੍ਰਗਟ ਸਿੰਘ ਨੀਲੋਵਾਲ, ਮਾਸਟਰ ਸੁਖਦੇਵ ਸਿੰਘ ਨੀਲੋਵਾਲ, ਬਲਕਾਰ ਸਿੰਘ ਮੌਜੋਵਾਲ, ਲੋਗੜ ਸਿੰਘ ਮੌਜੋਵਾਲ, ਰੇਸ਼ਮ ਸਿੰਘ ਮੈਦੇਵਾਸ, ਗੁਰਬਚਨ ਸਿੰਘ ਨੰਬਰਦਾਰ ਮੈਦੇਵਾਸ, ਰਣਜੀਤ ਸਿੰਘ ਸਾਬਕਾ ਸਰਪੰਚ ਗੋਬਿੰਦਗੜ੍ਹ, ਗੁਰਚਰਨ ਢੀਂਡਸਾ, ਬਲਵਿੰਦਰ ਸਿੰਘ ਸਾਬਕਾ ਸਰਪੰਚ ਛਾਜਲਾ, ਕੇਸਰ ਸਿੰਘ ਛਾਜਲਾ ਆਦਿ ਨੇ ਵਧਾਈ ਦਿੱਤੀ।

# ਚੇਅਰਮੈਨ ਰਾਮਗੜ੍ਹੀਆ ਬੋਰਡ ਮਨਜੀਤ ਸਿੰਘ ਔਲਖ ਵੱਲੋਂ ਨਿਯੁਕਤੀ ਲਈ ਧੰਨਵਾਦ



**ਫਿਰੋਜ਼ਪੁਰ (ਗੁਰਬਚਨ ਸਿੰਘ)**

ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵੈੱਲਫੇਅਰ ਬੋਰਡਾਂ ਦੇ ਚੇਅਰਮੈਨ ਨਿਯੁਕਤ ਕੀਤੇ ਜਿਸ ਵਿਚ ਮਨਜੀਤ ਸਿੰਘ ਔਲਖ ਨੂੰ ਚੇਅਰਮੈਨ ਰਾਮਗੜ੍ਹੀਆ ਭਲਾਈ ਬੋਰਡ ਜ਼ਿਲ੍ਹਾ ਫਿਰੋਜ਼ਪੁਰ ਨਿਯੁਕਤ ਕੀਤਾ ਗਿਆ ਹੈ। ਨਵ ਨਿਯੁਕਤ ਚੇਅਰਮੈਨ ਮਨਜੀਤ ਸਿੰਘ ਔਲਖ ਨੇ ਭਾਈਚਾਰੇ ਦੇ ਵੱਡੇ ਕਾਫਲੇ ਨਾਲ ਰਣਬੀਰ ਸਿੰਘ ਭੁੱਲਰ ਐਮ ਐਲ ਏ ਫਿਰੋਜ਼ਪੁਰ ਸ਼ਹਿਰੀ, ਡਾਕਟਰ ਅਮਨਦੀਪ ਕੌਰ ਗੋਸਲ ਯੁੱਧ ਨਸ਼ਿਆਂ ਵਿਰੁੱਧ ਹਲਕਾ ਕੋਆਰਡੀਨੇਟਰ ਫਿਰੋਜ਼ਪੁਰ ਸ਼ਹਿਰੀ, ਰਜਨੀਸ਼ ਕੁਮਾਰ ਦਹੀਆ ਐਮ ਐਲ ਏ ਫਿਰੋਜ਼ਪੁਰ ਦਿਹਾਤੀ, ਸ੍ਰ ਫੌਜਾ ਸਿੰਘ ਸਰਾਰੀ ਐਮ ਐਲ ਏ ਗੁਰੂ ਹਰਸਹਾਏ, ਜੁਗਰਾਜ ਸਿੰਘ ਕਟੋਰਾ ਚੈਅਰਮੈਨ ਮਾਰਕੀਟ ਕਮੇਟੀ ਫਿਰੋਜ਼ਪੁਰ ਦਾ ਧੰਨਵਾਦ ਕੀਤਾ। ਰਣਬੀਰ ਸਿੰਘ ਭੁੱਲਰ ਤੇ ਹੋਰਨਾਂ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਤੇ ਭਾਈਚਾਰੇ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਗੁਰਸ਼ਰਨ ਸਿੰਘ ਬਗਦਾਦੀ ਗੇਟ, ਭਾਈ ਜਸਪਾਲ ਸਿੰਘ ਕੌਮੀ ਮੀਤ ਪ੍ਰਧਾਨ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਹਰਨੇਕ ਸਿੰਘ ਮਠਾੜੂ, ਕੁਲਦੀਪ ਸਿੰਘ ਕਾਰਾ ਵਾਲੇ, ਗੁਰਸ਼ਰਨ ਸਿੰਘ ਬਗਦਾਦੀ ਗੇਟ, ਸ਼ਮਸ਼ੇਰ ਸਿੰਘ ਕਲਸੀ, ਸਰਬਜੀਤ ਸਿੰਘ ਜੱਬਲ, ਗੁਰਸੇਵਕ ਸਿੰਘ ਗੁਰੂ ਹਰਸਹਾਏ, ਅੰਗਰੇਜ ਸਿੰਘ ਫੌਜੀ, ਡਾਕਟਰ ਗੁਰਮੀਤ ਸਿੰਘ, ਸੁਖਵਿੰਦਰ ਸਿੰਘ ਚਾਨਾ, ਜਸਵਿੰਦਰ ਸਿੰਘ ਰਿੰਕੂ, ਪ੍ਰਕਾਸ਼ ਸਿੰਘ ਵੜਵਾਲ, ਅਮਨਦੀਪ ਸਿੰਘ ਜੱਬਲ, ਰਾਜਬੀਰ ਸਿੰਘ ਗਾਬੜੀਆ, ਅਵਤਾਰ ਸਿੰਘ ਜੋਸਨ, ਹਰਜਿੰਦਰ ਸਿੰਘ ਗਾਬੜੀਆ, ਜੁਗਰਾਜ ਸਿੰਘ ਢਿੱਲੋਂ, ਰਣਜੀਤ ਸਿੰਘ ਮਾਸਟਰ, ਬਲਦੇਵ ਸਿੰਘ ਲੇਲਪੁਰ, ਬਲਦੇਵ ਸਿੰਘ ਦੇਬੀ, ਮਨਜੀਤ ਸਿੰਘ ਮਠਾੜੂ ਐਕਸੀਅਨ, ਸੁਖਦੇਵ ਸਿੰਘ ਲਾਡੀ ਬਗਦਾਦੀ ਗੇਟ, ਜੱਸਾ ਸਿੰਘ ,ਬਲਵਿੰਦਰ ਸਿੰਘ ਢਿੱਲੋਂ, ਜਸਵਿੰਦਰ ਸਿੰਘ, ਜੁਗਰਾਜ ਸਿੰਘ ਢਿੱਲੋਂ, ਸੁਖਪਾਲ ਸਿੰਘ ਚਾਨਾ, ਗੁਰਮੇਜ ਸਿੰਘ ਮਮਦੋਟ, ਗੁਰਭੇਜ ਸਿੰਘ ਮੱਲ, ਬਲਿਹਾਰ ਸਿੰਘ, ਅਵਤਾਰ ਸਿੰਘ ਭੁੱਲਰ ਅਮਨਪ੍ਰੀਤ ਸਿੰਘ ਰਿੰਕੂ, ਰਾਣਾ ਸਿੰਘ, ਹਰਜੀਤ ਸਿੰਘ ਸ੍ਰ ਮਨਪ੍ਰੀਤ ਸਿੰਘ ਕਲਸੀ, ਬਲਵਿੰਦਰ ਸਿੰਘ ਆਰੇ ਵਾਲਾ, ਰੇਸ਼ਮ ਸਿੰਘ, ਸੁਖਦੇਵ ਸਿੰਘ ਬੱਬੂ, ਸੁਰਜੀਤ ਸਿੰਘ, ਰਣਜੀਤ ਸਿੰਘ ਬੱਬਲੂ ਤੇ ਹੋਰ ਬਹੁਤ ਸਾਰੇ ਆਗੂ ਸ਼ਾਮਲ ਸਨ

# ਹੈਰੋਇਨ ਸਮੇਤ ਨੌਜਵਾਨ ਕਾਬੂ



**ਬੰਗਾ (ਅਵਤਾਰ ਕਲੇਰ)**- ਥਾਣਾ ਸਿਟੀ ਬੰਗਾ ਦੀ ਪੁਲਿਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ 11 ਗ੍ਰਾਮ ਹੈਰੋਇਨ ਸਮੇਤ ਇੱਕ ਨੌਜਵਾਨ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਸਿਟੀ ਬੰਗਾ ਦੇ ਐੱਸ ਐੱਚ ਓ ਕੇਵਲ ਕ੍ਰਿਸ਼ਨ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡੀ ਐੱਸ ਪੀ ਸਬ ਡਿਵੀਜ਼ਨ ਬੰਗਾ ਹਰਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਪੁਲਿਸ ਟੀਮਾਂ ਵੱਲੋਂ ਨਸ਼ਾ ਤਸਕਰਾਂ ਖਿਲਾਫ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਉਸ ਨੇ ਆਪਣੀ ਪਛਾਣ ਯਾਦਵਿੰਦਰ ਸਿੰਘ ਉਰਫ਼ ਜੋਧਾ ਪੁੱਤਰ ਮੱਖਣ ਸਿੰਘ ਵਾਸੀ ਪੂਨੀਆ, ਥਾਣਾ ਸਿਟੀ ਬੰਗਾ ਵਜੋਂ ਦੱਸੀ। ਪੁਲਸ ਵੱਲੋਂ ਉਸ ਦੇ ਸੁੱਟੇ ਗਏ ਲਿਫ਼ਾਫ਼ੇ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ 11 ਗ੍ਰਾਮ ਹੈਰੋਇਨ ਬਰਾਮਦ ਹੋਈ। ਐੱਸ ਐੱਚ ਓ ਨੇ ਦੱਸਿਆ ਕਿ ਦੋਸ਼ੀ ਖ਼ਿਲਾਫ਼ ਮੁਕੱਦਮਾ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਅਦਾਲਤ ਦੇ ਹੁਕਮਾਂ ਅਨੁਸਾਰ ਉਸ ਨੂੰ ਜੁਡੀਸ਼ੀਅਲ ਦੋ ਰਿਮਾਂਡ 'ਤੇ ਜੇਲ੍ਹ ਭੇਜ ਦਿੱਤਾ ਗਿਆ।

# ਵੋਟਰ ਸੂਚੀ ਦੀ ਵਿਸ਼ੇਸ਼ ਵਿਆਪਕ ਸੁਧਾਰ ਮੁਹਿੰਮ ਅੱਜ ਤੋਂ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਏ ਸ਼੍ਰੀਨਿਵਾਸ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਰਾਜ ਵਿੱਚ ਵੋਟਰ ਸੂਚੀ ਦੀ ਵਿਸ਼ੇਸ਼ ਵਿਆਪਕ ਸੁਧਾਰ (ਐੱਸ ਆਈ ਆਰ) ਮੁਹਿੰਮ ਦੀ ਸ਼ੁਰੂਆਤ 15 ਜੂਨ ਤੋਂ ਕੀਤੀ ਜਾ ਰਹੀ ਹੈ। ਇਸ ਮੁਹਿੰਮ ਤਹਿਤ 15 ਜੂਨ ਤੋਂ 14 ਜੁਲਾਈ ਤੱਕ ਬੂਥ ਲੈਵਲ ਅਫ਼ਸਰ (ਬੀ ਐੱਲ ਓ) ਘਰ-ਘਰ ਜਾ ਕੇ ਵੋਟਰਾਂ ਦੀ ਤਸਦੀਕ ਕਰਨਗੇ ਤੇ ਐਨਿਊਮਰੇਸ਼ਨ ਫਾਰਮ ਭਰਵਾਉਣਗੇ।ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਮੌਜੂਦਾ ਵਿੱਚ 2 ਕਰੋੜ 6 ਲੱਖ 55 ਹਜ਼ਾਰ 929 ਵੋਟਰ ਰਜਿਸਟਰਡ ਹਨ ਅਤੇ 20,629 ਪੋਲਿੰਗ ਸਟੇਸ਼ਨ ਸਥਾਪਿਤ ਹਨ। ਸੂਬੇ ਦੇ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਬੀ ਐੱਲ ਓ ਨਿਯੁਕਤ ਕੀਤੇ ਗਏ ਹਨ, ਜੋ ਹਰੇਕ ਪਰਿਵਾਰ ਤੱਕ ਪਹੁੰਚ ਕੇ ਵੋਟਰਾਂ ਦੇ ਵੇਰਵਿਆਂ ਦੀ ਤਸਦੀਕ ਕਰਨਗੇ। ਵੋਟਰਾਂ ਨੂੰ ਦਿੱਤੇ ਜਾਣ ਵਾਲੇ ਐਨਿਊਮਰੇਸ਼ਨ ਫਾਰਮ ਨੂੰ ਭਰ ਕੇ ਦਸਤਖਤ ਸਮੇਤ ਬੀ ਐੱਲ ਓ ਨੂੰ ਵਾਪਸ ਦੇਣਾ ਲਾਜ਼ਮੀ ਹੋਵੇਗਾ। ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਜਿਨ੍ਹਾਂ ਵੋਟਰਾਂ ਦੇ ਭਰੇ ਹੋਏ ਫਾਰਮ ਪ੍ਰਾਪਤ ਨਹੀਂ ਹੋਣਗੇ, ਉਨ੍ਹਾਂ ਦੇ ਨਾਂਅ ਪ੍ਰਾਰੂਪ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ ਬੀ ਐੱਲ ਓ. ਹਰੇਕ ਘਰ ਵਿੱਚ ਘੱਟੋ-ਘੱਟ ਤਿੰਨ ਵਾਰ ਸੰਪਰਕ ਕਰਨ ਦੀ ਕੋਸ਼ਿਸ਼ ਕਰਨਗੇ। ਜੇਕਰ ਕਿਸੇ ਕਾਰਨ ਕਰਕੇ ਪਰਵਾਰ ਦੇ ਮੈਂਬਰ ਉਪਲਬਧ ਨਹੀਂ ਹੁੰਦੇ ਹਨ, ਤਾਂ ਬੀ ਐੱਲ ਓ ਐਨਿਊਮਰੇਸ਼ਨ ਫਾਰਮ ਘਰ ਦੇ ਦਰਵਾਜ਼ੇ ਦੇ ਹੇਠਾਂ ਪਾ ਦੇਣਗੇ ਤੇ ਇੱਕ ਨੋਟਿਸ ਛੱਡਣਗੇ ਜਿਸ ਵਿੱਚ ਉਨ੍ਹਾਂ ਦਾ ਨਾਂਅ ਅਤੇ ਮੋਬਾਈਲ ਨੰਬਰ ਲਿਖਿਆ ਹੋਵੇਗਾ, ਤਾਂ ਜੋ ਸਬੰਧਤ ਵਿਅਕਤੀ ਉਨ੍ਹਾਂ ਨਾਲ ਸੰਪਰਕ ਕਰ ਸਕੇ।

# ਭੰਗੜੇ ਰਾਹੀਂ ਸਿਹਤ ਵੱਲ ਤਰਜੀਹ ਦੇਣ ਦਾ ਦਿੱਤਾ ਸੰਦੇਸ਼

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਨੇ ਐਤਵਾਰ ਸਵੇਰੇ ਜਲੰਧਰ ਕੈਂਟ ਦੇ ਜਵਾਹਰ ਗਾਰਡਨ ਵਿੱਚ- ਵੀਕਐਂਡ ਆਫ ਵੈੱਲਨੈੱਸ ਦਾ ਆਯੋਜਨ ਕੀਤਾ। ਇਹ ਪ੍ਰੋਗਰਾਮ ਸੋਲ ਸ਼ੇਕਰਜ਼ ਅਕੈਡਮੀ ਦੇ ਸਹਿਯੋਗ ਨਾਲ ਕੀਤਾ ਗਿਆ, ਜਿਸਦਾ ਮਕਸਦ ਸਰੀਰਕ ਤੰਦਰੁਸਤੀ, ਮਾਨਸਿਕ ਸਿਹਤ ਅਤੇ ਸਮੁਦਾਇਕ ਜੁੜਾਅ ਨੂੰ ਮਜ਼ਬੂਤ ਕਰਨਾ ਸੀ, ਨਾਲ ਹੀ ਲੋਕਾਂ ਨੂੰ ਸਿਹਤਮੰਦ ਅਤੇ ਸਰਗਰਮ ਜੀਵਨਸ਼ੈਲੀ ਵੱਲ ਪ੍ਰੇਰਿਤ ਕਰਨਾ ਵੀ ਸੀ।



ਇਸ ਫਿਟਨੈਸ ਮੁਹਿੰਮ ਨੂੰ ਹਰ ਉਮਰ ਦੇ ਲੋਕਾਂ ਵੱਲੋਂ ਭਰਪੂਰ ਸਹਿਯੋਗ ਮਿਲਿਆ। ਭਾਗੀਦਾਰਾਂ ਨੇ ਯੋਗਾ, ਫੁੱਟਬਾਲ, ਬੈਡਮਿੰਟਨ ਅਤੇ ਹੋਰ ਮਨੋਰੰਜਕ ਗਤੀਵਿਧੀਆਂ ਵਿੱਚ ਜੋਸ਼ ਨਾਲ ਹਿੱਸਾ ਲਿਆ, ਜਿਸ ਨਾਲ ਤੰਦਰੁਸਤੀ ਦੇ ਨਾਲ-ਨਾਲ ਆਪਸੀ ਮਿਲਾਪ ਨੂੰ ਵੀ ਵਧਾਵਾ ਮਿਲਿਆ। ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਸੋਲ ਸ਼ੇਕਰਜ਼ ਅਕੈਡਮੀ ਦੇ ਸੰਸਥਾਪਕ ਸਰਵੇਸ਼ ਵੱਲੋਂ ਕਰਵਾਇਆ ਗਿਆ ਜੋਸ਼ੀਲਾ ਭੰਗੜਾ ਸੈਸ਼ਨ ਸੀ, ਜਿਸਨੇ ਰੌਣਕ ਭਰੇ ਪੰਜਾਬੀ ਸੰਗੀਤ ਨਾਲ ਮਾਹੌਲ ਨੂੰ ਹੋਰ ਵੀ ਖੁਸ਼ਗਵਾਰ ਬਣਾ ਦਿੱਤਾ।ਇਹ ਪ੍ਰੋਗਰਾਮ ਪਰਿਵਾਰਾਂ, ਨੌਜਵਾਨਾਂ ਅਤੇ ਸੀਨੀਅਰ ਨਾਗਰਿਕਾਂ ਲਈ ਇਕ ਵਧੀਆ ਮੰਚ ਸਾਬਤ ਹੋਇਆ, ਜਿੱਥੇ ਸਭ ਨੇ ਇਕੱਠੇ ਹੋ ਕੇ ਕਸਰਤ ਕੀਤੀ ਅਤੇ ਵੈੱਲਨੈੱਸ ਦੀ ਭਾਵਨਾ ਨੂੰ ਸਮਝਿਆ। ਇਸ ਤਰ੍ਹਾਂ ਦੀਆਂ ਪਹਿਲਾਂ ਰਾਹੀਂ ਸੀ ਟੀ ਗਰੁੱਪ ਕਲਾਸਰੂਮ ਤੋਂ ਬਾਹਰ ਵੀ ਸਮੂਹਿਕ ਵਿਕਾਸ ਨੂੰ ਉਤਸ਼ਾਹਿਤ ਕਰਦਾ ਹੋਇਆ ਸਮਾਜਕ ਰਿਸ਼ਤਿਆਂ ਨੂੰ ਮਜ਼ਬੂਤ ਕਰ ਰਿਹਾ ਹੈ।ਇਸ ਪ੍ਰੋਗਰਾਮ ਦੀ ਸਫਲਤਾ ਵਿੱਚ ਕੈਂਟੋਨਮੈਂਟ ਦੇ ਏਗਜ਼ਿਕਿਊਟਿਵ ਅਫਸਰ ਓਮਪਾਲ ਸਿੰਘ ਅਤੇ ਸਿਵਲ ਮੈਂਬਰ ਪੁਨੀਤ ਸ਼ੁਕਲਾ ਭਾਰਤੀ ਦਾ ਖਾਸ ਯੋਗਦਾਨ ਰਿਹਾ, ਜਿਨ੍ਹਾਂ ਨੇ ਲੋੜੀਂਦੀਆਂ ਮਨਜ਼ੂਰੀਆਂ ਪ੍ਰਦਾਨ ਕੀਤੀਆਂ।ਇਸ ਮੌਕੇ 'ਤੇ ਸੈਨਿਟਰੀ ਇੰਸਪੈਕਟਰ ਸੁਨੀਲ ਕੁਮਾਰ ਪਾਲ, ਜੂਨੀਅਰ ਅਸਿਸਟੈਂਟ ਵਿਨੋਦ ਕੁਮਾਰ ਵਰਮਾ ਅਤੇ ਲੀਗ ਵਨ ਮੀਡੀਆ ਦੇ ਸੰਸਥਾਪਕ ਅਤੇ ਮੈਨੇਜਿੰਗ ਡਾਇਰੈਕਟਰ ਨਵੀਨ ਸ਼ਰਮਾ ਵੀ ਮੌਜੂਦ ਰਹੇ।

ਸੀਟੀ ਗਰੁੱਪ ਦੀ ਨੁਮਾਇੰਦਗੀ ਕਰਦੇ ਹੋਏ ਡਾ. ਸ਼ਿਵ ਕੁਮਾਰ (ਡਾਇਰੈਕਟਰ, ਸੀ ਟੀ ਇੰਸਟੀਚਿਊਟ ਆਫ ਇੰਜੀਨੀਅਰਿੰਗ, ਮੈਨੇਜਮੈਂਟ ਐਂਡ ਟੈਕਨੋਲੋਜੀ), ਡਾ. ਸੰਗਰਾਮ ਸਿੰਘ (ਡਾਇਰੈਕਟਰ, ਅਕਾਦਮਿਕ ਓਪਰੇਸ਼ਨਜ਼), ਡਾ. ਸੌਰਭ ਸ਼ਰਮਾ (ਡਾਇਰੈਕਟਰ, ਫਾਰਮੇਸੀ), ਡਾ. ਦਿਵੇਏ ਸ਼ਰਮਾ (ਪ੍ਰਿੰਸੀਪਲ, ਸੀ ਟੀ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ), ਅਮਨ (ਮੈਨੇਜਰ, ਡੀਨ ਸਟੂਡੈਂਟ ਵੈਲਫੇਅਰ ਦਫ਼ਤਰ), ਜਤਿੰਦਰ ਸਿੰਘ (ਐਡਮਿਨਿਸਟ੍ਰੇਟਿਵ ਅਫਸਰ) ਅਤੇ ਸਤਪਾਲ (ਸਪੋਰਟਸ ਹੈੱਡ) ਸ਼ਾਮਲ ਸਨ।

# ਸ਼ਹੀਦੀ ਪੁਰਬ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਜਲੰਧਰ ਪਠਾਨਕੋਟ ਰਾਸ਼ਟਰੀ ਮਾਰਗ ਤੇ ਹਰਸੀ ਪਿੰਡ ਮੋੜ ਨਜ਼ਦੀਕ ਨਗਰ ਦੀ ਸਮੂਹ ਸੰਗਤ ਵੱਲੋਂ ਠੰਡੇ ਮਿੱਠੇ ਜਲ ਦੀ ਸ਼ੁਰੂ ਲਗਾਈ ਗਈ। ਇਸ ਮੌਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਉਪਰੰਤ ਸੇਵਾਦਾਰਾਂ ਵੱਲੋਂ ਰਾਹਗੀਰਾਂ ਨੂੰ ਠੰਢਾ ਮਿੱਠਾ ਜਲ ਤੇ ਪ੍ਰਸ਼ਾਦ ਛਕਾਇਆ ਗਿਆ। ਇਸ ਮੌਕੇ ਹਰਨਾਮ ਸਿੰਘ, ਪਰਮਜੀਤ ਸਿੰਘ ਕਨੇਡਾ, ਜਰਨੈਲ ਸਿੰਘ, ਸੇਵਾਦਾਰ ਚਰਨਜੀਤ ਸਿੰਘ ਲਾਡੀ, ਬਲਜੀਤ ਸਿੰਘ, ਮਨਵੀਰ ਸਿੰਘ, ਅਕਾਲ ਜੋਤ ਸਿੰਘ, ਇਰਮਾਨ ਸੈਣੀ, ਤਨਵੀਰ ਸਿੰਘ, ਕਮਲਜੀਤ ਸਿੰਘ, ਭੁਪਿੰਦਰ ਜੀਤ ਸਿੰਘ, ਅਜੇ ਪਾਲ ਸਿੰਘ ਸੈਣੀ, ਭਾਰਤ ਸੈਣੀ, ਪਰਮਪ੍ਰੀਤ ਕੌਰ, ਅਨਮੋਲ ਪ੍ਰੀਤ ਕੌਰ ਨੇ ਵੀ ਸੇਵਾ ਕੀਤੀ ।

# ਸਾਬਕਾ ਸੈਨਿਕਾਂ ਤੇ ਲੋੜਵੰਦ ਪਰਵਾਰਾਂ ਨੂੰ ਸਿਲਾਈ ਮਸ਼ੀਨਾਂ ਤੇ ਰਾਸ਼ਨ ਵੰਡਿਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਜ਼ਿਲਾ ਜਲੰਧਰ ਵਿਚ ਸਾਬਕਾ ਸੈਨਿਕਾ ਦੀ ਸੰਸਥਾਂ ਵੈਟਰਨ ਆਰਗੈਨਾਈਜੇਸ਼ਨ ਵੱਲੋਂ ਸਾਬਕਾ ਸੈਨਿਕਾ ਦੇ ਪਰਵਾਰ ਅਤੇ ਲੋੜਵੰਦ ਪਰਵਾਰਾਂ ਨੂੰ ਸਿਲਾਈ ਮਸ਼ੀਨਾਂ ਅਤੇ ਰਾਸ਼ਨ ਵੰਡਿਆਂ ਗਿਆ। ਇਸ ਮੌਕੇ ਮਨਦੀਪ ਕੁਮਾਰ ਸ਼ੁਕਲਾ ਵੱਲੋਂ ਸਾਬਕਾ ਸੈਨਿਕਾਂ ਦੀ ਸਮਾਜ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਅਤੇ ਸੇਵਾ ਭਾਵਨਾ ਦੀ ਗੱਲ ਕਰਦਿਆ ਕਿਹਾ ਗਿਆ ਕਿ ਸੈਨਿਕ ਕੇਵਲ ਫਰੰਟ ਤੋਂ ਨਹੀਂ ਲੜਦਾ ਬਲਕਿ ਸਮਾਜ ਸੇਵਾ ਅਤੇ ਸੁਧਾਰ ਲਈ ਹਮੇਸ਼ਾ ਤਿਆਰ ਰਹਿੰਦਾ ਹੈ। ਵਿਦੇਸ਼ਾਂ ਵਿਚ ਵਸਦੇ ਸਾਬਕਾ ਸੈਨਿਕ ਵੀ ਇਸ ਕੰਮ ਵਿਚ ਵੱਧ ਚੜ ਕੇ ਯੋਗਦਾਨ ਦਿੰਦੇ ਹਨ। ਇਸ ਮੌਕੇ 25 ਤੋਂ ਵੱਧ ਪਰਵਾਰਾਂ ਨੂੰ ਰਾਸ਼ਨ ਦਿਤਾ ਗਿਆ ਅਤੇ ਲੋੜਵੰਦ ਭੈਣਾਂ ਨੂੰ ਸਿਲਾਈ ਮਸ਼ੀਨ ਵੰਡੀਆਂ ਗਈਆਂ। ਮੁੱਖ ਮਹਿਮਾਨ ਦੇ ਤੌਰ ਤੇ ਸ ਸੁਮਨ ਲਤਾ ਪਾਠਕ ਨੇ ਸ਼ਿਰਕਤ ਕੀਤੀ। ਇਸ ਮੌਕੇ ਸੂਬੇਦਾਰ ਸੰਤੋਖ ਸਿੰਘ, ਅਮਰਜੀਤ, ਹਰਜਿੰਦਰ, ਚਮਨ ਲਾਲ, ਅਨਿਲ ਕੁਮਾਰ, ਭੂਸ਼ਨ ਲਾਲ ਸ਼ਰਮਾ, ਕੁਲਦੀਪ ਸ਼ਰਮਾ ਸ਼ਾਮਿਲ ਹੋਏ।

# ਚੰਨੀ ਦੀ ਰਿਹਾਇਸ਼ 'ਤੇ ਬੀ ਐੱਲ ਏ-2 ਦੀ ਅਹਿਮ ਮੀਟਿੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸਾਬਕਾ ਮੁੱਖ ਮੰਤਰੀ ਪੰਜਾਬ ਸਰਦਾਰ ਚਰਨਜੀਤ ਸਿੰਘ ਚੰਨੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਬੀ ਐੱਲ ਏ-2, ਕਾਂਗਰਸ ਵਰਕਰਾਂ ਅਤੇ ਆਗੂਆਂ ਦੀ ਇੱਕ ਅਹਿਮ ਮੀਟਿੰਗ ਮੋਰਿੰਡਾ ਸਥਿਤ ਉਨ੍ਹਾਂ ਦੀ ਰਹਾਇਸ਼ 'ਤੇ ਹੋਈ। ਮੀਟਿੰਗ ਦਾ ਮੁੱਖ ਉਦੇਸ਼ ਚੋਣ

- ਐੱਸ ਆਈ ਆਰ ਮੁਹਿੰਮ ਸੰਬੰਧੀ ਦਿੱਤੀ ਵਿਸ਼ੇਸ਼ ਜਾਣਕਾਰੀ

ਕਮਿਸ਼ਨ ਵੱਲੋਂ ਪੰਜਾਬ ਵਿੱਚ ਸ਼ੁਰੂ ਕੀਤੀ ਗਈ ਐੱਸ ਆਈ ਆਰ (ਸਪੈਸ਼ਲ ਇੰਟੈਂਸਿਵ ਰਿਵੀਜ਼ਨ) ਪ੍ਰਕਿਰਿਆ ਸੰਬੰਧੀ ਵਰਕਰਾਂ ਨੂੰ ਜਾਣੂ ਕਰਵਾਉਣਾ ਅਤੇ ਬੂਥ ਪੱਧਰ 'ਤੇ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣਾ ਸੀ।



ਮੀਟਿੰਗ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਟੇਟ ਮੀਡੀਆ ਕੋਆਰਡੀਨੇਟਰ ਅਤੇ ਬੁਲਾਰੇ ਜਸਕਰਨ ਸਿੰਘ ਕਾਹਲੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਪ੍ਰੋਜੈਕਟਰ ਅਤੇ ਸਲਾਈਡ ਪ੍ਰਜ਼ੈਂਟੇਸ਼ਨ ਰਾਹੀਂ ਬੀ ਐੱਲ ਏ-2, ਵਰਕਰਾਂ ਅਤੇ ਆਗੂਆਂ ਨੂੰ ਐੱਸ ਆਈ ਆਰ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਕਿਸ ਤਰ੍ਹਾਂ ਬੀਐਲਓਜ਼ ਨਾਲ ਤਾਲਮੇਲ ਕਰਕੇ ਆਪਣੇ-ਆਪਣੇ ਪਿੰਡਾਂ ਅਤੇ ਵਾਰਡਾਂ ਦੀਆਂ ਵੋਟਾਂ ਦੀ ਜਾਂਚ, ਤਸਦੀਕ ਅਤੇ ਨਿਗਰਾਨੀ ਕੀਤੀ ਜਾ ਸਕਦੀ ਹੈ।

ਇਸ ਮੌਕੇ ਪਨਗਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ ਦੇ ਮੀਤ ਪ੍ਰਧਾਨ ਹਰਮਿੰਦਰ ਸਿੰਘ ਲੱਕੀ, ਬਲਾਕ ਕਾਂਗਰਸ ਕਮੇਟੀ ਮੋਰਿੰਡਾ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ, ਹਰਸੋਹਣ ਸਿੰਘ ਭੰਗੂ, ਗੁਰਚਰਨ ਸਿੰਘ ਮਾਣੇਮਾਜਰਾ, ਸ਼ਮਸ਼ੇਰ ਸਿੰਘ ਭੰਗੂ ਸਾਬਕਾ ਪ੍ਰਧਾਨ ਨਗਰ ਕੌਂਸਲ ਚਮਕੌਰ ਸਾਹਿਬ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਬਲਵਿੰਦਰ ਸਿੰਘ ਬਾਜਵਾ, ਕੌਂਸਲਰ ਰਾਜੇਸ਼ ਸਸੋਦੀਆ, ਸੰਨੀ ਭੂਮਕ, ਰੁਪਿੰਦਰ ਸਿੰਘ ਭਿਚਰਾ, ਰਾਹੁਲ ਸ਼ਰਮਾ, ਗੁਰਵਿੰਦਰ ਸਿੰਘ, ਤਰਲੋਚਨ ਸਿੰਘ ਸਮਾਣਾ, ਬਬਲਾ ਸਰਪੰਚ ਗੋਸਲਾ, ਟਹਿਲ ਸਿੰਘ ਲੁਠੇੜੀ, ਮੋਹਰ ਸਿੰਘ ਖਾਬੜਾ, ਜਗਦੀਪ ਸਿੰਘ ਢੀਂਡਸਾ, ਨਾਗਰ ਸਿੰਘ ਧੜਾਕ, ਸੋਨੀ ਸਿੱਲ, ਜਸਵਿੰਦਰ ਸਿੰਘ ਮਦਨਹੇੜੀ, ਬਲਜਿੰਦਰ ਸਿੰਘ ਸਹੇੜੀ, ਬਲਵੀਰ ਸਿੰਘ ਮਾਨਖੇੜੀ, ਬਿੱਟੂ ਫਤਿਹਪੁਰ, ਧਰਮਿੰਦਰ ਅਰਨੋਲੀ, ਜਸਵੀਰ ਸਿੰਘ ਸੈਦਪੁਰ, ਸੰਮਤੀ ਮੈਂਬਰ ਜਤਿੰਦਰ ਸਿੰਘ, ਸੰਮਤੀ ਮੈਂਬਰ ਜਸਬੀਰ ਸਿੰਘ ਰੋਲੂ ਮਾਜਰਾ, ਬਲਾਕ ਸੰਮਤੀ ਚਮਕੌਰ ਸਾਹਿਬ ਦੇ ਚੇਅਰਮੈਨ, ਜਗਤਾਰ ਸਿੰਘ ਅਰਨੋਲੀ, ਤਰਸੇਮ ਲਾਲ ਮੋਰਿੰਡਾ, ਹਰਕੀਰਤ ਸਿੰਘ ਸੰਮਤੀ ਮੈਂਬਰ, ਸੋਨੂ ਸਰਪੰਚ ਬੂਥਗੜ੍ਹ, ਸੁਰਜੀਤ ਸਿੰਘ ਸੰਮਤੀ ਮੈਂਬਰ ਮੋਰਿੰਡਾ ਅਤੇ ਕੈਪਟਨ ਜੋਗਿੰਦਰ ਸਿੰਘ ਸਰਪੰਚ ਮੰਦਵਾੜਾ, ਕਾਸ਼ੀ ਰਾਮ ਸੰਮਤੀ ਮੈਂਬਰ, ਗੁਰਪ੍ਰੀਤ ਧਨੌਰੀ, ਜਗਤਾਰ ਸਿੰਘ ਅਰਨੌਲੀ,ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਅਹੁਦੇਦਾਰ, ਬੀ ਐੱਲ ਏ-2, ਵਰਕਰ ਅਤੇ ਆਗੂ ਹਾਜ਼ਰ ਸਨ।

# 'ਹੀਰਾ ਕਲੀਨਿਕ ਲੈਬ' ਦੀ ਨਵੀਂ ਬਰਾਂਚ ਦਾ ਉਦਘਾਟਨ

**ਹੁਸ਼ਿਆਰਪੁਰ (ਓ ਪੀ ਰਾਣਾ)**- ਹੁਸ਼ਿਆਰਪੁਰ ਦੀ ਪ੍ਰਸਿੱਧ 'ਹੀਰਾ ਕਲੀਨਿਕ ਲੈਬ' ਵਲੋਂ ਮਾਹਿਲਪੁਰ ਦੇ ਇਲਾਕਾ ਨਿਵਾਸੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਹੁਸ਼ਿਆਰਪੁਰ-ਚੰਡੀਗੜ੍ਹ ਰੋਡ



'ਤੇ ਸਥਿਤ ਗੁਰੂ ਕਿਰਪਾ ਮਾਰਕਿਟ ਦੇ ਸਾਹਮਣੇ ਆਪਣੀ ਹੀਰਾ ਕਲੀਨਿਕ ਲੈਬ ਦੀ ਨਵੀਂ ਬਰਾਂਚ ਦਾ ਸ਼ਾਨਦਾਰ ਉਦਘਾਟਨ ਕੀਤਾ ਗਿਆ। ਇਸ ਸ਼ੁਭ ਅਵਸਰ ਤੇ ਸਭ ਤੋਂ ਪਹਿਲਾਂ ਸਵੇਰੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ, ਜਿਸ ਉਪਰੰਤ ਰਾਗੀ ਜਥੇ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਜਾਣਕਾਰੀ ਸਾਂਝੀ ਕਰਦਿਆਂ ਡਾਕਟਰ ਐਸ ਕੇ ਹੀਰਾ ਨੇ ਦੱਸਿਆ ਕਿ ਹੁਸ਼ਿਆਰਪੁਰ ਦੀ ਤਰ੍ਹਾਂ ਮਾਹਿਲਪੁਰ ਬਰਾਂਚ ਵਿੱਚ ਵੀ ਸਾਰੀਆਂ ਮਸ਼ੀਨਾਂ ਜਰਮਨ ਦੀਆਂ ਅਤੇ ਪੂਰੀ ਤਰ੍ਹਾਂ ਆਟੋਮੈਟਿਕ ਹਨ। ਉਨ੍ਹਾਂ ਕਿਹਾ ਕਿ ਮਾਹਿਲਪੁਰ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਬਹੁਤ ਸਾਰੇ ਮਰੀਜ਼ ਟੈਸਟ ਕਰਵਾਉਣ ਲਈ ਹੁਸ਼ਿਆਰਪੁਰ ਆਉਂਦੇ ਸਨ। ਮਰੀਜ਼ਾਂ ਦੀ ਸਹੂਲਤ ਅਤੇ ਉਨ੍ਹਾਂ ਦੇ ਸਮੇਂ ਦੀ ਬੱਚਤ ਨੂੰ ਮੁੱਖ ਰੱਖਦੇ ਹੋਏ ਹੀ ਇਹ ਨਵੀਂ ਬਰਾਂਚ ਖੋਲ੍ਹਣ ਦਾ ਫੈਸਲਾ ਕੀਤਾ ਗਿਆ ਹੈ। ਡਾ. ਹੀਰਾ ਨੇ ਕਿਹਾ ਕਿ ਹੁਣ ਮਰੀਜ਼ਾਂ ਨੂੰ ਕਿਸੇ ਵੀ ਤਰ੍ਹਾਂ ਦੇ ਟੈਸਟ ਲਈ ਜਲੰਧਰ ਜਾਂ ਕਿਸੇ ਹੋਰ ਵੱਡੇ ਸ਼ਹਿਰ ਜਾਣ ਦੀ ਲੋੜ ਨਹੀਂ ਪਵੇਗੀ। ਲੈਬ ਵਿੱਚ ਸਾਰੇ ਜ਼ਰੂਰੀ ਟੈਸਟ ਇੱਕੋ ਜਗ੍ਹਾ 'ਤੇ ਉਪਲਬਧ ਹੋਣਗੇ।

ਉਹਨਾਂ ਕਿਹਾ ਕਿ ਆਮ ਲੈਬਾਰਟਰੀਆਂ ਦੇ ਮੁਕਾਬਲੇ ਇੱਥੇ ਟੈਸਟਾਂ ਦੇ ਰੇਟਾਂ ਵਿੱਚ ਕਾਫੀ ਵੱਡੀ ਛੋਟ (ਰਿਆਤ) ਦਿੱਤੀ ਗਈ ਹੈ, ਤਾਂ ਜੋ ਗਰੀਬ ਅਤੇ ਲੋੜਵੰਦ ਲੋਕ ਵੀ ਇਸ ਦਾ ਲਾਭ ਲੈ ਸਕਣ।

ਡਾ. ਐਸ ਕੇ ਹੀਰਾ ਨੇ ਵਿਸ਼ੇਸ਼ ਤੌਰ ਤੇ ਦੱਸਿਆ ਕਿ ਹੀਰਾ ਕਲੀਨਿਕ ਲੈਬ ਐਨ ਏ ਬੀ ਐਲ ਮਾਨਤਾ ਪ੍ਰਾਪਤ ਹੈ ਜਿਨਾਂ ਨੂੰ ਮਨੁੱਖੀ ਸਰੀਰ ਦੇ ਸਾਰੇ ਟੈਸਟਾਂ ਦੀ ਮੁਹਾਰਤ ਹਾਸਲ ਹੈ। ਡਾ. ਹੀਰਾ ਨੇ ਦੱਸਿਆ ਕਿ ਇੱਥੇ ਉਹ ਖੁਦ ਆਪ ਡਾ. ਐੱਸ ਕੇ ਹੀਰਾ ਐੱਮ ਡੀ. ਪੈਥੋਲੋਜੀ, ਡਾ. ਸੌਰਵ ਹੀਰਾ ਐੱਮ ਡੀ. ਪੈਥੋਲੋਜੀ ਤੇ ਡਾ. ਗਰਿਮਾ ਐੱਮ ਡੀ ਪੈਥੋਲੋਜੀ ਆਪਣੀਆਂ ਸੇਵਾਵਾਂ ਦੇਣਗੇ।

# ਮਾਸਿਕ ਵਿਧਵਾ ਰਾਸ਼ਨ ਤੇ ਸਹਾਇਤਾ ਵੰਡ ਸਮਾਰੋਹ 'ਚ ਸ਼ਾਮਲ ਹੋਏ ਨਾਇਬ ਸਿੰਘ ਸੈਣੀ



**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਿਸੇ ਵੀ ਸਮਾਜ ਦੀ ਮਹਾਨਤਾ ਉਸਦੀ ਆਰਥਿਕ ਖੁਸ਼ਹਾਲੀ ਨਾਲ ਨਹੀਂ, ਸਗੋਂ ਕਮਜ਼ੋਰ, ਬੇਸਹਾਰਾ ਅਤੇ ਲੋੜਵੰਦ ਲੋਕਾਂ ਪ੍ਰਤੀ ਉਸਦੇ ਵਿਵਹਾਰ ਨਾਲ ਮਾਪੀ ਜਾਂਦੀ ਹੈ। ਜੋ ਸਮਾਜ ਆਪਣੇ ਵਾਂਝੇ ਅਤੇ ਲੋੜਵੰਦ ਵਰਗ ਦੀ ਚਿੰਤਾ ਕਰਦਾ ਹੈ, ਉਹੀ ਅਸਲ ਵਿੱਚ ਪ੍ਰਗਤੀਸ਼ੀਲ ਅਤੇ ਸੰਵੇਦਨਸ਼ੀਲ ਸਮਾਜ ਅਖਵਾਉਂਦਾ ਹੈ।ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਪੰਜਾਬ ਦੇ ਲੁਧਿਆਣਾ ਸਥਿਤ ਗਿਆਨ ਸਥਲ ਮੰਦਿਰ ਵਿੱਚ ਆਯੋਜਿਤ 346ਵੇਂ ਮਾਸਿਕ ਵਿਧਵਾ ਰਾਸ਼ਨ ਅਤੇ ਸਹਾਇਤਾ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਨੇ ਗਿਆਨ ਸਥਲ ਮੰਦਿਰ ਸੇਵਾ ਸੁਸਾਇਟੀ ਨੂੰ 11 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਵੀ ਕੀਤਾ। ਮੁੱਖ ਮੰਤਰੀ ਨੇ ਅਮਰ ਸ਼ਹੀਦ ਲਾਲਾ ਜਗਤ ਨਾਰਾਇਣ ਨੂੰ ਸ਼ਰਧਾਪੂਰਵਕ ਨਮਨ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਆਪਣਾ ਸੰਪੂਰਨ ਜੀਵਨ ਰਾਸ਼ਟਰਭਗਤੀ, ਸਮਾਜਿਕ ਸਮਰਸਤਾ ਅਤੇ ਮਾਨਵ ਸੇਵਾ ਲਈ ਸਮਰਪਿਤ ਕੀਤਾ। ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰੱਖਿਆ ਲਈ ਉਨ੍ਹਾਂ ਨੇ ਸਰਵਉੱਚ ਬਲੀਦਾਨ ਦਿੱਤਾ। ਉਨ੍ਹਾਂ ਕਿਹਾ ਕਿ ਲਾਲਾ ਜਗਤ ਨਾਰਾਇਣ ਜੀ ਦੀ ਸੇਵਾ, ਸਮਰਪਣ ਅਤੇ ਰਾਸ਼ਟਰਹਿਤ ਦੀ ਭਾਵਨਾ ਦੀ ਵਿਰਾਸਤ ਨੂੰ ਗਿਆਨ ਸਥਲ ਮੰਦਿਰ ਸੇਵਾ ਸੁਸਾਇਟੀ ਅਤੇ ਲਾਲਾ ਜਗਤ ਨਾਰਾਇਣ ਨਿਸ਼ਕਾਮ ਸੇਵਾ ਸਮਿਤੀ ਅੱਗੇ ਵਧਾ ਰਹੀਆਂ ਹਨ।

# ਵਾਤਾਵਰਣ ਸੁਰੱਖਿਆ ਵਿਸ਼ੇ 'ਤੇ ਕਰਵਾਇਆ ਸੈਮੀਨਾਰ

**ਫਗਵਾੜਾ (ਡਾ. ਰਮਨ)**- ਉਸਾਰੂ ਸਾਹਿਤ ਅਤੇ ਸਾਫ ਸੁਥਰੇ ਸਮਾਜ ਲਈ ਕਾਰਜਸ਼ੀਲ ਸੰਸਥਾ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਫਗਵਾੜਾ ਵਲੋਂ ਵਾਤਾਵਰਣ ਸੁਰੱਖਿਆ ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੇਂਦਰ ਦੇ ਪ੍ਰਧਾਨ ਰਵਿੰਦਰ ਸਿੰਘ ਰਾਏ ਅਤੇ ਪੀ ਆਰ ਓ ਓਮ ਪ੍ਰਕਾਸ਼ ਪਾਲ ਦੀ ਅਗਵਾਈ ਹੇਠ ਵਰਿੰਦਰ ਨਗਰ ਫਗਵਾੜਾ ਵਿਖੇ ਕਰਵਾਇਆ ਗਿਆ ਜਿਸ ਵਿੱਚ ਸੰਸਥਾ ਦੇ ਸਮੂਹ ਮੈਂਬਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰਧਾਨ ਰਵਿੰਦਰ ਸਿੰਘ ਰਾਏ ਤੇ ਡਾਇਰੈਕਟਰ ਡਾ. ਐੱਸ ਪੀ ਮਾਨ ਨੇ ਕੁਦਰਤੀ ਵਾਤਾਵਰਣ ਦੀ ਸੁਰੱਖਿਆ ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕੁਦਰਤੀ ਸੋਮਿਆਂ ਜਿਵੇਂ ਹਵਾ, ਪਾਣੀ, ਧਰਤੀ, ਦਰਿਆਵਾਂ ਨੂੰ ਪ੍ਰਦੂਸ਼ਣ ਮੁਕਤ ਬਣਾਈ ਰੱਖਣਾ ਸਾਡੇ ਜੀਵਨ ਦੇ ਲਈ ਬਹੁਤ ਜ਼ਰੂਰੀ ਹੈ ਤਾਂ ਕਿ ਮਨੁੱਖ ਅਤੇ ਜੀਵ-ਜੰਤੂ ਸੁਰੱਖਿਅਤ ਮਹਿਸੂਸ ਕਰ ਸਕਣ। ਜ਼ਹਿਰੀਲੀ ਹਵਾ ਅਨੇਕਾਂ ਬਿਮਾਰੀਆਂ ਦਾ ਖਤਰਾ ਪੈਦਾ ਕਰਦੀ ਹੈ। ਦਰਿਆਵਾਂ ਦਾ ਜ਼ਹਿਰੀਲਾ ਪਾਣੀ ਜੰਗਲੀ ਅਤੇ ਦਰਿਆਈ ਜੀਵਾਂ, ਜੰਤੂਆਂ ਪੰਛੀਆਂ



ਲਈ ਘਾਤਕ ਬਣਦਾ ਹੈ ਅਤੇ ਧਰਤੀ ਦੀ ਸਵੱਛਤਾ ਸੁੰਦਰ ਵਾਤਾਵਰਣ ਅਤੇ ਸਾਹਾਂ ਨੂੰ ਸਕੂਨ ਦਿੰਦੀ ਹੈ।

ਰਵਿੰਦਰ ਸਿੰਘ ਰਾਏ ਨੇ ਕਿਹਾ ਕਿ ਸਾਨੂੰ ਕੁਦਰਤੀ ਸੋਮਿਆਂ ਦੀ ਸਵੱਛਤਾ ਪ੍ਰਤੀ ਗੰਭੀਰ ਹੋਣ ਦੀ ਲੋੜ ਹੈ ਤੇ ਹਵਾ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ। ਹਰਿਆਵਲ ਵਾਲਾ ਸਾਫ ਸੁਥਰਾ ਵਾਤਵਰਣ ਜਿੱਥੇ ਅੱਖਾਂ ਨੂੰ ਸੁਕੂਨ ਦਿੰਦਾ ਹੈ, ਉੱਥੇ ਹੀ ਇਸ ਨਾਲ ਸਰੀਰਕ ਤੇ ਮਾਨਸਿਕ ਵਿਕਾਸ ਸਹੀ ਤਰੀਕੇ ਨਾਲ ਹੁੰਦਾ ਹੈ। ਡਾ. ਸਾਗਰ ਸਿੰਘ ਡਾਇਰੈਕਟਰ ਹੈਲਥ ਨੇ ਕਿਹਾ ਕਿ ਵਿਕਾਸ ਸਬੰਧੀ ਲੋੜਾਂ ਲਈ ਜਿੰਨੇ ਦਰਖ਼ਤ ਵੱਡੇ ਜਾਂਦੇ ਹਨ, ਉਹਨਾਂ ਨਾਲੋਂ ਵੱਧ ਦਰਖ਼ਤ ਲਗਾ ਕੇ ਤਿਆਰ ਕੀਤੇ ਜਾਣੇ ਚਾਹੀਦੇ ਹਨ ਅਤੇ ਚੰਗੀ ਗੱਲ ਹੈ ਕਿ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਵਲੋਂ ਹਰ ਸਾਲ ਵੱਖ-ਵੱਖ ਥਾਵਾਂ ਤੇ ਬੂਟੇ ਲਗਾ ਕੇ ਇਸ ਮੁਹਿਮ ਵਿੱਚ ਵਢਮੁੱਲਾ ਯੋਗਦਾਨ ਪਾਇਆ ਜਾਂਦਾ ਹੈ। ਉਹਨਾਂ ਨੇ ਸਮੂਹ ਪਤਵੰਤਿਆਂ ਦਾ ਪਹੁੰਚਣ ਲਈ ਅਤੇ ਵਢਮੁੱਲੇ ਵਿਚਾਰ ਪੇਸ਼ ਕਰਨ ਲਈ ਤਹਿ ਦਿਲੋਂ ਧੰਨਵਾਦ ਵੀ ਕੀਤਾ। ਇਸ ਦੌਰਾਨ ਫੁੱਲਾਂ ਵਾਲੇ ਅਤੇ ਛਾਂਦਾਰ ਬੂਟੇ ਵੀ ਵੰਡੇ ਗਏ। ਇਸ ਮੌਕੇ ਕੇਂਦਰ ਦੇ ਸੀਨੀਅਰ ਮੀਤ ਪ੍ਰਧਾਨ ਗੁਰਨਾਮ ਸਿੰਘ ਸੈਣੀ, ਪ੍ਰੈਸ ਸਕੱਤਰ ਲਵਪ੍ਰੀਤ ਸਿੰਘ ਰਾਏ, ਖੁਸ਼ਪ੍ਰੀਤ ਕੌਰ ਰਾਏ ਸਮੇਤ ਹੋਰ ਪਤਵੰਤੇ ਹਾਜਰ ਸਨ।

# ਵਿਸ਼ਵ ਸਾਈਕਲ ਦਿਵਸ ਸੰਬੰਧੀ ਅਸ਼ਮਿਤਾ ਖੇਲੋ ਇੰਡੀਆ ਵੂਮੈਨ ਲੀਗ ਤੇ ਸਾਈਕਲ ਰੈਲੀ

**ਮੁਹਾਲੀ (ਗੁਰਜੀਤ ਬਿੱਲਾ)** ਵਿਸ਼ਵ ਸਾਈਕਲ ਦਿਵਸ ਸਬੰਧੀ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਫੇਜ਼-07, ਮੋਹਾਲੀ ਵਿਖੇ ਅਸ਼ਮਿਤਾ ਖੇਲੋ ਇੰਡੀਆ ਵਿਮੈਨ ਲੀਗ ਤੇ ਵਿਸ਼ਾਲ ਸਾਈਕਲ ਰੈਲੀ ਬੜੇ ਉਤਸ਼ਾਹ ਅਤੇ ਜੋਸ਼ ਨਾਲ ਕਰਵਾਈ ਗਈ। ਇਸ ਸਮਾਗਮ ਦਾ ਮੁੱਖ ਉਦੇਸ਼ ਮਹਿਲਾਵਾਂ ਨੂੰ ਸਾਈਕਲਿੰਗ ਖੇਡ ਨਾਲ ਜੋੜਨਾ, ਉਨ੍ਹਾਂ ਵਿੱਚ ਖੇਡਾਂ ਪ੍ਰਤੀ



ਰੁਚੀ ਪੈਦਾ ਕਰਨਾ ਅਤੇ ਸਿਹਤਮੰਦ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨਾ ਸੀ।ਇਸ ਮੌਕੇ ਮਹਿਲਾ ਸਾਈਕਲ ਸਵਾਰਾਂ ਨੇ ਵੱਖ-ਵੱਖ ਉਮਰ ਵਰਗਾਂ ਵਿੱਚ ਭਾਗ ਲੈ ਕੇ ਆਪਣੀ ਕਾਬਲਿਅਤ, ਹੁਨਰ ਤੇ ਜਜ਼ਬੇ ਦਾ ਪ੍ਰਦਰਸ਼ਨ ਕੀਤਾ। ਖਿਡਾਰੀਆਂ ਵਿੱਚ ਮੁਕਾਬਲਿਆਂ ਨੂੰ ਲੈ ਕੇ ਵੱਡਾ ਜੋਸ਼ ਦੇਖਣ ਨੂੰ ਮਿਲਿਆ ਤੇ ਹਰ ਵਰਗ ਵਿੱਚ ਫਸਵੀਂ ਟੱਕਰ ਰਹੀ।ਮੁਕਾਬਲਿਆਂ ਦੇ ਨਤੀਜਿਆਂ ਅਨੁਸਾਰ ਸਬ ਜੂਨੀਅਰ ਵਰਗ ਵਿੱਚ ਅਰਸ਼ਿਤਾ ਨੇ ਪਹਿਲਾ ਅਤੇ ਪਰੀਨਾਜ਼ ਨੇ ਦੂਜਾ ਸਥਾਨ ਹਾਸਲ ਕੀਤਾ। ਜੂਨੀਅਰ ਵਰਗ ਵਿੱਚ ਪੂਨਿਆ ਨੇ ਪਹਿਲਾ ਅਤੇ ਸਮਾਇਰਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਅਲੀਟ ਵਰਗ ਵਿੱਚ ਦੀਪ ਇੰਦਰ ਕੌਰ ਨੇ ਪਹਿਲਾ, ਨੇਮੀ ਨੇ ਦੂਜਾ ਤੇ ਹਰਪ੍ਰੀਤ ਕੌਰ ਕੰਗ ਨੇ ਤੀਜਾ ਸਥਾਨ ਹਾਸਲ ਕਰਕੇ ਆਪਣੀ ਸ਼ਾਨਦਾਰ ਪ੍ਰਦਰਸ਼ਨ ਨਾਲ ਦਰਸ਼ਕਾਂ ਤੇ ਖੇਡ ਪ੍ਰੇਮੀਆਂ ਦਾ ਮਨ ਮੋਹ ਲਿਆ।ਇਸ ਮੌਕੇ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਅਸ਼ਮਿਤਾ ਖੇਲੋ ਇੰਡੀਆ ਵਿਮੈਨ ਲੀਗ ਦਾ ਮੰਤਵ ਮਹਿਲਾਵਾਂ ਨੂੰ ਖੇਡਾਂ ਵਿੱਚ ਅੱਗੇ ਆਉਣ ਲਈ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਨੂੰ ਇੱਕ ਮਜ਼ਬੂਤ ਮੁਕਾਬਲਾਤੀ ਮੰਚ ਮੁਹੱਈਆ ਕਰਵਾਉਣਾ ਹੈ।ਇਸ ਮੌਕੇ ਜਸਵੀਰ ਸਿੰਘ ਵਾਈਸ ਪ੍ਰੈਜ਼ੀਡੈਂਟ, ਸੁਖਜਿੰਦਰ ਸਿੰਘ ਜੁਆਇੰਟ ਸਕੱਤਰ, ਦਮਨਪ੍ਰੀਤ ਕੌਰ ਚੇਅਰਮੈਨ ਈਵੈਂਟ ਮੈਨੇਜਮੈਂਟ ਕਮੇਟੀ, ਅਮਨਦੀਪ ਸਿੰਘ ਰੁਮਾਣਾ ਅਤੇ ਹੋਰ ਅਨੇਕ ਖੇਡ ਪ੍ਰੇਮੀ, ਕੋਚ ਅਤੇ ਖਿਡਾਰੀ ਵੀ ਸਮਾਗਮ ਵਿੱਚ ਮੌਜੂਦ ਰਹੇ।ਸਮਾਗਮ ਦੇ ਅੰਤ ਵਿੱਚ ਜੇਤੂ ਖਿਡਾਰੀਆਂ ਨੂੰ ਮੈਡਲ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

# ਭੇਦਭਰੇ ਹਾਲਾਤ 'ਚ ਪ੍ਰਵਾਸੀ ਮਜ਼ਦੂਰ ਦਾ ਕਤਲ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਬਲਾਕ ਟਾਂਡਾ ਅਧੀਨ ਪੈਂਦੇ ਪਿੰਡ ਅਵਾਣ ਬੈਂਸ ਵਿਖੇ ਇੱਕ ਪ੍ਰਵਾਸੀ ਮਜ਼ਦੂਰ ਦਾ ਭੇਦਭਰੇ ਹਾਲਾਤਾਂ ਵਿੱਚ ਕਤਲ ਕਰ ਦਿੱਤਾ ਗਿਆ । ਮ੍ਰਿਤਕ ਦੀ ਪਛਾਣ ਪ੍ਰਦੇਸੀ ਪੁੱਤਰ ਰਜਿਤ ਵਾਸੀ ਉੱਤਰ ਪ੍ਰਦੇਸ਼ ਵਜੋ ਹੋਈ ਹੈ । ਇਸ ਸਬੰਧੀ ਜਾਣਕਾਰੀ ਐਸਐਚਓ ਟਾਂਡਾ ਗੁਰਿੰਦਰਜੀਤ ਸਿੰਘ



ਨਾਗਰਾ ਨੇ ਦੱਸਿਆ ਕਿ ਟਾਂਡਾ ਪੁਲਿਸ ਨੂੰ ਇਤਲਾਹ ਮਿਲੀ ਸੀ ਕਿ ਪਿੰਡ ਅਵਾਣ ਬੈਂਸ ਵਿਖੇ ਇੱਕ ਪ੍ਰਵਾਸੀ ਮਜ਼ਦੂਰ ਪ੍ਰਦੇਸੀ ਦੇ ਘਰ ਵਿੱਚ ਭੇਦ ਭਰੇ ਹਾਲਾਤਾਂ ਵਿੱਚ ਉਸ ਦੀ ਲਾਸ਼ ਪਈ ਹੋਈ ਹੈ । ਟਾਂਡਾ ਪੁਲਿਸ ਵਲੋਂ ਮੌਕੇ ਤੇ ਪਹੁੰਚ ਕਿ ਮ੍ਰਿਤਕ ਦੀ ਲਾਸ਼ ਆਪਣੇ ਕਬਜ਼ੇ ਵਿੱਚ ਲੈ ਕੇ ਕੀਤੀ ਮੁਢਲੀ ਜਾਂਚ ਪੜਤਾਲ ਵਿਚ ਸਾਹਮਣੇ ਆਇਆ ਕਿ ਪ੍ਰਦੇਸੀ ਦਾ ਕਿਸੇ ਅਣਪਛਾਤੇ ਵਲੋਂ ਗਲ ਘੁੱਟ ਕੇ ਕਤਲ ਕੀਤਾ ਗਿਆ ਹੈ । ਐੱਸ ਐੱਚ ਓ ਨਾਗਰਾ ਨੇ ਦੱਸਿਆ ਕਿ ਪ੍ਰਦੇਸੀ ਦੀ ਪਤਨੀ ਸੰਗੀਤਾ ਆਪਣੇ ਦੋਨੋਂ ਲੜਕਿਆਂ ਅਜੀਤ ਤੇ ਪੰਕਜ ਨਾਲ ਆਪਣੇ ਮਾਤਾ ਪਿਤਾ ਨੂੰ ਮਿਲਣ ਗਈ ਹੋਈ ਸੀ ਤੇ ਪ੍ਰਦੇਸੀ ਆਪਣੇ ਘਰ ਵਿਚ ਇਕੱਲਾ ਹੀ ਸੀ । ਉਨ੍ਹਾਂ ਦੱਸਿਆ ਕਿ ਕਿਸੇ ਅਣਪਛਾਤੇ ਵਲੋਂ ਪ੍ਰਦੇਸੀ ਦਾ ਕਤਲ ਕਰ ਦਿੱਤਾ ਗਿਆ।ਐੱਸ ਐੱਚ ਓ ਨੇ ਦੱਸਿਆ ਕਿ ਪ੍ਰਦੇਸੀ ਪਿੰਡ ਦੇ ਸਰਪੰਚ ਸਤਪਾਲ ਸਿੰਘ ਮੁਲਤਾਨੀ ਦੇ ਘਰ ਕੰਮਕਾਜ ਕਰਦਾ ਸੀ । ਐੱਸ ਐੱਚ ਓ ਨੇ ਦੱਸਿਆ ਕਿ ਪੁਲਿਸ ਜਾਂਚ ਪੜਤਾਲ ਕਰ ਰਹੀ ਹੈ ਕਿ ਕਤਲ ਕਿਹੜੇ ਹਾਲਾਤਾਂ ਵਿੱਚ ਹੋਇਆ ਹੈ।ਫਿਲਹਾਲ ਟਾਂਡਾ ਪੁਲਿਸ ਵੱਲੋਂ ਮ੍ਰਿਤਕ ਦੀ ਪਤਨੀ ਤੇ ਨੇੜਲੇ ਰਿਸ਼ਤੇਦਾਰਾਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਬਹੁਤ ਜਲਦੀ ਕਾਤਲਾਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ ।

# ਠੇਕਾ ਮੁਲਾਜ਼ਮਾਂ ਦਾ ਧਰਨਾ 6ਵੇਂ ਦਿਨ 'ਚ ਦਾਖਲ

## ਬਿਜਲੀ ਮੰਤਰੀ ਦੇ ਘਰ ਦਾ ਘਿਰਾਓ ਅੱਜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਾਵਰਕੌਮ ਅਤੇ ਟ੍ਰਾਂਸਕੋ ਤਾਲਮੇਲ ਕਮੇਟੀ,ਪੰਜਾਬ ਦੇ ਸੱਦੇ 'ਤੇ ਠੇਕਾ ਮੁਲਾਜ਼ਮਾਂ ਵੱਲੋਂ ਸ਼ੁਰੂ ਕੀਤਾ ਧਰਨਾ 6ਵੇਂ ਦਿਨ 'ਚ ਪ੍ਰਵੇਸ਼ ਕਰ ਗਿਆ ਹੈ। ਸਥਾਨਕ ਸਰਕਲ ਦਫ਼ਤਰ ਮੂਹਰੇ ਠੇਕਾ ਮੁਲਾਜ਼ਮ ਲੰਘੀ 9



ਤਾਰੀਕ ਤੋਂ ਦਿਨ- ਰਾਤ ਦੇ ਧਰਨੇ 'ਤੇ ਬੈਠੇ ਹੋਏ ਹਨ। ਠੇਕਾ ਮੁਲਾਜ਼ਮ ਬੀਤੀ 24 ਤਾਰੀਕ ਨੂੰ ਬਿਜਲੀ ਮੰਤਰੀ ਦੀ ਅਗਵਾਈ ਹੇਠ ਪਾਵਰਕੌਮ ਮੈਨੇਜਮੈਂਟ ਨਾਲ ਤਾਲਮੇਲ ਕਮੇਟੀ ਦੇ ਵਫ਼ਦ ਦੀ ਹੋਈ ਮੀਟਿੰਗ 'ਚ ਬਣੀਆਂ ਸਹਿਮਤੀਆਂ ਨੂੰ ਲਾਗੂ, ਵਿਭਾਗਾਂ 'ਚ ਮਰਜ਼ ਆਦਿ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰਨ ਦੀ ਮੰਗ ਕਰ ਰਹੇ ਹਨ।ਮੁਕੇਰੀਆਂ ਹਾਈਡਲ ਪ੍ਰਾਜੈਕਟ ਤਲਵਾੜਾ ਦੇ ਸੂਬਾ ਵਰਕਿੰਗ ਕਮੇਟੀ ਮੈਂਬਰ ਅਤੇ ਸਰਕਲ ਪ੍ਰਧਾਨ ਹਰਦੇਵ ਸਿੰਘ ਨੇ ਦੱਸਿਆ ਠੇਕਾ ਮੁਲਾਜ਼ਮ ਲੰਮੇ ਸਮੇਂ ਤੋਂ ਨਿਗੁਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਹਨ। ਜਨਤਕ ਸੰਘਰਸ਼ ਮਗਰੋਂ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੋਂਦ ਨੇ ਲੰਘੀ 24 ਤਾਰੀਕ ਨੂੰ ਪਾਵਰਕੌਮ ਮੈਨੇਜ਼ਮੈਂਟ ਦੀ ਮੌਜੂਦਗੀ 'ਚ ਤਾਲਮੇਲ ਕਮੇਟੀ ਨਾਲ ਹੋਈ ਮੀਟਿੰਗ 'ਚ ਆਊਟਸੋਰਸਡ ਮੁਲਾਜ਼ਮਾਂ ਨੂੰ ਆਪੋ ਆਪਣੇ ਵਿਭਾਗਾਂ 'ਚ ਮਰਜ਼ ਕਰਨ ਦੀ ਸਹਿਮਤੀ ਦਿੱਤੀ ਸੀ, ਜਿਸ ਦਾ ਜ਼ਲਦ ਹੀ ਨੋਟੀਫਿਕੇਸ਼ਨ ਜਾਰੀ ਕਰਨ ਦਾ ਭਰੋਸਾ ਦਿੱਤਾ ਸੀ, ਪਰ ਸਰਕਾਰ ਅਜੇ ਤੱਕ ਉਨ੍ਹਾਂ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਕਰ ਸਕੀ। ਜਿਸ ਦੇ ਵਿਰੋਧ 'ਚ ਤਾਲਮੇਲ ਕਮੇਟੀ ਨੇ ਲੰਘੇ ਮੰਗਲਵਾਰ ਤੋਂ ਕੰਮ ਰੋਕ ਕੇ ਮੰਗਾਂ ਮੰਨੇ ਜਾਣ ਤੱਕ ਹੜਤਾਲ 'ਤੇ ਜਾਣ ਦਾ ਐਲਾਨ ਕੀਤਾ ਸੀ।ਤਾਲਮੇਲ ਕਮੇਟੀ ਨੇ ਆਪਣੀ ਮੰਗ ਦੀ ਪੂਰਤੀ ਲਈ ਭਲਕੇ 15 ਜੂਨ ਨੂੰ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੋਂਦ ਦੀ ਖੰਨਾ ਸਥਿਤ ਕੋਠੀ ਦੇ ਬਾਹਰ ਧਰਨੇ ਦਾ ਐਲਾਨ ਕੀਤਾ ਹੈ।

# ਪਲਸ ਪੋਲੀਓ ਮੁਹਿੰਮ 28 ਜੁਲਾਈ ਤੋਂ

**ਮੋਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਐੱਸ ਏ ਐੱਸ ਨਗਰ ਵਿੱਚ 28, 29 ਅਤੇ 30 ਜੁਲਾਈ ਨੂੰ ਤਿੰਨ-ਦਿਨਾ ਪਲਸ ਪੋਲੀਓ ਮੁਹਿੰਮ ਚਲਾਈ ਜਾਵੇਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਮੁਹਿੰਮ ਦੌਰਾਨ ਜ਼ਿਲ੍ਹੇ ਦੇ 0 ਤੋਂ 5 ਸਾਲ ਤਕ ਦੇ ਸਾਰੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ। ਡਾ. ਸੰਗੀਤਾ ਜੈਨ ਨੇ ਕਿਹਾ ਕਿ ਭਾਰਤ ਨੂੰ ਪੋਲੀਓ-ਮੁਕਤ ਬਣਾਈ ਰੱਖਣ ਲਈ ਹਰ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਦਸਿਆ ਕਿ ਸਿਹਤ ਵਿਭਾਗ ਵੱਲੋਂ ਮੁਹਿੰਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਇਸ ਦੀ ਸਫ਼ਲਤਾ ਲਈ ਲੋੜੀਂਦੀਆਂ ਟੀਮਾਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ। ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਮੁਹਿੰਮ ਦੇ ਪਹਿਲੇ ਦਿਨ 28 ਜੁਲਾਈ ਨੂੰ ਜ਼ਿਲ੍ਹੇ ਭਰ ਵਿੱਚ ਸਥਾਪਤ ਪਲਸ ਪੋਲੀਓ ਬੂਥਾਂ 'ਤੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ।29 ਅਤੇ 30 ਜੁਲਾਈ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਘਰ-ਘਰ ਜਾ ਕੇ ਉਨ੍ਹਾਂ ਬੱਚਿਆਂ ਨੂੰ ਕਵਰ ਕਰਨਗੀਆਂ ਜੋ ਕਿਸੇ ਕਾਰਨ ਬੂਥਾਂ ਤੱਕ ਨਹੀਂ ਪਹੁੰਚ ਸਕਣਗੇ।ਉਨ੍ਹਾਂ ਕਿਹਾ ਕਿ ਪੋਲੀਓ ਗੰਭੀਰ ਅਤੇ ਅਪੰਗਤਾ ਪੈਦਾ ਕਰਨ ਵਾਲੀ ਬੀਮਾਰੀ ਹੈ, ਜਿਸ ਤੋਂ ਬਚਾਅ ਲਈ ਹਰ ਬੱਚੇ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣਾ ਲਾਜ਼ਮੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਭਾਵੇਂ ਉਨ੍ਹਾਂ ਦੇ ਬੱਚਿਆਂ ਨੂੰ ਨਿਯਮਿਤ ਟੀਕਾਕਰਨ ਅਧੀਨ ਪੋਲੀਓ ਦੇ ਟੀਕੇ ਲੱਗ ਚੁੱਕੇ ਹੋਣ, ਫਿਰ ਵੀ ਪਲਸ ਪੋਲੀਓ ਮੁਹਿੰਮ ਦੌਰਾਨ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਜ਼ਰੂਰ ਪਿਲਾਈਆਂ ਜਾਣ।

# ਜਤਿੰਦਰ ਸਿੰਘ ਸੈਣੀ ਭਾਜਪਾ 'ਚ ਸ਼ਾਮਲ



**ਬਲਾਚੌਰ, (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਦੀ ਅਗਵਾਈ ਹੇਠ ਪਿੰਡ ਮਹਿਤਪੁਰ ਉਲਦਨੀ ਦੇ ਵਸਨੀਕ ਜਤਿੰਦਰ ਸਿੰਘ ਸੈਣੀ ਨੇ ਭਾਜਪਾ ਦੀਆਂ ਲੋਕ ਹਿੱਤ, ਪੰਜਾਬ ਪੱਖੀ ਅਤੇ ਰਾਸ਼ਟਰ ਹਿੱਤ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਦਾ ਪੱਲਾ ਫੜਿਆ।

ਇਸ ਮੌਕੇ ਭਾਜਪਾ ਨਵਾਂਸ਼ਹਿਰ ਦੇ ਸੰਗਠਨ ਇੰਚਾਰਜ ਜਤਿੰਦਰ ਸਿੰਘ ਅਠਵਾਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਜਤਿੰਦਰ ਸਿੰਘ ਸੈਣੀ, ਜੋ ਪਹਿਲਾਂ ਆਮ ਆਦਮੀ ਪਾਰਟੀ ਦੇ ਸਮਰਥਕ ਰਹੇ ਹਨ, ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਹੋ ਰਹੇ ਇਤਿਹਾਸਕ ਵਿਕਾਸ ਕਾਰਜਾਂ, ਗਰੀਬ ਕਲਿਆਣ ਯੋਜਨਾਵਾਂ, ਕਿਸਾਨਾਂ, ਨੌਜਵਾਨਾਂ ਅਤੇ ਮਹਿਲਾਵਾਂ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਅਤੇ ਰਾਸ਼ਟਰੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਚੁੱਕੇ ਜਾ ਰਹੇ ਕਦਮਾਂ ਨੇ ਉਨ੍ਹਾਂ ਨੂੰ ਭਾਜਪਾ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਰਤ ਅੱਜ ਦੁਨੀਆ ਵਿੱਚ ਇੱਕ ਮਜ਼ਬੂਤ ਤੇ ਪ੍ਰਭਾਵਸ਼ਾਲੀ ਰਾਸ਼ਟਰ ਵਜੋਂ ਉਭਰ ਰਿਹਾ ਹੈ, ਜਿਸ ਦਾ ਸਿਹਰਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦੂਰਅੰਦੇਸ਼ੀ ਅਗਵਾਈ ਨੂੰ ਜਾਂਦਾ ਹੈ।

# ਤਸਕਰੀ ਤੇ ਜਾਲ੍ਹਸਾਜ਼ੀ ਨਾਲ ਨਜਿੱਠਣ ਲਈ ਸਮਰੱਥਾ ਨਿਰਮਾਣ ਪ੍ਰੋਗਰਾਮ

**ਜਲੰਧਰ (ਸੁਰਿੰਦਰ ਕੁਮਾਰ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਅਨੁਸਾਰ ਸੰਗਠਿਤ ਆਰਥਿਕ ਅਪਰਾਧਾਂ ਵਿਰੁੱਧ ਆਪਣੀ ਇਨਫੋਰਸਮੈਂਟ ਸਮਰੱਥਾਵਾਂ ਨੂੰ ਅਪਗ੍ਰੇਡ ਕਰਨ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ ਪੰਜਾਬ ਪੁਲਿਸ ਵੱਲੋਂ ਫਿੱਕੀ ਕੈਸਕੇਡ (ਕਮੇਟੀ ਅਗੇਂਸਟ ਸਮਗਲਿੰਗ ਐਂਡ ਕਾਊਂਟਰਫੇਟਿੰਗ ਐਕਟੀਵਿਟੀਜ਼ ਡਿਸਟ੍ਰਾਇੰਗ ਦਿ ਇਕਾਨੌਮੀ) ਦੇ ਸਹਿਯੋਗ ਨਾਲ ਪੁਲਿਸ ਅਧਿਕਾਰੀਆਂ ਲਈ ਅੱਧੇ ਦਿਨ ਦਾ ਸਮਰੱਥਾ ਨਿਰਮਾਣ ਪ੍ਰੋਗਰਾਮ ਕਰਵਾਇਆ ਗਿਆ।ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਫਿਲੌਰ ਵਿਖੇ ਡਾਇਰੈਕਟਰ ਜਨਰਲ ਆਫ਼ ਪੁਲਿਸ ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਇਸ ਸਿਖਲਾਈ ਸੈਮੀਨਾਰ ਵਿੱਚ ਸੂਬੇ ਭਰ ਦੇ 60 ਪੁਲਿਸ ਅਧਿਕਾਰੀਆਂ ਨੇ ਹਿੱਸਾ ਲਿਆ।ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ (ਟਰੈਫਿਕ ਅਤੇ ਸੜਕ ਸੁਰੱਖਿਆ) ਪੰਜਾਬ ਅਮਰਦੀਪ ਸਿੰਘ ਰਾਏ ਨੇ ਪ੍ਰੋਗਰਾਮ ਦਾ ਰਸਮੀ ਉਦਘਾਟਨ ਕਰਦਿਆਂ ਗੈਰ-ਕਾਨੂੰਨੀ



ਵਪਾਰ ਦੀ ਵਧ ਰਹੀ ਜਟਿਲਤਾ ਅਤੇ ਤੁਰੰਤ ਲਾਗੂ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਨਕਲੀ ਸਮਾਨ ਦਾ ਵਪਾਰ ਅਤੇ ਤਸਕਰੀ ਨਾ ਸਿਰਫ ਜਾਇਜ਼ ਕਾਰੋਬਾਰਾਂ ਅਤੇ ਸਰਕਾਰੀ ਮਾਲੀਏ ਨੂੰ ਨੁਕਸਾਨ ਪਹੁੰਚਾਉਂਦੀ ਹੈ ਬਲਕਿ ਖਪਤਕਾਰਾਂ ਦੀ ਸੁਰੱਖਿਆ ਅਤੇ ਗੈਰ-ਕਾਨੂੰਨੀ ਨੈਟਵਰਕ ਨੂੰ ਵੀ ਬੜਾਵਾ ਦਿੰਦੀ ਹੈ। ਇਜਲਾਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਵਧੀਕ ਸਕੱਤਰ ਗ੍ਰਹਿ ਮਾਮਲੇ ਅੰਕੁਰਜੀਤ ਸਿੰਘ ਨੇ ਨਾਜਾਇਜ਼ ਵਪਾਰ ਦੀ ਵੱਧ ਰਹੀ ਜਟਿਲਤਾ ਬਾਰੇ ਦੱਸਦਿਆਂ ਪੁਲਿਸ ਮੁਲਾਜ਼ਮਾਂ ਵੱਲੋਂ ਸਰਗਰਮੀ ਨਾਲ ਲਾਗੂ ਕਰਨ ਦੀ ਫੌਰੀ ਲੋੜ 'ਤੇ ਜ਼ੋਰ ਦਿੱਤਾ।

ਜੇਲ੍ਹ ਵਿਭਾਗ ਦੇ ਸਕੱਤਰ ਮੁਹੰਮਦ ਤਇਅਬ ਨੇ ਆਰਥਿਕ ਅਪਰਾਧਾਂ ਵਿਰੁੱਧ ਜ਼ਮੀਨੀ ਕਾਨੂੰਨਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਲਗਾਤਾਰ ਪੁਲਿਸ ਚੌਕਸੀ ਦੀ ਮਹੱਤਤਾ ਨੂੰ ਉਜਾਗਰ ਕੀਤਾ।

# ਨਿਸ਼ਾਨੇਬਾਜ਼ ਦੇਵ ਬੰਧੂ ਨੇ ਰਾਜ ਸ਼ੂਟਿੰਗ ਚੈਂਪੀਅਨਸ਼ਿਪ ਲਈ ਕੀਤਾ ਕੁਆਲੀਫਾਈ



**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਲਾਅ ਕਾਲਜ ਦੇ ਰਾਸ਼ਟਰੀ ਪੱਧਰ ਦੇ ਨਿਸ਼ਾਨੇਬਾਜ਼ ਦੇਵ ਬੰਧੂ ਨੇ 5ਵੀਂ ਹਰਿਆਣਾ ਸ਼ੂਟਿੰਗ ਪ੍ਰਤੀਯੋਗਿਤਾ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 300 ਵਿੱਚੋਂ 268 ਅੰਕ ਪ੍ਰਾਪਤ ਕੀਤੇ ਅਤੇ ਹਰਿਆਣਾ ਰਾਜ ਸ਼ੂਟਿੰਗ ਚੈਂਪੀਅਨਸ਼ਿਪ-2026 ਲਈ ਸਫਲਤਾਪੂਰਵਕ ਕੁਆਲੀਫਾਈ ਕੀਤਾ। ਕਾਲਜ ਡਾਇਰੈਕਟਰ ਐੱਸ ਸੀ ਸ਼ਰਮਾ ਨੇ ਦੱਸਿਆ ਕਿ ਦੇਵ ਬੰਧੂ ਨੇ 25 ਮੀਟਰ ਪਿਸਟਲ (ਐਨ ਆਰ) ਜੂਨੀਅਰ ਮੈਨ ਇੰਡੀਵਿਜੁਅਲ ਅਤੇ 25 ਮੀਟਰ ਸਪੋਰਟਸ ਪਿਸਟਲ (ਐਨ ਆਰ) ਯੂਥ ਮੈਨ ਇੰਡੀਵਿਜੁਅਲ ਮੁਕਾਬਲਿਆਂ ਵਿੱਚ ਭਾਗ ਲੈਂਦਿਆਂ ਆਪਣੀ ਅਸਾਧਾਰਣ ਪ੍ਰਤਿਭਾ ਅਤੇ ਅਨੁਸ਼ਾਸਿਤ ਅਭਿਆਸ ਦਾ ਪ੍ਰਮਾਣ ਦਿੱਤਾ। ਉਨ੍ਹਾਂ ਦੀ ਇਸ ਉਪਲਬਧੀ ਨੇ ਨਾ ਸਿਰਫ਼ ਸੰਸਥਾ ਸਗੋਂ ਪੂਰੇ ਖੇਤਰ ਦਾ ਮਾਣ ਵਧਾਇਆ ਹੈ।

ਵਰਤਮਾਨ ਵਿੱਚ ਬੀ.ਕਾਮ ਐੱਲ ਐੱਲ ਬੀ ਦੇ ਵਿਦਿਆਰਥੀ ਦੇਵ ਬੰਧੂ ਪਹਿਲਾਂ ਹੀ 10 ਮੀਟਰ ਏਅਰ ਪਿਸਟਲ ਦੇ ਰਾਸ਼ਟਰੀ ਪੱਧਰ ਦੇ ਖਿਡਾਰੀ ਹਨ। ਹਾਲ ਹੀ ਵਿੱਚ ਉਨ੍ਹਾਂ ਨੇ ਇੰਟਰ-ਕਾਲਜ ਸ਼ੂਟਿੰਗ ਚੈਂਪੀਅਨਸ਼ਿਪ-2026 ਵਿੱਚ ਚਾਂਦੀ ਦਾ ਤਗਮਾ ਜਿੱਤ ਕੇ ਵੀ ਸੇਂਟ ਸੋਲਜਰ ਗਰੁੱਪ ਦਾ ਨਾਮ ਰੌਸ਼ਨ ਕੀਤਾ ਸੀ। ਸ਼ੂਟਿੰਗ ਦੇ ਨਾਲ-ਨਾਲ ਦੇਵ ਬੰਧੂ ਫੁੱਟਬਾਲ, ਐਥਲੈਟਿਕਸ ਅਤੇ ਰੰਗਮੰਚ ਗਤੀਵਿਧੀਆਂ ਵਿੱਚ ਵੀ ਸਰਗਰਮ ਭਾਗੀਦਾਰੀ ਨਿਭਾਉਂਦੇ ਹਨ, ਜੋ ਉਨ੍ਹਾਂ ਦੀ ਬਹੁਪੱਖੀ ਪ੍ਰਤਿਭਾ ਨੂੰ ਦਰਸਾਉਂਦੀ ਹੈ।

# ਸੂਬੇਦਾਰ ਗੁਰਮੀਤ ਸਿੰਘ ਉਇੰਦ ਦੀ ਮੌਤ 'ਤੇ ਗਹਿਰਾ ਦੁੱਖ ਪ੍ਰਗਟ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮਾਂ ਹਰਜਿੰਦਰ ਸਿੰਘ ਪਵਾਰ ਦੇ ਪਿਤਾ ਸੂਬੇਦਾਰ ਗੁਰਮੀਤ ਸਿੰਘ ਪਵਾਰ ਵਾਸੀ ਉਇੰਦ ਦੀ ਅਚਾਨਕ ਹੋਈ ਮੌਤ ਤੇ ਵੱਖ ਵੱਖ ਸਿਆਸੀ ਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਸੂਬੇਦਾਰ ਗੁਰਮੀਤ ਸਿੰਘ ਪਵਾਰ ਇਕ ਵਿਅਕਤੀ ਨਹੀਂ ਚਲਦੀ ਫਿਰਦੀ ਸੰਸਥਾ ਸਨ। ਉਹਨਾਂ ਦੀ ਮੌਤ ਨਾਲ ਜਿਥੇ ਪਰਵਾਰ ਨੂੰ ਘਾਟਾ ਪਿਆ ਹੈ ਉਥੇ ਸਮਾਜ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਉਹਨਾਂ ਦੀਆਂ ਦੇਸ਼ ਤੇ



ਸਮਾਜ ਪ੍ਰਤੀ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਸੀਨੀਅਰ ਪਤਰਕਾਰ ਕੁਲਦੀਪ ਸਿੰਘ ਉਇੰਦ ਸਵ ਗੁਰਮੀਤ ਸਿੰਘ ਪਵਾਰ ਦੇ ਛੋਟੇ ਪੁੱਤਰ ਸਨ। ਗੁਰਮੀਤ ਸਿੰਘ ਦੀ ਮੌਤ ਤੇ ਦੁੱਖ ਪ੍ਰਗਟ ਕਰਦਿਆਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸਾਬਕਾ ਕੈਬਨਿਟ ਮੰਤਰੀ ਜਗਮੋਹਨ ਸਿੰਘ ਕੰਗ, ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ , ਗੁਰਪ੍ਰੀਤ ਸਿੰਘ ਜੀ ਪੀ ਸਾਬਕਾ ਵਿਧਾਇਕ, ਸੀਨੀਅਰ ਕਾਂਗਰਸੀ ਆਗੂ ਅਤੇ ਵਿਧਾਨ ਸਭਾ ਹਲਕਾ ਖਰੜ ਦੇ ਇੰਚਾਰਜ ਵਿਜੇ ਸ਼ਰਮਾ ਟਿੰਕੂ, ਪੰਨਗ੍ਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਭਾਰਤੀ ਜਨਤਾ ਪਾਰਟੀ ਦੀ ਸੀਨੀਅਰ ਆਗੂ ਅਮਨਪ੍ਰੀਤ ਕੌਰ ਰਾਏ, ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ ਦੇ ਮੀਤ ਪ੍ਰਧਾਨ ਹਰਮਿੰਦਰ ਸਿੰਘ ਲੱਕੀ, ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ, ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਰਜੇਸ਼ ਕੁਮਾਰ ਸਿਸੋਦੀਆ, ਸਾਬਕਾ ਕੌਂਸਲਰ ਰਾਕੇਸ਼ ਕੁਮਾਰ ਬੱਗਾ, ਸਮਾਜ ਸੇਵਕ ਜਤਿੰਦਰ ਕੁਮਾਰ ਗੁੰਬਰ, ਭਾਜਪਾ ਆਗੂ ਹਰਸ਼ ਕੋਹਲੀ, ਸਿਟੀ ਕਾਂਗਰਸ ਦੇ ਪ੍ਰਧਾਨ ਧਰਮਪਾਲ ਥੰਮਣ, ਰਾਜ ਕੁਮਾਰ ਦਸੌੜ, ਅਰਵਿੰਦ ਸਿੰਘ ਬੱਬੂ, ਗੁਰਦਾਸ ਸਿੰਘ ਦੁਮਣਾ ਆਦਿ ਆਗੂਆਂ ਨੇ ਸੂਬੇਦਾਰ ਗੁਰਮੀਤ ਸਿੰਘ ਦੀ ਮੌਤ ਤੇ ਗਹਿਰਾ ਦੁਖ ਪ੍ਰਗਟ ਕਰਦਿਆਂ ਨਾ ਪੂਰਾ ਹੋਣ ਵਾਲਾ ਘਾਟਾ ਦਸਿਆ।

# ਦੁਆਬਾ ਖੇਤਰ 'ਚ ਸਿਆਲੂ ਮੱਕੀ ਦੀ ਕਟਾਈ ਦਾ ਕੰਮ ਸ਼ੁਰੂ



**ਸ਼ਾਹਕੋਟ (ਗਿਆਨ ਸੈਦਪੁਰੀ)**- ਪੰਜਾਬ ਵਿੱਚ ਹਾੜੀ ਸਾਉਣੀ ਦੀਆਂ ਫਸਲਾਂ ਦੀ ਵਾਢੀ ਨਾਲ ਕਈ ਤਿਉਹਾਰ ਜੁੜੇ ਹੋਏ ਹਨ। ਹਾੜੀ ਦੀ ਫਸਲ ਦੀ ਵਾਢੀ ਸ਼ੁਰੂ ਹੋਣ ਵੇਲੇ ਵਿਸਾਖੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਭੰਗੜੇ ਪਾਉਣ ਦੇ ਨਾਲ ਨਾਲ ਕਈ ਧਾਰਮਿਕ ਰਸਮਾਂ ਕੀਤੀਆਂ ਜਾਂਦੀਆਂ ਹਨ। ਪਿਛਲੇ ਕੁਝ ਸਮੇਂ ਤੋਂ ਦੁਆਬਾ ਖੇਤਰ ਵਿੱਚ ਮੱਕੀ ਦੀ ਫਸਲ ਵੱਡੇ ਪੱਧਰ 'ਤੇ ਪੈਦਾ ਹੋਣ ਲੱਗ ਪਈ ਹੈ। ਇਹਨਾਂ ਦਿਨਾਂ ਵਿੱਚ ਸਿਆਲੂ ਮੱਕੀ ਦੀ ਕਟਾਈ ਸ਼ੁਰੂ ਹੋ ਚੁੱਕੀ ਹੈ। ਇਹ ਫਰਵਰੀ-ਮਾਰਚ ਵਿੱਚ ਬੀਜੀ ਜਾਂਦੀ ਹੈ। ਇਸ ਕਰਕੇ ਇਸ ਨੂੰ ਸਿਆਲੂ ਮੱਕੀ ਕਿਹਾ ਜਾਂਦਾ ਹੈ। ਇਸ ਮੱਕੀ ਦੀ ਕਟਾਈ ਅਗਲੇ ਹਫਤੇ ਪੂਰਾ ਜ਼ੋਰ ਫੜ ਜਾਵੇਗੀ। ਪਿਛਲੇ 2-3 ਦਿਨਾਂ ਤੋਂ ਮੱਕੀ ਮੰਡੀ ਵਿੱਚ ਆ ਰਹੀ ਹੈ। ਇਸ ਵਾਰ ਮੱਕੀ ਦਾ ਭਾਅ ਚੰਗਾ ਮਿਲ ਰਿਹਾ ਹੈ। ਕਿਸਾਨ ਚਾਵਾਂ ਨਾਲ ਮੱਕੀ ਦੀ ਕਟਾਈ ਕਰ ਰਹੇ ਹਨ। ਇਸ ਸੰਦਰਭ ਵਿੱਚ ਪਿੰਡ ਸੈਦਪੁਰ ਝਿੜੀ ਦੇ ਸਰਪੰਚ ਤਰਸੇਮ ਸਿੰਘ ਧੰਜੂ ਦੇ ਪਰਿਵਾਰ ਨੇ ਐਤਵਾਰ ਨੂੰ ਮੱਕੀ ਦੀ ਕਟਾਈ ਸ਼ੁਰੂ ਕੀਤੀ। ਇਹ ਪਰਵਾਰ ਕਟਾਈ ਦਾ ਕੰਮ ਸ਼ੁਰੂ ਕਰਨ ਤੋਂ ਪਹਿਲਾਂ ਗੁਰੂ ਘਰ ਵਿੱਚ ਨਤਮਸਤਕ ਹੋਇਆ। ਉਪਰੰਤ ਮੱਕੀ ਦੇ ਖੇਤਾਂ ਵਿੱਚ ਜਾ ਕੇ ਪ੍ਰਸ਼ਾਦ ਵੰਡ ਕੇ ਕੰਬਾਈਨ ਨਾਲ ਮੱਕੀ ਦੀ ਕਟਾਈ ਦਾ ਕੰਮ ਸ਼ੁਰੂ ਕੀਤਾ। ਇਸ ਮੌਕੇ ਤਰਸੇਮ ਸਿੰਘ ਧੰਜੂ ਸਰਪੰਚ, ਅੰਗਰੇਜ ਸਿੰਘ ਸਾਬਕਾ ਸਰਪੰਚ, ਨਿੱਕੂ ਧੰਜੂ, ਅਭੀਜੋਤ ਸਿੰਘ ਧੰਜੂ, ਜਸਵੀਰ ਸਿੰਘ, ਅੰਮ੍ਰਿਤਪਾਲ ਸਿੰਘ, ਮਨਦੀਪ ਸਿੰਘ ਤੇ ਗੁਰਤੇਜ ਸਿੰਘ ਮੌਜੂਦ ਸਨ।

# ਇਤਿਹਾਸਕ ਘੜੀ ਮਿਨਾਰ ਦਾ ਉਦਘਾਟਨ ਭਲਕੇ

**ਜਲੰਧਰ (ਸ਼ੈਲੀ ਐਲਬਰਟ)**- ਜਲੰਧਰ ਸ਼ਹਿਰ ਆਪਣੀ ਵਿਰਾਸਤ ਨਾਲ ਮੁੜ ਜੁੜਨ ਲਈ ਤਿਆਰ ਹੈ। ਸੀ ਟੀ ਗਰੁੱਪ ਤੇ ਪੰਜਾਬ ਪ੍ਰੈੱਸ ਕਲੱਬ ਦੇ ਸਾਂਝੇ ਯਤਨਾਂ ਨਾਲ ਕੰਪਨੀ ਬਾਗ ਵਿੱਚ ਸਥਿਤ ਇਤਿਹਾਸਕ ਘੜੀ ਮਿਨਾਰ ਦੀ ਮੁਰੰਮਤ ਕਰਕੇ 16 ਜੂਨ ਨੂੰ ਇਸ ਦਾ ਉਦਘਾਟਨ ਕੀਤਾ ਜਾਵੇਗਾ।ਕੰਪਨੀ ਬਾਗ ਦੀ ਇਹ ਘੜੀ ਮਿਨਾਰ ਕਦੇ ਜਲੰਧਰ ਦੀ ਸੱਭਿਆਚਾਰਕ ਪਛਾਣ ਦਾ ਅਹਿਮ ਹਿੱਸਾ ਰਹੀ ਹੈ। ਡਿਜੀਟਲ ਯੁੱਗ ਤੋਂ ਪਹਿਲਾਂ ਲੋਕ ਸਮਾਂ ਜਾਣਨ ਲਈ ਇਸ ਮਿਨਾਰ 'ਤੇ ਨਿਰਭਰ ਰਹਿੰਦੇ ਸਨ। ਇਹ ਸਿਰਫ ਸਮੇਂ ਦੀ ਜਾਣਕਾਰੀ ਨਹੀਂ ਦਿੰਦੀ ਸੀ, ਸਗੋਂ ਸ਼ਹਿਰ ਦੀ ਪਛਾਣ ਦਾ ਪ੍ਰਤੀਕ ਵੀ ਸੀ।ਇਸ ਮਿਨਾਰ ਦੀ ਨੀਂਹ 10 ਫ਼ਰਵਰੀ 1982 ਨੂੰ ਨਗਰ ਨਿਗਮ ਦੇ ਤਤਕਾਲੀ ਕਮਿਸ਼ਨਰ ਚੌਧਰੀ ਵੱਲੋਂ ਰੱਖੀ ਗਈ ਸੀ। 1992 ਵਿੱਚ ਇਸ ਦੇ ਬੰਦ ਹੋਣ ਤੋਂ ਬਾਅਦ ਇਹ ਢਾਂਚਾ ਕਈ ਸਾਲਾਂ ਤੱਕ ਖਾਮੋਸ਼ ਖੜ੍ਹਾ ਰਿਹਾ ਅਤੇ ਸ਼ਹਿਰ ਦੇ ਇਤਿਹਾਸ ਦੀ ਯਾਦ ਦਿਵਾਉਂਦਾ ਰਿਹਾ।2005 ਵਿੱਚ ਇਸ ਦੇ ਨੇੜੇ ਪੰਜਾਬ ਪ੍ਰੈੱਸ ਕਲੱਬ ਦੀ ਸਥਾਪਨਾ ਹੋਈ, ਜਿਸ ਨਾਲ ਇਹ ਥਾਂ ਪੱਤਰਕਾਰਾਂ ਲਈ ਇੱਕ ਮਹੱਤਵਪੂਰਨ ਕੇਂਦਰ ਬਣ ਗਈ। ਪ੍ਰੈੱਸ ਕਲੱਬ ਦੇ ਮੈਂਬਰਾਂ ਨੇ ਹਮੇਸ਼ਾਂ ਇਸ ਵਿਰਾਸਤੀ ਨਿਸ਼ਾਨੀ ਨੂੰ ਮੁੜ ਜੀਵੰਤ ਕਰਨ ਦੀ ਇੱਛਾ ਜਤਾਈ।



ਇਸ ਇਤਿਹਾਸਕ ਮਹੱਤਤਾ ਨੂੰ ਸਮਝਦਿਆਂ, ਪੰਜਾਬ ਪ੍ਰੈੱਸ ਕਲੱਬ ਨੇ ਸੀ ਟੀ ਗਰੁੱਪ ਦੇ ਸਹਿਯੋਗ ਨਾਲ ਘੜੀ ਮਿਨਾਰ ਅਤੇ ਇਸ ਦੀ ਘੜੀ ਪ੍ਰਣਾਲੀ ਦੀ ਮੁਰੰਮਤ ਦੀ ਸ਼ੁਰੂਆਤ ਕੀਤੀ। ਇਹ ਪਹਿਲ ਸੀ ਟੀ ਯੂਨੀਵਰਸਿਟੀ ਦੇ ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ ਦੀ ਸੋਚ ਦਾ ਨਤੀਜਾ ਹੈ, ਜੋ ਮੰਨਦੇ ਹਨ ਕਿ ਵਿਰਾਸਤ ਦੀ ਸੰਭਾਲ ਸ਼ਹਿਰ ਦੀ ਪਛਾਣ ਨੂੰ ਬਣਾਈ ਰੱਖਣ ਲਈ ਬਹੁਤ ਜ਼ਰੂਰੀ ਹੈ।ਇਸ ਪ੍ਰੋਜੈਕਟ ਨੂੰ ਸਫਲ ਬਣਾਉਣ ਵਿੱਚ ਪ੍ਰੈੱਸ ਕਲੱਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਸੈਣੀ ਅਤੇ ਜਨਰਲ ਮੈਨੇਜਰ ਜਤਿੰਦਰ ਸਿੰਘ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ।16 ਜੂਨ ਨੂੰ ਹੋਣ ਵਾਲਾ ਉਦਘਾਟਨ ਇਸ ਇਤਿਹਾਸਕ ਨਿਸ਼ਾਨੀ ਲਈ ਨਵੇਂ ਅਧਿਆਇ ਦੀ ਸ਼ੁਰੂਆਤ ਕਰੇਗਾ।

# ਨੀਟ ਪੇਪਰ ਲੀਕ ਹੋਣ 'ਤੇ ਵਹਿਸ਼ੀ ਲਾਠੀਚਾਰਜ ਦੀ ਨਿਖੇਧੀ

**ਬੰਗਾ (ਅਵਤਾਰ ਕਲੇਰ)** ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਵੱਲੋਂ ਕੀਤੇ ਫੈਸਲੇ ਮੁਤਾਬਕ ਕਸਬਾ ਮੁਕੰਦਪੁਰ ਵਿਖੇ ਬਲਿਹਾਰ ਸਿੰਘ ਬਾਰ੍ਹਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ



ਨੌਜਵਾਨਾਂ ਵੱਲੋਂ ਰੋਸ ਮੁਜ਼ਾਹਰਾ ਕੀਤਾ ਗਿਆ।ਇਸ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸੂਬਾਈ ਆਗੂ ਬਲਿਹਾਰ ਸਿੰਘ ਬਾਰ੍ਹਾ ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ ਡਾਕਟਰੀ ਦੀ ਪੜ੍ਹਾਈ ਲਈ ਕੌਮੀ ਪੱਧਰ ਦਾ ਟੈਸਟ ਲਿਆ ਜਾਂਦਾ ਹੈ, ਪਰ ਕੇਂਦਰ ਸਰਕਾਰ ਦੀਆਂ ਉੱਚ ਪੱਧਰ ਦੇ ਜ਼ਿੰਮੇਵਾਰ ਅਧਿਕਾਰੀਆਂ ਤੇ ਰਾਜਨੀਤਕ ਆਗੂਆਂ ਦੀ ਮਿਲੀਭੁਗਤ ਨਾਲ, ਹਰ ਸਾਲ ਹੀ ਅਜਿਹੇ ਉੱਚ ਮਿਆਰੀ ਟੈਸਟ ਰਿਸ਼ਵਤ ਦੇ ਲੈਣ ਦੇਣ ਰਾਹੀਂ, ਲੀਕ ਹੋ ਰਹੇ ਹਨ।ਅਫਸੋਸ ਕਿ ਕਿਸੇ ਵੀ ਉੱਚ ਪੱਧਰ ਦੇ ਅਧਿਕਾਰੀਆਂ ਤੇ ਰਾਜਨੀਤਕ ਆਗੂਆਂ ਨੂੰ ਕੋਈ ਵੀ ਸਜ਼ਾ ਨਹੀਂ ਦਿੱਤੀ ਗਈ। ਦੂਸਰੇ ਪਾਸੇ ਟੈਸਟ ਦੇ ਰਹੇ ਨੌਜਵਾਨ ਬੱਚੇ ਅਤੇ ਮਾਪੇ ਮਾਨਸਿਕ ਤੌਰ 'ਤੇ ਪੀੜਤ ਹਨ।ਟੈਸਟ ਲੀਕ ਹੋਣ ਕਰਕੇ ਅਨੇਕਾਂ ਹੀ ਨੌਜਵਾਨ ਬੱਚੇ ਖੁਦਕਸ਼ੀਆਂ ਕਰ ਗਏ ਹਨ, ਜਿਸ ਦੀ ਭਰਪਾਈ ਉਹਨਾਂ ਦੇ ਪਰਵਾਰਾਂ ਨੂੰ ਨਹੀਂ ਹੋ ਸਕਦੀ।

ਉਹਨਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ ਅਤੇ ਇਸ ਘਟਨਾ ਦੀ ਉੱਚ ਪੱਧਰੀ ਜਾਂਚ ਕਰਵਾਕੇ ਵੱਡੇ ਵੱਡੇ ਮਗਰਮੱਛਾਂ ਨੂੰ ਸਜ਼ਾਵਾਂ ਦਿੱਤੀਆਂ ਜਾਣ।ਇਸ ਮੌਕੇ ਪੰਜਾਬ ਦੀ ਮਾਨ ਸਰਕਾਰ ਵੱਲੋਂ ਪਟਿਆਲਾ ਵਿਖੇ ਕੱਚੇ ਅਤੇ ਸਿੱਖਿਅਤ ਬੇਰੁਜ਼ਗਾਰਾਂ ਉੱਤੇ ਵਹਿਸ਼ੀ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਅਪੀਲ ਕੀਤੀ ਗਈ ਕਿ ਮਜ਼ਦੂਰਾਂ, ਕਿਸਾਨਾਂ, ਛੋਟੇ ਦੁਕਾਨਦਾਰਾਂ ਅਤੇ ਨੌਜਵਾਨਾਂ ਵਿਰੋਧੀ ਮਾਨ ਸਰਕਾਰ ਨੂੰ ਵੋਟਾਂ ਵਿੱਚ ਲੋਕ ਆਪਣੀ ਤਾਕਤ ਦਿਖਾਉਣ ਲਈ ਤਿਆਰ ਹੋ ਜਾਣ। ਇਸ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਜਗਤਪੁਰ ਨੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਲੋਕ ਵਿਰੋਧੀ ਦੱਸਦਿਆਂ ਕਿਹਾ ਕਿ ਅਜੋਕੇ ਦੌਰ ਵਿੱਚ ਹਰ ਕਿਰਤੀ, ਛੋਟਾ ਦੁਕਾਨਦਾਰ ਅਤੇ ਛੋਟਾ ਮੁਲਾਜ਼ਮ, ਇਹਨਾਂ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਪ੍ਰੇਸ਼ਾਨ ਹੈ। ਉਹਨਾਂ ਨੇ ਸਮੂਹ ਨੌਜਵਾਨਾਂ ਨੂੰ ਆਪਣੀ ਜਥੇਬੰਦੀ ਨੂੰ ਮਜ਼ਬੂਤ ਕਰਦਿਆਂ, ਪਾਰਟੀ ਦੇ ਲੋਕ ਘੋਲਾਂ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਸ ਉਪਰੰਤ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੇ ਪੁਤਲੇ ਫੂਕੇ ਗਏ। ਇਸ ਰੋਸ ਮੁਜ਼ਾਹਰੇ ਵਿੱਚ ਜੱਸੀ ਜਗਤਪੁਰ,ਰਮਨ ਸੰਧੂ, ਬੌਬੀ ਚੰਦਰ, ਬੱਲੀ ਸ਼ੇਰਗਿੱਲ, ਲਖਵੀਰ,ਜੱਗੀ ਬਘੌਰਾ,ਹਰਬਿੰਦਰ, ਰੋਹਿਤ,ਅਮਿਤ,ਹਰਮਨ, ਰਣਦੀਪ ਰਟੈਂਡਾ, ਹਰਜੀਤ, ਸਿਮੋਨ ਮੁਕੰਦਪੁਰ, ਗੋਬਿੰਦ, ਚਰਨ ਸਿੰਘ, ਕਲਵਿੰਦਰ ਬੀਕਾ ਆਦਿ ਸਾਮਲ ਸਨ।

# ਪੰਜਾਬ ਕੁਸ਼ਤੀ ਐਸੋਸੀਏਸ਼ਨ ਵੱਲੋਂ ਸੂਬੇ ਦਾ ਨਾਂਅ ਰੌਸ਼ਨ ਕਰਨ ਵਾਲੇ ਪਹਿਲਵਾਨਾਂ ਦਾ ਸਨਮਾਨ

**ਗੁਰਾਇਆ (ਬਿੰਦਰ ਸੁਮਨ)**: ਪੰਜਾਬ ਕੁਸ਼ਤੀ ਐਸੋਸੀਏਸ਼ਨ (ਜਨਰਲ ਬਾਡੀ) ਦੀ ਇੱਕ ਵਿਸ਼ੇਸ਼ ਮੀਟਿੰਗ ਪ੍ਰਧਾਨ ਰਮਨ ਬਖਸ਼ੀ ਦੀ ਅਗਵਾਈ ਹੇਠ ਜਲੰਧਰ ਦੇ ਇੱਕ ਨਿੱਜੀ ਹੋਟਲ ਵਿੱਚ ਹੋਈ, ਜਿਸ ਦੌਰਾਨ ਸੂਬੇ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਕੁਸ਼ਤੀ ਨੂੰ ਹੋਰ ਬੁਲੰਦੀਆ 'ਤੇ ਲੈ ਕੇ ਜਾਣ ਲਈ ਵਿਚਾਰ ਚਰਚਾ ਹੋਈ। ਮੀਟਿੰਗ ਦੌਰਾਨ ਇੱਕ ਸਨਮਾਨ ਸਮਾਗਮ ਦਾ ਵੀ ਆਯੋਜਨ ਕੀਤਾ ਗਿਆ, ਜਿਸ ਦੌਰਾਨ ਪੰਜਾਬ ਦੇ ਉਨ੍ਹਾਂ ਪਹਿਲਵਾਨਾ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਕੁਸ਼ਤੀ ਵਿੱਚ ਏਸ਼ੀਆ ਅਤੇ ਅੰਤਰ ਰਾਸ਼ਟਰੀ ਪੱਧਰ ਤੇ ਮੈਡਲ ਹਾਸਲ ਕਰਕੇ ਸੂਬੇ ਦਾ ਨਾਂਅ ਰੌਸ਼ਨ ਕੀਤਾ। ਸਨਮਾਨ ਸਮਾਗਮ ਦੌਰਾਨ ਪੰਜਾਬ ਕੁਸ਼ਤੀ ਐਸੋਸੀਏਸ਼ਨ ਵੱਲੋਂ ਪਹਿਲਵਾਨ ਸੰਦੀਪ ਸਿੰਘ ਮਾਨ ਅਤੇ ਸਾਗਰ ਸਿੰਘ ਨੂੰ 51-51 ਹਜ਼ਾਰ ਜਦ ਕਿ ਉਨ੍ਹਾਂ ਨੂੰ ਕੋਚ ਸਹਿਬਾਨਾ ਨੂੰ 21-21 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਪਹਿਲਵਾਨ ਜਸਪ੍ਰੀਤ ਕੌਰ ਨੂੰ 31 ਹਜ਼ਾਰ ਰੁਪਏ ਅਤੇ ਉਸ ਦੇ ਕੋਚ ਨੂੰ 21 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਐਨ.ਆਰ.ਆਈ ਵਿੰਗ ਵਲੋਂ ਇਨ੍ਹਾਂ ਪਹਿਲਵਾਨਾ ਨੂੰ 31 ਅਤੇ 21 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੰਜਾਬ ਸਪੋਰਟਸ ਭਲਾਈ ਬੋਰਡ ਦੇ ਚੇਅਰਮੈਨ ਜਸਕਰਨ ਸਿੰਘ ਗਿੱਲ (ਜੱਸਾ ਪੱਟੀ) ਨੂੰ ਵੀ ਸਨਮਾਨਿਤ ਕੀਤਾ ਗਿਆ ਅਤੇ ਆਸ ਪ੍ਰਗਟਾਈ ਕਿ ਪੰਜਾਬ ਅੰਦਰ ਕੁਸ਼ਤੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਆਪਣੀ ਅਹਿਮ ਭੂਮਿਕਾ ਨਿਭਾਉਣਗੇ।



ਇਸ ਮੌਕੇ ਜਨਰਲ ਸਕੱਤਰ ਸ਼ਾਹਬਾਜ਼ ਸਿੰਘ, ਖਜ਼ਾਨਚੀ ਬਿਕਰਮ ਸ਼ਰਮਾ, ਪੰਜਾਬ ਸਪੋਰਟਸ ਭਲਾਈ ਬੋਰਡ ਦੇ ਚੇਅਰਮੈਨ ਜਸਕਰਨ ਸਿੰਘ ਗਿੱਲ (ਜੱਸਾ ਪੱਟੀ), ਪ੍ਰਧਾਨ ਕੁਸ਼ਤੀ ਐਸੋਸੀਏਸ਼ਨ ਜ਼ਿਲਾ ਜਲੰਧਰ ਪਰਮਜੀਤ ਸਿੰਘ ਪੰਮਾ, ਸੁਰਜੀਤ ਸਿੰਘ ਲੱਲੀਆਂ, ਮਨਪ੍ਰੀਤ ਸਿੰਘ ਚੱਡਾ ਸੰਗ ਢੇਸੀਆਂ, ਨਵਦੀਪ ਸਿੰਘ ਨਵੀ, ਨਰੇਸ਼ ਸੂਰਜਾ, ਐਡਵੋਕੇਟ ਇੰਦਰਪਾਲ ਸਿੰਘ, ਗੋਪੀ ਬਸਰਾ ਤੋ ਇਲਾਵਾ ਸਾਰੇ ਜ਼ਿਲਿਆ ਦੇ ਪ੍ਰਧਾਨ, ਸਕੱਤਰ ਅਤੇ ਵੱਡੀ ਗਿਣਤੀ ਵਿੱਚ ਮੈਂਬਰ ਸਹਿਬਾਨ ਹਾਜ਼ਰ ਸਨ।

# ਨਵ-ਨਿਯੁਕਤ ਮੁਸਲਿਮ ਡਿਵੈੱਲਪਮੈਂਟ ਬੋਰਡ ਦੇ ਅਹੁਦੇਦਾਰਾਂ ਦੀ ਪਹਿਲੀ ਇਤਿਹਾਸਕ ਮੀਟਿੰਗ

**ਜਲੰਧਰ**- ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਨਿਯੁਕਤ ਕੀਤੇ ਗਏ ਮੁਸਲਿਮ ਡਿਵੈਲਪਮੈਂਟ ਬੋਰਡ ਦੇ ਸਟੇਟ ਮੈਂਬਰਾਂ, ਜ਼ਿਲ੍ਹਾ ਚੇਅਰਮੈਨਾਂ ਅਤੇ ਵਾਈਸ ਚੇਅਰਮੈਨਾਂ ਦੀ ਪਹਿਲੀ ਜਾਣ-ਪਛਾਣ ਅਤੇ ਸੰਗਠਨਾਤਮਕ ਮੀਟਿੰਗ ਸ਼ਨੀਵਾਰ ਸਥਾਨਕ ਸਰਕਿਟ ਹਾਊਸ, ਜਲੰਧਰ ਵਿੱਚ ਕਰਵਾਈ ਗਈ। ਮੀਟਿੰਗ ਦੀ ਅਗਵਾਈ ਪੰਜਾਬ ਮੁਸਲਿਮ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਅਬਦੁਲਬਾਰੀ ਸਲਮਾਨੀ ਨੇ ਕੀਤੀ, ਜਦਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਸਾਰੇ ਨਵ-ਨਿਯੁਕਤ ਅਹੁਦੇਦਾਰਾਂ ਨੇ ਭਰਪੂਰ ਹਿੱਸਾ ਲਿਆ।ਮੀਟਿੰਗ ਦੌਰਾਨ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਅਹੁਦੇਦਾਰਾਂ ਨੇ ਆਪਣੇ-ਆਪਣੇ ਖੇਤਰਾਂ ਵਿੱਚ ਕੀਤੇ ਸਮਾਜਿਕ ਅਤੇ ਲੋਕ ਭਲਾਈ ਦੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਮੁਸਲਿਮ ਭਾਈਚਾਰੇ ਸਮੇਤ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਭਵਿੱਖੀ ਕਾਰਜ-ਯੋਜਨਾ ਉੱਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਚੇਅਰਮੈਨ ਅਬਦੁਲਬਾਰੀ ਸਲਮਾਨੀ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਇਤਿਹਾਸ ਰਚਦਿਆਂ ਪਹਿਲੀ ਵਾਰ ਮੁਸਲਿਮ ਭਾਈਚਾਰੇ ਨੂੰ ਇੰਨੀ ਵੱਡੀ ਗਿਣਤੀ ਵਿੱਚ ਨੁਮਾਇੰਦਗੀ ਦਿੱਤੀ ਹੈ। ਅਬਦੁਲਬਾਰੀ ਸਲਮਾਨੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਛੋਟੇ-ਛੋਟੇ ਅਹੁਦਿਆਂ ਲਈ ਵੀ ਸਿਫਾਰਸ਼ ਅਤੇ



ਪੈਸੇ ਦਾ ਬੋਲਬਾਲਾ ਹੁੰਦਾ ਸੀ, ਜਦਕਿ ਆਮ ਆਦਮੀ ਪਾਰਟੀ ਨੇ ਵਰਕਰਾਂ ਨੂੰ ਉਨ੍ਹਾਂ ਦੀ ਮਿਹਨਤ, ਇਮਾਨਦਾਰੀ ਅਤੇ ਲੋਕ ਸੇਵਾ ਦੇ ਆਧਾਰ 'ਤੇ ਜ਼ਿੰਮੇਵਾਰੀਆਂ ਸੌਂਪੀਆਂ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਪਾਰਟੀ ਵਿੱਚ ਸਿਫਾਰਸ਼ ਜਾਂ ਨਿੱਜੀ ਪ੍ਰਭਾਵ ਦੀ ਕੋਈ ਥਾਂ ਨਹੀਂ, ਸਗੋਂ ਸਿਰਫ਼ ਕੰਮ ਅਤੇ ਲੋਕ ਸੇਵਾ ਨੂੰ ਹੀ ਤਰਜੀਹ ਦਿੱਤੀ ਜਾਂਦੀ ਹੈ।ਉਨ੍ਹਾਂ ਸਾਰੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਨੂੰ ਆਪਣੀ ਪਹਿਲੀ ਤਰਜੀਹ ਬਣਾਉਣ ਅਤੇ ਇਮਾਨਦਾਰੀ, ਪਾਰਦਰਸ਼ਤਾ ਅਤੇ ਸੇਵਾ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਦੀਆਂ ਲੋਕ ਹਿਤੈਸ਼ੀ ਨੀਤੀਆਂ ਅਤੇ ਭਲਾਈ ਯੋਜਨਾਵਾਂ ਦੇ ਕਾਰਨ ਆਮ ਆਦਮੀ ਪਾਰਟੀ ਆਉਣ ਵਾਲੀਆਂ ਚੋਣਾਂ ਵਿੱਚ ਵੀ ਭਾਰੀ ਬਹੁਮਤ ਨਾਲ ਮੁੜ ਸੱਤਾ ਵਿੱਚ ਆਵੇਗੀ। ਮੀਟਿੰਗ ਵਿੱਚ ਪੰਜਾਬ ਵਕਫ਼ ਬੋਰਡ ਦੇ ਮੈਂਬਰ ਅਤੇ ਮਾਲੇਰਕੋਟਲਾ ਦੇ ਚੇਅਰਮੈਨ ਸ਼ਹਬਾਜ਼ ਰਾਣਾ, ਮੁਹੰਮਦ ਅਸਲਮ (ਲੁਧਿਆਣਾ), ਡਾ. ਚਮਨ ਕੁਰੈਸ਼ੀ (ਸ੍ਰੀ ਫਤਿਹਗੜ੍ਹ ਸਾਹਿਬ), ਪਰਵੇਜ਼ ਖਾਨ (ਜਲੰਧਰ), ਰਿਆਜ਼ੁੱਦੀਨ (ਅੰਮ੍ਰਿਤਸਰ), ਇਸਲਾਮ ਅਲੀ (ਰਾਜਪੁਰਾ), ਅਨਵਰ ਅਲੀ (ਲੁਧਿਆਣਾ), ਅਰਸ਼ਦ ਖਾਨ, ਅਸਗਰ ਅਲੀ, ਅਬਦੁਲ (ਰੂਪਨਗਰ), ਸਰਜੀਤ ਖਾਨ, ਬਰਕਤ ਅਲੀ (ਗੁਰਦਾਸਪੁਰ), ਖੁਰਸ਼ੀਦ ਅਹਿਮਦ (ਅੰਮ੍ਰਿਤਸਰ), ਮਹਿਰਬਾਨ ਅਲੀ, ਕਮਾਲ ਦੀਨ, ਮੁਹੰਮਦ ਫਰਮਾਨ (ਧਾਰੀਵਾਲ), ਅਬਦੁਲ ਰਹਿਮਾਨ, ਰਾਜਿੰਦਰ ਖਾਨ ਭੱਟੀ, ਸ਼ਫੀ ਮੁਹੰਮਦ, ਸੌਦਾਗਰ ਖਾਨ, ਮੁਹੰਮਦ ਸਰਫਰਾਜ, ਮੁਨੀਰ ਅਹਿਮਦ, ਇਨਾਮੁੱਲਾਹ ਖਾਨ, ਸ਼ਹਜ਼ਾਦ ਸਲਮਾਨੀ, ਅਫਗਾਨ ਸਲਮਾਨੀ ਸਮੇਤ ਪੰਜਾਬ ਭਰ ਤੋਂ ਆਏ ਕਈ ਅਹੁਦੇਦਾਰ ਹਾਜ਼ਰ ਸਨ।

## ਭਗਵਾਨ ਦਾਸ ਲਾਲਕਾ ਬੀ ਸੀ ਵਿੰਗ ਦੇ ਬਲਾਕ ਪ੍ਰਧਾਨ ਨਿਯੁਕਤ



**ਕਪੂਰਥਲਾ ( ਮਨਜੀਤ ਮਾਨ)**- ਬੀ ਸੀ ਵਿੰਗ ਕਪੂਰਥਲਾ ਦੀ ਪੰਜਾਬ ਸਰਕਾਰ ਵੱਲੋਂ ਆਮ ਆਦਮੀ ਪਾਰਟੀ ਵੱਲੋਂ ਨਵੇਂ ਚੁਣੇ ਗਏ ਬਲਾਕ ਪ੍ਰਧਾਨਾਂ ਦਾ ਮਾਣ ਸਨਮਾਨ ਕਰਦੇ ਹੋਏ ਚੇਅਰਮੈਨ ਮਾਰਕੀਟ ਕਮੇਟੀ ਕਪੂਰਥਲਾ ਜਗਜੀਤ ਸਿੰਘ ਬਿੱਟੂ ਅਤੇ ਹਲਕਾ ਇੰਚਾਰਜ ਐਡਵੋਕੇਟ ਕਰਮਵੀਰ ਸਿੰਘ ਚੰਦੀ ਵੱਲੋਂ ਬੀ ਸੀ ਵਿੰਗ ਦੇ ਬਲਾਕ ਪ੍ਰਧਾਨ ਭਗਵਾਨ ਦਾਸ ਲਾਲਕਾ ਬੀ ਸੀ ਵਿੰਗ ਬਲਾਕ ਪ੍ਰਧਾਨ ਨਿਯੁਕਤ ਕਰਨ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਭਗਵਾਨ ਦਾਸ ਲਾਲਕਾ ਨੇ ਹਾਈ ਕਮਾਂਡ ਅਤੇ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਾਈਕਮਾਂਡ ਵੱਲੋਂ ਉਨ੍ਹਾਂ ਦੀ ਜੋ ਵੀ ਡਿਊਟੀ ਲਗਾਈ ਗਈ ਹੈ ਉਹ ਉਸ ਨੂੰ ਤਨਦੇਹੀ, ਇਮਾਨਦਾਰੀ ਤੇ ਦ੍ਰਿੜ੍ਹਤਾ ਨਾਲ ਨਿਭਾਉਣਗੇ ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ

**ਫਿਲੌਰ (ਨਿਰਮਲ)**- ਹਲਕਾ ਫਿਲੌਰ ਦੇ ਪਿੰਡ ਲਸਾੜਾ ਤੋ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰਜੋਤ ਕੌਰ ਲੋਹਟੀਆ ਹਲਕਾ ਇਨਚਾਰਜ ਫਿਲੌਰ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਯੋਜਨਾ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਸੁਖਦ ਅਤੇ ਸੁਵਿਧਾਜਨਕ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਮਾਨ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ। ਇਸ ਮੌਕੇ ਹਾਜ਼ਰ ਧਰਮਿੰਦਰ ਸਿੰਘ ਲਸਾੜਾ ਕੋਆਰਡੀਨੇਟਰ, ਦਲਜੀਤ ਸਿੰਘ ਕੋਆਰਡੀਨੇਟਰ ਕਿਸਾਨ ਵਿੰਗ ਹਲਕਾ ਫਿਲੌਰ, ਮਨਜੀਤ ਕੁਮਾਰ ਬਲਾਕ ਪ੍ਰਧਾਨ ਸਰਪੰਚ ਪੁਆਰੀ, ਜਗਜੀਤ ਸਿੰਘ ਰਾਮਾ ਵਾਈਸ ਪ੍ਰਧਾਨ ਨਸ਼ਾ ਮੁਕਤੀ ਮੋਰਚਾ ਹਲਕਾ ਫਿਲੌਰ , ਰਛਪਾਲ ਸਿੰਘ ਬਲਾਕ ਪ੍ਰਧਾਨ ਨਸ਼ਾ ਮੁਕਤੀ ਮੋਰਚਾ ਫਿਲੌਰ ਮੌਜੂਦ ਸਨ।



# ਪੰਜਾਬ ਨੰਬਰਦਾਰ ਯੂਨੀਅਨ ਵੱਲੋਂ ਸੂਬਾ ਪ੍ਰਧਾਨ ਸਮਰਾ ਦੀਆਂ ਸੇਵਾਵਾਂ ਜਾਰੀ ਰੱਖਣ ਦਾ ਫੈਸਲਾ

**ਨਕੋਦਰ (ਮਨਜੀਤ ਮਾਨ)**- ਪੰਜਾਬ ਨੰਬਰਦਾਰ ਯੂਨੀਅਨ ਰਜਿ. ਦੀ ਜਨਰਲ ਬਾਡੀ ਦੀ ਇੱਕ ਅਹਿਮ ਮੀਟਿੰਗ ਮਿੰਨੀ ਸਕਤਰੇਤ ਲੁਧਿਆਣਾ ਦੇ ਨਜਦੀਕ ਸੂਬਾ ਕਾਰਜਕਾਰੀ ਪ੍ਰਧਾਨ ਗੁਰਦਰਸਨ ਸਿੰਘ ਗਲੌਲੀ



ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਸਰਬਸੰਮਤੀ ਨਾਲ ਅਹਿਮ ਮਤੇ ਪਾਸ ਕੀਤੇ ਗਏ, ਜਿਸ ਵਿਚ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਵਲੋਂ ਭੇਜੇ ਅਸਤੀਫੇ ਨੂੰ ਨਾ ਮਨਜੂਰ ਕਰਦਿਆਂ ਸੂਬਾ ਪ੍ਰਧਾਨ ਵਜੋਂ ਸੇਵਾਵਾਂ ਜਾਰੀ ਰੱਖਣ ਅਤੇ ਭਗਵੰਤ ਮਾਨ ਸਰਕਾਰ ਕੋਲੋਂ ਨੰਬਰਦਾਰਾਂ ਦੀਆਂ ਮੰਗਾਂ ਤਰੁੰਤ ਲਾਗੂ ਕਰਨ ਆਦਿ ਹਾਊਸ ਵਲੋਂ ਸਰਬਸੰਮਤੀ ਨਾਲ ਪਾਸ ਕੀਤੇ ਗਏ। ਇਸ ਮੌਕੇ ਸੂਬਾ ਕਾਰਜਕਾਰੀ ਪ੍ਰਧਾਨ ਗਲੌਲੀ, ਸੂਬਾ ਸਕਤਰ ਜਨਰਲ ਰਸ਼ਪਾਲ ਸਿੰਘ ਰਾਮਪੁਰ, ਹਰਕੰਵਲ ਸਿੰਘ ਮੁੰਧ, ਸੁਰਜੀਤ ਸਿੰਘ ਹੇਅਰ, ਹੁਸ਼ਿਆਰ ਸਿੰਘ ਝੰਡੇਰ, ਪਿਆਰਾ ਸਿੰਘ ਦੇਹੜਕਾ, ਭਗਵਾਨ ਸਿੰਘ ਮਾਣਕੀ ਸਾਰੇ ਸੀਨੀਅਰ ਮੀਤ ਪ੍ਰਧਾਨ ਪੰਜਾਬ, ਦਰਸ਼ਨ ਸਿੰਘ ਮਾਲਵਾ ਬਠਿੰਡਾ ਖਜਾਨਚੀ ਪੰਜਾਬ,ਵਰਿੰਦਰ ਕੁਮਾਰ ਚੌਧਰੀ ਮੀਤ ਪ੍ਰਧਾਨ, ਬਲਵਿੰਦਰ ਸਿੰਘ ਤਪਾ ਬਰਨਾਲਾ, ਮੀਤ ਪ੍ਰਧਾਨ, ਬਲਰਾਮ ਸਿੰਘ ਮਾਨ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਮੁਖਤਾਰ ਸਿੰਘ ਇਬਣ ਜਿਲ੍ਹਾ ਕਾਰਜਕਾਰੀ ਪ੍ਰਧਾਨ ਅੰਮ੍ਰਿਤਸਰ, ਜਗਤਾਰ ਸਿੰਘ ਜਿਲ੍ਹਾ ਪ੍ਰਧਾਨ ਫਰੀਦਕੋਟ, ਕੁਲਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਕਰਮਜੀਤ ਸਿੰਘ ਨਮੋਲ ਜਿਲ੍ਹਾ ਪ੍ਰਧਾਨ ਸੰਗਰੂਰ, ਹਰਭਜਨ ਸਿੰਘ ਬੋਦੇਵਾਲ ਜਿਲ੍ਹਾ ਪ੍ਰਧਾਨ ਤਰਨ ਤਾਰਨ, ਭਾਕਰ ਸਿੰਘ ਕਨਕਵਾਲ ਜਿਲ੍ਹਾ ਬਠਿੰਡਾ, ਕੁਲਵੰਤ ਸਿੰਘ ਜਿਲ੍ਹਾ ਕਾਰਜਕਾਰੀ ਪ੍ਰਧਾਨ ਮਲੇਰ ਕੋਟਲਾ, ਸਤਨਾਮ ਸਿੰਘ ਸਫੀਪੁਰ ਆਦਿ ਹਾਜ਼ਰ ਸਨ।

# ਕਰੀਮਪੁਰੀ ਵੱਲੋਂ ਬੇਰੁਜ਼ਗਾਰਾਂ 'ਤੇ ਲਾਠੀਚਾਰਜ ਦੀ ਨਿੰਦਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਅੰਦਰ ਦਿਨੋਂ-ਦਿਨ ਬਦਤਰ ਹੋ ਰਹੀ ਕਾਨੂੰਨ ਵਿਵਸਥਾ, ਵਧ ਰਹੀ ਬੇਰੁਜ਼ਗਾਰੀ ਅਤੇ ਦਲਿਤ ਸਮਾਜ 'ਤੇ ਹੋ ਰਹੇ ਸਮਾਜਿਕ ਅੱਤਿਆਚਾਰਾਂ ਦੇ ਖਿਲਾਫ ਬਹੁਜਨ ਸਮਾਜ ਪਾਰਟੀ ਵੱਲੋਂ ਪੰਜਾਬ ਸੰਭਾਲੋ ਮੁਹਿੰਮ ਦੇ ਤਹਿਤ ਸੂਬੇ ਦੇ ਡਿਪਟੀ ਕਮਿਸ਼ਨਰਾਂ ਰਾਹੀਂ ਮਾਨਯੋਗ ਰਾਜਪਾਲ ਪੰਜਾਬ ਨੂੰ ਇੱਕ ਅਹਿਮ ਮੰਗ ਪੱਤਰ ਭੇਜਿਆ ਗਿਆ ਹੈ।ਬਸਪਾ ਦੇ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ (ਸਾਬਕਾ ਐਮ.ਪੀ.) ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਟਿਆਲਾ ਵਿਖੇ ਆਪਣੇ ਹੱਕਾਂ ਲਈ ਸ਼ਾਂਤਮਈ ਰੋਸ ਪ੍ਰਦਰਸ਼ਨ ਕਰ ਰਹੇ 2600 ਟੈਸਟ ਪਾਸ ਅਪ੍ਰੈਂਟਿਸ ਲਾਈਨਮੈਨਾਂ ਉੱਤੇ ਪੁਲਿਸ ਵੱਲੋਂ ਕੀਤਾ ਗਿਆ ਅੰਨ੍ਹਾ ਤਸ਼ਦਦ ਤਾਨਾਸ਼ਾਹੀ ਰਵੱਈਏ ਦੀ ਮੂੰਹ ਬੋਲਦੀ ਤਸਵੀਰ ਹੈ। ਇਸ ਦੇ ਨਾਲ ਹੀ ਪੀ ਐੱਸ ਪੀ ਸੀ ਐੱਲ ਵੱਲੋਂ ਮ੍ਰਿਤਕ ਕਰਮਚਾਰੀਆਂ ਦੇ ਆਸ਼ਰਿਤਾਂ ਨੂੰ ਤਰਸ ਦੇ ਆਧਾਰ 'ਤੇ ਨੌਕਰੀਆਂ ਨਾ ਦੇ ਕੇ ਲਗਾਤਾਰ ਲਾਰੇ ਲਗਾਏ ਜਾ ਰਹੇ ਹਨ। ਡਾ. ਕਰੀਮਪੁਰੀ ਨੇ ਸੂਬੇ ਵਿੱਚ ਦਲਿਤਾਂ 'ਤੇ ਵਧ ਰਹੇ ਅੱਤਿਆਚਾਰਾਂ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਮਲੋਟ ਦੇ ਪਿੰਡ ਝੋਰੜ ਅਤੇ ਤਰਨ ਤਾਰਨ ਦੇ ਪਿੰਡ ਵੇਂਈਂਪੋਈ ਦੀਆਂ ਦਰਦਨਾਕ ਘਟਨਾਵਾਂ ਦਾ ਵਿਸ਼ੇਸ਼ ਜ਼ਿਕਰ ਕੀਤਾ, ਜਿੱਥੇ ਜਾਤੀ-ਹੰਕਾਰ ਦੇ ਚਲਦਿਆਂ ਗਰੀਬ ਪਰਵਾਰਾਂ 'ਤੇ ਅਣਮਾਨਵੀ ਤਸ਼ਦਦ ਕੀਤਾ ਗਿਆ ਅਤੇ ਘਰਾਂ ਨੂੰ ਅੱਗ ਲਗਾਈ ਗਈ। ਉਨ੍ਹਾਂ ਪਟਿਆਲਾ ਯੂਨੀਵਰਸਿਟੀ ਦੇ ਵਿਦਿਆਰਥੀ ਵਰੁਣਪ੍ਰੀਤ ਸਿੰਘ ਦੀ ਸ਼ੱਕੀ ਮੌਤ, ਡਾ. ਯੋਗੇਸ਼ ਦੀ ਖੁਦਕੁਸ਼ੀ ਅਤੇ ਡਾ. ਰਮਨਦੀਪ ਸਿੰਘ ਨੂੰ ਅਗਵਾ ਕਰਨ ਵਰਗੇ ਗੰਭੀਰ ਮਾਮਲਿਆਂ ਵਿੱਚ ਪੁਲਿਸ ਵੱਲੋਂ ਢਿੱਲੀ ਕਾਰਵਾਈ ਕੀਤੇ ਜਾਣ ਦੇ ਵੀ ਦੋਸ਼ ਲਗਾਏ। ਬਸਪਾ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਇਨ੍ਹਾਂ ਗੰਭੀਰ ਮੁੱਦਿਆਂ ਵੱਲ ਤੁਰੰਤ ਧਿਆਨ ਨਾ ਦਿੱਤਾ ਅਤੇ ਬਹੁਜਨ ਸਮਾਜ ਦੇ ਹਿੱਤਾਂ ਦੀ ਰਾਖੀ ਯਕੀਨੀ ਨਾ ਬਣਾਈ, ਤਾਂ ਪਾਰਟੀ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਪਾਰਟੀ ਦੇ ਹੁਸ਼ਿਆਰਪੁਰ ਜੋਨ ਕੋਆਰਡੀਨੇਟਰ ਚੌਧਰੀ ਗੁਰਨਾਮ ਸਿੰਘ, ਜਿਲਾ ਪ੍ਰਧਾਨ ਦਲਜੀਤ ਰਾਏ, ਇੰਚਾਰਜ ਐਡਵੋਕੇਟ ਪਲਵਿੰਦਰ ਮਾਨਾ, ਸੋਮਨਾਥ ਬੈਂਸ, ਜਿਲਾ ਜਨਰਲ ਸੈਕਟਰੀ ਐਡਵੋਕੇਟ ਧਰਮਿੰਦਰ ਦਾਦਰਾ, ਬੈਂਸ ਸਾਹਿਬ, ਸੁਰਜੀਤ ਮਹਿਮੀ, ਬਖਸ਼ੀਸ਼ ਭੀਮ ਮਲਕੀਤ ਸੋਨੇ, ਰਵਿੰਦਰ ਬੀੜਾ, ਰਸਪਾਲ ਲਾਲੀ, ਮਨੋਹਰ ਮਾਹਿਲਪੁਰ , ਤੋਤਾ ਮਾਹਿਲਪੁਰ, ਮਾਸਟਰ ਧਰਮ ਚੰਦ, ਦਿਨੇਸ਼ ਪੱਪੂ ਤੋਂ ਇਲਾਵਾ ਹੋਰ ਪਾਰਟੀ ਵਰਕਰ ਸਮਰਥਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।





# ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ



**ਭਲਾਣ (ਹਰਭਜਨ ਸਿੰਘ ਢਿੱਲੋਂ)**- ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਇੱਕ ਹੰਗਾਮੀ ਮੀਟਿੰਗ ਪਿੰਡ ਸੁਖਸਾਲ ਵਿਖੇ ਹੋਈ, ਜਿਸ ਵਿੱਚ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਅਮਰਜੀਤ ਸਿੰਘ ਚਾਵਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਉਨ੍ਹਾਂ ਨੇ ਪਾਰਟੀ ਦੀਆਂ ਲੋਕ ਹਿਤੈਸ਼ੀ ਨੀਤੀਆਂ ਅਤੇ ਬਾਦਲ ਸਰਕਾਰ ਦੇ ਕਾਰਜਕਾਲ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੇ ਉਪਰਾਲਿਆਂ ਬਾਰੇ ਵਰਕਰਾਂ ਅਤੇ ਹਾਜ਼ਰ ਲੋਕਾਂ ਨੂੰ ਜਾਣੂ ਕਰਵਾਇਆ। ਭਾਈ ਅਮਰਜੀਤ ਸਿੰਘ ਚਾਵਲਾ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਲੋਕਾਂ ਨੂੰ ਪਾਰਟੀ ਦੀ ਵਿਚਾਰਧਾਰਾ ਨਾਲ ਜੋੜਨ ਲਈ ਸਰਗਰਮ ਭੂਮਿਕਾ ਨਿਭਾਉਣ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਮੁੜ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਉਤਸੁਕ ਹਨ।

ਇਸ ਮੌਕੇ ਮੀਟਿੰਗ ਦੌਰਾਨ ਪਾਰਟੀ ਵਰਕਰਾਂ ਨੇ ਆਉਣ ਵਾਲੇ ਸਮੇਂ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਨਾਲ ਵੱਧ ਤੋਂ ਵੱਧ ਸੰਪਰਕ ਬਣਾਉਣ ਦਾ ਸੰਕਲਪ ਵੀ ਲਿਆ। ਇਸ ਮੌਕੇ ਗੋਹਲਣੀ ਸਰਕਲ ਪ੍ਰਧਾਨ ਮਾ. ਕਮਲ ਸਿੰਘ ਮਜਾਰੀ, ਹਰਦੇਵ ਸਿੰਘ ਐਲਗਰਾਂ, ਹਰਦਿਆਲ ਸਿੰਘ ਮਲੂਕਪੁਰ, ਜਸਪਾਲ ਸਿੰਘ, ਮਾ. ਗੁਰਦੀਪ ਸਿੰਘ ਬੇਲਾ, ਪਰਮਿੰਦਰ ਸਿੰਘ ਬੇਲਾ, ਸਾਬਕਾ ਸਰਪੰਚ ਕਰਮ ਸਿੰਘ ਬੇਲਾ, ਦਿਲਬਾਗ ਸਿੰਘ ਰਿਟਾ. ਜੇਈ, ਪ੍ਰੇਮ ਕੁਮਾਰ ਸ਼ਰਮਾ ਸੁਖਸਾਲ, ਅਮਰਜੀਤ ਸਿੰਘ ਸੰਗਤਪੁਰ, ਸੁੱਚਾ ਸਿੰਘ ਸੁਖਸਾਲ ਆਦਿ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਪਾਰਟੀ ਵਰਕਰ ਅਤੇ ਲੋਕ ਹਾਜ਼ਰ ਸਨ।



# ਐੱਚ ਐੱਮ ਵੀ ਦੀ ਮਨੋਵਿਗਿਆਨ ਆਨਰਜ਼ ਦੀ ਵਿਦਿਆਰਥਣਾਂ ਨੇ 'ਵਰਸਿਟੀ ਨਤੀਜਿਆਂ ਵਿੱਚ ਮਾਰੀ ਬਾਜ਼ੀ

**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾਵਿਦਿਆਲਿਆ, ਜਲੰਧਰ ਦੇ ਬੀ.ਏ. (ਆਨਰਜ਼) ਮਨੋਵਿਗਿਆਨ ਸਮੈਸਟਰ-5 ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਤਾਨਿਆ ਸੈਣੀ, ਪ੍ਰਭਲੀਨ ਕੌਰ ਚੰਦੀ, ਮਾਲਿਕਾ ਸ਼੍ਰੇਸ਼ਥਾ, ਦਿਵਿਆ ਅਤੇ ਜਸਲੀਨ ਕੌਰ ਨੇ 9.00 ਐਸ ਜੀ ਪੀ ਏ ਹਾਸਲ ਕਰਕੇ ਵਿਸ਼ੇਸ਼ ਉਪਲਬਧੀ ਦਰਜ ਕੀਤੀ। ਇਸ ਤੋਂ ਇਲਾਵਾ ਸੋਨਮ ਕਾਜਲਾ, ਅਵਨੀ ਠਾਕੁਰ, ਮੁਸਕਾਨ ਰਾਜ, ਅਲਫੋਂਸਾ, ਜਸਪ੍ਰੀਤ ਕੌਰ, ਵਿਸ਼ਾਲੀ, ਹਰਸ਼ਿਤਾ ਅਤੇ ਸਪਨਾ ਨੇ 8.00 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪ੍ਰਿੰਸੀਪਲ ਡਾ. ਇਕਤਾ ਖੋਸਲਾ ਨੇ ਸਾਰੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੱਤੀ ਅਤੇ ਵਿਭਾਗ ਮੁਖੀ ਡਾ. ਅਸ਼ਮੀਨ ਕੌਰ ਸਮੇਤ ਫੈਕਲਟੀ ਮੈਂਬਰ ਮਿਸ ਪ੍ਰਿਆ ਅਤੇ ਮਿਸ ਨੰਦਿਤਾ ਦੇ ਮਾਰਗਦਰਸ਼ਨ ਅਤੇ ਸਮਰਪਿਤ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਵਿਦਿਆਰਥੀਆਂ ਦੀ ਇਹ ਸਫਲਤਾ ਸੰਸਥਾ ਦੀ ਅਕਾਦਮਿਕ ਉੱਤਮਤਾ ਦੀ ਪਰੰਪਰਾ ਨੂੰ ਹੋਰ ਮਜ਼ਬੂਤ ਕਰਦੀ ਹੈ।

# ਅਡਵਾਂਸ 'ਚ ਪੈਸੇ ਲੈ ਕੇ ਵੀ ਮੋਬਾਇਲ ਕੰਪਨੀਆਂ ਨਹੀਂ ਦੇ ਰਹੀਆਂ ਚੰਗੀ ਸਰਵਿਸ : ਧੀਮਾਨ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਮੋਬਾਇਲ ਕੰਪਨੀਆਂ ਅਡਵਾਂਸ ਵਿਚ ਪੈਸੇ ਲੈ ਕੇ ਖਪਤਕਾਰਾਂ ਨੂੰ ਸਹੀ ਸਿਗਨਲ ਦੇਣ ਵਿਚ ਫੈਲ੍ਹ ਹੋਣ ਤੇ ਡੈਮੋਕ੍ਰੇਟਿਕ ਕੰਜਿਊਮਰ ਫੋਰਮ ਪੰਜਾਬ ਦਾ ਇਕ ਵਫਦ ਜੈ ਗੋਪਾਲ ਧੀਮਾਨ ਅਤੇ ਗੁਰਦਿਆਲ ਸਿੰਘ ਦੀ ਅਗਵਾਈ ਵਿਚ ਕੰਡੀ ਇਲਾਕੇ ਦੇ ਪਿੰਡਾਂ ਵਿਚ ਵਿਚੋਂ 100 ਤੋਂ ਵੱਧ ਖਪਤਕਾਰਾਂ ਦੇ ਦਸਤਖਤ ਕਰਵਾ ਕੇ ਮੋਬਾਇਲ ਸਿਗਨਲ ਨਾ ਮਾਤਰ ਹੋਣ ਨੂੰ ਲੈ ਕੇ ਜ਼ਿਲ੍ਹਾ ਰੈਵੀਨਿਊ ਅਫਸਰ ਮਨਦੀਪ ਸਿੰਘ ਚਾਵਲਾ ਨੂੰ ਮਿਲਿਆ ਤੇ ਦਸਿਆ ਕਿ ਪਿੰਡਾਂ ਵਿਚ ਮੋਬਾਇਲ ਸਿਗਨਲ ਦੀ ਘਾਟ ਕਾਰਨ ਜਿਥੇ ਲੋਕਾਂ ਦਾ ਆਰਥਿਕ ਨੁਕਸਾਨ ਕੰਪਨੀਆਂ ਕਰ ਰਹੀਆਂ ਹਨ ਤੇ ਨਾਲ ਮਾਨਸਿਕ ਤਨਾਓ ਵੀ ਵਧਾ ਰਹੀਆਂ ਹਨ।ਧੀਮਾਨ ਨੇ ਦਸਿਆ ਕਿ ਸਭ ਵੱਡੀ ਲੁੱਟ ਅਡਵਾਂਸ ਵਿਚ ਪੈਸੇ ਲੈ ਕੇ 30 ਦਿਨਾ ਦੀ ਥਾਂ 28 ਦਿਨ ਹੀ ਸਰਵਿਸ ਦੇਣੀ ਤੇ ਉਹ ਵੀ ਘਟੀਆ ਸਰਵਿਸ ਦਿਤੀ ਜਾਂਦੀ ਹੈ।



ਕਈ ਵਾਰੀ ਬੱਚਿਆਂ ਨੂੰ ਟੈਸਟਾਂ ਦੀ ਤਿਆਰੀ ਕਰਨ ਲਈ ਸ਼ਹਿਰਾਂ ਵੱਲ ਜਾਣਾ ਪੈਂਦਾ ਹੈ,ਪਰ ਉਥੇ ਵੀ ਕਈ ਵਾਰੀ ਨੈਟ ਵਰਕ ਬਿਜੀ ਵੇਖਣ ਨੂੰ ਮਿਲਦਾ ਹੈ। ਧੀਮਾਨ ਨੇ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਮੋਬਾਇਲ ਸੇਵਾਵਾਂ ਵਿਚ ਸੁਧਾਰ ਕੀਤਾ ਜਾਵੇ।ਇਸ ਮੌਕੇ ਨੰਬਰਦਾਰ ਜਗਨ ਨਾਥ, ਪ੍ਰੇਮ ਚੰਦ, , ਸੋਹਨ ਲਾਲ, ਤਰਸੇਮ ਲਾਲ, ਪ੍ਰੇਮ ਚੰਦ, ਹਰਮੇਸ਼ ਚੰਦ, ਸੋਹਨ ਸਿੰਘ, ਰਾਮ ਲਾਲ ਅਤੇ ਸੁਰਿੰਦਰ ਕੁਮਾਰ ਤੇ ਪ੍ਰਦੀਪ ਕੁਮਾਰ ਆਦਿ ਹਾਜ਼ਰ ਸਨ।

# ਰੁੜਕਾ ਕਲਾਂ 'ਚ ਵਿਦਿਆਰਥੀਆਂ ਨੇ ਦੇਸ਼ ਦੇ ਸਿੱਖਿਆ ਮੰਤਰੀ ਦਾ ਪੁਤਲਾ ਫੂਕਿਆ

**ਗੁਰਾਇਆ (ਬਿੰਦਰ ਸੁਮਨ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ, ਇਨਕਲਾਬੀ ਨੌਜਵਾਨ ਸਭਾ, ਵਿਦਿਆਰਥੀ ਜਥੇਬੰਦੀਆਂ ਆਈਸਾ ਅਤੇ ਪੀ ਐੱਸ ਐੱਫ ਦੇ ਸਾਂਝੇ ਸੱਦੇ 'ਤੇ ਰੁੜਕਾ ਕਲਾਂ ਵਿਖੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ



ਵਲੋਂ ਪੁਤਲਾ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਦੀ ਅਗਵਾਈ ਅਮਰੀਕ ਰੁੜਕਾ, ਜੱਸਾ ਰੁੜਕਾ, ਜਸਵੀਰ ਢੇਸੀ ਨੇ ਸਾਂਝੇ ਤੌਰ 'ਤੇ ਕੀਤੀ। ਇਸ ਮੌਕੇ ਸੂਬਾ ਪ੍ਰਧਾਨ ਮਨਜਿੰਦਰ ਢੇਸੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੀਟ ਦੇ ਪੇਪਰ ਲੀਕ ਹੋਣ ਦੇ ਮੁੱਖ ਦੋਸ਼ੀ ਧਰਮਿੰਦਰ ਪ੍ਰਧਾਨ ਨੂੰ ਬਰਖ਼ਾਸਤ ਕਰਕੇ ਵਿਦਿਆਰਥੀਆਂ ਨੂੰ ਸੂਸਾਇਡ ਕਰਨ ਲਈ ਮਜਬੂਰ ਕਰਨ ਵਾਲੇ ਦੇਸ਼ ਦੇ ਸਿਖਿਆ ਮੰਤਰੀ 'ਤੇ ਮੌਤ ਦਾ ਮੁਕੱਦਮਾ ਦਰਜ ਹੋਣਾ ਚਾਹੀਦਾ। ਇਸ ਸਮੇਂ ਦੇਸ਼ ਦੀ ਮੌਜੂਦਾ ਹਕੂਮਤ ਸਿੱਖਿਆ ਦੇ ਢਾਂਚੇ ਪੂਰੀ ਤਰਾਂ ਤਬਾਹ ਕਰਨਾ ਚਾਹੁੰਦੀ ਹੈ, ਜਿਸ ਤਹਿਤ ਨਵੀਂ ਸਿੱਖਿਆ ਨੀਤੀ 2020 ਲਾਗੂ ਕਰਕੇ ਸਿੱਖਿਆ ਦਾ ਉਦਾਰੀਕਰਨ, ਵਪਾਰੀਕਨ ਬੜੀ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ, ਜਿਸ ਕਾਰਨ ਸਿੱਖਿਆ ਦਾ ਅਧਿਕਾਰ ਸਿਰਫ ਅਮੀਰ ਲੋਕਾਂ ਲਈ ਹੀ ਸੀਮਤ ਰਹਿ ਗਿਆ ਹੈ। ਉਹਨਾਂ ਕਿਹਾ ਕਿ ਨੀਟ ਦਾ ਪੇਪਰ ਲੀਕ ਕਰਨ ਦੇ ਕਾਰਨ ਲੱਖਾਂ ਮੈਡੀਕਲ ਵਿਦਿਆਰਥੀਆਂ ਦਾ ਭਵਿੱਖ ਤਬਾਹ ਹੋ ਗਿਆ ਹੈ। ਇਸੇ ਨੀਤੀ ਤਹਿਤ ਪੰਜਾਬ ਦੀ ਸਰਕਾਰ ਨੇ ਵੀ ਪਿਛਲੇ ਦਿਨੀਂ ਪਟਿਆਲਾ ਅੰਦਰ ਅਪਰਿੰਟਸ਼ਿਪ 'ਤੇ ਨੌਕਰੀ ਕਰ ਰਹੇ ਹਜ਼ਾਰਾਂ ਨੌਜਵਾਨਾਂ ਉਪਰ ਤਸ਼ੱਦਦ ਕਰਕੇ ਕਾਰਪੋਰੇਟ ਪੱਖੀ ਹੋਣ ਦਾ ਸਬੂਤ ਦਿੱਤਾ ਇਸ ਮੌਕੇ ਇੰਦਰਜੀਤ ਜੰਡੇ, ਬਿੱਲਾ, ਰਾਜੂ ਢੇਸੀਆਂ, ਸੁੱਖਾ ਬੁੰਡਾਲਾ, ਰਾਣਾ, ਮਨੀ, ਬਿੰਦੂ, ਯੂਵੀ, ਸੂਰਜ, ਸੁਖਦੇਵ ਸੁੱਖੀ, ਲੱਬੂ, ਅਮਨ ਰੁੜਕੀ, ਹੀਪਾ ਰੁੜਕੀ ਆਦਿ ਹਾਜ਼ਰ ਸਨ।

# ਬੱਸ 'ਚ ਸਫ਼ਰ ਕਰ ਰਹੇ ਅਣਪਛਾਤੇ ਦੀ ਅਚਾਨਕ ਮੌਤ

**ਫ਼ਿਲੌਰ, (ਨਿਰਮਲ)**- ਲੁਧਿਆਣਾ ਤੋਂ ਜਲੰਧਰ ਵੱਲ ਜਾ ਰਹੀ ਇੱਕ ਨਿੱਜੀ ਪ੍ਰਾਈਵੇਟ ਬੱਸ ਵਿੱਚ ਸਫ਼ਰ ਕਰ ਰਹੇ ਇੱਕ ਅਣਪਛਾਤੇ ਵਿਅਕਤੀ ਦੀ ਅਚਾਨਕ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ ਮ੍ਰਿਤਕ ਵਿਅਕਤੀ ਬਸਤੀ ਸ਼ੇਖੋਵਾਲ ਤੋਂ ਬੱਸ ਵਿੱਚ ਸਵਾਰ ਹੋਇਆ ਸੀ ਅਤੇ ਫ਼ਿਲੌਰ ਵੱਲ ਆ ਰਿਹਾ ਸੀ। ਬੱਸ ਦੇ ਕੰਡਕਟਰ ਨੇ ਦੱਸਿਆ ਕਿ ਜਦੋਂ ਬੱਸ ਫ਼ਿਲੌਰ ਬੱਸ ਅੱਡੇ 'ਤੇ ਪਹੁੰਚੀ ਤਾਂ ਉਕਤ ਵਿਅਕਤੀ ਦੀ ਸਿਹਤ ਅਚਾਨਕ ਵਿਗੜ ਗਈ। ਬਾਅਦ ਵਿੱਚ ਜਾਂਚ ਕਰਨ 'ਤੇ ਉਸ ਨੂੰ ਮ੍ਰਿਤਕ ਪਾਇਆ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਫ਼ਿਲੌਰ ਦੀ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ। ਪੁਲਿਸ ਵੱਲੋਂ ਕਾਨੂੰਨੀ ਕਾਰਵਾਈ ਕਰਨ ਉਪਰੰਤ ਮ੍ਰਿਤਕ ਦੇਹ ਨੂੰ ਪਹਿਚਾਣ ਲਈ ਸਿਵਲ ਹਸਪਤਾਲ ਫ਼ਿਲੌਰ ਦੀ ਮੋਰਚਰੀ ਵਿੱਚ ਰਖਵਾ ਦਿੱਤਾ ਗਿਆ ਹੈ। ਮ੍ਰਿਤਕ ਦੀ ਪਹਿਚਾਣ ਨਹੀਂ ਹੋ ਸਕੀ ਸੀ। ਕਿਉਂਕਿ ਉਸ ਦੀ ਜੇਬ ਦੇ ਵਿੱਚ ਕੋਈ ਵੀ ਦਸਤਾਵੇਜ਼ ਨਹੀਂ ਸਨ। ਪੁਲਿਸ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਨੂੰ ਇਸ ਵਿਅਕਤੀ ਬਾਰੇ ਕੋਈ ਜਾਣਕਾਰੀ ਹੋਵੇ ਜਾਂ ਉਹ ਉਸ ਦੀ ਪਹਿਚਾਣ ਕਰ ਸਕਦਾ ਹੋਵੇ ਤਾਂ ਤੁਰੰਤ ਥਾਣਾ ਫ਼ਿਲੌਰ ਜਾਂ ਸਿਵਲ ਹਸਪਤਾਲ ਫ਼ਿਲੌਰ ਨਾਲ ਸੰਪਰਕ ਕੀਤਾ ਜਾਵੇ, ਤਾਂ ਜੋ ਮ੍ਰਿਤਕ ਦੀ ਪਹਿਚਾਣ ਕਰਕੇ ਉਸ ਦੇ ਪਰਵਾਰਕ ਮੈਂਬਰਾਂ ਨੂੰ ਸੂਚਿਤ ਕੀਤਾ ਜਾ ਸਕੇ।



# ਚੇਅਰਮੈਨ ਡੈਨੀਅਲ ਮਸੀਹ ਸਨਮਾਨਤ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਗ੍ਰਾਮ ਪੰਚਾਇਤ ਪਿੰਡ ਕੱਕੋਂ ਦੀ ਪੰਚਾਇਤ ਵੱਲੋਂ ਸਰਪੰਚ ਅਨੀਤਾ ਰਾਣੀ ਦੀ ਹਾਜ਼ਰੀ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕ੍ਰਿਸਚਨ ਭਲਾਈ ਬੋਰਡ ਜ਼ਿਲਾ ਹੁਸ਼ਿਆਰਪੁਰ ਦੇ ਬਣਾਏ ਗਏ ਚੇਅਰਮੈਨ ਸ੍ਰੀ ਡੈਨੀਅਲ ਮਸੀਹ ਜੀ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਸ੍ਰੀ ਡੈਨੀਅਲ ਮਸੀਹ ਵੱਲੋਂ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਅਤੇ ਕੈਬਿਨੇਟ ਮੰਤਰੀ ਡਾਕਟਰ ਰਵਜੋਤ ਸਿੰਘ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਈਸਾਈ ਭਾਈਚਾਰੇ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਸਰਕਾਰ ਨੂੰ ਜਾਣੂ ਕਰਵਾਉਣਗੇ ਅਤੇ ਇਸ ਭਾਈਚਾਰੇ ਦੇ ਚੜਦੀ ਕਲਾ ਲਈ ਕੰਮ ਕਰਨਗੇ। ਇਸ ਮੌਕੇ ਸਰਪੰਚ ਅਨੀਤਾ ਰਾਣੀ ਨੇ ਵੀ ਆਉਣ ਵਾਲੀ ਵਿਧਾਨ ਸਭਾ ਚੋਣਾਂ ਵਿੱਚ ਡਾਕਟਰ ਰਵਜੋਤ ਸਿੰਘ ਨੂੰ ਇਸਾਈ ਭਾਈਚਾਰੇ ਦੇ ਸਮਰਥਨ ਨਾਲ ਵੱਧ ਤੋਂ ਵੱਧ ਵੋਟਾਂ ਪਵਾ ਕੇ ਦੁਬਾਰਾ ਵਿਧਾਨ ਸਭਾ ਵਿੱਚ ਹਲਕੇ ਦੀ ਨੁਮਾਇੰਦਗੀ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਮੈਂਬਰ ਪੰਚਾਇਤ ਕਰਮ ਸਿੰਘ, ਕੁਲਵਿੰਦਰ ਕੁਮਾਰ, ਪਰਮਜੀਤ ਕੌਰ, ਸੰਤੋਸ਼ ਬੱਧਣ ਅਤੇ ਡਾਕਟਰ ਅਭਿਸ਼ੇਕ ਅਤੇ ਡਾਕਟਰ ਸ਼ਾਇਨੀ ਹਾਜ਼ਿਰ ਸਨ।

# ਗੈਰ-ਵਿੱਦਿਅਕ ਡਿਊਟੀਆਂ ਦਾ ਅਧਿਆਪਕਾਂ ਵੱਲੋਂ ਵਿਰੋਧ

**ਗੜ੍ਹਸ਼ੰਕਰ, ਹੁਸ਼ਿਆਰਪੁਰ (ਫੂਲਾ ਸਿੰਘ ਬੀਰਮਪੁਰ, ਬਲਵੀਰ ਸਿੰਘ ਸੈਣੀ)**- ਡਰੱਗ ਕਮ ਸਮਾਜਿਕ ਆਰਥਿਕ ਸੈਂਸਜ ਦੇ ਨਾਂਅ ਤੇ ਸਰਕਾਰ ਵੱਲੋਂ ਅਧਿਆਪਕਾਂ ਤੋਂ ਜਬਰੀ ਗੈਰ ਵਿੱਦਿਅਕ ਡਿਊਟੀਆਂ ਖਿਲਾਫ ਹਾਜ਼ਰੀ ਕੇਂਦਰ ਸ ਸ ਸ ਸ ਗੜ੍ਹਸ਼ੰਕਰ 'ਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ



ਦੀ ਅਗਵਾਈ ਹੇਠ ਸਮੂਹ ਅਧਿਆਪਕਾਂ ਵਲੋ ਰੋਸ ਪ੍ਰਦਰਸ਼ਨ ਕੀਤਾ ਗਿਆ। ਸੰਬੋਧਨ ਕਰਦਿਆਂ ਡੀ ਟੀ ਐਫ ਦੇ ਸੂਬਾ ਆਗੂਆਂ ਮੁਕੇਸ਼ ਕੁਮਾਰ,ਸੁਖਦੇਵ ਡਾਨਸੀਵਾਲ ਅਤੇ ਵਿਨੇ ਕੁਮਾਰ ਨੇ ਕਿਹਾ ਕਿ ਸਰਕਾਰ ਵੱਲੋਂ ਕਰਵਾਏ ਜਾ ਰਹੇ ਸਰਵੇ ਵਿੱਚ ਏ ਆਈ ਤਕਨੀਕ ਦੀ ਵਰਤੋਂ ਕਰਦੇ ਹੋਏ ਆਮ ਲੋਕਾਂ ਤੋਂ ਅਜਿਹੇ ਸਵਾਲ ਕੀਤੇ ਜਾਣੇ ਹਨ ਜਿਸ ਵਿੱਚ ਸਰਕਾਰ ਦੀਆਂ ਸਕੀਮਾਂ ਸੰਬੰਧੀ ਹੀ ਲੋਕਾਂ ਦੀ ਰਾਏ ਲਈ ਜਾ ਰਹੀ ਹੈ ਅਤੇ ਉਹਨਾਂ ਤੋਂ ਇਹ ਵੀ ਪੁੱਛਿਆ ਜਾਵੇਗਾ ਕਿ ਸਰਕਾਰ ਨੂੰ ਹੋਰ ਕਿਹੜੇ ਕੰਮ ਕਰਨੇ ਚਾਹੀਦੇ। ਅਧਿਆਪਕਾਂ ਤੋਂ ਗੈਰ ਵਿੱਦਿਅਕ ਡਿਊਟੀਆਂ ਕਰਵਾਈਆਂ ਜਾ ਰਹੀਆਂ ਹਨ ਇੱਥੋਂ ਤੱਕ ਕਿ ਮਰਦਮਸ਼ੁਮਾਰੀ, ਬੀ ਐਲ ਓ ਡਿਊਟੀਆਂ, ਇਲੈਕਸ਼ਨ ਡਿਊਟੀ ਤੋਂ ਇਲਾਵਾ ਡਰੱਗ ਸੈਂਸਜ, ਤੀਰਥ ਯਾਤਰਾ ਅਤੇ ਹੈਲਥ ਕਾਰਡ ਬਣਵਾਉਣ ਲਈ ਵੀ ਵੱਡੇ ਪੱਧਰ ਉੱਪਰ ਅਧਿਆਪਕਾਂ ਦੀ ਡਿਊਟੀ ਲਗਾਈ ਜਾਂਦੀ ਰਹੀ ਹੈ। ਅਧਿਆਪਕ ਲਗਾਤਾਰ ਸਕੂਲਾਂ ਤੋਂ ਬਾਹਰ ਡਿਊਟੀ ਕਰਨ ਲਈ ਮਜਬੂਰ ਕੀਤੇ ਜਾ ਰਹੇ ਹਨ ਜਿਸ ਦਾ ਅਸਰ ਵੱਡੀ ਪੱਧਰ ਦੇ ਉੱਪਰ ਗਰੀਬ ਵਿਦਿਆਰਥੀਆਂ ਦੀ ਪੜ੍ਹਾਈ ਉੱਪਰ ਵੀ ਪਿਆ ਹੈ। ਇਸ ਮੌਕੇ ਤਹਿਸੀਲਦਾਰ ਮੁਨੀਸ਼ ਕੁਮਾਰ ਵਲੋਂ ਧਰਨੇ ਵਿਚ ਪਹੁੰਚ ਕੇ ਮੰਗ ਪੱਤਰ ਪ੍ਰਾਪਤ ਕਰਦਿਆਂ ਆਗੂਆਂ ਦੇ ਸਾਰੇ ਤਰਕਾਂ ਨਾਲ ਸਹਿਮਤ ਹੁੰਦਿਆਂ ਭਰੋਸਾ ਦਿੱਤਾ ਕਿ ਅਧਿਆਪਕਾਂ ਦੀ ਮੰਗ ਐੱਸ ਡੀ ਐੱਮ ਸਾਹਿਬ ਕੋਲ ਪਹੁੰਚਾ ਦਿੱਤੀ ਜਾਵੇਗੀ।ਵਿਰੋਧ ਪ੍ਰਦਰਸ਼ਨ ਵਿੱਚ ਆਗੂ ਸੰਦੀਪ ਸਿੰਘ, ਪਰਦੀਪ ਸਿੰਘ, ਦਵਿੰਦਰ ਸਿੰਘ, ਸੁਭਾਸ਼ ਚੰਦਰ, ਕਮਲਜੀਤ ਸਿੰਘ, ਸੰਦੀਪ ਠਾਕੁਰ, ਮੁਰਾਦ ਹੁਸੈਨ, ਸਤਨਾਮ ਸਿੰਘ, ਮਨੀਸ਼ ਰਾਣਾ, ਸੰਜੀਵ ਕੁਮਾਰ, ਸੁਭਾਸ਼ ਕੁਮਾਰ, ਪ੍ਰਵੀਨ ਕੁਮਾਰ, ਹੁਸਨ ਲਾਲ, ਇੰਦਰਜੀਤ ਕੌਰ, ਪੂਨਮ ਕੁਮਾਰੀ, ਜਯੋਤਕਾ, ਭਰਤ ਜੋਤੀ, ਬਲਜਿੰਦਰ ਕੌਰ, ਅੰਸ਼ੂ ਰਾਣਾ, ਪ੍ਰਿਅੰਕਾ, ਊਸ਼ਾ ਰਾਣੀ, ਰਜਨੀ ਕੁਮਾਰੀ, ਪੁਸ਼ਪਿੰਦਰ ਕੌਰ, ਪੂਨਮ ਰਾਣੀ, ਕਵਿਤਾ ਅਗਵਾਨੀ, ਕਿਰਨ ਕੰਵਰ, ਮਮਤਾ ਰਾਣੀ, ਨਿਰਮਲ ਕੌਰ, ਜੋਤੀ ਲੂਬਾ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਸ਼ਾਮਿਲ ਹੋਏ।

# ਸਕਿੱਲ ਐਕਸਪਲੋਰਿੰਗ ਸਮਰ ਕੈਂਪ ਸਮਾਪਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਨਰਾਈਜ ਕਾਨਵੈਂਟ ਇੰਟਰਨੈਸ਼ਨਲ ਸਕੂਲ ਮੰਨਣਹਾਨਾ ਵਿਖੇ ਚੇਅਰਮੈਨ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਡਾਇਰੈਕਟਰ ਅਨਿਲ ਕੁਮਾਰ ਅਗਰਵਾਲ ਅਤੇ



ਪ੍ਰਿੰਸੀਪਲ ਕੁਲਜੀਤ ਕੌਰ ਸੰਧੂ ਦੀ ਅਗਵਾਈ ਵਿੱਚ ਚਾਰ ਦਿਨ ਰਾਤ ਦੇ ਸਮਰ ਕੈਂਪ ਦਾ ਆਯੋਜਨ ਕੀਤਾ ਗਿਆ ਸੀ।ਸਮਰ ਕੈਂਪ ਦੇ ਆਖਰੀ ਦਿਨ ਦੀ ਸ਼ੁਰੂਆਤ ਪ੍ਰਿੰਸੀਪਲ ਮੈਡਮ ਕੁਲਜੀਤ ਕੌਰ ਸੰਧੂ ਵੱਲੋਂ ਨਿਰਵਾਣਾ ਵਾਟਰ ਪਾਰਕ ਵਿੱਚ ਵਿਦਿਆਰਥੀਆਂ ਨੂੰ ਵੱਖ ਵੱਖ ਆਕਰਸ਼ਣ ਅਤੇ ਗਤੀਵਿਧੀਆਂ ਕਰਵਾ ਕੇ ਮਨੋਰੰਜਨ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਕੈਂਪ ਦੇ ਉਦੇਸ਼ਾਂ, ਨਿਯਮਾਂ ਅਤੇ ਅਨੁਸ਼ਾਸਨ ਸੰਬੰਧੀ ਜਾਣਕਾਰੀ ਦਿੱਤੀ।ਇਸ ਸਮਰ ਕੈਂਪ ਨੇ ਵਿਦਿਆਰਥੀਆਂ ਨੂੰ ਅਨੁਸ਼ਾਸਨ, ਟੀਮ ਵਰਕ ਅਤੇ ਕੈਂਪ ਦੌਰਾਨ ਸਰਗਰਮ ਭਾਗੀਦਾਰੀ ਦੇ ਮਹੱਤਵ ਨੂੰ ਸਮਝਣ ਵਿੱਚ ਮਦਦ ਕੀਤੀ।ਜਾਣ-ਪਛਾਣ ਸੈਸ਼ਨ ਤੋਂ ਬਾਅਦ ਵਿਦਿਆਰਥੀਆਂ ਨੇ ਮਾਰਸ਼ਲ ਆਰਟਸ ਟ੍ਰੇਨਿੰਗ ਸੈਸ਼ਨ ਵਿੱਚ ਭਾਗ ਲਿਆ। ਉਨ੍ਹਾਂ ਨੇ ਬਹੁਤ ਉਤਸ਼ਾਹ ਨਾਲ ਕਰਾਟੇ ਦੀਆਂ ਮੁੱਢਲੀਆਂ ਤਕਨੀਕਾਂ ਦਾ ਅਭਿਆਸ ਕੀਤਾ ਅਤੇ ਸਵੈ-ਰੱਖਿਆ, ਸਰੀਰਕ ਤੰਦਰੁਸਤੀ ਅਤੇ ਸਵੈ-ਅਨੁਸ਼ਾਸਨ, ਯਾਦਗਰੀ ਅਨੁਭਵਾਂ, ਸਿੱਖਿਆ, ਮਨੋਰੰਜਨ, ਸੱਭਿਆਚਾਰਕ ਸਾਂਝ, ਟੀਮ ਵਰਕ, ਅਨੁਸ਼ਾਸ਼ਨ, ਗੁਰਬਾਣੀ ਅਤੇ ਅਧਿਆਤਮਕ ਵਿਕਾਸ ਦੇ ਨਾਲ ਨਾਲ ਇਤਿਹਾਸਕ ਯਾਦਗਰ ਪਲਾਂ ਦੇ ਮਹੱਤਵ ਬਾਰੇ ਸਿੱਖਿਆ ਪ੍ਰਾਪਤ ਕੀਤੀ।ਇੱਕ ਬਹੁਤ ਹੀ ਜਾਣਕਾਰੀ ਪੂਰਨ ਅੱਗ ਸੁਰੱਖਿਆ ਸਿਖਲਾਈ ਸੈਸ਼ਨ ਇੱਕ ਮਾਹਿਰ ਸਰੋਤ ਵਿਅਕਤੀ ਵੱਲੋਂ ਕਰਵਾਇਆ ਗਿਆ।ਵਿਦਿਆਰਥੀਆਂ ਨੇ ਅੱਗ ਦੀਆਂ ਵੱਖ-ਵੱਖ ਕਿਸਮਾਂ ਅਤੇ ਉਨ੍ਹਾਂ ਨੂੰ ਬੁਝਾਉਣ ਦੇ ਸਹੀ ਤਰੀਕਿਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਪ੍ਰਿੰਸੀਪਲ ਕੁਲਜੀਤ ਕੌਰ ਸੰਧੂ ਨੇ ਵਿਦਿਅਰਥੀਆਂ ਨੂੰ ਅਧਿਆਤਮਕ ਤੌਰ ਤੇ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਵਿਦਿਆਰਥੀਆਂ ਨੂੰ ਨਵੇਂ ਤਜਰਬਿਆਂ ਅਤੇ ਸਿੱਖਣ ਦੇ ਮੌਕਿਆਂ ਲਈ ਬਹੁਤ ਉਤਸ਼ਾਹਿਤ ਕੀਤਾ।ਸਾਰਾ ਦਿਨ ਬਿਤਾਉਣ ਉਪਰੰਤ ਸਨਰਾਇਜ ਕਾਨਵੈਂਟ ਇੰਟਰਨੈਸ਼ਨਲ ਸਕੂਲ ਮੰਨਣਹਾਨਾ ਵਲੋਂ ਚਲਾਏ ਸਮਰ ਕੈਂਪ ਦੀ ਸਮਾਪਤੀ ਹੋਈ।ਇਸ ਮੌਕੇ ਵਧੀਆ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ ਨੂੰ ਮੈਡਲ ਨਾਲ ਵੀ ਕੀਤਾ ਗਿਆ।ਇਸ ਮੌਕੇ ਅਮੋਂਗਲਾ ਚਾਂਗ, ਰੰਜਨਾ, ਹਰਜੀਤ ਕੌਰ, ਪੂਜਾ ਸ਼ਰਮਾ, ਅਮਨਦੀਪ ਕੌਰ, ਸੁਖਪ੍ਰੀਤ ਕੌਰ, ਸਿਮਰਨਜੀਤ ਕੌਰ, ਮੁਸਕਾਨ, ਬੰਦਨਾ, ਕਿਰਨਦੀਪ ਕੌਰ, ਸੁਖਜਿੰਦਰ ਸਿੰਘ, ਸੁੱਚਾ ਸਿੰਘ, ਅਜੈ, ਦੀਪ ਸਿੰਘ, ਲਵਪ੍ਰੀਤ, ਇਕਬਾਲ ਸਿੰਘ, ਅਮਨਦੀਪ ਕੌਰ, ਅਨੁਰੀਤ ਕੌਰ, ਮਨਦੀਪ ਸਿੰਘ ਅਤੇ ਵਿਦਿਆਰਥੀ ਹਾਜ਼ਰ ਸਨ।

## ਸਤਪਾਲ ਪੂਨੀਆ ਨੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੂੰ ਕੀਤਾ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਤੋਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸਤਪਾਲ ਸਿੰਘ ਪੂਨੀਆ ਨੇ ਰਾਜ ਸਭਾ ਮੈਂਬਰ ਚੁਣੇ ਜਾਣ 'ਤੇ ਤਰੁਣ ਚੁੱਘ ਨੂੰ ਗੁਲਦਸਤਾ ਭੇਟ ਕਰ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਸਤਪਾਲ ਸਿੰਘ ਪੂਨੀਆ ਨੇ ਕਿਹਾ ਕਿ ਤਰੁਣ ਚੁੱਘ ਪਾਰਟੀ ਦੇ ਟਕਸਾਲੀ ਆਗੂ ਹਨ, ਜਿਨ੍ਹਾਂ ਨੇ ਪੰਜਾਬ 'ਚ ਭਾਜਪਾ ਨੂੰ ਮਜ਼ਬੂਤ ਕਰਨ 'ਚ ਹਮੇਸ਼ਾ ਅਹਿਮ ਭੂਮਿਕਾ ਨਿਭਾਈ ਹੈ।ਉਨ੍ਹਾਂ ਦੀ ਪਾਰਟੀ ਪ੍ਰਤੀ ਵਫ਼ਾਦਾਰੀ ਨੂੰ ਦੇਖਦੇ ਹੋਏ ਹੀ ਪਾਰਟੀ ਹਾਈਕਮਾਂਡ ਨੇ ਉਨ੍ਹਾਂ ਨੂੰ ਰਾਜ ਸਭਾ ਮੈਂਬਰ ਵਜੋਂ ਵੱਡੀ ਜ਼ਿੰਮੇਵਾਰੀ ਸੌਂਪੀ ਹੈ।ਸਤਪਾਲ ਸਿੰਘ ਪੂਨੀਆ ਨੇ ਕਿਹਾ ਕਿ ਉਨ੍ਹਾਂ ਦੇ ਰਾਜ ਸਭਾ ਮੈਂਬਰ ਬਣਨ ਨਾਲ ਪੰਜਾਬ ਭਾਜਪਾ ਦੇ ਵਰਕਰਾਂ 'ਚ ਭਾਰੀ ਉਤਸ਼ਾਹ ਹੈ।ਇਸ ਮੌਕੇ ਆਪਣਾ ਸਨਮਾਨ ਹੋਣ ਉਪਰੰਤ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਸਤਪਾਲ ਸਿੰਘ ਪੂਨੀਆ ਤੇ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਜਪਾ ਹੀ ਇੱਕ ਅਜਿਹੀ ਪਾਰਟੀ ਹੈ, ਜਿਸ 'ਚ ਕੋਈ ਵੀ ਆਮ ਵਰਕਰ ਆਪਣੀ ਮਿਹਨਤ ਸਦਕਾ ਵੱਡੀ ਤੋਂ ਵੱਡੀ ਪੁਜ਼ੀਸ਼ਨ 'ਤੇ ਪਹੁੰਚ ਸਕਦਾ ਹੈ।ਇਸ ਖ਼ੁਸ਼ੀ ਮੌਕੇ ਵੱਡੀ ਸੰਖਿਆ ਵਿੱਚ ਸਥਾਨਕ ਭਾਜਪਾ ਆਗੂ ਤੇ ਸਰਗਰਮ ਵਰਕਰ ਪਹੁੰਚੇ ਹੋਏ ਸਨ।

## ਵਰਲਡ ਯੂਨੀਵਰਸਿਟੀ ਵੱਲੋਂ ਮੁਫ਼ਤ ਹੁਨਰ ਵਿਕਾਸ ਵਰਕਸ਼ਾਪ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਮਾਜਿਕ ਜ਼ਿੰਮੇਵਾਰੀ ਤੇ ਨੌਜਵਾਨਾਂ ਦੇ ਸਰਬਪੱਖੀ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਵੱਲੋਂ 1 ਤੋਂ 12 ਜੂਨ ਤੱਕ ਸੰਚਾਰ, ਡਿਜੀਟਲ ਹੁਨਰ ਤੇ ਨੈਤਿਕ ਅਗਵਾਈ ਵਿਸ਼ੇ ਉੱਤੇ ਵਰਕਸ਼ਾਪ ਕਰਵਾਈ ਗਈ।ਇਹ ਵਰਕਸ਼ਾਪ ਵਿਦਿਆਰਥੀਆਂ ਲਈ ਪੂਰੀ ਤਰ੍ਹਾਂ ਮੁਫ਼ਤ ਰੱਖੀ ਗਈ।ਅੰਗਰੇਜ਼ੀ ਵਿਭਾਗ ਵੱਲੋਂ ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਅਤੇ ਧਾਰਮਿਕ ਅਧਿਐਨ ਵਿਭਾਗ ਦੇ ਸਹਿਯੋਗ ਨਾਲ ਕਰਵਾਈ ਗਈ ਇਸ ਵਰਕਸ਼ਾਪ ਵਿੱਚ ਪ੍ਰਭਾਵਸ਼ਾਲੀ ਸੰਚਾਰ, ਜਨਤਕ ਭਾਸ਼ਣ, ਡਿਜੀਟਲ ਸਾਖਰਤਾ, ਨੈਤਿਕ ਫ਼ੈਸਲਾ-ਸਮਰੱਥਾ ਤੇ ਅਗਵਾਈ ਨਾਲ ਸੰਬੰਧਤ ਵਿਸ਼ਿਆਂ ਉੱਤੇ ਵਿਹਾਰਕ ਤੇ ਭਾਗੀਦਾਰੀ ਅਧਾਰਤ ਸੈਸ਼ਨ ਕੀਤੇ ਗਏ।ਇਹ ਵਰਕਸ਼ਾਪ ਡਾ. ਅੰਕਦੀਪ ਕੌਰ ਅਟਵਾਲ ਮੁਖੀ ਅੰਗਰੇਜ਼ੀ ਵਿਭਾਗ, ਡਾ. ਹਰਦੇਵ ਸਿੰਘ ਮੁਖੀ ਧਾਰਮਿਕ ਅਧਿਐਨ ਵਿਭਾਗ ਤੇ ਡਾ. ਸਰਪ੍ਰੀਤ ਸਿੰਘ ਮੁਖੀ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਦੀ ਅਗਵਾਈ ਹੇਠ ਕਰਵਾਈ ਗਈ।ਮਿਸ ਜਸਪ੍ਰੀਤ ਕੌਰ, ਸਹਾਇਕ ਪ੍ਰੋਫ਼ੈਸਰ, ਅੰਗਰੇਜ਼ੀ ਵਿਭਾਗ ਨੇ ਵਰਕਸ਼ਾਪ ਦੇ ਕੋਆਰਡੀਨੇਟਰ ਵਜੋਂ ਸੇਵਾਵਾਂ ਨਿਭਾਈਆਂ।ਪ੍ਰੋ. (ਡਾ.) ਪਰਿਤ ਪਾਲ ਸਿੰਘ ਵਾਈਸ-ਚਾਂਸਲਰ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਨੌਜਵਾਨਾਂ ਨੂੰ ਸਮਰੱਥ, ਜ਼ਿੰਮੇਵਾਰ ਤੇ ਸਚੇਤ ਨਾਗਰਿਕ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਆਯੋਜਕ ਵਿਭਾਗਾਂ ਦੇ ਯਤਨਾਂ ਦੀ ਸਰਾਹਨਾ ਕੀਤੀ ਤੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਨੂੰ ਮਜ਼ਬੂਤ ਕਰਦੀਆਂ ਹਨ।

## ਨੰਬਰਦਾਰਾਂ ਦਾ 9 ਮਹੀਨਿਆਂ ਦਾ ਮਾਣ-ਭੱਤਾ ਦਿੱਤਾ ਜਾਵੇ : ਨੰਬਰਦਾਰ ਯੂਨੀਅਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਨੰਬਰਦਾਰਾ ਐਸੋਸੀਏਸ਼ਨ ਗਾਲਿਬ ਜ਼ਿਲ੍ਹਾ ਪਟਿਆਲਾ ਤੇ ਤਹਿਸੀਲ ਪਟਿਆਲਾ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਜੀਤ ਸਿੰਘ ਡੰਡੋਆ, ਤਹਿਸੀਲ ਪ੍ਰਧਾਨ ਜਗਤਾਰ ਸਿੰਘ ਬਾਰਨ ਦੀ ਅਗਵਾਈ ਹੇਠ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਮਾਤਾ ਨਾਨਕੀ ਨਿਵਾਸ ਵਿਖੇ ਹੋਈ। ਇਸ ਮੌਕੇ ਨੰਬਰਦਾਰਾਂ ਨੇ ਪੰਜਾਬ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਪੰਜਾਬ ਸਰਕਾਰ ਨੰਬਰਦਾਰਾਂ ਦਾ ਪਿਛਲੇ 9 ਮਹੀਨਿਆਂ ਤੋਂ ਮਾਣ ਭੱਤਾ ਨਹੀਂ ਪਾ ਰਹੀ, ਔਰਤਾਂ ਨੂੰ ਹਜ਼ਾਰ ਰੁਪਏ ਮਹੀਨਾ ਕਿੱਥੋਂ ਦੇਵੇਗੀ। ਆਪਦੇ ਚੋਣ ਮੈਨੀਫੈਸਟੋ ਵਿੱਚ, ਜੋ ਨੰਬਰਦਾਰਾਂ ਨਾਲ ਵਾਅਦੇ ਕੀਤੇ ਸੀ, ਉਨ੍ਹਾਂ ਵਿੱਚੋਂ ਇੱਕ ਵੀ ਵਾਅਦਾ ਪੂਰਾ ਨੀਂ ਕੀਤਾ। ਪੰਜਾਬ ਸਰਕਾਰ ਜ਼ਮੀਨਾਂ ਦੀ ਨਿਸ਼ਾਨਦੇਹੀ ਲਈ ਕੰਪਿਊਟਰ ਮਸ਼ੀਨਾਂ ਰਾਹੀਂ ਹੁੰਦੀ ਕਿਸਾਨਾਂ ਦੀ ਲੁੱਟ ਨੂੰ ਬਚਾਉਣ ਲਈ ਸਰਕਾਰੀ ਫੀਸ ਨਿਰਧਾਰਤ ਕਰੇ ਤਾਂ ਜੋ ਕਿਸਾਨਾਂ ਹੁੰਦੀ ਲੁੱਟ ਬੰਦ ਹੋ ਸਕੇ। ਇਸ ਮੌਕੇ ਹਾਜ਼ਰ ਹੋਏ ਨੰਬਰਦਾਰਾਂ ਵਿੱਚ ਗੁਰਪ੍ਰੀਤ ਸਿੰਘ ਡਕਾਲਾ, ਮਨਜਿੰਦਰ ਸਿੰਘ ਖੇੜੀਮਾਨੀਆ, ਬਲਵਿੰਦਰ ਸਿੰਘ ਡਕਾਲਾ, ਹਰਦੀਪ ਸਿੰਘ ਬਾਰਨ, ਬਲਵਿੰਦਰ ਸਿੰਘ ਟੋਡਰਪੁਰ, ਉਗਰ ਸਿੰਘ ਅਗੇਤਾ, ਹਰਜੀਤ ਸਿੰਘ ਸਫੈੜਾ, ਧਰਮਪਾਲ ਸਿੰਘ ਮਾਜਰੀ ਅਕਾਲੀਆ, ਮਹਿੰਦਰ ਸਿੰਘ ਕਰਹਾਲੀ, ਜਸਬੀਰ ਸਿੰਘ ਕਰਹਾਲੀ, ਫਤਿਹ ਸਿੰਘ ਲਚਕਾਨੀ, ਰਣਬੀਰ ਸਿੰਘ ਲਚਕਾਨੀ, ਜਗਰੂਪ ਸਿੰਘ ਚਲੈਲਾ, ਕਰਮਜੀਤ ਸਿੰਘ ਮਾਜਰੀ ਅਕਾਲੀਆ, ਦਲਵੀਰ ਸਿੰਘ ਕਰਹਾਲੀ, ਜਗਤਾਰ ਸਿੰਘ ਅਸਰਪੁਰ ਚੁਪਕੀ, ਹਰਬੰਸ ਸਿੰਘ ਮੈਣ, ਮੋਹਣ ਲਾਲ ਪੰਜੋਲਾ, ਗੁਰਮੇਲ ਸਿੰਘ ਮਜਾਲੀਆ, ਸਤਨਾਮ ਸਿੰਘ ਪਨੋਦੀਆ, ਮਲਕੀਤ ਸਿੰਘ ਜੱਸੋਵਾਲ, ਜਸਵੰਤ ਸਿੰਘ, ਗੁਰਮੇਲ ਸਿੰਘ, ਅਮਰੀਕ ਸਿੰਘ ਅਕੋਤ ਹਾਜ਼ਰ ਹੋਏ।

## ਗਲੋਬਲ ਡਿਸਕਵਰੀ ਸਕੂਲ 'ਚ ਅਧਿਆਪਕ ਸਿਖਲਾਈ ਵਰਕਸ਼ਾਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਰਾਫ ਐਜੂਕੇਸ਼ਨਜ਼ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਨੇ ਸੀ.ਬੀ.ਐੱਸ.ਈ. ਸਮਰੱਥਾ ਨਿਰਮਾਣ ਪ੍ਰੋਗਰਾਮ ਤਹਿਤ 'ਸਿੱਖਣ ਦੇ ਨਤੀਜੇ ਤੇ ਸਿੱਖਿਆ ਸ਼ਾਸਤਰ' ਅਤੇ 'ਇਮਾਨਦਾਰੀ ਤੇ ਨੈਤਿਕਤਾ' ਵਿਸ਼ਿਆਂ 'ਤੇ ਇੱਕ ਪ੍ਰਭਾਵਸ਼ਾਲੀ ਅਧਿਆਪਕ ਸਿਖਲਾਈ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਹ ਵਰਕਸ਼ਾਪ ਸੀ.ਬੀ.ਐੱਸ.ਈ. ਰਿਸੋਰਸ ਪਰਸਨ ਜਤਿੰਦਰ ਕੁਮਾਰ ਸੈਣੀ, ਸਲਿਲ ਗਰਗ ਤੇ ਸ਼੍ਰੀਮਤੀ ਗੁਣਵੰਤ ਕੌਰ ਢਿੱਲੋਂ ਦੁਆਰਾ ਚਲਾਈ ਗਈ। ?ਸਿਖਲਾਈ ਦੌਰਾਨ ਅਧਿਆਪਕਾਂ ਨੂੰ ਅਨੁਭਵੀ ਸਿੱਖਿਆ, ਯੋਗਤਾ-ਅਧਾਰਤ ਸਿੱਖਿਆ, ਨੈਤਿਕ ਕਦਰਾਂ-ਕੀਮਤਾਂ ਤੇ ਵਿਦਿਆਰਥੀ-ਕੇਂਦ੍ਰਿਤ ਸਿੱਖਿਆ ਵਿਧੀਆਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਬਾਰੇ ਵਿਹਾਰਕ ਸੂਝ ਪ੍ਰਦਾਨ ਕੀਤੀ ਗਈ।ਵੱਖ-ਵੱਖ ਗਤੀਵਿਧੀਆਂ ਤੇ ਇੰਟਰਐਕਟਿਵ ਸੈਸ਼ਨਾਂ ਰਾਹੀਂ, ਇਸ ਤੱਥ 'ਤੇ ਜ਼ੋਰ ਦਿੱਤਾ ਗਿਆ ਕਿ ਆਧੁਨਿਕ ਸਿੱਖਿਆ ਦਾ ਉਦੇਸ਼ ਸਿਰਫ਼ ਗਿਆਨ ਪ੍ਰਦਾਨ ਕਰਨਾ ਹੀ ਨਹੀਂ ਹੈ, ਸਗੋਂ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਆਲੋਚਨਾਤਮਕ ਸੋਚ, ਲੀਡਰਸ਼ਿਪ ਗੁਣਾਂ ਤੇ ਜੀਵਨ ਹੁਨਰਾਂ ਨੂੰ ਵੀ ਉਤਸ਼ਾਹਤ ਕਰਨਾ ਹੈ।ਸਕੂਲ ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਨੇ ਕਿਹਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਅਧਿਆਪਕਾਂ ਨੂੰ ਉੱਭਰ ਰਹੀਆਂ ਵਿੱਦਿਅਕ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਕਰਦੇ ਹਨ ਤੇ ਉਨ੍ਹਾਂ ਨੂੰ ਵਿਦਿਆਰਥੀਆਂ ਨੂੰ ਵਧੇਰੇ ਪ੍ਰਭਾਵਸ਼ਾਲੀ, ਦਿਲਚਸਪ ਤੇ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਨ ਦੇ ਯੋਗ ਬਣਾਉਂਦੇ ਹਨ।

## ਰਣਜੋਧ ਹਡਾਣਾ ਵੱਲੋਂ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਫੈਲਾਉਣ ਵਾਲੇ 7 ਆਟੋਆਂ ਨੂੰ ਹਰੀ ਝੰਡੀ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਪੂਰੀ ਤਰ੍ਹਾਂ ਨਸ਼ਾ-ਮੁਕਤ ਬਣਾਉਣ ਲਈ ਵਿੱਢੀ ਮੁਹਿੰਮ ਨੂੰ ਹਲਕਾ ਸਨੌਰ ਵਿੱਚ ਹੋਰ ਤੇਜ਼ ਕਰਦਿਆਂ ਹਲਕਾ ਇੰਚਾਰਜ ਤੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਵੱਲੋਂ ਇੱਕ ਨਵੀਂ ਤੇ ਵਿਲੱਖਣ ਸ਼ੁਰੂਆਤ ਕੀਤੀ ਗਈ। ਸ੍ਰ. ਹਡਾਣਾ ਨੇ ਪਿੰਡ-ਪਿੰਡ ਤੇ ਸ਼ਹਿਰ-ਸ਼ਹਿਰ ਜਾਗਰੂਕਤਾ ਫੈਲਾਉਣ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਵਿਸ਼ੇਸ਼ ਬੈਨਰਾਂ ਨਾਲ ਲੈਸ 7 ਆਟੋ-ਰਿਕਸ਼ਿਆਂ ਨੂੰ ਦੇਵੀਗੜ੍ਹ ਅਨਾਜ ਮੰਡੀ ਵਿਖੇ ਆਪ ਦੇ ਮੁੱਖ ਦਫਤਰ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਹ ਆਟੋ ਹਲਕੇ ਦੇ ਵੱਖ-ਵੱਖ ਪਿੰਡਾਂ ਤੇ ਬਾਜ਼ਾਰਾਂ ਵਿੱਚ ਜਾ ਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਨਗੇ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਇੱਕ ਸਾਲ ਵਿੱਚ 60,632 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ ਤੇ 90,000 ਤੋਂ ਵੱਧ ਵਿਅਕਤੀਆਂ ਨੇ ਨਸ਼ਾ ਛੱਡਣ ਲਈ ਆਪਣਾ ਇਲਾਜ ਸ਼ੁਰੂ ਕਰਵਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਹੁਣ ਇਸ ਲੜਾਈ ਵਿੱਚ ਆਮ ਲੋਕਾਂ ਦਾ ਸਾਥ ਲੈਣ ਲਈ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ।ਇਹ ਆਟੋ ਜਿੱਥੇ ਵੀ ਜਾਣਗੇ, ਉੱਥੇ ਲੋਕਾਂ ਨੂੰ ਜਾਗਰੂਕ ਕਰਨਗੇ।ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਇਹ ਜੰਗ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਹਲਕਾ ਸਨੌਰ ਦਾ ਇੱਕ-ਇੱਕ ਪਿੰਡ ਨਸ਼ਾ-ਮੁਕਤ ਨਹੀਂ ਹੋ ਜਾਂਦਾ।ਇਸ ਮੌਕੇ ਆਟੋ ਚਾਲਕਾਂ ਨੇ ਵੀ ਪੰਜਾਬ ਸਰਕਾਰ ਦੇ ਇਸ ਨੇਕ ਕਾਰਜ ਵਿੱਚ ਆਪਣਾ ਪੂਰਾ ਯੋਗਦਾਨ ਪਾਉਣ ਦਾ ਪ੍ਰਣ ਲਿਆ।

## 17 ਦੀ ਸੂਬਾਈ ਕਨਵੈਨਸ਼ਨ 'ਚ ਵਧ-ਚੜ੍ਹ ਕੇ ਹਿੱਸਾ ਲੈਣ ਦਾ ਐਲਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਟੇਟ ਪੈਨਸ਼ਨਰਜ਼ ਕੰਨਫੈਡਰੇਸ਼ਨ ਦੀ ਤਿਮਾਹੀ ਸੂਬਾਈ ਮੀਟਿੰਗ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਕਰਮ ਸਿੰਘ ਧਨੋਆ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਵਿਚਾਰ-ਚਰਚਾ ਕੀਤੀ ਗਈ ਤੇ 17 ਜੂਨ ਨੂੰ ਜਲੰਧਰ ਵਿਖੇ ਹੋ ਰਹੀ 'ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ' ਦੀ ਸੂਬਾਈ ਕਨਵੈਨਸ਼ਨ ਵਿੱਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਦੀ ਸ਼ੁਰੂਆਤ ਵਿੱਚ ਆਲ ਇੰਡੀਆ ਸਟੇਟ ਗੌਰਮਿੰਟ ਪੈਨਸ਼ਨਰਜ਼ ਫੈਡਰੇਸ਼ਨ ਦੇ ਸਵਰਗੀ ਕੌਮੀ ਵਿੱਤ ਸਕੱਤਰ ਸ੍ਰੀ ਨਿਵਾਸਨ ਨੂੰ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਜਨਰਲ ਸਕੱਤਰ ਕੁਲਵਰਨ ਸਿੰਘ ਦੀ ਗੈਰ-ਹਾਜ਼ਰੀ ਕਾਰਨ ਮੀਟਿੰਗ ਦੀ ਕਾਰਵਾਈ ਐਡੀਸ਼ਨਲ ਜਨਰਲ ਸਕੱਤਰ ਬਲਵੀਰ ਸਿੰਘ ਸੈਣੀ ਨੇ ਚਲਾਈ। ਮੁੱਖ ਬੁਲਾਰੇ ਰਾਜ ਕੁਮਾਰ ਅਰੋੜਾ, ਮਹਿੰਦਰ ਸਿੰਘ ਧਾਲੀਵਾਲ ਤੇ ਕੁਲਦੀਪ ਸਿੰਘ ਕੌੜਾ ਨੇ ਦੱਸਿਆ ਕਿ ਪ੍ਰਧਾਨ ਕਰਮ ਸਿੰਘ ਧਨੋਆ ਨੇ ਪਿਛਲੀ ਤਿਮਾਹੀ ਦੀਆਂ ਗਤੀਵਿਧੀਆਂ ਤੇ ਡਾਇਰੈਕਟਰ ਪੈਨਸ਼ਨ ਵਿਭਾਗ ਨਾਲ ਹੋਈਆਂ ਮੀਟਿੰਗਾਂ ਦੀ ਰਿਪੋਰਟ ਸਾਂਝੀ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਆਗੂਆਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਦੀ ਸਖ਼ਤ ਨਿੰਦਾ ਕੀਤੀ। ਆਗੂਆਂ ਨੇ ਮੰਗ ਕੀਤੀ ਕਿ ਹਾਈਕੋਰਟ ਦੇ ਫੈਸਲੇ ਦਾ ਸਨਮਾਨ ਕਰਦਿਆਂ 30 ਜੂਨ ਤੋਂ ਪਹਿਲਾਂ ਡੀ.ਏ. ਜਾਰੀ ਕੀਤਾ ਜਾਵੇ, ਨਹੀਂ ਤਾਂ ਆਉਣ ਵਾਲੀਆਂ ਚੋਣਾਂ ਵਿੱਚ ਸਰਕਾਰ ਨੂੰ ਸਬਕ ਸਿਖਾਇਆ ਜਾਵੇਗਾ।

# ਪੰਜਾਬੀ ਯੂਨੀਵਰਸਿਟੀ ਵੱਲੋਂ ਫ਼ੀਸਾਂ 'ਚ ਵਾਧੇ ਕਾਰਨ ਕਾਲਜਾਂ ਤੇ ਵਿਦਿਆਰਥੀਆਂ 'ਤੇ ਪਵੇਗਾ ਭਾਰੀ ਬੋਝ : ਚੱਠਾ

### ਪੁਡਕਾ ਵੱਲੋਂ ਇਸ 'ਧੱਕੇਸ਼ਾਹੀ' ਖ਼ਿਲਾਫ਼ ਸੰਘਰਸ਼ ਦੀ ਚਿਤਾਵਨੀ



**ਭਵਾਨੀਗੜ੍ਹ/ਰਾਮਪੁਰਾ ਫੂਲ (ਰਾਜ ਖੁਰਮੀ/ਦਰਸ਼ਨ ਜਿੰਦਲ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਕਾਲਜਾਂ ਤੋਂ ਲਈਆਂ ਜਾਣ ਵਾਲੀਆਂ ਕੰਟੀਨਿਊਏਸ਼ਨ, ਅਫ਼ੀਲੀਏਸ਼ਨ, ਰਜਿਸਟ੍ਰੇਸ਼ਨ ਫ਼ੀਸਾਂ ਤੇ ਰਿਜ਼ਰਵ ਫੰਡ ਵਿੱਚ 100 ਤੋਂ 300 ਫ਼ੀਸਦੀ ਤੱਕ ਕੀਤੇ ਗਏ ਵਾਧੇ ਨੇ ਉੱਚ ਸਿੱਖਿਆ ਖੇਤਰ ਵਿੱਚ ਹਲਚਲ ਮਚਾ ਦਿੱਤੀ ਹੈ।ਇਸ ਫ਼ੈਸਲੇ ਖ਼ਿਲਾਫ਼ ਪੰਜਾਬ ਅਣਏਡਿਡ ਡਿਗਰੀ ਕਾਲਜ ਐਸੋਸੀਏਸ਼ਨ (ਪੁਡਕਾ) ਨੇ ਤਿੱਖਾ ਰੋਸ ਪ੍ਰਗਟ ਕਰਦਿਆਂ ਇਸ ਨੂੰ ਕਾਲਜਾਂ ਤੇ ਵਿਦਿਆਰਥੀਆਂ ਨਾਲ ਵੱਡਾ ਧੱਕਾ ਕਰਾਰ ਦਿੱਤਾ ਹੈ।ਪੁਡਕਾ ਦੇ ਪ੍ਰਧਾਨ ਐੱਸ. ਐੱਸ. ਚੱਠਾ ਨੇ ਕਿਹਾ ਕਿ ਪਹਿਲਾਂ ਹੀ ਦਾਖ਼ਲਿਆਂ ਵਿੱਚ ਆਈ ਲਗਾਤਾਰ ਗਿਰਾਵਟ ਅਤੇ ਵਿੱਤੀ ਸੰਕਟ ਨਾਲ ਜੂਝ ਰਹੇ ਨਿੱਜੀ ਕਾਲਜਾਂ ਲਈ ਇਹ ਫ਼ੈਸਲਾ ਕਿਸੇ ਵੱਡੇ ਝਟਕੇ ਤੋਂ ਘੱਟ ਨਹੀਂ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਫ਼ੀਸਾਂ ਵਿੱਚ ਕੀਤਾ ਗਿਆ ਬੇਤਹਾਸ਼ਾ ਵਾਧਾ ਆਖ਼ਰਕਾਰ ਵਿਦਿਆਰਥੀਆਂ 'ਤੇ ਹੀ ਪਵੇਗਾ, ਜਿਸ ਕਾਰਨ ਉੱਚ ਸਿੱਖਿਆ ਆਮ ਪਰਵਾਰਾਂ ਦੀ ਪਹੁੰਚ ਤੋਂ ਦੂਰ ਹੋ ਸਕਦੀ ਹੈ।

ਚੱਠਾ ਨੇ ਦੱਸਿਆ ਕਿ ਨਵੇਂ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਫ਼ੀਸ ਵਿੱਚ ਲਗਭਗ 80 ਫ਼ੀਸਦੀ ਵਾਧਾ ਕੀਤਾ ਗਿਆ ਹੈ, ਜਦਕਿ ਕਾਲਜਾਂ ਲਈ ਲਾਜ਼ਮੀ ਰਿਜ਼ਰਵ ਫੰਡ 20 ਲੱਖ ਰੁਪਏ ਤੋਂ ਵਧਾ ਕੇ 40 ਲੱਖ ਰੁਪਏ ਕਰ ਦਿੱਤਾ ਗਿਆ ਹੈ।ਇਸ ਤੋਂ ਇਲਾਵਾ ਰਿਜ਼ਰਵ ਫੰਡ ਦੀ ਐੱਫ.ਡੀ.ਆਰ. 'ਤੇ ਲਿਆ ਜਾਣ ਵਾਲਾ ਸਰਵਿਸ ਚਾਰਜ 3 ਫ਼ੀਸਦੀ ਤੋਂ ਵਧਾ ਕੇ 50 ਫ਼ੀਸਦੀ ਤੱਕ ਕਰ ਦਿੱਤਾ ਗਿਆ ਹੈ, ਜਿਸ ਨੂੰ ਉਨ੍ਹਾਂ ਕਰੋੜਾਂ ਰੁਪਏ ਦੀ ਨਾਜਾਇਜ਼ ਵਸੂਲੀ ਕਰਾਰ ਦਿੱਤਾ।ਉਨ੍ਹਾਂ ਦੋਸ਼ ਲਾਇਆ ਕਿ ਯੂਨੀਵਰਸਿਟੀ ਵੱਲੋਂ ਕਾਲਜਾਂ ਤੇ ਅਧਿਆਪਕਾਂ ਨੂੰ ਪ੍ਰੀਖਿਆ ਕੇਂਦਰਾਂ, ਪ੍ਰੀਖਿਆ ਡਿਊਟੀਆਂ ਤੇ ਪੇਪਰ ਮੁਲਾਂਕਣ ਦੇ ਕਰੋੜਾਂ ਰੁਪਏ ਅਜੇ ਤੱਕ ਜਾਰੀ ਨਹੀਂ ਕੀਤੇ ਗਏ।ਇਸ ਕਾਰਨ ਕਈ ਕਾਲਜਾਂ ਤੇ ਅਧਿਆਪਕਾਂ ਵਿੱਚ ਭਾਰੀ ਰੋਸ ਹੈ ਤੇ ਸਟਾਫ਼ ਵੱਲੋਂ ਪ੍ਰੀਖਿਆ ਡਿਊਟੀਆਂ ਤੇ ਮੁਲਾਂਕਣ ਕਾਰਜ ਕਰਨ ਤੋਂ ਵੀ ਇਨਕਾਰ ਕੀਤਾ ਜਾ ਰਿਹਾ ਹੈ।ਪੁਡਕਾ ਦੀ ਵਿਸ਼ੇਸ਼ ਮੀਟਿੰਗ ਦੌਰਾਨ ਸਰਪ੍ਰਸਤ ਡਾ. ਗੁਰਮੀਤ ਸਿੰਘ ਧਾਲੀਵਾਲ, ਸੀਨੀਅਰ ਮੀਤ ਪ੍ਰਧਾਨ ਡਾ. ਆਰ. ਕੇ. ਗੋਇਲ, ਤਰਸੇਮ ਸੈਣੀ, ਗੁਰਤੇਜ ਸਿੰਘ ਬਰਾੜ, ਬਲਵਿੰਦਰ ਸਿੰਘ ਬਰਾੜ, ਡਾ. ਸਤਨਾਮ ਸਿੰਘ ਸੰਧੂ, ਬੀ.ਐੱਡ. ਕਾਲਜ ਐਸੋਸੀਏਸ਼ਨ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ, ਮੀਤ ਪ੍ਰਧਾਨ ਨਿਰਮਲ ਸਿੰਘ, ਰਾਮ ਸਿੰਘ ਢੱਲ, ਲਾਅ ਕਾਲਜਾਂ ਵੱਲੋਂ ਡਾ. ਮੋਹਨ ਲਾਲ ਗਰਗ, ਸਰੀਰਕ ਸਿੱਖਿਆ ਕਾਲਜਾਂ ਵੱਲੋਂ ਗੁਰਪ੍ਰੀਤ ਸਿੰਘ ਮਾਨ, ਮਨਜੀਤ ਸਿੰਘ ਚਹਿਲ, ਡਾ. ਅਮਰਜੀਤ ਸਿੰਘ ਸਿੱਧੂ ਤੇ ਸਰਕਾਰੀ ਸਹਾਇਤਾ ਪ੍ਰਾਪਤ ਕਾਲਜਾਂ ਦੀ ਫੈਡਰੇਸ਼ਨ ਵੱਲੋਂ ਐੱਮ.ਐੱਲ. ਬਾਂਸਲ ਨੇ ਵੀ ਯੂਨੀਵਰਸਿਟੀ ਦੀ ਨੀਤੀ ਦੀ ਸਖ਼ਤ ਨਿਖੇਧੀ ਕੀਤੀ।ਮੀਟਿੰਗ ਵਿੱਚ ਹਾਜ਼ਰ ਵੱਖ-ਵੱਖ ਕਾਲਜ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨੇ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਵਧਾਈ ਗਈ ਐੱਫ.ਡੀ.ਆਰ. ਦੀ ਰਕਮ ਕੋਈ ਵੀ ਕਾਲਜ ਜਮ੍ਹਾਂ ਨਹੀਂ ਕਰਵਾਏਗਾ।ਆਗੂਆਂ ਨੇ ਐਲਾਨ ਕੀਤਾ ਕਿ ਯੂਨੀਵਰਸਿਟੀ ਦੀ ਇਸ 'ਧੱਕੇਸ਼ਾਹੀ' ਖ਼ਿਲਾਫ਼ ਹਰ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ।ਪੁਡਕਾ ਆਗੂਆਂ ਨੇ ਪੰਜਾਬ ਸਰਕਾਰ ਨੂੰ ਤੁਰੰਤ ਦਖ਼ਲ ਦੇਣ ਦੀ ਅਪੀਲ ਕਰਦਿਆਂ ਚੇਤਾਵਨੀ ਦਿੱਤੀ ਕਿ ਜੇਕਰ ਫ਼ੀਸ ਵਾਧੇ ਦਾ ਫ਼ੈਸਲਾ ਵਾਪਸ ਨਾ ਲਿਆ ਗਿਆ ਤਾਂ ਸੂਬਾ ਪੱਧਰ 'ਤੇ ਤਿੱਖਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬੀ ਯੂਨੀਵਰਸਿਟੀ ਪ੍ਰਸ਼ਾਸਨ ਦੀ ਹੋਵੇਗੀ।

# ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਫਿਰੋਜ਼ਪੁਰ ਦੀ ਇਕ ਮਾਸਿਕ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਪ੍ਰਤਾਪ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿਚ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰਨ ਤੇ ਉਨ੍ਹਾਂ ਪ੍ਰਤੀ ਅਪਣਾਈ ਜਾ ਰਹੀ ਬੇਰੁਖ਼ੀ ਵਾਲੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਪ੍ਰਧਾਨ ਗੁਰਪ੍ਰਤਾਪ ਸਿੰਘ, ਸੁਰਿੰਦਰ ਕੁਮਾਰ ਜੋਸਨ, ਜਨਰਲ ਸਕੱਤਰ ਦੀਪਕ ਕੁਮਾਰ ਤੇ ਸੀਨੀਅਰ ਵਾਇਸ ਪ੍ਰਧਾਨ ਬੂਟਾ ਸਿੰਘ ਨੇ ਸੂਬਾ ਸਰਕਾਰ 'ਤੇ ਪੈਨਸ਼ਨਰਾਂ ਨਾਲ ਵਾਅਦਾ ਖਿਲਾਫੀ ਕਰਨ ਦੇ ਗੰਭੀਰ ਦੋਸ਼ ਲਗਾਏ। ਆਗੂਆਂ ਨੇ ਆਖਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮਸਲਿਆਂ ਨੂੰ ਹੱਲ ਕਰਨ ਦੀ ਬਜਾਏ ਜਾਣਬੁੱਝ ਕੇ ਟਾਲ-ਮਟੋਲ ਵਾਲਾ ਰਵੱਈਆ ਅਪਣਾ ਰਹੀ ਹੈ, ਜਿਸ ਕਾਰਨ ਸਮੁੱਚੇ ਵਰਗ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਦੌਰਾਨ ਅਜੀਤ ਸਿੰਘ ਸੋਢੀ, ਦੇਵ ਰਾਜ ਨਰੂਲਾ, ਓ ਪੀ ਕਟਾਰੀਆ, ਹਰਜੀਤ ਸਿੰਘ ਤੇ ਪਰਮਜੀਤ ਸਿੰਘ ਸਮੇਤ ਹੋਰਨਾਂ ਆਗੂਆਂ ਨੇ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਵੱਲੋਂ ਅਦਾਲਤਾਂ ਰਾਹੀਂ ਜਿੱਤੀਆਂ ਗਈਆਂ ਹੱਕੀ ਰਿੱਟਾਂ ਦੇ ਬਾਵਜੂਦ, ਪੰਜਾਬ ਸਰਕਾਰ ਉਨ੍ਹਾਂ ਨੂੰ ਲਾਗੂ ਕਰਨ ਦੀ ਬਜਾਏ ਮਾਮਲੇ ਨੂੰ ਸੁਪਰੀਮ ਕੋਰਟ ਵਿੱਚ ਲੈ ਗਈ ਹੈ। ਸਰਕਾਰ ਦਾ ਇਹ ਕਦਮ ਸੇਵਾਮੁਕਤ ਮੁਲਾਜ਼ਮਾਂ ਨਾਲ ਇਕ ਬਹੁਤ ਵੱਡਾ ਧੋਖਾ ਹੈ। ਪੈਨਸ਼ਨਰ ਆਗੂਆਂ ਨੇ ਚੇਤਾਵਨੀ ਦਿੰਦਿਆਂ ਐਲਾਨ ਕੀਤਾ ਕਿ ਜੇਕਰ 'ਆਪ' ਸਰਕਾਰ ਨੇ ਆਪਣਾ ਲੋਕ-ਵਿਰੋਧੀ ਰਵੱਈਆ ਨਾ ਬਦਲਿਆ ਤੇ ਅਦਾਲਤਾਂ ਵਿੱਚ ਪੈਨਸ਼ਨਰਾਂ ਦੇ ਵਿਰੋਧ ਵਿੱਚ ਖੜ੍ਹਨਾ ਬੰਦ ਨਾ ਕੀਤਾ, ਤਾਂ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਮੀਟਿੰਗ ਵਿਚ ਸਮੂਹ ਮੈਂਬਰਾਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ 17 ਜੂਨ 2026 ਨੂੰ ਜਲੰਧਰ ਵਿਖੇ ਹੋਣ ਜਾ ਰਹੀ ਸੂਬਾ ਪੱਧਰੀ ਕਨਵੈਨਸ਼ਨ ਵਿੱਚ ਫਿਰੋਜ਼ਪੁਰ ਜ਼ਿਲ੍ਹੇ ਦੇ ਪੈਨਸ਼ਨਰ ਵੱਡੀ ਗਿਣਤੀ ਵਿਚ ਹਿੱਸਾ ਲੈ ਕੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨਗੇ।

## ਡਾਕਟਰ ਸਰਬਜੀਤ ਸਿੰਘ ਨਸ਼ਾ ਮੁਕਤੀ ਮੋਰਚਾ ਦਾ ਬਲਾਕ ਕੋਆਰਡੀਨੇਟਰ ਨਿਯੁਕਤ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਪੰਜਾਬ ਸਰਕਾਰ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਸਰਕਾਰ ਤੇ ਹਲਕਾ ਪਾਇਲ ਵਿਧਾਇਕ ਸ੍ਰ. ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਡਾਕਟਰ ਸਰਬਜੀਤ ਸਿੰਘ ਬਿਲਾਸਪੁਰ ਨੂੰ ਨਸ਼ਾ ਮੁਕਤੀ ਮੋਰਚਾ ਬਲਾਕ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ।

ਇਸ ਮੌਕੇ ਡਾਕਟਰ ਸਰਬਜੀਤ ਸਿੰਘ ਬਿਲਾਸਪੁਰ ਨੇ ਸ੍ਰ. ਭਗਵੰਤ ਸਿੰਘ ਮੁੱਖ ਮੰਤਰੀ ਪੰਜਾਬ ਤੇ ਹਲਕਾ ਵਿਧਾਇਕ ਪਾਇਲ ਸ੍ਰ. ਮਨਵਿੰਦਰ ਸਿੰਘ ਗਿਆਸਪੁਰਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਲਈ ਦਿਨ-ਰਾਤ ਮਿਹਨਤ ਕਰਨਗੇ।

## ਮਹਿੰਦਰ ਸਾਥੀ ਮੰਚ ਵੱਲੋਂ ਸਾਹਿਤਕ ਸਮਾਗਮ 28 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਮਹਿੰਦਰ ਸਾਥੀ ਯਾਦਗਾਰੀ ਮੰਚ ਮੋਗਾ ਵੱਲੋਂ ਮਹਿੰਦਰ ਸਾਥੀ ਦੇ ਜਨਮ ਦਿਨ ਨੂੰ ਸਮਰਪਤ ਸਾਹਿਤਕ ਸਮਾਗਮ 28 ਜੂਨ ਨੂੰ ਸਵੇਰੇ 10 ਵਜੇ ਡੀ ਐੱਮ ਕਾਲਜ ਮੋਗਾ ਵਿਖੇ ਕਰਵਾਇਆ ਜਾਵੇਗਾ।ਸਮਾਗਮ ਵਿੱਚ ਮਹਿੰਦਰ ਸਾਥੀ ਯੁਵਾ ਕਾਵਿ ਪੁਰਸਕਾਰ ਪੰਜਾਬੀ ਦੀ ਹੋਣਹਾਰ ਕਵਿਤਰੀ ਰੂਹੀ ਸਿੰਘ ਨੂੰ ਪ੍ਰਦਾਨ ਕੀਤਾ ਜਾਵੇਗਾ।ਮੰਚ ਵੱਲੋਂ ਦਿੱਤਾ ਜਾਣ ਵਾਲਾ ਜਰਨੈਲ ਸਿੰਘ ਸੇਖਾ ਗਲਪ ਪੁਰਸਕਾਰ ਪੰਜਾਬੀ ਦੇ ਨੌਜਵਾਨ ਕਹਾਣੀਕਾਰ ਅਲਫਾਜ਼ ਨੂੰ ਦਿੱਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਚ ਦੇ ਪ੍ਰਧਾਨ ਨਵਨੀਤ ਸਿੰਘ ਸੇਖਾ, ਜਨਲ ਸਕੱਤਰ ਗੁਰਪ੍ਰੀਤ ਧਰਮਕੋਟ, ਮੀਤ ਪ੍ਰਧਾਨ ਧਾਮੀ ਗਿੱਲ ਤੇ ਸੀਨੀਅਰ ਮੀਤ ਪ੍ਰਧਾਨ ਅਮਰਪ੍ਰੀਤ ਕੌਰ ਸੰਘਾ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਯੁਵਾ ਕਵੀ ਦਰਬਾਰ ਵੀ ਹੋਵੇਗਾ, ਜਿਸ ਵਿੱਚ ਪੰਜਾਬ ਦੇ ਨਾਮਵਰ ਨੌਜਵਾਨ ਕਵੀ ਤੇ ਕਵਿਤਰੀਆਂ ਆਪਣੀਆਂ ਰਚਨਾਵਾਂ ਨਾਲ ਹਾਜ਼ਰੀ ਲਵਾਉਣਗੇ। ਸਮਾਗਮ ਦੌਰਾਨ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ ਤੇ ਨਵੀਆਂ ਪੁਸਤਕਾਂ ਲੋਕ ਅਰਪਣ ਕੀਤੀਆਂ ਜਾਣਗੀਆਂ।

# ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਬੱਸੀਆਂ 'ਚ ਲੈਬਾਰੇਟਰੀ ਦੀ ਸ਼ੁਰੂਆਤ



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**
ਗੁਰਦੁਆਰਾ ਬਾਬੇ ਸ਼ਹੀਦਾਂ ਫਰੀ ਐਂਬੂਲੈਂਸ ਸੇਵਾ ਕਮੇਟੀ, ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ ਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਐਂਬੂਲੈਂਸ ਵਾਲੀ ਜਗ੍ਹਾ ਚੀਮਾ ਪੱਤੀ ਹਲਟੀ ਜਗਰਾਉਂ ਰੋਡ ਪਿੰਡ ਬੱਸੀਆਂ ਵਿਖੇ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਚੈਰੀਟੇਬਲ ਲੈਬੋਰੇਟਰੀ (ਕੁਲੈਕਸ਼ਨ ਸੈਂਟਰ ਨੰਬਰ 205) ਖੋਲ੍ਹੀ ਗਈ, ਜਿਸ ਦੀ ਸ਼ੁਰੂਆਤ ਸੰਤ ਬਾਬਾ ਤਰਲੋਚਨ ਸਿੰਘ ਮੌਜੂਦਾ ਗੱਦੀਨਸ਼ੀਨ ਡੇਰਾ ਬਾਬਾ ਲਾਭ ਸਿੰਘ ਵੱਲੋਂ ਅਰਦਾਸ ਉਪਰੰਤ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਸਤੀਸ਼ ਕੁਮਾਰ ਐਨਜੀਓ ਨੇ ਦੱਸਿਆ ਕਿ ਇਹ ਮਾਡਲ ਲੈਬੋਰੇਟਰੀ ਪਿੰਡ ਬੱਸੀਆਂ ਦੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਜਗਰਾਉਂ-ਬੱਸੀਆਂ ਮੇਨ ਰੋਡ 'ਤੇ ਖੋਲ੍ਹੀ ਗਈ ਹੈ।ਫਾਊਂਡੇਸ਼ਨ ਦੇ ਡਾਇਰੈਕਟਰ ਅਵਤਾਰ ਬੈਨੀਪਾਲ ਵੱਲੋਂ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚ ਦੋ ਹਜ਼ਾਰ ਚੈਰੀਟੇਬਲ ਲੈਬੋਰੇਟਰੀ ਖੋਲ੍ਹਣ ਦਾ ਟੀਚਾ ਮਿੱਥਿਆ ਗਿਆ ਹੈ, ਜਿਸ ਵਿੱਚੋਂ ਹੁਣ ਤੱਕ 250 ਦੇ ਕਰੀਬ ਲੈਬੋਰੇਟਰੀਆਂ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼ ਤੇ ਜੰਮੂ 'ਚ ਖੋਲ੍ਹੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਲੈਬੋਰੇਟਰੀ 'ਚ ਸਰੀਰ ਦੇ ਸਾਰੇ ਟੈਸਟ 75 ਫੀਸਦੀ ਛੋਟ 'ਤੇ ਕੀਤੇ ਜਾਂਦੇ ਹਨ ਤਾਂ ਜੋ ਹਰੇਕ ਵਰਗ ਦਾ ਵਿਅਕਤੀ ਬਹੁਤ ਘੱਟ ਰੇਟਾਂ 'ਤੇ ਟੈਸਟ ਕਰਵਾ ਸਕੇ ਤੇ ਪ੍ਰਾਈਵੇਟ ਡਾਕਟਰਾਂ ਦੀ ਲੁੱਟ ਖਸੁੱਟ ਤੋਂ ਬਚ ਸਕੇ।ਉਨ੍ਹਾ ਕਿਹਾ ਕਿ ਇਸ ਲੈਬੋਰੇਟਰੀ ਦੇ ਖੁੱਲ੍ਹਣ ਨਾਲ ਇਲਾਕਾ ਨਿਵਾਸੀਆਂ ਨੂੰ ਜਿੱਥੇ ਸਸਤੇ ਰੇਟਾਂ 'ਤੇ ਟੈਸਟ ਕਰਵਾਉਣ ਦੀ ਸਹੂਲਤ ਮਿਲੇਗੀ, ਉੱਥੇ ਲੈਬੋਰੇਟਰੀ ਦਾ ਕੰਮਕਾਜ ਚਲਾਉਣ ਲਈ ਨੌਜਵਾਨਾਂ ਨੂੰ ਰੋਜ਼ਗਾਰ ਮਿਲਣ ਦੇ ਮੌਕੇ ਵੀ ਪ੍ਰਦਾਨ ਹੋਣਗੇ।ਉਨ੍ਹਾ ਦੱਸਿਆ ਕਿ ਇਹ ਲੈਬੋਰੇਟਰੀ ਰੋਜ਼ਾਨਾ ਸਵੇਰੇ 7 ਵਜੇ ਤੋਂ ਲੈ ਕੇ ਦੁਪਹਿਰ 12 ਵਜੇ ਤੱਕ ਖੁੱਲ੍ਹਿਆ ਕਰੇਗੀ।ਫਾਊਂਡੇਸ਼ਨ ਵੱਲੋਂ ਸਮੇਂ-ਸਮੇਂ ਕੈਂਪ ਲਗਾ ਕੇ ਗੁਰਦਿਆਂ ਦੇ ਛੇ ਟੈਸਟ, ਯੂਰਿਕ ਐਸਿਡ ਤੇ ਸ਼ੂਗਰ ਦਾ ਟੈਸਟ ਫਰੀ ਜਾਵੇਗਾ। ਮਾਸਟਰ ਬਲਵੰਤ ਸਿੰਘ ਔਲਖ ਤੇ ਦਵਿੰਦਰ ਸਿੰਘ ਨੱਤ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਲੈਬੋਰੇਟਰੀ ਦਾ ਵੱਧ ਤੋਂ ਵੱਧ ਲਾਭ ਉਠਾਉਣ। ਪਿੰਡ ਦੀ ਗ੍ਰਾਮ ਪੰਚਾਇਤ ਤੇ ਪਤਵੰਤਿਆਂ ਵੱਲੋਂ ਸਤੀਸ਼ ਐਨਜੀਓ, ਜੀ ਐੱਮ ਹਰਦੀਪ ਸਿੰਘ, ਮੈਨੇਜਰ ਹਰਦੀਪ ਸਿੰਘ ਡੇਰਾਬੱਸੀ, ਮਿੰਟੂ ਖੁਰਮੀ ਹਿੰਮਤਪੁਰਾ ਸਮੇਤ ਸਮੁੱਚੀ ਟੀਮ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

# ਮਨਰੇਗਾ ਸਟਾਫ਼ ਦੀ ਕਲਮ ਛੋੜ ਹੜਤਾਲ ਜਾਰੀ

### ਯੂਨੀਅਨ ਆਗੂਆਂ ਵਿਧਾਇਕ ਦੇ ਨਿੱਜੀ ਸਕੱਤਰ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਫਿਰੋਜ਼ਪੁਰ ਬਲਾਕ ਦੇ ਮਨਰੇਗਾ ਸਟਾਫ਼ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਵਿੱਢਿਆ ਗਿਆ ਸੰਘਰਸ਼ ਲਗਾਤਾਰ ਤੇਜ਼ ਹੁੰਦਾ ਜਾ ਰਿਹਾ ਹੈ। ਅੱਜ 13ਵੇਂ ਦਿਨ ਵੀ ਕਰਮਚਾਰੀਆਂ ਵੱਲੋਂ ਮੁਕੰਮਲ 'ਕਲਮ ਛੋੜ' ਹੜਤਾਲ ਰੱਖ ਕੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਦੌਰਾਨ ਵਿਧਾਇਕ ਦੇ ਨਿੱਜੀ ਸਕੱਤਰ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਮੁਲਾਜ਼ਮਾਂ ਦੀਆਂ ਮੰਗਾਂ ਸੁਣੀਆਂ। ਬਲਾਕ ਫਿਰੋਜ਼ਪੁਰ ਵਿਖੇ ਦਿੱਤੇ ਗਏ ਇਸ ਧਰਨੇ ਵਿੱਚ ਮਨਰੇਗਾ ਕਰਮਚਾਰੀ ਯੂਨੀਅਨ ਦੇ ਸੀਨੀਅਰ ਆਗੂ ਹਰਪਿੰਦਰ ਸਿੰਘ ਟਿੱਬੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਕਰਮਚਾਰੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮਨਰੇਗਾ ਸਟਾਫ਼ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਸਮੁੱਚੇ ਸਟਾਫ਼ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਯੂਨੀਅਨ ਦੇ ਉਪ ਪ੍ਰਧਾਨ ਅਖਿਲ ਅਰੋੜਾ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਵਿਕਰਮ ਖੋਖਰ ਨੇ ਆਖਿਆ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪ੍ਰਵਾਨ ਨਹੀਂ ਕਰਦੀ, ਉਦੋਂ ਤੱਕ ਇਹ ਸੰਘਰਸ਼ ਇਸੇ ਤਰ੍ਹਾਂ ਨਿਰੰਤਰ ਜਾਰੀ ਰਹੇਗਾ। ਹੜਤਾਲ ਕਾਰਨ ਵਿਕਾਸ ਕਾਰਜਾਂ ਵਿੱਚ ਆ ਰਹੀ ਰੁਕਾਵਟ ਦੀ ਜ਼ਿੰਮੇਵਾਰੀ ਸਿੱਧੇ ਤੌਰ 'ਤੇ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ।

ਧਰਨੇ ਦੌਰਾਨ ਫਿਰੋਜ਼ਪੁਰ ਦੇ ਵਿਧਾਇਕ ਦੇ ਨਿੱਜੀ ਸਕੱਤਰ ਨੇ ਪਹੁੰਚ ਕੇ ਪ੍ਰਦਰਸ਼ਨਕਾਰੀਆਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਹਾਸਲ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਇਨ੍ਹਾਂ ਮੰਗਾਂ ਨੂੰ ਜਲਦੀ ਹੀ ਉੱਚ ਅਧਿਕਾਰੀਆਂ ਅਤੇ ਸਰਕਾਰ ਦੇ ਸਮਕੱਖ ਰੱਖ ਕੇ ਹੱਲ ਕਰਵਾਉਣ ਦਾ ਯਤਨ ਕੀਤਾ ਜਾਵੇਗਾ। ਇਸ ਰੋਸ ਪ੍ਰਦਰਸ਼ਨ ਵਿੱਚ ਹੋਰਨਾਂ ਤੋਂ ਇਲਾਵਾ ਮੀਨੂ ਸ਼ਰਮਾ ਏਪੀਓ ਨਰੇਗਾ, ਵਰਿੰਦਰ ਪਾਲ ਸਿੰਘ ਲੇਖਾਕਾਰ, ਗੁਰਪ੍ਰੀਤ ਕੌਰ, ਮੋਨਿਕਾ ਸ਼ਰਮਾ, ਵੀਰਪਾਲ ਕੌਰ, ਅਮਨਪ੍ਰੀਤ ਕੌਰ, ਗੁਰਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਰਾਜਨ ਚਿਨਵਾਲ ਅਤੇ ਗੁਰਵਿੰਦਰ ਸਿੰਘ ਭੁੱਲਰ ਬੀਐੱਫਟੀ ਯੂਨੀਅਨ ਸਮੇਤ ਵੱਡੀ ਗਿਣਤੀ ਵਿੱਚ ਮਨਰੇਗਾ ਕਰਮਚਾਰੀ ਹਾਜ਼ਰ ਸਨ।

## ਫਿਰੋਜ਼ਪੁਰ ਰੇਲ ਮੰਡਲ ਵੱਲੋਂ ਕੰਟੇਨਰ ਮਾਲ ਢੋਆ-ਢੁਆਈ 'ਚ ਸ਼ਾਨਦਾਰ ਵਾਧਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੀ ਅਗਵਾਈ ਹੇਠ ਫਿਰੋਜ਼ਪੁਰ ਮੰਡਲ ਦੀ ਬਿਜ਼ਨਸ ਡਿਵੈਲਪਮੈਂਟ ਯੂਨਿਟ (ਬੀ.ਡੀ.ਯੂ.) ਨੇ ਆਪਣੇ ਨਿਰੰਤਰ ਯਤਨਾਂ ਸਦਕਾ ਇਕ ਹੋਰ ਮਹੱਤਵਪੂਰਨ ਪ੍ਰਾਪਤੀ ਹਾਸਲ ਕੀਤੀ ਹੈ। ਵੱਖ-ਵੱਖ ਭਾਈਵਾਲਾਂ ਨਾਲ ਨਿਯਮਿਤ ਮੀਟਿੰਗਾਂ ਤੇ ਬਿਹਤਰ ਤਾਲਮੇਲ ਦੇ ਚੱਲਦਿਆਂ ਫਿਰੋਜ਼ਪੁਰ ਮੰਡਲ ਨੇ ਅਪ੍ਰੈਲ 2026 ਤੇ ਮਈ 2026 ਦੌਰਾਨ 194 ਰੈਕ ਕੰਟੇਨਰ ਲੋਡਿੰਗ ਦਰਜ ਕੀਤੀ ਹੈ। ਇਹ ਅੰਕੜਾ ਪਿਛਲੇ ਸਾਲ ਦੀ ਇਸੇ ਮਿਆਦ ਦੇ 187 ਰੈਕ ਦੇ ਮੁਕਾਬਲੇ ਲਗਭਗ 3.7 ਪ੍ਰਤੀਸ਼ਤ ਵੱਧ ਹੈ। ਇਸ ਲੋਡਿੰਗ ਨਾਲ ਨਾ ਸਿਰਫ਼ ਮੰਡਲ ਦੇ ਮਾਲ ਆਵਾਜਾਈ ਵਿਚ ਵਾਧਾ ਹੋਇਆ ਹੈ, ਸਗੋਂ ਰੇਲ ਮਾਲੀਏ ਵਿੱਚ ਵੀ ਚੋਖਾ ਵਾਧਾ ਦਰਜ ਕੀਤਾ ਗਿਆ ਹੈ। ਰੇਲਵੇ ਵੱਲੋਂ ਕਿਫ਼ਾਇਤੀ, ਸਮੇਂ ਸਿਰ ਅਤੇ 'ਡੋਰ-ਟੂ-ਡੋਰ' ਸੇਵਾ ਪ੍ਰਦਾਨ ਕਰਨ ਨਾਲ ਵਪਾਰੀਆਂ ਦਾ ਰੇਲਵੇ 'ਤੇ ਭਰੋਸਾ ਹੋਰ ਮਜ਼ਬੂਤ ਹੋਇਆ ਹੈ। ਇਹ ਪ੍ਰਾਪਤੀ ਫਿਰੋਜ਼ਪੁਰ ਮੰਡਲ ਦੀ ਕੁਸ਼ਲ ਕਾਰਜਪ੍ਰਣਾਲੀ, ਸੁਚੱਜੇ ਤਾਲਮੇਲ ਤੇ ਗਾਹਕਾਂ ਨੂੰ ਦਿੱਤੀਆਂ ਜਾ ਰਹੀਆਂ ਸੁਵਿਧਾਜਨਕ ਸੇਵਾਵਾਂ ਦਾ ਨਤੀਜਾ ਹੈ।

# ਵਪਾਰੀ ਮਿਲਣੀ ਤਹਿਤ ਮੀਟਿੰਗ ਕਰਕੇ ਮੁਸ਼ਕਲਾਂ ਸੁਣੀਆਂ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਸੂਬਾ ਸਰਕਾਰ ਵੱਲੋਂ ਵਪਾਰੀ ਵਰਗ ਦੀਆਂ ਮੁਸ਼ਕਲਾਂ ਸੁਣਨ ਲਈ ਸ਼ੁਰੂ ਕੀਤੀ ਗਈ।ਮੁਹਿੰਮ ਤਹਿਤ ਗਰਗ ਪਲਾਜਾ ਮਾਰਕੀਟ ਵਿਖੇ ਆਮ ਆਦਮੀ ਪਾਰਟੀ ਟਰੇਡ ਸੈੱਲ ਦੇ ਚੇਅਰਮੈਨ ਡੀ ਡੀ ਸਿੰਗਲਾ ਦੀ ਅਗਵਾਈ ਵਿੱਚ ਵਪਾਰੀਆਂ ਦੀਆਂ ਮੁਸ਼ਕਲਾਂ ਸੁਣਨ ਲਈ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਸਪੁੱਤਰ ਗੁਰਮੀਤ ਸਿੰਘ (ਵਿੱਕੀ), ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਸਮੇਤ ਪ੍ਰਸ਼ਾਸਨ ਦੀ ਤਰਫੋਂ ਐੱਸ ਡੀ ਐੱਮ ਪਾਤੜਾਂ ਕਾਲਾ ਰਾਮ ਕਾਂਸਲ, ਉੱਪ-ਕਪਤਾਨ ਪੁਲਸ ਪਾਤੜਾਂ ਗੁਰਦੀਪ ਸਿੰਘ ਸੰਧੂ, ਥਾਣਾ ਸਦਰ ਮੁਖੀ ਇੰਸਪੈਕਟਰ ਜਸਵਿੰਦਰ ਸਿੰਘ, ਨਾਇਬ ਤਹਿਸੀਲਦਾਰ ਕਰਮਜੀਤ ਸਿੰਘ, ਐੱਸ ਡੀ ਓ ਭਗਵਾਨ ਸ਼ਰਮਾ, ਖੇਤੀਬਾੜੀ ਵਿਭਾਗ ਤੋਂ ਜਤਿੰਦਰ ਸਿੰਘ, ਜੇ ਈ ਪੀ ਡਬਲਿਊ ਡੀ ਰਵੀ ਗੋਂਦਾਰਾ, ਰਾਕੇਸ਼ ਕੁਮਾਰ ਬੀਡੀਪੀਓ ਦਫਤਰ, ਮਾਨਸਰੋਵਰ ਸਿੰਘ ਐਕਸਾਇਜ਼ ਤੇ ਟੈਕਸੇਸ਼ਨ ਵਿਭਾਗ, ਕਰਨ ਅਗਰਵਾਲ ਤੇ ਸੰਦੀਪ ਸ਼ਰਮਾ ਐਕਸਾਇਜ਼ ਅਤੇ ਟੈਕਸੇਸ਼ਨ ਵਿਭਾਗ, ਬਲਜਿੰਦਰ ਸਿੰਘ ਕਾਰਜ ਸਾਧਕ ਅਫਸਰ, ਇੰਦਰਜੀਤ ਸਿੰਘ ਮਾਰਕਫੈੱਡ, ਬਲਵਿੰਦਰ ਸਿੰਘ ਜਨ ਸਪਲਾਈ ਸੈਨੀਟੇਸ਼ਨ ਪਾਤੜਾਂ ਆਦਿ ਨੇ ਸ਼ਮੂਲੀਅਤ ਕੀਤੀ।ਆਮ ਆਦਮੀ ਪਾਰਟੀ ਟਰੇਡ ਸੈੱਲ ਦੇ ਚੇਅਰਮੈਨ ਡੀ ਡੀ ਸਿੰਗਲਾ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਹਾਜ਼ਰੀਨ ਵਪਾਰੀਆਂ ਨੇ ਉਨ੍ਹਾਂ ਨੂੰ ਪੇਸ਼ ਆਉਂਦੀਆਂ ਮੁਸ਼ਕਲਾਂ ਬਾਰੇ ਦੱਸਿਆ।ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਪਾਤੜਾਂ ਸ੍ਰੀ ਕਾਲਾ ਰਾਮ ਕਾਂਸਲ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਜੋ ਸਮੱਸਿਆਵਾਂ ਲੋਕਲ ਪੱਧਰ 'ਤੇ ਹੱਲ ਹੋਣ ਵਾਲੀਆਂ ਹਨ, ਉਨ੍ਹਾਂ ਦਾ ਹੱਲ ਕੀਤਾ ਜਾ ਰਿਹਾ ਹੈ ਅਤੇ ਜੋ ਸਮੱਸਿਆਵਾਂ ਸਰਕਾਰ ਪੱਧਰ 'ਤੇ ਹੱਲ ਹੋਣ ਵਾਲੀਆਂ ਹਨ, ਉਹ ਉੱਚ ਅਧਿਕਾਰੀਆਂ ਰਾਹੀਂ ਸਰਕਾਰ ਦੇ ਧਿਆਨ ਵਿੱਚ ਲਿਆਂਦੀਆਂ ਜਾ ਰਹੀਆਂ ਹਨ।ਸ੍ਰੀ ਕਾਂਸਲ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਪਾਰੀ ਵਰਗ ਦੀਆਂ ਮੁਸ਼ਕਲਾਂ ਜਾਨਣ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ ਰੱਖਿਆ ਜਾਵੇਗਾ ਤਾਂ ਜੋ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਜਲਦੀ ਤੋਂ ਜਲਦੀ ਕੀਤਾ ਜਾ ਸਕੇ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਬਜ਼ੀ ਮੰਡੀ ਦੇ ਪ੍ਰਧਾਨ ਨਰਾਇਣ ਗਗਰ, ਆਪ ਆਗੂ ਸੋਨੂ ਗਰਗ, ਆੜ੍ਹਤੀਆ ਐਸੋਸੀਏਸ਼ਨ ਪਾਤੜਾਂ ਦੇ ਸਾਬਕਾ ਪ੍ਰਧਾਨ ਸੰਦੀਪ ਕੁਮਾਰ ਕਾਲਾ, ਯੂਥ ਆਪ ਆਗੂ ਤੇ ਕੌਂਸਲਰ ਮਨਵੀਰ ਸਿੰਘ ਸੰਧੂ, ਅਕਾਊਂਟੈਂਟ ਐਸੋਸੀਏਸ਼ਨ ਤੋਂ ਰਾਮ ਦਿਆਲ, ਡਾ. ਮਹਿੰਦਰ ਗਰਗ, ਪਿਤਪਾਲ ਕਾਕੜੀਆ, ਚਾਰਟਡ ਅਕਾਊਂਟੈਂਟ ਰਾਜੇਸ਼ ਜਗਨ, ਸਮਾਜ ਸੇਵੀ ਵਿਜੇ ਪਤਲੀ, ਡਾ. ਮੋਹਨ ਲਾਲ ਸਿੰਗਲਾ, ਪ੍ਰੋਪਰਟੀ ਡੀਲਰ ਸੁਰੇਸ਼ ਕੁਮਾਰ, ਪ੍ਰੋਪਰਟੀ ਡੀਲਰ ਰਾਮ ਦੀਯਾ ਤੋਂ ਇਲਾਵਾ ਹੋਰ ਵੱਖ-ਵਖ ਐਸੋਸੀਏਸ਼ਨ ਤੇ ਵਪਾਰ ਮੰਡਲ ਦੇ ਮੈਂਬਰ ਹਾਜ਼ਰ ਸਨ।

## ਡਬਲਯੂ ਐੱਸ ਪੀ ਟੀਮ ਵੱਲੋਂ ਵਿਸ਼ਾਲ ਖੂਨਦਾਨ ਕੈਂਪ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਮਾਜ ਸੇਵਾ ਦੇ ਕਾਰਜਾਂ ਵਿੱਚ ਮੋਹਰੀ ਰਹਿਣ ਵਾਲੀ ਪ੍ਰਸਿੱਧ ਸੰਸਥਾ ਉਮੰਗ ਵੈੱਲਫ਼ੇਅਰ ਫਾਊਂਡੇਸ਼ਨ ਤੇ ਨਾਮਵਰ ਕੰਪਨੀ ਲਾਸਨ ਐਂਡ ਟੂਬਰੋ (ਐੱਲ ਐਂਡ ਟੀ) ਦੀ ਪਟਿਆਲਾ ਡਬਲਯੂ ਐੱਸ ਪੀ ਟੀਮ ਵੱਲੋਂ ਮਾਨਵਤਾ ਦੀ ਭਲਾਈ ਹਿੱਤ ਇੱਕ ਵਿਸ਼ਾਲ ਖੂਨਦਾਨ ਕੈਂਪ ਸਾਂਝੇ ਤੌਰ 'ਤੇ ਲਾਇਆ ਗਿਆ।ਇਸ ਕੈਂਪ ਨੂੰ ਸਫ਼ਲ ਬਣਾਉਣ ਵਿੱਚ ਉਮੰਗ ਵੈੱਲਫ਼ੇਅਰ ਫਾਊਂਡੇਸ਼ਨ ਤੋਂ ਅਰਵਿੰਦਰ ਸਿੰਘ ਤੇ ਐੱਲ ਐਂਡ ਟੀ ਦੇ ਆਈਆਰ ਮੈਨੇਜਰ ਸ਼ੈਲੇਸ਼ ਕੁਮਾਰ ਨੇ ਮੁੱਖ ਭੂਮਿਕਾ ਨਿਭਾਈ। ਕੈਂਪ ਦੌਰਾਨ ਨੌਜਵਾਨਾਂ ਤੇ ਕੰਪਨੀ ਦੇ ਸਟਾਫ਼ ਵਿੱਚ ਖੂਨਦਾਨ ਕਰਨ ਲਈ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਕੈਂਪ ਦੌਰਾਨ ਗੱਲਬਾਤ ਕਰਦਿਆਂ ਮੈਨੇਜਰ ਸ਼ੈਲੇਸ਼ ਕੁਮਾਰ ਤੇ ਉਮੰਗ ਵੈੱਲਫ਼ੇਅਰ ਫਾਊਂਡੇਸ਼ਨ ਦੇ ਪ੍ਰਧਾਨ ਅਰਵਿੰਦਰ ਸਿੰਘ ਨੇ ਕਿਹਾ ਕਿ ਖੂਨ ਦਾਨ ਦੁਨੀਆ ਦਾ ਸਭ ਤੋਂ ਵੱਡਾ ਦਾਨ ਹੈ, ਕਿਉਂਕਿ ਖੂਨ ਦਾ ਕੋਈ ਹੋਰ ਬਦਲ ਨਹੀਂ ਹੈ ਤੇ ਇਹ ਸਿਰਫ਼ ਇੱਕ ਇਨਸਾਨ ਹੀ ਦੂਜੇ ਇਨਸਾਨ ਨੂੰ ਦੇ ਸਕਦਾ ਹੈ।ਇਸ ਮੌਕੇ ਐੱਲ ਐਂਡ ਟੀ ਦੀ ਪਟਿਆਲਾ ਡਬਲਯੂ ਐੱਸ ਪੀ ਟੀਮ ਦੇ ਅਧਿਕਾਰੀ, ਉਮੰਗ ਫਾਊਂਡੇਸ਼ਨ ਦੇ ਮੈਂਬਰ, ਸ਼ਹਿਰ ਦੇ ਪਤਵੰਤੇ ਸੱਜਣ ਤੇ ਵੱਡੀ ਗਿਣਤੀ ਵਿੱਚ ਖੂਨਦਾਨੀ ਹਾਜ਼ਰ ਸਨ।

## ਜਲੰਧਰ ਕਨਵੈਨਸ਼ਨ 'ਚ ਜ਼ਿਲ੍ਹੇ ਤੋਂ 121 ਪੈਨਸ਼ਨਰਾਂ ਦਾ ਕਾਫਲਾ ਸ਼ਾਮਲ ਹੋਵੇਗਾ : ਸੁਖਮੰਦਰ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ (ਰਜਿ:) ਪੰਜਾਬ ਜ਼ਿਲ੍ਹਾ ਇਕਾਈ ਮੋਗਾ ਤੇ ਸਬ ਡਵੀਜ਼ਨ ਮੋਗਾ 1 ਤੇ 2 ਦੀ ਸਾਂਝੀ ਇਕੱਤਰਤਾ ਸੁਤੰਤਰਤਾ ਸੈਨਾਨੀ ਭਵਨ ਮੋਗਾ ਵਿਖੇ ਸੁਖਮੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਸੁਖਮੰਦਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਪੈਨਸ਼ਨਰਾਂ ਦੀਆਂ ਪਿਛਲੇ ਸਾਢੇ ਚਾਰ ਸਾਲ ਤੋਂ ਲਟਕਦੀਆਂ ਮੰਗਾਂ ਦੀ ਪ੍ਰਾਪਤੀ ਲਈ, ਪੰਜਾਬ ਸਰਕਾਰ ਦਾ ਨਿੰਦਣਯੋਗ ਵਤੀਰਾ, ਹਾਈ ਕੋਰਟ ਦੇ ਫੈਸਲਿਆਂ ਪ੍ਰਤੀ ਨਾ-ਵਾਚਕ ਰਵੱਈਆ ਤੇ ਛੇਵੇਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ 2.59 ਦਾ ਗੁਣਾਂਕ ਤੇ ਨੋਸ਼ਨਲ ਸੋਧ ਵਿਧੀ ਰਾਹੀ ਪੈਨਸ਼ਨਾਂ ਸੋਧਣ ਤੋਂ ਇਨਕਾਰੀ ਪੰਜਾਬ ਸਰਕਾਰ ਖਿਲਾਫ ਸੰਘਰਸ਼ ਦੀ ਨਵੀਂ ਰੂਪ ਰੇਖਾ ਉਲੀਕਣ ਲਈ 17 ਜੂਨ ਬੁੱਧਵਾਰ ਨੂੰ ਇੱਕ ਵਿਸ਼ਾਲ ਚੇਤਨਾ ਕਨਵੈਨਸ਼ਨ ਜਲੰਧਰ ਵਿਖੇ ਦੇਸ਼ ਭਗਤ ਯਾਦਗਰ ਹਾਲ ਵਿੱਚ ਕੀਤੀ ਜਾ ਰਹੀ ਹੈ। ਮੋਗਾ ਜ਼ਿਲ੍ਹੇ ਦੇ ਪੈਨਸ਼ਨਰ ਨਿਹਾਲ ਸਿੰਘ ਵਾਲਾ, ਬਾਘਾ ਪੁਰਾਣਾ, ਮੋਗਾ ਤੋਂ ਬੱਸਾਂ ਰਾਹੀਂ ਕਾਫਲਾ ਲੈ ਕੇ 11 ਵਜੇ ਭਰਵੀਂ ਸ਼ਮੂਲੀਅਤ ਕਰਨਗੇ।ਮੀਟਿੰਗ ਵਿੱਚ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਾਥੀਆਂ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਗੁਰਨਾਮ ਸਿੰਘ, ਕੁਲਵੰਤ ਸਿੰਘ, ਜੁਗਰਾਜ ਸਿੰਘ ਝੂੜਕੋਟ, ਗੁਰਦੇਵ ਸਿੰਘ ਧੂੜਕੋਟ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਪ੍ਰੇਮ ਕੁਮਾਰ ਵਿੱਤ ਸਕੱਤਰ ਨੇ ਦੱਸਿਆ ਕਿ ਬੇਰੁਜ਼ਗਾਰ ਅਧਿਆਪਕ ਜਥੇਬੰਦੀ ਦੇ ਸਾਬਕਾ ਆਗੂ ਹਾਕਮ ਸਿੰਘ ਧਾਲੀਵਾਲ, ਪੈਨਸ਼ਨਰ ਆਗੂ ਭੁਪਿੰਦਰ ਸਿੰਘ ਤੇ ਜਗਜੀਤ ਸਿੰਘ ਲੋਹਾਮ ਵੱਲੋਂ ਜਥੇਬੰਦੀ ਦੀ ਆਰਥਿਕ ਸਹਾਇਤਾ ਕੀਤੀ ਗਈ ਹੈ, ਜਥੇਬੰਦੀ ਉਨ੍ਹਾਂ ਦਾ ਧੰਨਵਾਦ ਕਰਦੀ ਹੈ। ਮੀਟਿੰਗ ਵਿੱਚ ਬੱਚਿੱਤਰ ਸਿੰਘ ਮਟਵਾਣੀ, ਬ੍ਰਿਜ ਲਾਲ ਬਲਵਿੰਦਰ ਸਿੰਘ ਮੋਗਾ, ਅੰਮ੍ਰਿਤ ਲਾਲ, ਪ੍ਰੀਤਮ ਸਿੰਘ ਕੈਂਥ, ਗੁਰਦੀਪ ਸਿੰ ਦੌਧਰ, ਗੁਰਦਿਆਲ ਸਿੰਘ, ਪ੍ਰਵੀਨ ਕਾਲੀਆ, ਤੇਜਿੰਦਰ ਸਿੰਘ, ਚਮਕੌਰ ਸਿੰਘ ਸਮੇਤ ਬਹੁਤ ਸਾਰੇ ਪੈਨਸ਼ਨਰ ਸ਼ਾਮਲ ਹੋਏ।

## ਚਿਲਡਰਨ ਮੈਮੋਰੀਅਲ ਪਾਰਕ 'ਚ ਮਨਾਇਆ ਜਾਵੇਗਾ ਕੌਮਾਂਤਰੀ ਯੋਗ ਦਿਵਸ : ਰਾਜ ਕੁਮਾਰ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਸ਼ਹਿਰ ਦੀਆਂ ਪ੍ਰਮੁੱਖ ਸਮਾਜ ਸੇਵੀ ਸੰਸਥਾਵਾਂ ਕਲੀਨ ਐਂਡ ਗ੍ਰੀਨ ਪਾਰਕ ਕਲੱਬ ਤੇ ਤਹਿਸੀਲ ਪਾਰਕ ਕਲੱਬ ਸਮਾਣਾ ਵੱਲੋਂ ਆਉਂਦੀ 21 ਜੂਨ ਨੂੰ 'ਕੌਮਾਂਤਰੀ ਯੋਗ ਦਿਵਸ' ਬੜੀ ਧੂਮ-ਧਾਮ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਇਹ ਸਮਾਗਮ ਸਥਾਨਕ ਚਿਲਡਰਨ ਮੈਮੋਰੀਅਲ ਪਾਰਕ ਸਮਾਣਾ ਵਿਖੇ ਕੀਤਾ ਜਾਵੇਗਾ।ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਭਾਨ ਨੇ ਦੱਸਿਆ ਕਿ ਤਹਿਸੀਲ ਪਾਰਕ ਕਲੱਬ ਸਮਾਣਾ ਵਿਖੇ ਹਰ ਰੋਜ਼ ਸਵੇਰੇ 5:30 ਵਜੇ ਤੋਂ 7:00 ਵਜੇ ਤੱਕ ਨਿਯਮਿਤ ਰੂਪ ਵਿੱਚ ਯੋਗਾ ਕਲਾਸਾਂ ਲਗਾਈਆਂ ਜਾਂਦੀਆਂ ਹਨ, ਜਿੱਥੇ ਵੱਡੀ ਗਿਣਤੀ ਵਿੱਚ ਲੋਕ ਯੋਗ ਅਭਿਆਸ ਕਰਦੇ ਹਨ।ਇਸੇ ਲੜੀ ਤਹਿਤ 21 ਜੂਨ ਨੂੰ ਵਿਸ਼ੇਸ਼ ਯੋਗ ਦਿਵਸ ਸਮਾਗਮ ਉਲੀਕਿਆ ਗਿਆ ਹੈ।ਇਸ ਵਿਸ਼ੇਸ਼ ਕੈਂਪ ਦੌਰਾਨ ਦੇਸ਼-ਵਿਦੇਸ਼ ਵਿੱਚ ਜਾਣੇ ਜਾਂਦੇ ਯੋਗ ਗੁਰੂ ਅਮਰੀਕ ਸਿੰਘ ਤੇ ਯੋਗ ਮਾਹਰ ਸੁਰੇਸ਼ ਗੋਗੀਆ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।ਉਹ ਆਏ ਹੋਏ ਸਾਧਕਾਂ ਨੂੰ ਯੋਗ ਦੇ ਵੱਖ-ਵੱਖ ਆਸਣ ਅਤੇ ਪ੍ਰਾਣਾਯਾਮ ਕਰਵਾਉਣਗੇ।ਕਲੱਬ ਦੇ ਪ੍ਰਬੰਧਕਾਂ ਵੱਲੋਂ ਸਮੂਹ ਸ਼ਹਿਰ ਵਾਸੀਆਂ ਨੂੰ ਜ਼ੋਰਦਾਰ ਅਪੀਲ ਕੀਤੀ ਗਈ ਕਿ ਉਹ 21 ਜੂਨ ਨੂੰ ਸਵੇਰੇ ਸਾਢੇ ਪੰਜ (5:30) ਵਜੇ ਤੋਂ 7:00 ਵਜੇ ਤੱਕ ਚਿਲਡਰਨ ਮੈਮੋਰੀਅਲ ਪਾਰਕ ਵਿਖੇ ਲੱਗਣ ਵਾਲੀ ਇਸ ਵਿਸ਼ੇਸ਼ ਯੋਗਾ ਕਲਾਸ ਵਿੱਚ ਆਪਣੇ ਪਰਵਾਰਾਂ ਸਮੇਤ ਸ਼ਾਮਲ ਹੋਣ।

## ਤੇਜ਼ ਹਨੇਰੀ-ਮੀਂਹ ਕਾਰਨ ਰਿਲਾਇੰਸ ਪੈਟਰੋਲ ਪੰਪ 'ਤੇ ਡਿੱਗਿਆ ਟ੍ਰਾਂਸਫਾਰਮਰ, ਲੱਖਾਂ ਦਾ ਨੁਕਸਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਵਿੱਚ ਬੀਤੇ ਦੇਰ ਰਾਤ ਆਈ ਤੇਜ਼ ਹਨੇਰੀ ਤੇ ਮੂਸਲਾਧਾਰ ਮੀਂਹ ਨੇ ਭਾਰੀ ਤਬਾਹੀ ਮਚਾਈ ਹੈ।ਇਸ ਦੇ ਚਲਦਿਆਂ ਇੱਥੇ ਸਥਿਤ ਰਿਲਾਇੰਸ ਦੇ 'ਗਣੇਸ਼ ਪੈਟਰੋ' 'ਤੇ ਭਾਰੀ ਨੁਕਸਾਨ ਹੋਣ ਦੀ ਖ਼ਬਰ ਸਾਹਮਣੇ ਆਈ ਹੈ।ਤੇਜ਼ ਹਵਾਵਾਂ ਦੇ ਥਪੇੜਿਆਂ ਕਾਰਨ ਪੰਪ ਕੰਪਲੈਕਸ ਵਿੱਚ ਲੱਗਿਆ ਭਾਰੀ-ਭਰਕਮ ਬਿਜਲੀ ਦਾ ਟ੍ਰਾਂਸਫਾਰਮਰ ਤੇ ਬਿਜਲੀ ਦਾ ਖੰਭਾ ਉੱਖੜ ਕੇ ਜ਼ਮੀਨ 'ਤੇ ਜਾ ਡਿੱਗਿਆ, ਜਿਸ ਨਾਲ ਇਲਾਕੇ ਦੀ ਬਿਜਲੀ ਸਪਲਾਈ ਪੂਰੀ ਤਰ੍ਹਾਂ ਠੱਪ ਹੋ ਗਈ।ਹਨੇਰੀ ਦਾ ਕਹਿਰ ਇੰਨਾ ਭਿਆਨਕ ਸੀ ਕਿ ਖੁੱਲ੍ਹੇ ਵਿੱਚ ਰੱਖੇ ਅਤੇ ਲੱਗੇ ਕਈ ਹੋਰ ਮਹੱਤਵਪੂਰਨ ਤਕਨੀਕੀ ਉਪਕਰਨ ਵੀ ਇਸ ਦੀ ਲਪੇਟ ਵਿੱਚ ਆ ਕੇ ਬੁਰੀ ਤਰ੍ਹਾਂ ਨੁਕਸਾਨੇ ਗਏ।ਪੈਟਰੋਲ ਪੰਪ ਦੇ ਮਾਲਕ ਸੰਜੀਵ ਗੋਇਲ ਨੰਨੂ ਨੇ ਦੱਸਿਆ ਕਿ ਦੇਰ ਰਾਤ ਅਚਾਨਕ ਮੌਸਮ ਦਾ ਮਿਜ਼ਾਜ਼ ਬਦਲ ਗਿਆ ਤੇ ਤੇਜ਼ ਹਵਾਵਾਂ ਦੇ ਨਾਲ ਜ਼ੋਰਦਾਰ ਮੀਂਹ ਸ਼ੁਰੂ ਹੋ ਗਿਆ।ਤੂਫ਼ਾਨੀ ਹਵਾਵਾਂ ਨੇ ਟ੍ਰਾਂਸਫਾਰਮਰ ਨੂੰ ਜੜ੍ਹ ਤੋਂ ਉਖਾੜ ਦਿੱਤਾ।ਇਸ ਕੁਦਰਤੀ ਆਫ਼ਤ ਕਾਰਨ ਪੰਪ ਦੇ ਕਈ ਕੀਮਤੀ ਉਪਕਰਨ ਖ਼ਰਾਬ ਹੋ ਚੁੱਕੇ ਹਨ, ਜਿਸ ਕਰਕੇ ਉਨ੍ਹਾਂ ਨੂੰ ਲੱਖਾਂ ਰੁਪਏ ਦਾ ਵੱਡਾ ਆਰਥਿਕ ਨੁਕਸਾਨ ਝੱਲਣਾ ਪਿਆ ਹੈ।

## ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਵੱਲੋਂ ਪਦਮਸ੍ਰੀ ਜਤਿੰਦਰ ਸ਼ਾਂਤੀ ਸਨਮਾਨਤ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ (ਰਜਿ.) ਮਾਨਸਾ ਦੇ ਪ੍ਰਧਾਨ ਤੇ ਸਟੇਟ ਅਵਾਰਡੀ ਰਜਿੰਦਰ ਵਰਮਾ ਵੱਲੋਂ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਤੇ ਪਦਮਸ੍ਰੀ ਜਤਿੰਦਰ ਸ਼ਾਂਤੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਰਜਿੰਦਰ ਵਰਮਾ ਨੇ ਪਦਮਸ੍ਰੀ ਜਤਿੰਦਰ ਸ਼ਾਂਤੀ ਵੱਲੋਂ ਸਮਾਜ ਸੇਵਾ, ਮਨੁੱਖਤਾ ਦੀ ਭਲਾਈ ਤੇ ਲੋਕਾਂ ਦੇ ਹੱਕਾਂ ਦੀ ਰੱਖਿਆ ਲਈ ਕੀਤੇ ਜਾ ਰਹੇ ਉੱਤਮ ਕਾਰਜਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਪਦਮਸ੍ਰੀ ਸ਼ਾਂਤੀ ਸਮਾਜ ਲਈ ਇੱਕ ਪ੍ਰੇਰਨਾਦਾਇਕ ਸ਼ਖ਼ਸੀਅਤ ਹਨ, ਜਿਨ੍ਹਾਂ ਨੇ ਆਪਣੀ ਨਿਰੰਤਰ ਸੇਵਾ ਰਾਹੀਂ ਦੇਸ਼ ਤੇ ਸਮਾਜ ਦਾ ਮਾਣ ਵਧਾਇਆ ਹੈ।ਸਮਾਗਮ ਦੌਰਾਨ ਡਾ. ਕ੍ਰਿਸ਼ਨ ਲਾਲ, ਹੇਮਰਾਜ ਸ਼ਰਮਾ, ਰਜਿੰਦਰ ਝੰਡਾ ਤੇ ਅਮਰੀਕ ਬੱਤਰਾ ਸਮੇਤ ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ ਦੇ ਹੋਰ ਮੈਂਬਰ ਵੀ ਹਾਜ਼ਰ ਸਨ।

## ਨਿਰੰਕਾਰੀ ਜ਼ੋਨਲ ਬਾਲ ਸਮਾਗਮ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਸੰਤ ਨਿਰੰਕਾਰੀ ਸਤਿਸੰਗ ਭਵਨ ਫਰੀਦਕੋਟ ਵਿਖੇ ਫ਼ਿਰੋਜ਼ਪੁਰ ਜ਼ੋਨ ਦਾ 'ਜ਼ੋਨਲ ਨਿਰੰਕਾਰੀ ਬਾਲ ਸਮਾਗਮ' ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਸਮਾਗਮ ਵਿੱਚ ਫ਼ਿਰੋਜ਼ਪੁਰ ਜ਼ੋਨ ਦੀਆਂ 27 ਬ੍ਰਾਂਚਾਂ ਦੇ ਸੈਂਕੜੇ ਬੱਚਿਆਂ ਨੇ ਭਾਗ ਲਿਆ ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਸਮਾਗਮ ਦੌਰਾਨ ਬੱਚਿਆਂ ਨੇ ਕੱਵਾਲੀਆਂ, ਕਵਿਤਾਵਾਂ, ਨਾਟਕਾਂ (ਸਕਿੱਟਾਂ) ਤੇ ਗੀਤਾਂ ਰਾਹੀਂ ਨਿਰੰਕਾਰੀ ਮਿਸ਼ਨ ਦੀਆਂ ਸਿੱਖਿਆਵਾਂ ਨੂੰ ਬਹੁਤ ਹੀ ਖ਼ੂਬਸੂਰਤ ਅੰਦਾਜ਼ ਵਿੱਚ ਪੇਸ਼ ਕੀਤਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਅੰਮ੍ਰਿਤਸਰ ਤੋਂ ਆਏ ਪ੍ਰਚਾਰਕ ਪਰਮਜੀਤ ਸਿੰਘ ਮੋਮਨ ਨੇ ਸਤਿਗੁਰੂ ਮਾਤਾ ਜੀ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਬੱਚੇ ਸਮਾਜ ਦਾ ਅਨਿੱਖੜਵਾਂ ਤੇ ਵਡਮੁੱਲਾ ਅੰਗ ਹਨ।ਉਨ੍ਹਾਂ ਜ਼ੋਰ ਦਿੱਤਾ ਕਿ ਬੱਚਿਆਂ ਦੇ ਜੀਵਨ ਵਿੱਚ ਮਾਪਿਆਂ ਦੀ ਭੂਮਿਕਾ ਬਹੁਤ ਅਹਿਮ ਹੁੰਦੀ ਹੈ। ਮਾਪਿਆਂ ਵੱਲੋਂ ਦਿੱਤੇ ਗਏ ਚੰਗੇ ਸੰਸਕਾਰ ਹੀ ਬੱਚਿਆਂ ਦੀ ਜ਼ਿੰਦਗੀ ਵਿੱਚ ਮੀਲ ਪੱਥਰ ਸਾਬਿਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਇਹ ਬਹੁਤ ਖ਼ੁਸ਼ੀ ਦੀ ਗੱਲ ਹੈ ਕਿ ਮਿਸ਼ਨ ਨਾਲ ਜੁੜੇ ਬੱਚੇ ਨਸ਼ਿਆਂ ਤੇ ਬੁਰੀਆਂ ਆਦਤਾਂ ਤੋਂ ਦੂਰ ਰਹਿ ਕੇ ਇੱਕ ਨਰੋਆ ਜੀਵਨ ਬਤੀਤ ਕਰ ਰਹੇ ਹਨ ਅਤੇ ਸਮਾਜ ਲਈ ਪ੍ਰੇਰਨਾ ਸਰੋਤ ਬਣ ਰਹੇ ਹਨ।ਸਮਾਗਮ ਵਿੱਚ ਬੱਚਿਆਂ ਲਈ ਇੱਕ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸ ਵਿੱਚ ਨੈਤਿਕ ਕਦਰਾਂ-ਕੀਮਤਾਂ, ਵਿੱਦਿਅਕ ਮਾਡਲਾਂ ਤੇ ਖੇਡਾਂ ਰਾਹੀਂ ਬੱਚਿਆਂ ਨੂੰ ਸੇਧ ਦਿੱਤੀ ਗਈ।ਸਮਾਗਮ ਦੇ ਅੰਤ ਵਿੱਚ ਜ਼ੋਨਲ ਇੰਚਾਰਜ (ਫ਼ਿਰੋਜ਼ਪੁਰ) ਐੱਨ.ਐੱਸ. ਗਿੱਲ ਤੇ ਫ਼ਰੀਦਕੋਟ ਬ੍ਰਾਂਚ ਦੇ ਇੰਚਾਰਜ ਭੈਣ ਸੁਰਜੀਤ ਕੌਰ ਭਾਟੀਆ ਨੇ ਸਮੂਹ ਮਹਿਮਾਨਾਂ, ਪ੍ਰਬੰਧਕਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ।

# ਖੰਡ ਮਿੱਲ ਸੇਰੋਂ ਨੂੰ ਮੁੜ ਚਾਲੂ ਕਰਾਉਣ ਲਈ ਹਲਕਾ ਵਿਧਾਇਕ ਮੁੱਖ ਮੰਤਰੀ ਨੂੰ ਕਹਿਣ: ਐੱਸ ਕੇ ਐੱਮ

## ਪੱਕੇ ਮੋਰਚੇ ਦੇ 25ਵੇਂ ਦਿਨ ਹਰਮੀਤ ਸਿੰਘ ਸੰਧੂ ਦੀ ਕੋਠੀ ਦਿੱਤਾ ਮੰਗ ਪੱਤਰ

ਝਬਾਲ/ਵਲਟੋਹਾ (ਹਰਜਿੰਦਰ ਸਿੰਘ ਸੋਨੀ/ਰਣਜੀਤ ਸਿੰਘ ਵਲਟੋਹਾ)-ਸੰਯਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਵੱਲੋਂ ਸੇਰੋਂ ਖੰਡ ਮਿੱਲ ਵਿਖੇ ਪੰਜੀਵੇਂ ਦਿਨ ਮੋਰਚਾ ਜਾਰੀ ਰੱਖਦਿਆਂ ਐੱਮ ਐੱਲ ਏ ਹਰਮੀਤ ਸਿੰਘ ਸੰਧੂ ਦੀ ਕੋਠੀ ਵਿਖੇ ਮਿੱਲ ਮੁੜ ਚਾਲੂ ਕਰਨ ਦਾ ਵਾਅਦਾ ਚੇਤੇ ਕਰਾਉਂਦਿਆਂ ਮੰਗ ਪੱਤਰ ਦਿੱਤਾ।ਵਿਧਾਇਕ ਸੰਧੂ ਦੀ ਥਾਂ ਉਨ੍ਹਾਂ ਦੇ ਸਹਾਇਕ ਭੁਪਿੰਦਰ ਸਿੰਘ ਖੇੜਾ ਵੱਲੋਂ ਮੰਗ ਪੱਤਰ ਪ੍ਰਾਪਤ ਕੀਤਾ ਗਿਆ।ਉਨ੍ਹਾਂ ਵਾਅਦਾ ਕੀਤਾ ਕਿ ਤਰਨ ਤਾਰਨ ਦੇ ਸਾਰੇ ਐੱਮ ਐੱਲ ਏ ਮਿੱਲ ਮੁੜ ਚਾਲੂ ਕਰਨ ਲਈ ਮੁੱਖ ਮੰਤਰੀ ਨਾਲ ਗੱਲ ਕਰਨਗੇ।ਇਸ ਮੌਕੇ ਕਿਸਾਨ ਵਫ਼ਦ ਵਿੱਚ ਮੋਰਚਾ ਆਗੂ ਤਰਸੇਮ ਸਿੰਘ ਲੁਹਾਰ, ਬਲਕਾਰ ਸਿੰਘ ਵਲਟੋਹਾ, ਦਲਜੀਤ ਸਿੰਘ ਦਿਆਲਪੁਰਾ, ਰਤਨ ਸਿੰਘ ਢੰਡ, ਅਜੀਤ ਸਿੰਘ ਚੰਬਾ, ਜਸਬੀਰ ਸਿੰਘ ਸਰਹਾਲੀ, ਗੁਰਪ੍ਰੀਤ ਸਿੰਘ ਗੰਡੀਵਿੰਡ, ਜੱਸਾ ਸਿੰਘ ਕੱਦਗਿੱਲ, ਮਨਜੀਤ ਸਿੰਘ ਬੱਗੂ, ਕੈਪਟਨ ਸਿੰਘ ਬਘਿਆੜੀ ਨੇ ਕਿਹਾ ਕਿ ਸ਼ਾਨਦਾਰ ਢੰਗ ਨਾਲ ਚੱਲਦੀ ਖੰਡ ਮਿੱਲ ਨੂੰ ਸਮੇਂ ਦੀਆਂ ਸਰਕਾਰਾਂ ਨੇ ਜਾਣ ਬੁੱਝ ਕੇ ਨਿੱਜੀਕਰਨ ਦੀਆਂ ਨੀਤੀਆਂ ਤਹਿਤ ਬੰਦ ਕੀਤਾ ਹੈ।ਹੁਣ ਵਾਲੀ ਸਰਕਾਰ ਨੇ ਇਸ ਸਹਿਕਾਰੀ ਖੰਡ ਮਿੱਲ ਦੀ ਮਲਕੀਅਤ ਪਨਗਰੇਨ, ਪੁੱਡਾ ਸਮੇਤ ਕੁੱਝ ਹੋਰ ਵਿਭਾਗਾਂ ਨੂੰ ਤਬਦੀਲ ਕਰ ਦਿੱਤੀ ਹੈ, ਜੋ ਕੇ ਗੈਰ- ਕਾਨੂੰਨੀ ਤੇ ਅਨੈਤਿਕ ਹੈ ਕਿਉਂਕਿ ਖੰਡ ਮਿੱਲ ਵਿੱਚ ਸੱਠ ਫੀਸਦੀ ਹਿੱਸਾ ਕਿਸਾਨਾਂ ਦਾ ਹੈ ਜਿਨ੍ਹਾਂ ਨੂੰ ਪੁੱਛਿਆ ਹੀ ਨਹੀਂ



ਗਿਆ।ਉਨ੍ਹਾਂ ਕਿਹਾ ਕਿ ਖੰਡ ਮਿੱਲ ਦੇ ਖਾਤੇ ਵਿੱਚ ਅੱਜ ਤੋਂ ਬਾਰਾਂ ਸਾਲ ਪਹਿਲਾਂ ਹਾਈ ਵੇ ਬਣਨ ਸਮੇਂ ਦਾ ਨੌਂ ਕਰੋੜ ਅਠਾਰਾਂ ਲੱਖ ਰੁਪਏ ਜਮ੍ਹਾਂ ਪਿਆ ਹੈ, ਜਿਸ ਨਾਲ ਖ਼ਰਚ ਕਰਕੇ ਇਹ ਮਿੱਲ ਬਿਨਾਂ ਸਰਕਾਰੀ ਖਰਚ ਦੇ ਮੁਫ਼ਤ ਚਲਾਈ ਜਾ ਸਕਦੀ ਹੈ, ਜਿਸ ਨਾਲ ਹਜ਼ਾਰਾਂ ਲੋਕਾਂ ਨੂੰ ਸਿੱਧਾ ਅਸਿੱਧਾ ਰੁਜ਼ਗਾਰ ਮਿਲੇਗਾ।ਉਨ੍ਹਾਂ ਇਹ ਵੀ ਕਿਹਾ ਕਿ ਧਰਤੀ ਹੇਠਲਾ ਪਾਣੀ ਬਚਾਉਣ ਲਈ ਅਤੇ ਫ਼ਸਲੀ ਵਿਭਿੰਨਤਾ ਲਈ ਵੀ ਇਸ ਮਿੱਲ ਨੂੰ ਮੁੜ ਚਲਾਉਣ ਦੀ ਵੱਡੀ ਲੋੜ ਹੈ।ਤਰਨ ਤਾਰਨ ਜ਼ਿਲ੍ਹੇ ਨੂੰ ਪਹਿਲੋਂ ਸਨਅਤੀ ਖੇਤਰ ਪੱਖੋਂ ਪਛੜਿਆ ਜ਼ਿਲ੍ਹਾ ਕਿਹਾ ਜਾਂਦਾ ਹੈ, ਉੱਤੋਂ ਇਹ ਇੱਕੋ ਇੱਕ ਖੇਤੀ ਅਧਾਰਿਤ ਸਨਅਤ ਨੂੰ ਵੀ ਬੰਦ ਕਰ ਦਿੱਤਾ ਗਿਆ ਹੈ।ਉਧਰ ਖੰਡ ਮਿੱਲ ਤੇ ਚੱਲ ਰਹੇ ਪੱਕੇ ਮੋਰਚੇ ਵਿੱਚ ਵੀ ਅੱਜ ਸਥਾਨਕ ਕਿਸਾਨਾਂ ਦੇ ਨਾਲ ਹੋਰ ਨੁਮਾਇੰਦਿਆਂ ਵੀ ਸ਼ਮੂਲੀਅਤ ਕੀਤੀ ਜਿਨ੍ਹਾਂ ਵਿੱਚ ਅਮਰੀਕ ਸਿੰਘ ਸੇਰੋਂ, ਕਸ਼ਮੀਰ ਸਿੰਘ ਸੇਰੋਂ, ਪ੍ਰਗਟ ਸਿੰਘ ਜਾਮਾਰਾਏ, ਅੰਮ੍ਰਿਤ ਪਾਲ ਸਿੰਘ ਜੌੜਾ, ਸੁਖਚੈਨ ਸਿੰਘ, ਸੁਖਬਾਜ ਸਿੰਘ ਸਿੱਧੂ ਸਮੇਤ ਕਈ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਨਗਰ ਕੌਂਸਲ ਕਾਦੀਆਂ 'ਚ ਕਿਸੇ ਵੀ ਪਾਰਟੀ ਨੂੰ ਸਪਸ਼ਟ ਬਹੁਮਤ ਨਹੀਂ ਮਿਲਿਆ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਨਗਰ ਕੌਂਸਲ ਕਾਦੀਆਂ ਦੀਆਂ ਚੋਣਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਫੋਰਸਾਂ ਦੇ ਪ੍ਰਬੰਧਾਂ ਹੇਠ ਸ਼ਾਂਤੀ ਪੂਰਨ ਕਰਾਈਆਂ ਗਈਆਂ ਜਿਸ ਵਿੱਚ ਕਿਸੇ ਵੀ ਪਾਰਟੀ ਨੂੰ ਸਪਸ਼ਟ ਬਹੁਮਤ ਨਹੀਂ ਮਿਲਿਆ। ਵੱਖ-ਵੱਖ ਪਾਰਟੀਆਂ ਦੇ ਨਤੀਜੇ ਇਸ ਪ੍ਰਕਾਰ ਰਹੇ ਜਿਸ ਵਿੱਚ ਅਕਾਲੀ ਦਲ ਬਾਦਲ ਨੂੰ 6 ਅਤੇ ਕਾਂਗਰਸ ਪਾਰਟੀ ਨੂੰ 4 ਅਤੇ ਆਮ ਪਾਰਟੀ ਨੂੰ 2 ਅਤੇ 2 ਉਮੀਦਵਾਰ ਆਜ਼ਾਦ ਤੌਰ 'ਤੇ ਜਿੱਤੇ ਅਤੇ ਇੱਕ ਉਮੀਦਵਾਰ ਬੀਜੇਪੀ ਦਾ ਵੀ ਜੇਤੂ ਰਿਹਾ। ਅਜੇਤੂ ਉਮੀਦਵਾਰਾਂ ਦੇ ਜਿੱਤ ਦੇ ਆਂਕੜੇ ਇਸ ਪ੍ਰਕਾਰ ਆਏ। ਵਾਰਡ ਨੰਬਰ ਇੱਕ ਤੋਂ ਕਾਂਗਰਸ ਦੇ ਉਮੀਦਵਾਰ ਗੁਰਬਚਨ ਸਿੰਘ 59 ਵੋਟਾਂ 'ਤੇ ਜੇਤੂ ਰਹੇ, ਵਾਰਡ ਨੰਬਰ ਦੋ ਤੋਂ ਬੇਬੋ ਪਤਨੀ ਪੁਰਸ਼ੋਤਮ ਲਾਲ 143 ਵੋਟਾਂ ਕਾਂਗਰਸ ਪਾਰਟੀ ਵੱਲੋਂ ਜੇਤੂ ਹੋਏ, ਵਾਰਡ ਨੰਬਰ ਤਿੰਨ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੁਖਪ੍ਰੀਤ ਸਿੰਘ ਭਾਟੀਆ 232 ਵੋਟਾਂ 'ਤੇ ਜੇਤੂ ਕਰਾਰ ਦਿੱਤੇ ਗਏ। ਇਸੇ ਤਰ੍ਹਾਂ ਵਾਰਡ ਨੰਬਰ ਚਾਰ ਤੋਂ ਬੀਬੀ ਹਰਪਾਲ ਕੌਰ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ 116 ਵੋਟਾਂ 'ਤੇ ਜੇਤੂ ਰਹੇ। ਵਾਰਡ ਨੰਬਰ ਪੰਜ ਤੋਂ ਗੁਰਦਿਲਬਾਗ ਸਿੰਘ ਨੀਟਾ ਮਾਹਲ 312 ਵੋਟਾਂ ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜੇਤੂ ਰਹੇ, ਵਾਰਡ ਨੰਬਰ ਛੇ ਤੋਂ ਅਹਿਮਦੀਆ ਭਾਈਚਾਰੇ ਨਾਲ ਸੰਬੰਧਿਤ ਲੇਡੀਜ ਸੀਟ ਬਿਨਾਂ ਮੁਕਾਬਲਾ ਜੇਤੂ ਰਹੀ। ਵਾਰਡ ਨੰਬਰ ਸੱਤ ਤੋਂ ਕਾਂਗਰਸ ਦੇ ਉਮੀਦਵਾਰ ਨਰਿੰਦਰ ਕੁਮਾਰ ਭਾਟੀਆ 109 ਵੋਟਾਂ 'ਤੇ ਜੇਤੂ ਕਰਾਰ ਦਿੱਤੇ ਗਏ ਅਤੇ ਵਾਰਡ ਨੰਬਰ ਅੱਠ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਬਾਦਲ ਦੇ ਉਮੀਦਵਾਰ ਹਰਪ੍ਰੀਤ ਕੌਰ 122 ਵੋਟਾਂ 'ਤੇ ਜੇਤੂ ਰਹੇ। ਵਾਰਡ ਨੰਬਰ 9 ਤੋਂ ਆਜ਼ਾਦ ਉਮੀਦਵਾਰ ਜੋਗਿੰਦਰ ਕੁਮਾਰ ਨੰਦੂ 73 ਵੋਟਾਂ ਤੇ ਜੇਤੂ ਰਹੇ ਵਾਰਡ ਨੰਬਰ 10 ਤੋਂ ਆਮ ਪਾਰਟੀ ਦੇ ਉਮੀਦਵਾਰ ਪੂਜਾ 93 ਵੋਟਾਂ 'ਤੇ ਜੇਤੂ ਰਹੇ, ਵਾਰਡ ਨੰਬਰ 11 ਤੋਂ ਰਜੇਸ਼ ਕੁਮਾਰ ਰਿੰਕੂ 12 ਵੋਟਾਂ 'ਤੇ ਕਾਂਗਰਸ ਵੱਲੋਂ ਜੇਤੂ ਰਹੇ, ਵਾਰਡ ਨੰਬਰ 12 ਤੋਂ ਪਲਵਿੰਦਰ ਕੌਰ ਮਾਹਲ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ 240 ਵੋਟਾਂ 'ਤੇ ਜੇਤੂ ਰਹੇ ਅਤੇ ਵਾਰਡ ਨੰਬਰ 13 ਤੋਂ ਬੀਜੇਪੀ ਦੇ ਉਮੀਦਵਾਰ ਰਾਜ ਕੁਮਾਰ ਜੀਟਰ ਕਰੀਬ 33 ਵੋਟਾਂ ਨਾਲ ਜੇਤੂ ਰਹੇ। ਵਾਰਡ ਨੰਬਰ 14 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਮਲੇਸ਼ ਕੁਮਾਰੀ 81 ਵੋਟਾਂ 'ਤੇ ਜੇਤੂ ਰਹੇ ਅਤੇ ਵਾਰਡ ਨੰਬਰ 15 ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਸੁਰਿੰਦਰ ਪਾਲ ਕਰੀਬ 214 ਵੋਟਾਂ ਨਾਲ ਜੇਤੂ ਕਰਾਰ ਦਿੱਤੇ ਗਏ। ਕੁੱਲ ਮਿਲਾ ਕੇ ਕਾਦੀਆਂ ਨਗਰ ਕੌਂਸਲ ਚੋਣਾਂ ਦੌਰਾਨ ਕਿਸੇ ਵੀ ਪਾਰਟੀ ਨੂੰ ਆਪਣੇ ਬਲਬੂਤੇ 'ਤੇ ਸਪਸ਼ਟ ਬਹੁਮਤ ਨਹੀਂ ਪ੍ਰਾਪਤ ਹੋਇਆ।

# 22 ਨੂੰ ਫਾਸ਼ੀਵਾਦੀ ਹਮਲਿਆਂ ਵਿਰੋਧੀ ਮੋਰਚੇ ਵੱਲੋਂ ਦੇਸ਼ ਭਰ 'ਚ ਰੈਲੀਆਂ ਤੇ ਮੁਜ਼ਾਹਰੇ ਕਰਨ ਦਾ ਐਲਾਨ

**ਧਾਰੀਵਾਲ, (ਮਨਦੀਪ ਵਿੱਕੀ)**-ਫਾਸ਼ੀਵਾਦੀ ਹਮਲਿਆਂ ਵਿਰੋਧੀ ਬਣੇ ਸਾਂਝੇ ਮੋਰਚੇ ਵੱਲੋਂ ਇੱਕ ਜ਼ਿਲ੍ਹਾ ਪੱਧਰੀ ਮੀਟਿੰਗ ਗੁਲਜ਼ਾਰ ਸਿੰਘ ਭੁੰਬਲੀ ਦੀ ਪ੍ਰਧਾਨਗੀ ਹੇਠ ਹੋਈ।ਇਸ ਵਿੱਚ ਆਰਐੱਮਪੀਆਈ, ਸੀਪੀਆਈ, ਨਿਊ ਡੈਮੋਕਰੇਸੀ, ਅਤੇ ਲਿਬਰੇਸ਼ਨ ਦੇ ਆਗੂਆਂ ਨੇ ਹਿੱਸਾ ਲਿਆ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਸੂਬਾਈ ਫੈਸਲੇ ਮੁਤਾਬਕ 22 ਜੂਨ ਸੋਮਵਾਰ 10:30 ਵਜੇ ਰਾਮ ਸਿੰਘ ਦਾਤ ਹਾਲ ਵਿਸ਼ੇ ਰੈਲੀ ਕਰਨ ਉਪਰੰਤ ਸ਼ਹਿਰ ਵਿੱਚ ਬੀਜੇਪੀ-ਆਰਐੱਸਐੱਸ ਵੱਲੋਂ ਕੀਤੇ ਜਾ ਰਹੇ ਜਾਲਮੀ ਫਾਸ਼ੀਵਾਦ ਵਿਰੁੱਧ ਮੁਜ਼ਾਹਰਾ ਕੀਤਾ ਜਾਵੇਗਾ।ਇਸ ਮੌਕੇ ਬੋਲਦਿਆਂ ਮੱਖਣ ਸਿੰਘ ਕੁਹਾੜ, ਗੁਲਜਾਰ ਸਿੰਘ ਬਸੰਤਕੋਟ, ਜੋਗਿੰਦਰ ਸਿੰਘ ਪਨਿਆੜ, ਧਿਆਨ ਸਿੰਘ ਠਾਕੁਰ ,ਅਸ਼ਵਨੀ ਕੁਮਾਰ ਲਖਨ ਕਲਾਂ, ਰਾਜਕੁਮਾਰ ਪੰਡੋਰੀ, ਵਿਜ ਕੁਮਾਰ ਸੋਹਲ, ਰਘਬੀਰ ਸਿੰਘ ਚਾਹਲ, ਹਰਚਰਨ ਸਿੰਘ ਔਜਲਾ ਆਦਿ ਨੇ ਆਖਿਆ ਕਿ ਆਰਐੱਸਐੱਸ ਦੇ ਦਿਸ਼ਾ ਨਿਰਦੇਸ਼ਾਂ ਤੇ ਚੱਲ ਰਹੀ ਮੋਦੀ ਸਰਕਾਰ ਹਰ ਪੱਧਰ ਤੇ ਧੱਕਾ ਕਰ ਰਹੀ ਹੈ।ਸਾਰੇ ਘੱਟ ਗਿਣਤੀ ਧਰਮਾਂ ਜਾਤੀਆਂ ਭਾਸ਼ਾਵਾਂ ਸੱਭਿਆਚਾਰਾਂ ਨੂੰ ਮਧੋਲ ਕੇ ਸਾਰੇ ਦੇਸ਼ ਵਿੱਚ ਹਿੰਦੂਤਵੀ ਏਜੰਡਾ ਲਾਗੂ ਕਰ ਰਹੀ ਹੈ।ਵਿਰੋਧੀ ਵਿਚਾਰਾਂ ਵਾਲਿਆਂ ਨੂੰ ਝੂਠੇ ਕੇਸ ਬਣਾ ਕੇ ਜੇਲਾਂ ਵਿੱਚ ਡੱਕਿਆ ਜਾ ਰਿਹਾ ਹੈ। ਐੱਸ ਆਈ ਆਰ ਰਾਹੀਂ ਬੀਜੇਪੀ ਵੱਲੋਂ ਵਿਰੋਧੀ ਵੋਟਾਂ ਕੱਟੀਆਂ ਜਾ ਰਹੀਆਂ ਹਨ ।ਈਵੀਐੱਮ, ਈਡੀ, ਸੀਬੀਆਈ, ਚੋਣ ਕਮਿਸ਼ਨ ਆਦਿ ਸੰਵਿਧਾਨਿਕ ਅਦਾਰਿਆਂ ਦੀ ਦੁਰਵਰਤੋਂ ਕਰਕੇ ਹਰ ਹਾਲ 'ਚ ਸੱਤਾ ਹਥਿਆਉਣ ਲਈ ਦਲ ਬਦਲੀ ਕਰਾਈ ਜਾ ਰਹੀ ਹੈ।ਘੱਟ ਗਿਣਤੀਆਂ ਦੇ ਧਾਰਮਿਕ ਸਥਾਨਾਂ ਨੂੰ ਜਬਰੀ ਢਾਇਆ ਜਾ ਰਿਹਾ ਹੈ। ਥਾਂ ਥਾਂ ਫਿਰਕੂ ਦੰਗੇ ਕਰਾ ਕੇ ਵੋਟਾਂ



ਦਾ ਧਰਮ ਦੇ ਨਾਮ ਤੇ ਧਰੁਵੀਕਰਨ ਕਰਕੇ ਸਾਮ ਦਾਮ ਦੰਡ ਭੇਦ ਅਪਨਾਉਂਦੇ ਹੋਏ ਸੱਤਾ ਹਥਿਆਈ ਜਾ ਰਹੀ ਹੈ। ਇਨਾ ਹੀ ਨਹੀਂ ਇਕ ਦੇਸ਼, ਇਕ ਧਰਮ, ਇਕ ਭਾਸ਼ਾ, ਇਕ ਸੱਭਿਆਚਾਰ ਤੇ ਇੱਕ ਚੋਣ ਨੂੰ ਅਮਲ ਵਿੱਚ ਲਿਆ ਕੇ ਏਕਤਾ ਵਿਚ ਅਨੇਕਤਾ ਦੇ ਸੰਕਲਪ ਨੂੰ ਤਬਾਹ ਕਰਨ ਦਾ ਟੀਚਾ ਬੀਜੇਪੀ ਨੇ ਮਿਥਿਆ ਹੋਇਆ ਹੈ।ਇਸ ਲਈ ਬੀਜੇਪੀ ਤੇ ਆਰਐੱਸਐੱਸ ਦੇ ਮਨਸੂਬਿਆਂ ਨੂੰ ਜੱਗ ਜ਼ਾਹਰ ਕਰਨ ਲਈ ਸਾਰੇ ਦੇਸ਼ ਵਿੱਚ 22 ਜੂਨ ਨੂੰ ਰੈਲੀਆਂ ਮੁਜ਼ਾਹਰੇ ਕੀਤੇ ਜਾ ਰਹੇ ਹਨ।

ਆਗੂਆਂ ਨੇ ਠੀਕ ਸਾਢੇ (10-30) ਵਜੇ ਰਾਮ ਸਿੰਘ ਦੱਤ ਹਾਲ ਵਿਖੇ ਸਮੂਹ ਮਜ਼ਦੂਰਾਂ ਕਿਸਾਨਾਂ ਤੇ ਹੋਰ ਫਾਸ਼ੀਵਾਦ ਵਿਰੋਧੀ ਜਥੇਬੰਦੀਆਂ ਤੇ ਲੋਕਾਂ ਨੂੰ ਇਸ ਰੈਲੀ ਵਿੱਚ ਪੁੱਜਣ ਦੀ ਜੋਰਦਾਰ ਅਪੀਲ ਕੀਤੀ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਲਵਿੰਦਰ ਸਿੰਘ, ਬੂਟਾ ਰਾਮ ਆਜਾਦ, ਗੁਰਦੀਪ ਸਿੰਘ ਭੰਗੂ, ਬਲਜੀਤ ਸਿੰਘ, ਬਲਬੀਰ ਸਿੰਘ ਆਦਿ ਵੀ ਹਾਜ਼ਰ ਸਨ।

# ਤੇਜ਼ ਝੱਖੜ ਨਾਲ ਬੰਦ ਹੋਈ ਬਿਜਲੀ ਸਪਲਾਈ ਪੰਜ ਦਿਨਾਂ ਬਾਅਦ ਵੀ ਬਹਾਲ ਨਹੀਂ ਹੋਈ : ਨਿਜ਼ਾਮਪੁਰ

ਚੇਤਨਪੁਰਾ/ਤਰਸਿੱਕਾ (ਸੁਖਵੰਤ ਚੇਤਨਪੁਰੀ/ਤਰਸੇਮ ਸਿੰਘ ਸਾਧੂਪੁਰ)-ਕੁਲ ਹਿੰਦ ਕਿਸਾਨ ਸਭਾ ਪੰਜਾਬ ਅਤੇ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਅੰਮ੍ਰਿਤਸਰ ਨੇ ਇੱਕ ਮੀਟਿੰਗ ਕਰਕੇ ਬੀਤੇ ਦਿਨ ਆਏ ਭਿਆਨਕ ਤੂਫਾਨ ਨਾਲ ਹੋਏ ਭਾਰੀ ਜਾਨੀ ਅਤੇ ਮਾਲੀ ਨੁਕਸਾਨ ਅਤੇ ਬਹੁਤ



ਸਾਰੇ ਇਲਾਕਿਆਂ ਵਿੱਚ ਬਿਜਲੀ ਦੇ ਖੰਭੇ ਟੁੱਟ ਜਾਣ ਕਾਰਨ ਹੋਈ ਬਿਜਲੀ ਬੰਦ ਤੇ ਚਿੰਤਾ ਪ੍ਰਗਟ ਕਰਦਿਆਂ ਸਰਕਾਰ ਦੀ ਨਾਕਾਮੀ ਦਾ ਸਬੂਤ ਦੱਸਿਆ ਹੈ।ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਸਕੱਤਰ ਲਖਬੀਰ ਸਿੰਘ ਨਿਜ਼ਾਮਪੁਰ, ਸਬਜ਼ੀ ਉਤਪਾਦਿਕ ਕਿਸਾਨ ਜਥੇਬੰਦੀ ਅੰਮ੍ਰਿਤਸਰ ਦੇ ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰਾ ਅਤੇ ਜਨਰਲ ਸਕੱਤਰ ਤਰਸੇਮ ਸਿੰਘ ਨੰਗਲ ਨੇ ਸੰਯੁਕਤ ਬਿਆਨ ਰਾਹੀਂ ਕਿਹਾ ਕਿ ਪੰਜ ਦਿਨ ਬੀਤ ਜਾਣ ਦੇ ਬਾਵਜੂਦ ਜੰਡਿਆਲਾ ਗੁਰੂ ਡਵੀਜ਼ਨ ਅੰਦਰ ਪੈਂਦੀਆਂ ਬਹੁਤ ਸਾਰੀਆਂ ਸਬ ਡਵੀਜ਼ਨਾਂ ਨਵਾਂ ਪਿੰਡ, ਟਾਂਗਰਾ ਅਤੇ ਜੰਡਿਆਲਾ ਗੁਰੂ ਦੇ ਦਿਹਾਤੀ ਇਲਾਕਿਆਂ ਅੰਦਰ ਅਜੇ ਤੱਕ ਬਿਜਲੀ ਸਪਲਾਈ ਬਹਾਲ ਨਹੀਂ ਹੋਈ, ਜਿਸਨੇ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਦੇ ਉਨ੍ਹਾਂ ਸਾਰੇ ਦਾਅਵਿਆਂ ਦੀ ਫੂਕ ਕੱਢ ਦਿੱਤੀ ਹੈ ਕਿ ਬਿਜਲੀ ਬੋਰਡ ਕਿਸੇ ਵੀ ਹੰਗਾਮੀ ਹਾਲਤ ਦਾ ਟਾਕਰਾ ਕਰਨ ਦੇ ਸਮਰੱਥ ਹੈ।ਉਨ੍ਹਾਂ ਕਿਹਾ ਕਿ ਜ਼ਮੀਨੀ ਹਾਲਤ ਇਹ ਬਣੀ ਹੋਈ ਹੈ ਕਿ ਬਿਜਲੀ ਬੋਰਡ ਕੋਲ ਨਾ ਤਾਂ ਲੋੜੀਂਦਾ ਸਟਾਫ ਅਤੇ ਨਾ ਹੀ ਬਿਜਲੀ ਸਪਲਾਈ ਚਾਲੂ ਕਰਨ ਲਈ ਟਰਾਂਸਫਾਰਮਰ, ਪੋਲ ਅਤੇ ਹੋਰ ਦੂਸਰਾ ਸਾਮਾਨ ਹੈ।ਉਨ੍ਹਾਂ ਕਿਹਾ ਕਿ ਖਾਸ ਕਰਕੇ ਨਵਾਂ ਪਿੰਡ ਸਬ ਡਵੀਜ਼ਨ ਅੰਦਰ ਤਾਂ ਮਹਿਕਮੇ ਕੋਲ ਪ੍ਰਭਾਵਿਤ ਟਿਊਬਵੈਲ ਖਪਤਕਾਰਾਂ ਨੂੰ ਲੋੜੀਂਦੇ ਬਿਜਲੀ ਦੇ ਪੋਲ ਵੀ ਨਹੀਂ ਦਿੱਤੇ ਗਏ ਜਿਸ ਕਾਰਨ ਇਸ ਔਖੀ ਘੜੀ ਅੰਦਰ ਖਪਤਕਾਰ ਆਪਣੇ ਤੌਰ 'ਤੇ ਪ੍ਰਾਈਵੇਟ ਠੇਕੇਦਾਰਾਂ ਰਾਹੀਂ ਬਿਜਲੀ ਸਪਲਾਈ ਚਾਲੂ ਕਰਨ ਲਈ ਲੱਗੇ ਹੋਏ ਹਨ।ਕਿਸਾਨਾਂ ਵਲੋਂ ਮਹਿੰਗੇ ਭਾਅ ਤੇ ਡੀਜਲ ਬਾਲਕੇ ਜਨਰੇਟਰਾਂ ਰਾਹੀਂ ਆਪਣੀ ਫਸਲ ਬਚਾਉਣ ਲਈ ਜੱਦੋ ਜਹਿਦ ਕਰਨੀ ਪੈ ਰਹੀ ਹੈ।ਬਿਜਲੀ ਮਹਿਕਮੇ ਕੋਲ ਲੋੜੀਂਦੀ ਮਾਤਰਾ ਵਿੱਚ ਸਪਲਾਈ ਬਹਾਲ ਕਰਨ ਲਈ ਸਮਾਨ ਦੀ ਸਪਲਾਈ ਨਾ ਹੋਣਾ ਮਹਿਕਮੇ ਦੀ ਤਰਸਯੋਗ ਹਾਲਤ ਬਿਆਨ ਕਰਦਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਮਹਿਕਮੇ ਨੇ ਤੁਰੰਤ ਸਪਲਾਈ ਬਹਾਲ ਨਾ ਕੀਤੀ ਤਾਂ ਜਥੇਬੰਦੀ ਕੱਲ ਨੂੰ ਵੱਡਾ ਐਕਸ਼ਨ ਲਵੇਗੀ, ਜਿਸ ਲਈ ਜ਼ੁੰਮੇਵਾਰੀ ਬਿਜਲੀ ਬੋਰਡ ਦੇ ਸਬੰਧਤ ਅਧਿਕਾਰੀਆਂ ਅਤੇ ਪੰਜਾਬ ਸਰਕਾਰ ਦੀ ਹੋਵੇਗੀ।ਇਸ ਸਮੇਂ ਕਿਸਾਨ ਆਗੂ ਕਰਨੈਲ ਸਿੰਘ ਨਵਾਂ ਪਿੰਡ, ਗੁਰਮੇਜ ਸਿੰਘ ਮੱਖਣਵਿੰਡੀ, ਧਰਮਿੰਦਰ ਸਿੰਘ ਕਿਲਾ, ਹਰਜੀਤ ਸਿੰਘ ਨਿਜਾਮਪੁਰ, ਰਾਜਬੀਰ ਸਿੰਘ ਫਤਿਹਪੁਰ ਰਾਜਪੂਤਾਂ, ਪ੍ਰਤਾਪ ਸਿੰਘ ਛੀਨਾ, ਮਹਿਲ ਸਿੰਘ ਛਾਪਾ, ਬਲਦੇਵ ਸਿੰਘ ਮੀਰਾਂ ਚੱਕ, ਜੱਸਵਿੰਦਰ ਸਿੰਘ, ਜਸਪਾਲ ਸਿੰਘ ਨਬੀਪੁਰ,ਨਰਿੰਦਰ ਸਿੰਘ ਸੈਦੋਲੇਲ, ਕੰਵਲਜੀਤ ਸਿੰਘ ਮਾਲੋਵਾਲ, ਦਿਲਬਾਗ ਸਿੰਘ ਦਸ਼ਮੇਸ਼ਨਗਰ, ਅਵਤਾਰ ਸਿੰਘ ਵਡਾਲਾ ਜੌਹਲ, ਸਵਿੰਦਰ ਸਿੰਘ ਦੇਵੀਦਾਸਪੁਰ, ਪਿਆਰਾ ਸਿੰਘ ਧਾਰੜ ਅਤੇ ਗੁਰਮੁਖ ਸਿੰਘ ਗਿੱਲ ਹਾਜ਼ਰ ਸਨ।

# ਵਿਕਾਸ ਕਾਰਜਾਂ 'ਚ ਵਰਤੇ ਜਾ ਰਹੇ ਘਟੀਆ ਮਟੀਰੀਅਲ ਕਰਕੇ ਸਥਾਨਕ ਬਜ਼ਾਰ ਦੇ ਲੋਕਾਂ 'ਚ ਰੋਸ

ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)-ਬਾਬਾ ਬਕਾਲਾ ਸਾਹਿਬ ਦੇ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਵੱਲੋਂ ਕਰੋੜਾਂ ਰੁਪਏ ਦੇ ਫੰਡ ਜਾਰੀ ਕੀਤੇ ਗਏ ਹਨ ਪਰ ਅਫਸੋਸ ਹੈ ਕਿ ਵਿਕਾਸ ਕਾਰਜ ਬਹੁਤ ਹੀ ਧੀਮੀ ਗਤੀ ਨਾਲ ਚੱਲ ਰਹੇ ਹਨ ਜਿਸ ਨਾਲ ਦੁਕਾਨਦਾਰਾਂ ਨੂੰ ਅਤੇ ਦਰਸ਼ਨ ਕਰਨ ਆਉਣ ਵਾਲੀ ਸੰਗਤਾਂ ਨੂੰ ਵੱਡੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਮਾਜ ਸੇਵੀ ਸੂਬੇਦਾਰ ਹਰਜੀਤ ਸਿੰਘ ਬਾਬਾ ਬਕਾਲਾ (ਜ਼ਿਲ੍ਹਾ ਪ੍ਰਧਾਨ ਸਾਬਕਾ ਸੈਨਿਕ ਵਿੰਗ) ਨੇ ਪੱਤਰਕਾਰਾਂ ਨਾਲ ਨਾਲ਼ ਗੱਲਬਾਤ ਕਰਦੇ ਹੋਏ ਕੀਤਾ ।



ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਗੂੜ੍ਹੀ ਨੀਂਦ ਸੁੱਤਾ ਪਿਆ ਹੈ ।ਮੇਨ ਬਾਜ਼ਾਰ ਵਿੱਚ ਇਹ ਪਤਾ ਨਹੀਂ ਚੱਲ ਰਿਹਾ ਕਿ ਵਿਕਾਸ ਹੋ ਰਿਹਾ ਹੈ ਜਾਂ ਵਿਨਾਸ਼ ਹੋ ਰਿਹਾ ਹੈ, ਜਾਣਬੁੱਝ ਕੇ ਲੋਕਾਂ ਨੂੰ ਪ੍ਰੇਸ਼ਾਨ ਕਰਨ ਕਰਕੇ ਧੀਮੀ ਗਤੀ ਨਾਲ ਕੰਮ ਚੱਲ ਰਿਹਾ ਹੈ।ਉਨ੍ਹਾਂ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਗੁਰੂ ਬਾਜ਼ਾਰ ਬਾਬਾ ਬਕਾਲਾ ਸਾਹਿਬ ਦੇ ਵਿਕਾਸ ਕਾਰਜਾਂ ਵਿੱਚ ਵਰਤੇ ਜਾਣ ਵਾਲੇ ਘਟੀਆ ਸਾਮਾਨ ਦੀ ਗਹਿਰਾਈ ਨਾਲ ਜਾਂਚ ਕੀਤੀ ਜਾਵੇ ਤਾਂ ਕਿ ਸਰਕਾਰ ਵਲੋਂ ਭੇਜੇ ਗਏ ਫੰਡ ਦੀ ਸਹੀ ਢੰਗ ਨਾਲ ਵਰਤੋਂ ਹੋ ਸਕੇ ।ਉਨ੍ਹਾਂ ਕਿਹਾ ਕਿ ਜਦੋਂ ਵੀ ਨਗਰ ਪੰਚਾਇਤ ਬਾਬਾ ਬਕਾਲਾ ਸਾਹਿਬ ਦੇ ਦਫਤਰ ਵਿਖੇ ਮੀਟਿੰਗ ਹੁੰਦੀ ਸੀ ਤਾਂ ਕਮੇਟੀ ਵੱਲੋਂ ਇਹ ਭਰੋਸਾ ਦਿੱਤਾ ਜਾਂਦਾ ਰਿਹਾ ਹੈ ਕਿ ਬਾਬਾ ਬਕਾਲਾ ਸਾਹਿਬ ਵਿਖੇ ਜੋ ਇੰਟਰਲਾਕ ਟਾਈਲ ਲੱਗੇਗੀ ਉਹ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਰਗੀ ਹੋਵੇਗੀ, ਪਰ ਅਫਸੋਸ ਅੱਜ ਮਕਾਨਾਂ ਨੂੰ ਲਗਾਉਣ ਵਾਲੀ ਇੱਟ ਲਗਾਈ ਜਾ ਰਹੀ ਹੈ, ਸੋ ਪ੍ਰਸ਼ਾਸਨ ਨੂੰ ਬੇਨਤੀ ਹੈ ਕਿ ਦਫਤਰਾਂ 'ਚੋਂ ਬਾਹਰ ਨਿਕਲ ਕੇ ਆ ਕੇ ਦੇਖੇ ਕਿ ਕਿੰਝ ਗੁਰੂ ਦੀ ਨਗਰੀ 'ਚ ਘਟੀਆ ਮਟੀਰੀਅਲ ਵਰਤਿਆ ਜਾ ਰਿਹਾ ਹੈ ।

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਸਜਾਇਆ ਨਗਰ ਕੀਰਤਨ

ਧਾਰੀਵਾਲ (ਮਨਦੀਪ ਵਿੱਕੀ)-ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਧਾਰੀਵਾਲ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਧਾਰਮਿਕ ਜਥੇਬੰਦੀਆਂ ਦੇ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਤੋਂ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਸ਼ਹੀਦੀ ਨਗਰ ਕੀਰਤਨ ਕੱਢਿਆ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਤੋਂ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਆਰੰਭ ਹੋਇਆ ਅਤੇ ਅਰੰਭਿਤਾ ਅਰਦਾਸ ਭਾਈ ਜਸਵਿੰਦਰ ਸਿੰਘ ਕਲੇਰ ਨੇ ਕੀਤੀ।



ਨਗਰ ਕੀਰਤਨ ਗੁਰਦੁਆਰਾ ਅਰੰਭ ਹੋ ਕੇ ਪਿੰਡ ਅਹਿਮਦਾਬਾਦ, ਦਾਣਾ ਮੰਡੀ ਧਾਰੀਵਾਲ, ਨਵੀਂ ਆਬਾਦੀ, ਬੱਸ ਸਟੈਂਡ, ਸ਼ਹਿਰ ਵਿੱਚ ਨਹਿਰ ਦੇ ਪੁੱਲ ਤੋਂ ਨਹਿਰ ਪਟੜੀ ਰਾਹੀਂ ਪੁਰਾਣਾ ਧਾਰੀਵਾਲ ਤੋਂ ਹੁੰਦਾ ਹੋਇਆ ਮੁੜ ਵਾਪਿਸ ਗੁਰਦੁਆਰਾ ਸਾਹਿਬ ਪਹੁੰਚ ਕੇ ਸੰਪੂਰਨਤਾ ਅਰਦਾਸ ਕਰਕੇ ਸਮਾਪਤ ਹੋਇਆ।

ਨਗਰ ਕੀਰਤਨ ਦੌਰਾਨ ਰਾਗੀ ਜਥਿਆਂ ਨੇ ਸ਼ਬਦ ਕੀਰਤਨ ਦੁਆਰਾ ਸੰਗਤਾਂ ਨੂੰ ਗੁਰੂ ਚਰਨਾ ਨਾਲ ਜੋੜਿਆ। ਗਤਕਾ ਟੀਮ ਦੇ ਜਥੇਦਾਰ ਪ੍ਰਦੀਪ ਸਿੰਘ ਸੇਵਕ ਸਮੇਤ ਗਤਕਾ ਖਿਡਾਰੀਆਂ ਨੇ ਗਤਕੇ ਦੇ ਆਕਰਸ਼ਕ ਜੌਹਰ ਵਿਖਾਏ। ਨਗਰ ਕੀਰਤਨ ਦਾ ਵੱਖ ਵੱਖ ਥਾਵਾਂ 'ਤੇ ਸ਼ਰਧਾਲੂਆਂ ਸਵਾਗਤ ਕੀਤਾ ਅਤੇ ਸੰਗਤਾਂ ਨੂੰ ਲੰਗਰ, ਫ਼ਲ, ਸਰਦਾਈ ਅਤੇ ਠੰਡੇ ਮਿੱਠਾ ਜਲ ਵਰਤਾਇਆ ਗਿਆ। ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਡਾ. ਗੁਰਜਿੰਦਰ ਸਿੰਘ ਨੇ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਬਾਰੇ ਚਾਨਣਾ ਪਾਉਂਦਿਆਂ ਸੰਗਤਾਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦੀ ਅਪੀਲ ਕੀਤੀ।

ਇਸ ਮੌਕੇ ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਬਾਬਾ ਜੋਗਾ ਸਿੰਘ ਕਾਰ ਸੇਵਾ ਵਾਲੇ, ਬਾਬਾ ਗੁਰਦੇਵ ਸਿੰਘ ਕਲਿਆਣਪੁਰ, ਕੁਲਦੀਪ ਸਿੰਘ ਪਟਵਾਰੀ, ਡਾ. ਰਣਜੀਤ ਸਿੰਘ, ਸਮਾਜਸੇਵੀ ਦਲਬੀਰ ਸਿੰਘ ਚਾਹਲ, ਮੈਨੇਜਰ ਸੁਰਜੀਤ ਸਿੰਘ ਚਾਹਲ, ਸੰਦੀਪ ਸਿੰਘ ਜਫਰਵਾਲ, ਹਰਭਜਨ ਸਿੰਘ ਭਾਟੀਆ ਦੁੱਲੂਆਣਾ, ਕੁਲਬੀਰ ਸਿੰਘ ਰਿਆੜ, ਲਖਵਿੰਦਰ ਸਿੰਘ ਪੰਨੂੰ, ਗੁਰਜੀਤ ਸਿੰਘ ਲੇਹਲ, ਦਲਜੀਤ ਸਿੰਘ ਛੋਟੇਪੁਰ, ਅਮਰੀਕ ਸਿੰਘ ਖਹਿਰਾ, ਸਵਰਨਜੀਤ ਸਿੰਘ ਕਲੇਰ, ਗੁਰਮੇਜ ਸਿੰਘ, ਕੁਲਵੰਤ ਸਿੰਘ, ਪਲਵਿੰਦਰ ਸਿੰਘ ਤੇਜਾ ਆਦਿ ਸੇਵਾਦਾਰਾਂ ਸਮੇਤ ਇਲਾਕੇ ਦੀਆਂ ਸੰਗਤਾਂ ਸ਼ਾਮਲ ਸਨ।

# ਤਰੁਣ ਚੁੱਘ ਨੇ ਵ੍ਰਿੰਦਾਵਨ 'ਚ ਕੀਤੇ ਬਾਂਕੇ ਬਿਹਾਰੀ ਦੇ ਦਰਸ਼ਨ

ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਆਪਣੇ ਪਰਿਵਾਰ ਸਮੇਤ ਐਤਵਾਰ ਨੂੰ ਵ੍ਰਿੰਦਾਵਨ ਧਾਮ ਵਿਚ ਸ੍ਰੀ ਬਾਂਕੇ ਬਿਹਾਰੀ ਜੀ ਮਹਾਰਾਜ ਦੇ ਦਰਸ਼ਨ ਕੀਤੇ। ਇਸ ਮੌਕੇ ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਚੰਗੀ ਸਿਹਤ, ਲੰਬੀ ਉਮਰ ਤੇ ਸਫ਼ਲ ਅਗਵਾਈ ਲਈ ਵਿਸ਼ੇਸ਼ ਪ੍ਰਾਰਥਨਾ ਕੀਤੀ। ਚੁੱਘ ਨੇ ਦੇਸ਼ ਦੀ ਏਕਤਾ, ਅਖੰਡਤਾ ਤੇ ਤਰੱਕੀ ਲਈ ਪ੍ਰਾਰਥਨਾ ਕੀਤੀ। ਵ੍ਰਿੰਦਾਵਨ ਵਿਚ ਉਹ ਵੱਖ-ਵੱਖ ਸਾਧੂ-ਸੰਤਾਂ ਨੂੰ ਮਿਲੇ ਅਤੇ



ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਤੇ ਸਤਿਸੰਗ ਦਾ ਲਾਭ ਵੀ ਉਠਾਇਆ। ਉਹ ਕਥਾਵਾਚਕ ਬ੍ਰਹਮਾਲੀਨ ਬਿੰਦੂਪਦ ਮਹਾਰਾਜ ਦੇ ਆਸ਼ਰਮ ਪੁੱਜੇ ਤੇ ਬ੍ਰਹਮਾਲੀਨ ਗੋਸਵਾਮੀ ਬਾਲਕ ਰਾਮ ਸ਼ਰਨ ਨੂੰ ਸ਼ਰਧਾਂਜਲੀ ਭੇਟ ਕੀਤੀ।

# 'ਮੇਰਾ ਘਰ ਮੇਰੀ ਰਸੋਈ' ਯੋਜਨਾ ਤਹਿਤ ਰਾਸ਼ਨ ਕਿੱਟਾਂ ਵੰਡੀਆਂ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਵਰਗ, ਖਾਸ ਕਰਕੇ ਗ਼ਰੀਬ ਵਰਗ ਦਾ ਖਾਸ ਧਿਆਨ ਰੱਖ ਰਹੀ ਹੈ।ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਲਈ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ



ਕਰਦਿਆਂ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ ਦੀ ਅਗਵਾਈ ਹੇਠ ਪਿੰਡ ਦੋਦੇ ਦੇ ਆਮ ਆਦਮੀ ਪਾਰਟੀ ਆਗੂ ਹੈਪੀ ਗਿੱਲ ਦੋਦੇ ਨੇ ਪੰਜਾਬ ਸਰਕਾਰ ਦੀ ਮੇਰਾ ਘਰ ਮੇਰੀ ਰਸੋਈ ਯੋਜਨਾ ਤਹਿਤ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਹਰਪ੍ਰੀਤ ਸਿੰਘ ਹੈਪੀ, ਸਾਬਕਾ ਸਰਪੰਚ ਮੁਖਤਾਰ ਸਿੰਘ, ਮੈਂਬਰ ਕੁਲਵੰਤ ਸਿੰਘ, ਮੈਂਬਰ ਮੇਜਰ ਸਿੰਘ ਡਿੱਪੂ ਹੋਲਡਰ, ਮੈਂਬਰ ਮਨਜੀਤ ਸਿੰਘ, ਮੈਂਬਰ ਲਖਵਿੰਦਰ ਸਿੰਘ, ਮੈਂਬਰ ਗੁਰਬੇਜ ਸਿੰਘ, ਇੰਦਰਜੀਤ ਗਿੱਲ, ਗੋਰਾ ਦੋਦੇ, ਰਾਜੂ ਦੋਦੇ, ਸ਼ੁਭ ਗਿੱਲ ਅਤੇ ਯਾਦ ਗਿੱਲ ਹਾਜ਼ਰ ਸਨ।

# ਗੁ. ਟਾਹਲੀ ਸਾਹਿਬ ਨੇੜਿਓਂ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕ ਫਤਿਹਗੜ੍ਹ ਚੂੜੀਆਂ ਰੋਡ 'ਤੇ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਟਾਹਲੀ ਸਾਹਿਬ ਨੇੜਿਓਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਹੋਇਆਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸਐੱਚਓ ਅਸ਼ੋਕ ਕੁਮਾਰ ਨੇ ਦੱਸਿਆ ਕਿ ਮ੍ਰਿਤਕ ਦੀ ਉਮਰ 50-52 ਸਾਲ ਦੇ ਕਰੀਬ ਹੈ ਜਿਸ ਨੇ ਨਿੱਕਰ ਤੇ ਕਮੀਜ਼ ਪਹਿਨੀ ਹੋਈ ਹੈ, ਜਿਸ ਦੀ ਅਜੇ ਤੱਕ ਪਹਿਚਾਣ ਨਹੀਂ ਹੋ ਸਕੀ।ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਪਹਿਚਾਨ ਲਈ ਉਸਦੀ ਲਾਸ਼ ਨੂੰ 72 ਘੰਟਿਆਂ ਵਾਸਤੇ



ਸਰਕਾਰੀ ਹਸਪਤਾਲ ਦੇ ਮ੍ਰਿਤਕ ਘਰ ਵਿਖੇ ਰੱਖਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਜੇ ਕੋਈ ਮ੍ਰਿਤਕ ਵਿਅਕਤੀ ਬਾਰੇ ਜਾਣਦਾ ਹੋਵੇ ਤਾਂ ਉਹ ਡੇਰਾ ਬਾਬਾ ਨਾਨਕ ਪੁਲਸ ਨਾਲ ਸੰਪਰਕ ਕਰੇ।

# ਰਸੂਲਪੁਰ ਕਲਾਂ ਦੇ ਦੁਕਾਨਦਾਰਾਂ ਨੇ ਛਬੀਲ ਲਗਾਈ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਰਸੂਲਪੁਰ ਕਲਾਂ ਦੇ ਸਮੂਹ ਦੁਕਾਨਦਾਰਾਂ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਦੌਰਾਨ ਸਮੂਹ



ਦੁਕਾਨਦਾਰਾਂ ਵੱਲੋਂ ਬਹੁਤ ਹੀ ਤਨਦੇਹੀ ਦੇ ਨਾਲ ਸੰਗਤਾਂ ਦੀ ਸੇਵਾ ਕਰਦਿਆਂ ਪਿਆਰ ਸਤਿਕਾਰ ਦੇ ਨਾਲ ਜਲ ਛਕਾਇਆ ਗਿਆ। ਇਸ ਸੇਵਾ ਵਿੱਚ ਬੀਬੀਆਂ ਵੱਲੋਂ ਬਹੁਤ ਹੀ ਸਹਿਯੋਗ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਦੇਵ ਸਿੰਘ ਫ਼ੌਜੀ, ਮਨਪ੍ਰੀਤ ਸਿੰਘ, ਨਿਸ਼ਾਨ ਸਿੰਘ, ਲਖਵਿੰਦਰ ਸਿੰਘ, ਲਖਬੀਰ ਸਿੰਘ ਅਤੇ ਸਰਬਜੀਤ ਸਿੰਘ ਵੀ ਸੰਗਤਾਂ ਵਿੱਚ ਹਾਜ਼ਰ ਸਨ।

# ਵਿਧਾਇਕ ਨੇ ਮਹਿਲਾ ਸਤਿਕਾਰ ਸਖੀਆਂ ਨੂੰ ਰਜਿਸਟ੍ਰੇਸ਼ਨ ਮੁਹਿੰਮ ਤੇਜ਼ ਕਰਨ ਦੀ ਕੀਤੀ ਅਪੀਲ

ਜ਼ੀਰਕਪੁਰ (ਵਿਨੈ ਕੁਮਾਰ ਜੈਨ)-ਪੰਜਾਬ ਸਰਕਾਰ ਦੀ ਲੋਕ ਭਲਾਈ ਯੋਜਨਾ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਵੱਧ ਤੋਂ ਵੱਧ ਯੋਗ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਲਈ ਹਲਕਾ ਵਿਧਾਇਕ ਕੁਲਜੀਤ ਸਿੰਘ



ਰੰਧਾਵਾ ਨੇ ਜ਼ੀਰਕਪੁਰ ਵਿਖੇ ਚੱਲ ਰਹੀ ਮਹਿਲਾ ਸਤਿਕਾਰ ਸਖੀਆਂ ਦੀ ਟ੍ਰੇਨਿੰਗ ਵਿੱਚ ਸ਼ਮੂਲੀਅਤ ਕਰਦਿਆਂ ਉਨ੍ਹਾਂ ਨੂੰ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਹੋਰ ਤੇਜ਼ੀ ਲਿਆਉਣ ਦੀ ਅਪੀਲ ਕੀਤੀ।

ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 1 ਜੁਲਾਈ ਤੋਂ ਯੋਜਨਾ ਦੇ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਜਾਰੀ ਕੀਤੀ ਜਾਵੇਗੀ। ਇਸ ਲਈ ਇਹ ਯਕੀਨੀ ਬਣਾਇਆ ਜਾਵੇ ਕਿ ਹਲਕਾ ਡੇਰਾਬੱਸੀ ਦੀ ਕੋਈ ਵੀ ਯੋਗ ਮਹਿਲਾ ਇਸ ਯੋਜਨਾ ਦੇ ਲਾਭ ਤੋਂ ਵਾਂਝੀ ਨਾ ਰਹੇ। ਉਨ੍ਹਾਂ ਕਿਹਾ ਕਿ ਯੋਜਨਾ ਤਹਿਤ ਹਰ ਯੋਗ ਮਹਿਲਾ ਨੂੰ ਪ੍ਰਤੀ ਮਹੀਨਾ 1000 ਰੁਪਏ ਅਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।ਟ੍ਰੇਨਿੰਗ ਦੌਰਾਨ ਵਿਧਾਇਕ ਰੰਧਾਵਾ ਨੇ ਮਹਿਲਾ ਸਤਿਕਾਰ ਸਖੀਆਂ ਨੂੰ ਘਰ-ਘਰ ਜਾ ਕੇ ਯੋਗ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਕਰਨ, ਆਧਾਰ ਕਾਰਡ ਲਿੰਕ ਕਰਵਾਉਣ, ਬੈਂਕ ਖਾਤਿਆਂ ਦੀ ਜਾਣਕਾਰੀ ਅਪਡੇਟ ਕਰਵਾਉਣ, ਵੋਟਰ ਕਾਰਡ ਦੀ ਪੁਸ਼ਟੀ ਅਤੇ ਲੋੜੀਂਦੇ ਦਸਤਾਵੇਜ਼ਾਂ ਦੀ ਤਿਆਰੀ ਵਿੱਚ ਸਹਾਇਤਾ ਕਰਨ ਲਈ ਪ੍ਰੇਰਿਤ ਕੀਤਾ।

# ਸਕੋਡਾ ਆਟੋ ਵੱਲੋਂ ਨਵੀਂ ਕੋਡੀਆਕ ਆਰ ਐੱਸ ਐੱਸ ਯੂ ਵੀ ਦੀ ਸ਼ੁਰੂਆਤ

ਜਲੰਧਰ-ਸਕੋਡਾ ਆਟੋ ਇੰਡੀਆ ਨਵੀਂ ਕੋਡੀਆਕ ਆਰਐੱਸ ਨਾਲ ਆਪਣੀ ਉੱਚ-ਪ੍ਰਦਰਸ਼ਨ ਵਾਲੀ ਆਰਐੱਸ ਰੇਂਜ ਨੂੰ ਹੋਰ ਮਜ਼ਬੂਤ ਕਰ ਰਹੀ ਹੈ।50 ਸਾਲਾਂ ਤੋਂ ਵੱਧ ਆਰਐੱਸ ਵਿਰਾਸਤ ਅਤੇ 125 ਸਾਲਾਂ ਤੋਂ ਵੱਧ ਮੋਟਰਸਪੋਰਟ ਇਤਿਹਾਸ ਤੇ ਨਿਰਮਾਣ ਕਰਦੇ ਹੋਏ, ਇਹ ਨਵਾਂ ਮਾਡਲ ਬ੍ਰਾਂਡ ਦੀ ਪ੍ਰਦਰਸ਼ਨ-ਅਧਾਰਿਤ ਪਛਾਣ ਨੂੰ ਹੋਰ ਮਜ਼ਬੂਤ ਕਰਦਾ ਹੈ।22 ਜੂਨ ਤੋਂ ਬੁਕਿੰਗ ਲਈ ਉਪਲਬਧ, ਕੋਡੀਆਕ ਆਰਐੱਸ ਸ਼ਕਤੀਸ਼ਾਲੀ ਪ੍ਰਦਰਸ਼ਨ, ਸ਼ਾਨਦਾਰ ਮੋਟਰਸਪੋਰਟ ਚਰਿੱਤਰ, ਸੱਤ-ਸੀਟਰ ਲਗਜ਼ਰੀਅਸ ਸਪੇਸ ਤੇ ਤਕਨਾਲੋਜੀ ਦੇ ਨਾਲ ਉੱਤਮ ਆਲ-ਟੇਰੇਨ ਸਮਰੱਥਾ ਦਾ ਸੰਪੂਰਨ ਮਿਸ਼ਰਣ ਪੇਸ਼ ਕਰਦਾ ਹੈ।ਇਸ ਐਲਾਨ 'ਤੇ ਟਿੱਪਣੀ ਕਰਦੇ ਹੋਏ ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਆਸ਼ੀਸ਼ ਗੁਪਤਾ ਨੇ ਕਿਹਾ ਕਿ ਆਰਐੱਸ ਬੈਜ 50 ਸਾਲਾਂ ਤੋਂ ਵੱਧ ਸਮੇਂ ਦੀ ਗਲੋਬਲ ਪ੍ਰਦਰਸ਼ਨ ਵਿਰਾਸਤ ਦਾ ਪ੍ਰਤੀਕ ਰਿਹਾ ਹੈ ਅਤੇ ਭਾਰਤ ਵਿੱਚ ਵੀ ਦੋ ਦਹਾਕੇ ਪਹਿਲਾਂ ਲਾਂਚ ਹੋਣ ਤੋਂ ਬਾਅਦ ਤੋਂ ਹੀ ਔਕਟਾਵੀਆ ਆਰਐੱਸ ਨੂੰ ਇੱਕ ਮਜ਼ਬੂਤ ਪ੍ਰਸ਼ੰਸਕ ਫਾਲੋਇੰਗ ਦਾ ਆਨੰਦ ਮਾਣਿਆ ਹੈ।ਪਿਛਲੇ ਸਾਲ ਲਾਂਚ ਕੀਤੀ ਗਈ, ਨਵੀਂ ਔਕਟਾਵੀਆ ਆਰਐੱਸ ਸਿਰਫ 20 ਮਿੰਟਾਂ ਵਿੱਚ ਵਿਕ ਗਈ, ਜਿਸਨੇ ਆਟੋਮੋਬਾਈਲ ਉਤਸ਼ਾਹੀਆਂ ਵਿੱਚ ਇਸਦੀ ਬਹੁਤ ਪ੍ਰਸਿੱਧੀ ਨੂੰ ਸਾਬਤ ਕੀਤਾ।ਹੁਣ ਅਸੀਂ ਕੋਡੀਆਕ ਆਰਐੱਸ ਦੇ ਨਾਲ ਇਸ ਵਿਰਾਸਤ ਤੇ ਨਿਰਮਾਣ ਕਰ ਰਹੇ ਹਾਂ।ਇਹ ਭਾਰਤ ਵਿੱਚ ਵੱਕਾਰੀ ਆਰਐੱਸ ਬੈਜ ਲੈ ਕੇ ਜਾਣ ਵਾਲੀ ਸਾਡੀ ਪਹਿਲੀ ਸੱਤ-ਸੀਟਰ ਹੈ ਅਤੇ ਦੇਸ਼ ਵਿੱਚ ਹੁਣ ਤੱਕ ਦੀ ਸਭ ਤੋਂ ਤੇਜ਼ ਸਕੋਡਾ ਵੀ ਹੈ।ਇਹ ਪ੍ਰਦਰਸ਼ਨ, ਸਪੇਸ ਅਤੇ 4 ਬਾਈ 4 ਸਮਰੱਥਾ ਦੀ ਪੇਸ਼ਕਸ਼ ਕਰਦੀ ਹੈ ਜਿਸਦੀ ਮਜ਼ਬੂਤ ਪਛਾਣ ਸਾਡੀ ਰੇਸਿੰਗ ਵਿਰਾਸਤ ਵਿੱਚ ਜੜੀ ਹੋਈ ਹੈ।

# ਤਹਿਸੀਲ ਕੰਪਲੈਕਸ ਬਾਬਾ ਬਕਾਲਾ ਸਾਹਿਬ ਦੀ ਸਾਫ-ਸਫਾਈ ਸਵਾਲਾਂ ਦੇ ਘੇਰੇ 'ਚ

**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**-ਸੀਨੀਅਰ ਭਾਜਪਾ ਆਗੂ, ਸਾਬਕਾ ਪਾਰਲੀਮਾਨੀ ਸਕੱਤਰ ਤੇ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਨੇ ਤਹਿਸੀਲ ਕੰਪਲੈਕਸ ਬਾਬਾ ਬਕਾਲਾ ਸਾਹਿਬ ਵਿੱਚ ਪੁੱਜ ਕੇ ਤਹਿਸੀਲ ਕੰਪਲੈਕਸ ਵਿੱਚ ਊਣਤਾਈਆਂ 'ਤੇ ਸਵਾਲ ਚੁੱਕੇ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਆਪਣੀਆਂ ਉਪਲੱਬਧੀਆਂ ਗਿਣਾਉਂਦੀ ਹੋਈ ਥੱਕਦੀ ਨਹੀਂ, ਪਰ ਅਸਲੀਅਤ ਕੁਝ ਹੋਰ ਹੈ।ਉਨ੍ਹਾਂ ਕਿਹਾ ਕਿ ਤਹਿਸੀਲ ਕੰਪਲੈਕਸ ਜਿੱਥੇ ਕਿ ਦਫਤਰ ਐੱਸ. ਡੀ. ਐੱਮ., ਤਹਿਸੀਲਦਾਰ, ਨਾਇਬ ਤਹਿਸੀਲਦਾਰ, ਦਫਤਰ ਡੀ. ਐੱਸ. ਪੀ., ਦਫਤਰ ਸੀ. ਡੀ. ਪੀ. ਓ., ਦਫਤਰ ਤਹਿਸੀਲ ਭਲਾਈ ਵਿਭਾਗ, ਪਟਵਾਰਖਾਨਾ, ਸੁਵਿਧਾ ਸੈਂਟਰ, ਸਾਂਝ ਕੇਂਦਰ, ਕਾਨੂੰਗੋ, ਰਜਿਸਟਰਾਰ ਸਹਿਕਾਰੀ ਸਭਾਵਾਂ ਆਦਿ ਸਮੇਤ ਦਰਜਨ ਤੋਂ ਵੱਧ ਸਰਕਾਰੀ ਦਫਤਰ ਮੌਜੂਦ ਹਨ ਅਤੇ ਸਬ ਡਵੀਜ਼ਨ ਨਾਲ ਸੰਬੰਧਤ 150 ਦੇ ਕਰੀਬ ਪਿੰਡਾਂ ਨਾਲ ਸਬੰਧਿਤ ਲੋਕ ਆਪਣੇ ਕੰਮ ਕਰਾਉਣ ਲਈ ਆਉਂਦੇ ਹਨ ਪਰ ਅਫਸੋਸ ਕਿ ਤਹਿਸੀਲ ਕੰਪਲੈਕਸ ਵਿਖੇ ਸਾਫ ਸਫਾਈ ਨਾਂਅ ਦੀ ਚੀਜ਼ ਕਿੱਧਰੇ ਵੀ ਵੇਖਣ ਨੂੰ ਨਹੀਂ ਮਿਲਦੀ ।ਮੁੱਖ ਸੜਕ ਤੋਂ ਤਹਿਸੀਲ ਕੰਪਲੈਕਸ ਨੂੰ ਅੰਦਰ ਜਾਣ



ਵਾਲੀ ਪ੍ਰਮੁੱਖ ਸੜਕ ਅਤੇ ਹੋਰ ਅੰਦਰਲੀਆਂ ਸੜਕਾਂ ਟੁੱਟੀਆਂ ਪਈਆਂ ਹਨ, ਜੋ ਕਿ ਥੋੜ੍ਹਾ ਜਿਹਾ ਮੀਂਹ ਪੈਣ ਕਰਕੇ ਛੱਪੜ ਦਾ ਰੂਪ ਧਾਰਨ ਕਰ ਲੈਂਦੀਆਂ ਹਨ, ਪਟਵਾਰਖਾਨੇ ਦੇ ਨਾਲ ਲੱਗਦੇ ਬਾਥਰੂਮ ਗੰਦਗੀ ਨਾਲ ਭਰੇ ਹਨ, ਪੀਣ ਵਾਲੇ ਪਾਣੀ ਦਾ ਕੋਈ ਵਧੀਆ ਪ੍ਰਬੰਧ ਨਹੀਂ ਹੈ, ਜਿਸ ਕਾਰਨ ਲੋਕਾਂ ਨੂੰ ਵੱਡੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ।ਉਨ੍ਹਾਂ ਇੱਥੇ ਆਪਣੇ ਸਾਥੀਆਂ ਸਮੇਤ ਲੋਕਾਂ ਨੂੰ ਆ ਰਹੀਆਂ ਮੁਸ਼ਕਿਲਾਂ ਸੁਣੀਆਂ ਅਤੇ ਜਲਦ ਤੋਂ ਜਲਦ ਹੱਲ ਕਰਵਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਪ੍ਰਧਾਨ ਰਾਜੇਸ਼ ਟਾਂਗਰੀ, ਪ੍ਰਧਾਨ ਕਰਮ ਸਿੰਘ ਖਿਲਚੀਆਂ, ਯੁਵਾ ਆਗੂ ਬਿਕਰਮਜੀਤ ਸਿੰਘ ਨਰਿੰਜਨਪੁਰ, ਰਛਪਾਲ ਸਿੰਘ ਨਰਿੰਜਨਪੁਰ, ਹਰਪ੍ਰੀਤ ਸਿੰਘ ਹੈਪੀ ਖੱਖ, ਬਲਵਿੰਦਰ ਸਿੰਘ ਭੁੱਲਰ, ਪਿੰਦਰ ਦੌਲੋ ਨੰਗਲ, ਡਿੰਪੀ ਮੀਆਂਵਿੰਡ, ਰਵੀ ਟਪਿਆਲਾ, ਆਦਿ ਤੇ ਹੋਰ ਵਰਕਰ ਹਾਜ਼ਰ ਸਨ ।

# ਖ਼ੂਨਦਾਨ ਕੈਂਪ ਦੌਰਾਨ 65 ਯੂਨਿਟ ਖ਼ੂਨ ਇਕੱਤਰ

ਜਲੰਧਰ (ਸ਼ੈਲੀ ਐਲਬਰਟ)-ਯੁਵਾ ਕਰਮੀ ਸੰਸਥਾ ਪਹਿਲ ਵੱਲੋਂ ਆਪਣੀ ਸਥਾਪਨਾ ਦੇ 30 ਸਾਲ (1996-2026) ਪੂਰੇ ਹੋਣ ਦੇ ਉਪਲੱਖ ਵਿੱਚ ਵਿਸ਼ਵ ਖ਼ੂਨਦਾਨੀ ਦਿਵਸ ਮੌਕੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਜਲੰਧਰ ਅਤੇ ਬਲੱਡ ਬੈਂਕ ਟੀਮ, ਸਿਵਲ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ ਰੈੱਡ ਕਰਾਸ ਭਵਨ ਜਲੰਧਰ ਵਿਖੇ ਸਵੈ-ਇੱਛੁਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਵੈ-ਇੱਛੁਕ ਖ਼ੂਨਦਾਨੀਆਂ ਅਤੇ ਖ਼ੂਨਦਾਨ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦਾ ਸਨਮਾਨ ਵੀ ਕੀਤਾ ਗਿਆ।ਇਹ ਦਿਨ ਪਹਿਲ ਦੇ ਸੰਸਥਾਪਕ ਪ੍ਰੋ. ਲਖਬੀਰ ਸਿੰਘ ਦੇ ਜਨਮ ਦਿਵਸ ਵਜੋਂ ਵੀ ਮਨਾਇਆ ਗਿਆ। ਇਸ ਮੌਕੇ ਉਨ੍ਹਾਂ ਦੇ ਜੀਵਨ, ਵਿਚਾਰਾਂ ਅਤੇ ਸਮਾਜ ਸੇਵਾ ਪ੍ਰਤੀ ਸਮਰਪਣ ਨੂੰ ਯਾਦ ਕੀਤਾ ਗਿਆ। ਪ੍ਰੋ. ਲਖਬੀਰ ਸਿੰਘ ਦੀ ਦੂਰਦਰਸ਼ੀ ਸੋਚ ਅਤੇ ਸਮਾਜਿਕ ਬਦਲਾਅ ਲਈ ਕੀਤੇ ਯਤਨਾਂ ਸਦਕਾ ਹੀ ਪਹਿਲ ਸੰਸਥਾ ਦੀ ਸਥਾਪਨਾ ਹੋਈ ਸੀ।ਪਹਿਲ ਦੀ ਪ੍ਰਧਾਨ ਹਰਵਿੰਦਰ ਕੌਰ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਰਾਹੀਂ ਨੌਜਵਾਨਾਂ ਨੂੰ ਖ਼ੂਨਦਾਨ ਲਈ ਪ੍ਰੇਰਿਤ ਕੀਤਾ ਜਾ ਸਕਦਾ ਹੈ ਤੇ ਸਮਾਜ ਵਿੱਚ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਇਸ ਮੌਕੇ ਸਿਵਲ ਹਸਪਤਾਲ ਜਲੰਧਰ ਦੀ ਬਲੱਡ ਬੈਂਕ ਟੀਮ ਵੱਲੋਂ 65 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।ਨਿਯਮਿਤ ਖ਼ੂਨਦਾਨੀਆਂ ਵਿੱਚ ਹਰਵਿੰਦਰ ਕੌਰ



ਨੇ ਆਪਣਾ 70ਵਾਂ ਖ਼ੂਨਦਾਨ ਕੀਤਾ। ਇਸ ਤੋਂ ਇਲਾਵਾ ਪਹਿਲ ਦੇ ਕਾਰਜਕਾਰੀ ਮੈਂਬਰ ਲਿਆਕਤਬੀਰ ਸਿੰਘ, ਬਾਗੇਸ਼ਵਰ ਸਿੰਘ, ਅਮਿਤ ਕੁਮਾਰ, ਬਿਪਿਨ ਸੁਮਨ ਅਤੇ ਹੋਰ ਕਈ ਸਵੈ-ਇੱਛੁਕ ਖ਼ੂਨਦਾਨੀਆਂ ਨੇ ਵੀ ਖ਼ੂਨਦਾਨ ਕੀਤਾ।

ਇਸ ਮੌਕੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਸੁਰਜੀਤ ਲਾਲ, ਡਾ. ਕੁਸੁਮ ਠਾਕੁਰ (ਬੀ ਟੀ ਓ, ਫੋਰਟਿਸ ਹਸਪਤਾਲ), ਡਾ. ਰੁਪਿੰਦਰ ਕੌਰ (ਸਿਵਲ ਹਸਪਤਾਲ), ਰਿਤੂ ਕੋਛੜ (ਪ੍ਰਾਨਿਕ ਹੀਲਰ), ਸੰਤ ਨਿਰੰਕਾਰੀ ਮੰਡਲ, ਆਗਾਜ਼ ਸੋਸਾਇਟੀ, ਦਿਸ਼ਾਦੀਪ ਸੋਸਾਇਟੀ ਅਤੇ ਮਾਈ ਐੱਫ ਐੱਮ ਦੀ ਟੀਮ ਸਮੇਤ ਹੋਰ ਪਤਵੰਤੇ ਹਾਜ਼ਰ ਸਨ।ਸਮਾਗਮ ਨੂੰ ਕੋਸਮੋ ਹੁੰਡਈ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਜਲੰਧਰ ਅਤੇ ਵੇਰਕਾ ਦਾ ਵਿਸ਼ੇਸ਼ ਸਹਿਯੋਗ ਪ੍ਰਾਪਤ ਹੋਇਆ।

# ਕੌਂਸਲਰ ਵੱਲੋਂ ਇਤਿਹਾਸਕ ਜਿੱਤ 'ਤੇ ਸ਼ੁਕਰਾਨਾ ਕੀਰਤਨ ਦਰਬਾਰ ਤੇ ਧੰਨਵਾਦ ਸਮਾਰੋਹ ਆਯੋਜਿਤ

ਡੇਰਾਬੱਸੀ (ਵਿਨੈ ਕੁਮਾਰ ਜੈਨ)-ਨਗਰ ਕੌਂਸਲ ਡੇਰਾਬੱਸੀ ਦੇ ਵਾਰਡ ਨੰਬਰ 10 ਤੋਂ ਹਾਲ ਹੀ ਵਿੱਚ ਹੋਈਆਂ ਚੋਣਾਂ ਦੌਰਾਨ ਇਤਿਹਾਸਕ ਅਤੇ ਸ਼ਾਨਦਾਰ ਜਿੱਤ ਦਰਜ ਕਰਨ ਵਾਲੇ ਸ਼੍ਰੋਮਣੀ ਅਕਾਲੀ ਦਲ ਦੇ ਨਵ-ਨਿਯੁਕਤ ਕੌਂਸਲਰ ਇੰਜੀਨੀਅਰ ਭੁਪਿੰਦਰ ਸਿੰਘ ਸੈਣੀ (ਸਟੇਟ ਅਵਾਰਡੀ) ਵੱਲੋਂ ਵਾਰਡ ਦੇ ਸਮੂਹ ਸੂਝਵਾਨ ਵੋਟਰਾਂ, ਸਮਰਥਕਾਂ ਅਤੇ ਇਲਾਕਾ ਨਿਵਾਸੀਆਂ ਦੇ ਅਥਾਹ ਸਹਿਯੋਗ ਲਈ ਧੰਨਵਾਦ ਪ੍ਰਗਟ ਕਰਨ ਵਾਸਤੇ ਇੱਕ ਵਿਸ਼ੇਸ਼ ਸ਼ੁਕਰਾਨਾ ਕੀਰਤਨ ਦਰਬਾਰ ਤੇ ਧੰਨਵਾਦ ਸਮਾਰੋਹ ਕਰਵਾਇਆ ਗਿਆ। ਵਾਰਡ ਦੇ ਲੋਕਾਂ ਵੱਲੋਂ ਬਖ਼ਸ਼ੇ ਗਏ ਇਸ ਵੱਡੇ ਮਾਣ ਤੇ ਇਤਿਹਾਸਕ ਫਤਵੇ ਲਈ ਅਕਾਲ ਪੁਰਖ ਦਾ ਸ਼ੁਕਰਾਨਾ ਕਰਨ ਹਿੱਤ ਇਹ ਵਿਸ਼ਾਲ ਧਾਰਮਿਕ ਸਮਾਗਮ ਸਥਾਨਕ ਕਾਮਰੇਡ ਰਤਨ ਸਿੰਘ ਗਰਾਊਂਡ, ਪ੍ਰੀਤ ਨਗਰ ਵਿਖੇ ਬੜੀ ਸ਼ਰਧਾ ਭਾਵਨਾ, ਅਕੀਦਤ ਅਤੇ ਭਾਰੀ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ। ਇਸ ਉੱਚ-ਪੱਧਰੀ ਸਮਾਗਮ ਵਿੱਚ ਹਲਕਾ ਡੇਰਾਬੱਸੀ ਦੇ ਸਾਬਕਾ ਵਿਧਾਇਕ ਅਤੇ ਸੀਨੀਅਰ ਅਕਾਲੀ ਆਗੂ ਐੱਨ ਕੇ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਉਨ੍ਹਾਂ ਤੋਂ ਇਲਾਵਾ ਇਲਾਕੇ ਦੀਆਂ ਵੱਖ-ਵੱਖ ਰਾਜਨੀਤਿਕ, ਸਮਾਜਿਕ, ਵਪਾਰਕ ਅਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਿਰਕਤ ਕਰਕੇ ਨਵੇਂ ਬਣੇ ਕੌਂਸਲਰ ਨੂੰ



ਵਧਾਈਆਂ ਦਿੱਤੀਆਂ। ਇਸ ਸ਼ੁਕਰਾਨਾ ਅਤੇ ਧਾਰਮਿਕ ਸਮਾਗਮ ਦੀ ਸ਼ੁਰੂਆਤ ਸ਼ਾਮ ਵੇਲੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ। ਵਾਰਡ ਨਿਵਾਸੀਆਂ ਨੇ ਪਰਿਵਾਰਾਂ ਸਮੇਤ ਬੈਠ ਕੇ ਬੜੀ ਇਕਾਗਰਤਾ ਨਾਲ ਬਾਣੀ ਦਾ ਸਰਵਣ ਕੀਤਾ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪੈਣ ਉਪਰੰਤ ਇੱਕ ਆਲੌਕਿਕ ਅਤੇ ਵਿਸ਼ੇਸ਼ ਕੀਰਤਨ ਦਰਬਾਰ ਸਜਾਇਆ ਗਿਆ। ਇਸ ਦੌਰਾਨ ਚੰਡੀਗੜ੍ਹ ਵਾਲੇ ਪ੍ਰਸਿੱਧ ਅਤੇ ਪੰਥਕ ਰਾਗੀ ਭਾਈ ਲਖਵਿੰਦਰ ਸਿੰਘ ਦੇ ਜੱਥੇ ਵੱਲੋਂ ਗੁਰਬਾਣੀ ਦਾ ਰਸਭਿੰਨਾ ਅਤੇ ਮਨੋਹਰ ਕੀਰਤਨ ਕਰਕੇ ਪੰਡਾਲ ਵਿੱਚ ਮੌਜੂਦ ਸਮੂਹ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਗੁਰਬਾਣੀ ਦੇ ਇਲਾਹੀ ਕੀਰਤਨ ਅਤੇ ਧੁਨਾਂ ਨੇ ਪੂਰੇ ਮਾਹੌਲ ਨੂੰ ਅਧਿਆਤਮਿਕ ਤੇ ਪ੍ਰਭੂ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ।ਕੀਰਤਨ ਦੀ ਸਮਾਪਤੀ ਤੋਂ ਬਾਅਦ ਵਾਰਡ ਦੀ ਚੜ੍ਹਦੀ ਕਲਾ, ਆਪਸੀ ਭਾਈਚਾਰੇ ਅਤੇ ਇਲਾਕੇ ਦੀ ਤਰੱਕੀ ਲਈ ਵਾਹਿਗੁਰੂ ਦੇ ਚਰਨਾਂ ਵਿੱਚ ਸ਼ੁਕਰਾਨੇ ਦੀ ਅਰਦਾਸ ਕੀਤੀ ਗਈ। ਇਸ ਮੁਕੱਦਸ ਮੌਕੇ 'ਤੇ ਸੰਗਤਾਂ ਲਈ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਸਮਾਗਮ ਦੇ ਦੂਜੇ ਪੜਾਅ ਵਿੱਚ ਧੰਨਵਾਦ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਚੋਣਾਂ ਦੌਰਾਨ ਪਾਰਟੀ ਲਈ ਦਿਨ-ਰਾਤ ਇੱਕ ਕਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਦੀ ਟਿਕਟ 'ਤੇ ਵੱਡੀ ਜਿੱਤ ਹਾਸਲ ਕਰਨ ਵਾਲੇ ਕੌਂਸਲਰ ਭੁਪਿੰਦਰ ਸਿੰਘ ਸੈਣੀ ਨੇ ਵਾਰਡ ਦੇ ਲੋਕਾਂ ਵੱਲੋਂ ਉਨ੍ਹਾਂ ਦੀ ਸ਼ਖ਼ਸੀਅਤ ਅਤੇ ਕਾਰਜਸ਼ੈਲੀ 'ਤੇ ਜਤਾਏ ਗਏ ਅਥਾਹ ਭਰੋਸੇ ਲਈ ਸਾਰਿਆਂ ਦਾ ਸਿਰ ਝੁਕਾ ਕੇ ਦਿਲੋਂ ਧੰਨਵਾਦ ਕੀਤਾ।

ਉਨ੍ਹਾਂ ਨੇ ਚੋਣ ਪ੍ਰਚਾਰ ਦੌਰਾਨ ਮੂਹਰਲੀ ਕਤਾਰ ਵਿੱਚ ਰਹਿ ਕੇ ਦਿਨ-ਰਾਤ ਮਿਹਨਤ ਕਰਨ ਵਾਲੇ ਵਾਰਡ ਦੇ 50 ਤੋਂ ਵੱਧ ਸਰਗਰਮ ਵਲੰਟੀਅਰਾਂ ਨੂੰ ਸਨਮਾਨਤ ਕਰਦਿਆਂ ਸਾਰਿਆਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕੀਤੇ। ਇਕੱਠੇ ਹੋਏ ਭਾਰੀ ਜਨਸਮੂਹ ਅਤੇ ਹਲਕਾ ਨਿਵਾਸੀਆਂ ਨੂੰ ਬੇਹੱਦ ਭਾਵੁਕ ਹੁੰਦਿਆਂ ਸੰਬੋਧਨ ਕਰਦਿਆਂ ਕੌਂਸਲਰ ਭੁਪਿੰਦਰ ਸਿੰਘ ਸੈਣੀ ਨੇ ਦੱਸਿਆ ਕਿ ਇਹ ਧਾਰਮਿਕ ਸਮਾਗਮ ਉਨ੍ਹਾਂ ਨੇ ਆਪਣੀ ਪੂਜਨੀਕ ਮਾਤਾ ਸਵਰਗੀ ਜਗੀਰ ਕੌਰ ਦੀ ਨਿੱਘੀ ਯਾਦ ਨੂੰ ਸਮਰਪਿਤ ਕਰਵਾਇਆ ਹੈ, ਜਿਨ੍ਹਾਂ ਦੇ ਆਸ਼ੀਰਵਾਦ ਸਦਕਾ ਉਹ ਅੱਜ ਜਨਤਾ ਦੀ ਸੇਵਾ ਕਰਨ ਦੇ ਯੋਗ ਹੋਏ ਹਨ।

# ਸੈਲੀਬ੍ਰੇਸ਼ਨ ਮਾਲ ਤੋਂ ਫੋਰ ਐੱਸ ਚੌਕ ਤੱਕ ਗੈਰ-ਕਾਨੂੰਨੀ ਕਬਜ਼ੇ ਹਟਾਏ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਿਉਂਸੀਪਲ ਕਾਰਪੋਰੇਸ਼ਨ ਅੰਮ੍ਰਿਤਸਰ ਵੱਲੋਂ ਸੈਲੀਬ੍ਰੇਸ਼ਨ ਮਾਲ ਤੋਂ ਫੋਰ ਐੱਸ ਚੌਕ ਤੱਕ ਲੱਗਣ ਵਾਲੇ ਗੈਰ-ਕਾਨੂੰਨੀ ਸੰਡੇ ਬਾਜ਼ਾਰ ਵਿਰੁੱਧ ਵਿਸ਼ੇਸ਼ ਐਂਟੀ-ਇਨਕਰੋਚਮੈਂਟ ਮੁਹਿੰਮ ਚਲਾਈ ਗਈ।ਇਹ ਮੁਹਿੰਮ ਸਕੱਤਰ-ਕਮ-ਐਸਟੇਟ ਅਫ਼ਸਰ ਸੁਸ਼ਾਂਤ ਭਾਟੀਆ ਦੀ ਅਗਵਾਈ ਹੇਠ ਅਤੇ ਇੰਸਪੈਕਟਰ ਅਮਨ ਸ਼ਰਮਾ ਤੇ ਐਸਟੇਟ ਵਿਭਾਗ ਦੀ ਟੀਮ ਦੀ ਨਿਗਰਾਨੀ ਹੇਠ ਚਲਾਈ ਗਈ।ਇਹ ਕਾਰਵਾਈ ਇਲਾਕੇ ਦੇ ਨਿਵਾਸੀਆਂ, ਕਾਲੋਨੀ ਵੈੱਲਫੇਅਰ ਐਸੋਸੀਏਸ਼ਨਾਂ ਅਤੇ ਆਮ ਜਨਤਾ ਵੱਲੋਂ ਮਿਲੀਆਂ ਕਈ ਸ਼ਿਕਾਇਤਾਂ ਦੇ ਆਧਾਰ 'ਤੇ ਕੀਤੀ ਗਈ।ਸ਼ਿਕਾਇਤਾਂ ਵਿੱਚ ਦੱਸਿਆ ਗਿਆ ਸੀ ਕਿ ਗੈਰ-ਕਾਨੂੰਨੀ ਸੰਡੇ ਬਾਜ਼ਾਰ ਕਾਰਨ ਟ੍ਰੈਫਿਕ ਦੀ ਆਵਾਜਾਈ ਵਿੱਚ ਰੁਕਾਵਟ ਪੈਦਾ ਹੋ ਰਹੀ ਹੈ, ਪੈਦਲ ਯਾਤਰੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਆਮ ਲੋਕਾਂ ਨੂੰ ਭਾਰੀ ਅਸੁਵਿਧਾ ਹੋ ਰਹੀ ਹੈ।ਸੜਕਾਂ ਅਤੇ ਫੁੱਟਪਾਥਾਂ ਉੱਤੇ ਕੀਤੇ ਗਏ ਕਬਜ਼ਿਆਂ ਕਾਰਨ ਟ੍ਰੈਫਿਕ ਜਾਮ ਦੀ ਸਥਿਤੀ ਬਣ ਰਹੀ



ਸੀ।ਮੁਹਿੰਮ ਦੌਰਾਨ ਸੜਕਾਂ ਅਤੇ ਫੁੱਟਪਾਥਾਂ ਉਤੇ ਕੀਤੇ ਗਏ ਗੈਰ-ਕਾਨੂੰਨੀ ਕਬਜ਼ੇ ਅਤੇ ਬਿਨਾਂ ਮਨਜ਼ੂਰੀ ਲੱਗੀਆਂ ਰੇਹੜੀਆਂ-ਫੜ੍ਹੀਆਂ ਨੂੰ ਹਟਾਇਆ ਗਿਆ।ਵਿਕਰੇਤਾਵਾਂ ਨੂੰ ਚੇਤਾਵਨੀ ਦਿੱਤੀ ਗਈ ਕਿ ਉਹ ਭਵਿੱਖ ਵਿੱਚ ਬਿਨਾਂ ਮਨਜ਼ੂਰੀ ਜਨਤਕ ਥਾਵਾਂ 'ਤੇ ਆਪਣਾ ਕਾਰੋਬਾਰ ਨਾ ਕਰਨ, ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਨਗਰ ਨਿਗਮ ਜਨਤਕ ਸੜਕਾਂ, ਫੁੱਟਪਾਥਾਂ ਅਤੇ ਹੋਰ ਜਨਤਕ ਥਾਵਾਂ ਨੂੰ ਕਬਜ਼ਾ-ਮੁਕਤ ਰੱਖਣ ਲਈ ਵਚਨਬੱਧ ਹੈ ਤਾਂ ਜੋ ਸ਼ਹਿਰ ਵਾਸੀਆਂ ਨੂੰ ਸੁਚਾਰੂ ਅਤੇ ਸੁਰੱਖਿਅਤ ਆਵਾਜਾਈ ਦੀ ਸਹੂਲਤ ਮਿਲ ਸਕੇ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਮੁਹਿੰਮਾਂ ਭਵਿੱਖ ਵਿੱਚ ਵੀ ਨਿਯਮਿਤ ਤੌਰ 'ਤੇ ਜਾਰੀ ਰਹਿਣਗੀਆਂ।ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਨੇ ਸ਼ਹਿਰ ਵਾਸੀਆਂ ਅਤੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਜਨਤਕ ਥਾਵਾਂ ਉੱਤੇ ਗੈਰ-ਕਾਨੂੰਨੀ ਕਬਜ਼ੇ ਨਾ ਕਰਨ ਅਤੇ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਸੁਚੱਜਾ ਬਣਾਉਣ ਵਿੱਚ ਨਗਰ ਨਿਗਮ ਦਾ ਸਹਿਯੋਗ ਕਰਨ।

### ਮਾਮਲਾ: ਗੁਰਦੁਆਰਾ ਸਾਹਿਬ ਦੇ ਕਮਰੇ ਨੂੰ ਅੱਗ ਲੱਗਣ ਮਗਰੋਂ ਛਿੜੇ ਵਿਵਾਦ ਦਾ

# ਭਾਈ ਵਡਾਲਾ ਤੇ ਪ੍ਰਬੰਧਕ ਕਮੇਟੀ ਵਿਚਕਾਰ ਵਿਵਾਦ ਹੋਰ ਭਖਿਆ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਬੀਤੇ ਦਿਨੀਂ ਗੁਰਦੁਆਰਾ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਪਹੂਵਿੰਡ ਵਿਖੇ ਏਸੀ ਦਾ ਕੰਪਰੈਸਰ ਸੜਨ ਕਾਰਨ ਕਮਰੇ ਨੂੰ ਅੱਗ ਲੱਗਣ ਕਾਰਨ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਭਾਈ ਬਲਦੇਵ ਸਿੰਘ ਵਡਾਲਾ ਦਰਮਿਆਨ ਖੜ੍ਹਾ ਹੋਇਆ ਵਿਵਾਦ ਉਸ ਵੇਲੇ ਹੋਰ ਜ਼ਿਆਦਾ ਭਖ ਗਿਆ ਜਦੋਂ ਭਾਈ ਵਡਾਲਾ ਨੇ ਦੂਜੀ ਵਾਰ ਗੁਰਦੁਆਰਾ ਸਾਹਿਬ ਵਿੱਚ ਪਹੁੰਚ ਕੇ ਪ੍ਰਬੰਧਕ ਕਮੇਟੀ ਤੇ ਘਟਨਾ ਨੂੰ ਦਬਾਉਣ ਦੇ ਇਲਜ਼ਾਮ ਲਗਾਏ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਵਡਾਲਾ ਤੇ ਭਾਈ ਸੁਖਜੀਤ ਸਿੰਘ ਖੋਸਾ ਨੇ ਕਿਹਾ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਮਰੇ ਨੂੰ ਰੰਗ ਕਰਵਾ ਕੇ ਸਬੂਤਾਂ ਨੂੰ ਖੁਰਦ-ਬੁਰਦ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਜੇਕਰ ਅੱਗ ਲੱਗਣ ਕਾਰਨ ਕੋਈ ਵੀ ਬੇਅਬਦੀ ਨਹੀਂ ਹੋਈ ਤਾਂ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪ੍ਰੈੱਸ ਰਾਹੀਂ ਸੰਗਤਾਂ ਸਾਹਮਣੇ ਆਪਣਾ ਪੱਖ ਪੇਸ਼ ਕਰਨਾ ਚਾਹੀਦਾ ਹੈ।ਦੂਜੇ ਪਾਸੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ 10 ਜੂਨ ਨੂੰ ਤੜਕੇ ਕਰੀਬ 1:50 ਕੁ ਵਜੇ ਏਅਰ ਕੰਡੀਸ਼ਨਰ ਦਾ ਕੰਪਰੈਸਰ ਸੜਨ ਕਾਰਨ ਜਿਸ ਕਮਰੇ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਚੱਲ



ਰਿਹਾ ਸੀ, ਨੂੰ ਅੱਗ ਲੱਗ ਗਈ ਸੀ।ਪਰ ਗ੍ਰੰਥੀ ਸਿੰਘਾਂ ਨੇ ਬਿਨਾਂ ਕਿਸੇ ਦੇਰੀ ਤੋਂ ਸੂਝਬੂਝ ਅਤੇ ਮੁਸਤੈਦੀ ਨਾਲ ਕਮਰੇ ਵਿੱਚ ਮੌਜੂਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦੋਵੇਂ ਪਾਵਨ ਸਰੂਪ ਸੁਰੱਖਿਅਤ ਬਾਹਰ ਕੱਢ ਕੇ ਸੁੱਖਆਸਨ ਕਰਵਾ ਦਿੱਤੇ ਸਨ।ਘਟਨਾ ਤੋਂ ਤੁਰੰਤ ਬਾਅਦ ਸ੍ਰੀ ਅਕਾਲ ਤਖਤ ਸਾਹਿਬ ਅਤੇ ਧਰਮ ਪ੍ਰਚਾਰ ਕਮੇਟੀ ਨੂੰ ਸੂਚਿਤ ਕੀਤਾ ਗਿਆ ਸੀ, ਜਿਸ ਤੋਂ ਬਾਅਦ ਧਰਮ ਪ੍ਰਚਾਰ ਕਮੇਟੀ ਦੇ ਮੈਂਬਰਾਂ ਵੱਲੋਂ ਮੌਕੇ 'ਤੇ ਪਹੁੰਚ ਕੇ ਜਾਂਚ ਕਰਨ ਮਗਰੋਂ ਰਿਪੋਰਟ ਵੀ ਪੇਸ਼ ਕੀਤੀ ਗਈ।ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਭਾਈ ਬਲਦੇਵ ਸਿੰਘ ਵਡਾਲਾ ਵੱਲੋਂ ਗੁਰਦੁਆਰਾ ਸਾਹਿਬ ਪਹੁੰਚ ਕੇ ਪ੍ਰਬੰਧਕਾਂ ਪਾਸੋਂ ਘਟਨਾ ਸੰਬੰਧੀ ਜਾਣਕਾਰੀ ਇਕੱਤਰ ਕੀਤੀ ਗਈ ਸੀ।ਪਰ ਬੀਤੇ ਕੱਲ੍ਹ ਭਾਈ ਵਡਾਲਾ ਤੇ ਸੁਖਜੀਤ ਸਿੰਘ ਖੋਸਾ ਨਿਹੰਗ ਸਿੰਘ ਜਥੇਬੰਦੀਆਂ ਨਾਲ ਦੁਬਾਰਾ ਗੁਰਦੁਆਰਾ ਸਾਹਿਬ ਪਹੁੰਚੇ, ਜਿੱਥੇ ਉਨ੍ਹਾਂ ਨੇ ਇਸ ਘਟਨਾ ਨੂੰ ਬੇਅਦਬੀ ਨਾਲ ਜੋੜਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਾਂ 'ਤੇ ਸਵਾਲ ਖੜ੍ਹੇ ਕਰਨ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਪਾਠੀ ਸਿੰਘਾਂ ਅਤੇ ਪ੍ਰਬੰਧਕ ਕਮੇਟੀ ਖ਼ਿਲਾਫ਼ ਝੂਠਾ ਪ੍ਰਚਾਰ ਕਰਨਾ ਸ਼ੁਰੂ ਕਰ ਦਿੱਤਾ।ਪ੍ਰਬੰਧਕਾਂ ਨੇ ਭਾਈ ਵਡਾਲਾ ਤੇ ਸੁਖਜੀਤ ਸਿੰਘ ਖੋਸਾ ਤੇ ਪਾਠੀ ਸਿੰਘਾਂ ਨੂੰ ਮਸੰਦ ਕਹਿਣ ਤੇ ਸੰਗਤ ਨੂੰ ਗੁੰਮਰਾਹ ਕਰਨ ਦੇ ਇਲਜ਼ਾਮ ਲਗਾਏ ਹਨ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕਰਨਲ ਹਰੀ ਸਿਮਰਨਜੀਤ ਸਿੰਘ ਨੇ ਕਿਹਾ ਕਿ ਕਮਰੇ ਨੂੰ ਅੱਗ ਲੱਗਣ ਕਾਰਨ ਅਖੰਡ ਪਾਠ ਸਾਹਿਬ ਭਾਵੇਂ ਖੰਡਿਤ ਹੋਏ ਹਨ। ਪਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਕਿਸੇ ਵੀ ਤਰ੍ਹਾਂ ਦਾ ਨੁਕਸਾਨ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਭਾਈ ਵਡਾਲਾ ਵੱਲੋਂ ਪਹਿਲਾਂ ਵੀ 11 ਜੂਨ ਨੂੰ ਗੁਰਦੁਆਰਾ ਸਾਹਿਬ ਆ ਕੇ ਇੱਕ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਪਾਈ ਗਈ ਸੀ, ਜਿਸ ਵਿੱਚ ਗੁਰੂ ਸਾਹਿਬ ਦੇ ਸਰੂਪਾਂ ਦੀ ਸੁਰੱਖਿਆ ਦੀ ਗੱਲ ਕਰਨ ਦੀ ਬਜਾਏ ਪ੍ਰਬੰਧਾਂ 'ਤੇ ਹੀ ਸਵਾਲ ਚੁੱਕੇ ਗਏ ਸਨ।ਪ੍ਰਧਾਨ ਅਨੁਸਾਰ ਐਤਵਾਰ ਨੂੰ ਭਾਈ ਵਡਾਲਾ ਵੱਲੋਂ ਦੁਬਾਰਾ ਬੇਅਦਬੀ ਦੇ ਦੋਸ਼ ਲਗਾਏ ਜਾਣ ਤੋਂ ਬਾਅਦ ਉਥੇ ਮੌਜੂਦ ਪਾਠੀ ਸਿੰਘਾਂ ਨੂੰ ਮਸੰਦ ਬੋਲਣ 'ਤੇ ਸੰਗਤਾਂ ਨੇ ਇਸ ਦਾ ਵਿਰੋਧ ਕੀਤਾ, ਜਿਸ ਕਾਰਨ ਤਿੱਖੀ ਬਹਿਸ ਅਤੇ ਧੱਕਾ-ਮੁੱਕੀ ਦੀ ਸਥਿਤੀ ਬਣ ਗਈ। ਉਨ੍ਹਾਂ ਦੋਸ਼ ਲਗਾਇਆ ਕਿ ਕੁਝ ਵਿਅਕਤੀਆਂ ਵੱਲੋਂ ਜਾਣ-ਬੁੱਝ ਕੇ ਗੁਰਦੁਆਰਾ ਪ੍ਰਬੰਧਾਂ ਖ਼ਿਲਾਫ਼ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਸ਼ਰਾਰਤੀ ਅਨਸਰਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਵਾਈ ਜਾਵੇਗੀ। ਇਸ ਸੰਬੰਧੀ ਥਾਣਾ ਮੁਖੀ ਭਿੱਖੀਵਿੰਡ ਹਰਪ੍ਰੀਤ ਸਿੰਘ ਵਿਰਕ ਨੇ ਕਿਹਾ ਕਿ ਇਹ ਮਾਮਲਾ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਹੋਇਆ ਹੋਣ ਕਾਰਨ ਸ੍ਰੀ ਅਕਾਲ ਤਖਤ ਸਾਹਿਬ ਦੇ ਧਿਆਨ ਅਧੀਨ ਹੈ।ਥਾਣਾ ਮੁਖੀ ਦਾ ਕਹਿਣਾ ਸੀ ਕਿ ਉਨ੍ਹਾਂ ਕੋਲ ਪਹੁੰਚੀਆਂ ਦਰਖਾਸਤਾਂ ਦੀ ਜਾਂਚ ਕਰਨ ਤੋਂ ਬਾਅਦ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

# ਮਾਲ ਅਧਿਕਾਰੀਆਂ ਲਈ ਵਿਆਪਕ ਸਮਰੱਥਾ ਨਿਰਮਾਣ ਪ੍ਰੋਗਰਾਮ ਸ਼ੁਰੂ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਮਾਲ ਖੇਤਰ ਵਿੱਚ ਡਿਜੀਟਲ ਤਬਦੀਲੀ ਅਤੇ ਪ੍ਰਸ਼ਾਸਨਿਕ ਸੁਧਾਰਾਂ ਦੇ ਯਤਨਾਂ ਨੂੰ ਗਤੀ ਦਿੰਦੇ ਹੋਏ ਸੂਬੇਭਰ ਵਿੱਚ ਮਾਲ ਅਧਿਕਾਰੀਆਂ ਲਈ ਵਿਆਪਕ ਸਮਰੱਥਾ ਨਿਰਮਾਣ ਪ੍ਰੋਗਰਾਮ ਸ਼ੁਰੂ ਕੀਤਾ ਹੈ ਅਤੇ ਪੈਂਡਿੰਗ ਸੀਮਾਂਕਨ ਮਾਮਲਿਆਂ ਦੇ ਨਿਪਟਾਰੇ ਲਈ ਵਿਸ਼ੇਸ਼ ਮੁਹਿੰਮ ਚਲਾਈ ਹੈ। ਇਸ ਦੇ ਨਾਲ ਹੀ, ਪੇਪਰਲੈਸ ਰਜਿਸਟ੍ਰੇਸ਼ਨ 2.0 ਨੂੰ ਲਾਗੂ ਕਰਨ ਦੀਆਂ ਤਿਆਰੀਆਂ ਅੰਤਿਮ ਪੜਾਅ ’ਤੇ ਹਨ।

ਇਹ ਅਗਲੀ ਪੀੜ੍ਹੀ ਦਾ ਡਿਜੀਟਲ ਰਜਿਸਟ੍ਰੇਸ਼ਨ ਪਲੇਟਫਾਰਮ ਹੈ, ਜੋ ਨਾਗਰਿਕ ਸੇਵਾਵਾਂ ਅਤੇ ਪ੍ਰਸ਼ਾਸਨਿਕ ਕੁਸ਼ਲਤਾ ਨੂੰ ਮਹੱਤਵਪੂਰਨ ਤੌਰ ’ਤੇ ਮਜ਼ਬੂਤ ਕਰੇਗਾ। ਸੁਚਾਰੂ ਤਬਦੀਲੀ ਯਕੀਨੀ ਬਣਾਉਣ ਲਈ ਪੇਪਰਲੈਸ ਰਜਿਸਟ੍ਰੇਸ਼ਨ 1.0 ਤੋਂ 2.0 ਵਿੱਚ ਮਾਈਗ੍ਰੇਸ਼ਨ ਪੜਾਅਵਾਰ ਢੰਗ ਨਾਲ ਜ਼ਿਲ੍ਹਾ-ਵਾਰ ਕੀਤਾ ਜਾਵੇਗਾ, ਤਾਂ ਜੋ ਸੇਵਾਵਾਂ ਬਿਨ੍ਹਾਂ ਰੁਕਾਵਟ ਜਾਰੀ ਰਹਿਣ ਅਤੇ ਨਾਗਰਿਕਾਂ ਨੂੰ ਘੱਟ ਤੋਂ ਘੱਟ ਅਸੁਵਿਧਾ ਹੋਵੇ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਦੀ ਵਿੱਤ ਕਮਿਸ਼ਨਰ ਡਾ. ਸੁਮਿਤਾ ਮਿਸ਼ਰਾ ਨੇ ਦੱਸਿਆ ਕਿ ਪੇਪਰਲੈਸ ਰਜਿਸਟ੍ਰੇਸ਼ਨ 2.0 ਨੂੰ ਇੱਕ ਉੱਨਤ ਡਿਜੀਟਲ ਢਾਂਚੇ ਵਜੋਂ ਵਿਕਸਤ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਜ਼ੀਰੋ ਫ਼ਿਜ਼ੀਕਲ ਦਸਤਾਵੇਜ਼ੀਕਰਨ ਦੇ ਨਾਲ ਰਜਿਸਟ੍ਰੇਸ਼ਨ ਪ੍ਰਣਾਲੀ ਦਾ ਆਧੁਨਿਕੀਕਰਨ ਕਰਨਾ ਹੈ। ਇਹ ਪਲੇਟਫਾਰਮ ਆਨਲਾਈਨ ਅਰਜ਼ੀ ਜਮ੍ਹਾਂ ਕਰਨ, ਦਸਤਾਵੇਜ਼ ਅਪਲੋਡ ਕਰਨ, ਆਧਾਰ ਅਧਾਰਤ ਪ੍ਰਮਾਣਿਕਤਾ, ਈ-ਦਸਤਖਤ, ਆਨਲਾਈਨ ਫੀਸ ਭੁਗਤਾਨ, ਰੀਅਲ ਟਾਈਮ ਵੈਰੀਫਿਕੇਸ਼ਨ, ਸੁਰੱਖਿਅਤ ਡੇਟਾ ਸਟੋਰੇਜ ਅਤੇ ਆਟੋਮੈਟਿਕ ਵਰਕਫਲੋ ਮੈਨੇਜਮੈਂਟ ਵਰਗੀਆਂ ਸਹੂਲਤਾਂ ਪ੍ਰਦਾਨ ਕਰੇਗਾ।ਉਨ੍ਹਾਂ ਕਿਹਾ ਕਿ ਇਹ ਪ੍ਰਣਾਲੀ ਨਾਗਰਿਕਾਂ ਦੀ ਸਰਕਾਰੀ ਦਫ਼ਤਰਾਂ ਵਿੱਚ ਵਾਰ-ਵਾਰ ਜਾਣ ਦੀ ਲੋੜ ਨੂੰ ਕਾਫ਼ੀ ਹੱਦ ਤੱਕ ਘਟਾਏਗੀ, ਮੈਨੂਅਲ ਦਖਲਅੰਦਾਜ਼ੀ ਨੂੰ ਘੱਟ ਤੋਂ ਘੱਟ ਕਰੇਗੀ, ਪਾਰਦਰਸ਼ਤਾ ਅਤੇ ਜਵਾਬਦੇਹੀ ਵਧਾਏਗੀ ਅਤੇ ਸੇਵਾਵਾਂ ਦੀ ਤੁਰੰਤ ਡਿਲਿਵਰੀ ਯਕੀਨੀ ਬਣਾਏਗੀ।

ਇਹ ਪਹਿਲਕਦਮੀ ਪ੍ਰਸ਼ਾਸਨਿਕ ਕੁਸ਼ਲਤਾ ਨੂੰ ਮਜ਼ਬੂਤ ਕਰਨ, ਕਾਰੋਬਾਰੀ ਸੁਗਮਤਾ ਨੂੰ ਪ੍ਰੋਤਸਾਹਿਤ ਕਰਨ ਅਤੇ ਨਾਗਰਿਕ-ਕੇਂਦ੍ਰਿਤ ਤੇ ਬਿਨ੍ਹਾਂ ਰੁਕਾਵਟ ਰਜਿਸਟ੍ਰੇਸ਼ਨ ਤਜਰਬਾ ਪ੍ਰਦਾਨ ਕਰਨ ਵਿੱਚ ਸਹਾਈ ਸਾਬਤ ਹੋਵੇਗੀ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਪਿਛਲੇ ਦਿਨੀ ਮਿਤੀ 17 ਮਈ ਨੂੰ ਜਲੰਧਰ ਵਿਖੇ ਕੀਤੀ ਸੂਬਾ ਪੱਧਰੀ ਕਨਵੈਨਸ਼ਨ ਵਿੱਚ ਜਾਰੀ ਕੀਤੇ ਐਲਾਨਨਾਮੇ ਵਿੱਚ ਉਲੀਕੇ ਸੰਘਰਸ਼ਾਂ ਨੂੰ ਅਮਲੀ ਰੂਪ ਦੇਣ ਲਈ ਸਾਂਝਾ ਫਰੰਟ ਜ਼ਿਲ੍ਹਾ ਹੁਸ਼ਿਆਰਪੁਰ ਦੀ ਇੱਕ ਅਹਿਮ ਮੀਟਿੰਗ ਮੁਲਾਜ਼ਮ ਭਵਨ ਹੁਸ਼ਿਆਰਪੁਰ ਵਿਖੇ ਸਾਥੀ ਜੈਲ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਜੱਥੇਬੰਦੀਆਂ ਦੇ ਆਗੂਆਂ ਵਲੋਂ ਸ਼ਮੂਲੀਅਤ ਕੀਤੀ ਗਈ।ਮੀਟਿੰਗ ਦੇ ਸ਼ੁਰੂ ਵਿੱਚ ਪਟਿਆਲਾ ਵਿਖੇ ਸਹਾਇਕ ਲਾਈਨਮੈਨਾਂ ਤੇ ਪਟਿਆਲਾ ਪੁਲਿਸ ਵਲੋਂ ਕੀਤੇ ਵਹਿਸ਼ੀਆਨਾ ਲਾਠੀਚਾਰਜ ਦੇ ਵਿਰੋਧ ਵਿੱਚ ਮਤਾ ਪੇਸ਼ ਕੀਤਾ ਗਿਆ ਅਤੇ ਮੰਗ ਕੀਤੀ ਗਈ ਕਿ ਅਜਿਹੀ ਗੁੰਡਾਗਰਦੀ ਕਰਨ ਵਾਲੇ ਪੁਲਿਸ ਅਧਿਕਾਰੀਆਂ ਅਤੇ ਮੁਲਾਜ਼ਮਾਂ ਖਿਲਾਫ ਕਾਰਵਾਈ ਕੀਤੀ ਜਾਵੇ। ਸੂਬਾ ਕਨਵੈਨਸ਼ਨ ਦੇ ਫੈਸਲਿਆਂ ਦੀ ਪਹਿਲੀ ਕੜੀ ਨੂੰ ਲਾਗੂ ਕਰਨ ਸਬੰਧੀ ਮੀਟਿੰਗ ਵਿੱਚ ਆਗੂਆਂ ਵਲੋਂ ਵਿਚਾਰ-ਚਰਚਾ ਕਰਨ ਉਪਰੰਤ ਮਿਤੀ 5 ਜੁਲਾਈ ਨੂੰ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਮਿਤੀ 5 ਜੁਲਾਈ ਨੂੰ ਇਹ ਕਨਵੈਨਸ਼ਨ ਸ਼ਿਮਲਾ ਪਹਾੜੀ ਚੌਂਕ ਦੇ ਨਜ਼ਦੀਕ ਸੈਣੀ ਭਵਨ ਵਿਖੇ ਕੀਤੀ ਜਾਵੇਗੀ। ਆਗੂਆਂ ਵੱਲੋਂ ਮਿਤੀ 17 ਜੂਨ ਨੂੰ ਪੈਨਸ਼ਨਰਜ਼ ਜੁਆਇੰਟ ਫਰੰਟ ਵਲੋਂ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਵਿੱਚ ਸਮੂਹ ਪੈਨਸ਼ਨਰਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ। ਇਸ ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਓਂਕਾਰ ਸਿੰਘ, ਰਕੇਸ਼ ਕੁਮਾਰ ਮਹਿਲਾਂਵਾਲੀ, ਕਮਲ ਕੁਮਾਰ ਗੁਪਤਾ, ਸਤਨਾਮ ਸਿੰਘ, ਪਰਮਜੀਤ ਸਿੰਘ, ਮਨਜੀਤ ਸਿੰਘ ਬਾਜਵਾ, ਮਦਨ ਲਾਲ ਸੈਣੀ, ਜਰਨੈਲ ਸਿੰਘ, ਅਮਨਦੀਪ, ਹਰਮੇਸ਼ ਪਾਲ, ਰਸ਼ਪਾਲ ਚੰਦ, ਸਤਪਾਲ ਸਿੰਘ, ਕ੍ਰਿਸ਼ਨ ਗੋਪਾਲ, ਹਰਵਿੰਦਰ ਸਿੰਘ, ਕਮਲਜੀਤ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

# ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਲਾਭ ਹਰ ਯੋਗ ਮਹਿਲਾ ਤੱਕ ਪਹੁੰਚਾਉਣਾ ਸਾਡਾ ਸੰਕਲਪ : ਡਿਪਟੀ ਸਪੀਕਰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਵਿਧਾਇਕ ਗੜ੍ਹਸ਼ੰਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੀ ਅਗਵਾਈ ਹੇਠ ਗੜ੍ਹਸ਼ੰਕਰ ਵਿਖੇ ਪੰਜਾਬ ਸਰਕਾਰ ਦੀ ਮਹੱਤਵਪੂਰਨ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸਬੰਧੀ ਇੱਕ



ਵਿਸ਼ੇਸ਼ ਟ੍ਰੇਨਿੰਗ ਕੈਂਪ ਆਯੋਜਿਤ ਕੀਤਾ ਗਿਆ। ਕੈਂਪ ਦਾ ਉਦੇਸ਼ ਯੋਜਨਾ ਨੂੰ ਜ਼ਮੀਨੀ ਪੱਧਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਦਿਆਂ ਹਰ ਯੋਗ ਮਹਿਲਾ ਤੱਕ ਇਸ ਦਾ ਲਾਭ ਪਹੁੰਚਾਉਣਾ ਸੀ। ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਲਈ ਵਚਨਬੱਧ ਹੈ ਅਤੇ ਇਹ ਯੋਜਨਾ ਉਸੇ ਸੋਚ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਅਸਲ ਮਕਸਦ ਤਦ ਹੀ ਪੂਰਾ ਹੋ ਸਕਦਾ ਹੈ ਜਦੋਂ ਉਨ੍ਹਾਂ ਦਾ ਲਾਭ ਆਖ਼ਰੀ ਪਾਤਰ ਵਿਅਕਤੀ ਤੱਕ ਪਹੁੰਚੇ ਅਤੇ ਇਹੀ ਸਰਕਾਰ ਦਾ ਸੰਕਲਪ ਹੈ। ਡਿਪਟੀ ਸਪੀਕਰ ਰੌੜੀ ਨੇ ਅਧਿਕਾਰੀਆਂ, ਕਰਮਚਾਰੀਆਂ ਅਤੇ ਵਲੰਟੀਅਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਯੋਗ ਮਹਿਲਾਵਾਂ ਨੂੰ ਯੋਜਨਾ ਬਾਰੇ ਜਾਗਰੂਕ ਕਰਨ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਹਰ ਸੰਭਵ ਮਦਦ ਕਰਨ। ਟ੍ਰੇਨਿੰਗ ਕੈਂਪ ਦੌਰਾਨ ਯੋਜਨਾ ਨਾਲ ਜੁੜੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਯੋਗਤਾ ਸ਼ਰਤਾਂ, ਰਜਿਸਟ੍ਰੇਸ਼ਨ ਪ੍ਰਕਿਰਿਆ, ਲੋੜੀਂਦੇ ਦਸਤਾਵੇਜ਼ਾਂ, ਅਰਜ਼ੀਆਂ ਦੀ ਜਾਂਚ ਅਤੇ ਲਾਭਪਾਤਰੀਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਭਾਗੀਦਾਰਾਂ ਦੀਆਂ ਸ਼ੰਕਾਵਾਂ ਦਾ ਨਿਪਟਾਰਾ ਕਰਦਿਆਂ ਯੋਜਨਾ ਦੇ ਸਫ਼ਲ ਲਾਗੂਕਰਨ ਲਈ ਲੋੜੀਂਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ।

# ਹਿੰਦੂਆਂ ਦੇ ਹਿੱਤਾਂ ਦੀ ਰਾਖੀ ਲਈ ਸ਼ਿਵ ਸੈਨਾ ਹਿੰਦੁਸਤਾਨ ਹਰ ਕੁਰਬਾਨੀ ਦੇਣ ਲਈ ਤਿਆਰ : ਰਾਹੁਲ ਖੰਨਾ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸਨਾਤਨੀ ਹਿੰਦੂਆਂ ਨੂੰ ਦਰਪੇਸ਼ ਆ ਰਹੀਆਂ ਔਕੜਾਂ ਸਬੰਧੀ ਉਨ੍ਹਾਂ ਦੀ ਆਵਾਜ਼ ਬੁਲੰਦ ਕਰਨ ਅਤੇ ਉਨ੍ਹਾਂ ਦੇ ਬਣਦੇ ਹੱਕ ਉਨ੍ਹਾਂ ਨੂੰ ਨਾ ਦਿੱਤੇ ਜਾਣ ਦੇ ਰੋਸ ਵਜੋਂ ਸ਼ਿਵ ਸੈਨਾ ਹਿੰਦੁਸਤਾਨ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਵਾਸ ਅਸਥਾਨ ਤੱਕ ਤ੍ਰਿਸ਼ੂਲ ਮਾਰਚ ਕੱਢਣ ਦੇ ਸਬੰਧ ਵਿੱਚ ਮੋਹਾਲੀ ਵਿਖੇ ਰੱਖੀ ਗਈ ਮੀਟਿੰਗ ’ਚ ਸ਼ਾਮਿਲ ਹੋਣ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਟਾਂਡਾ ਤੋਂ ਸ਼ਿਵ ਸੈਨਾ ਵਰਕਰਾਂ ਦਾ ਇੱਕ ਜੱਥਾ ਰਵਾਨਾ ਹੋਇਆ। ਇਸ ਜੱਥੇ ਵਿੱਚ ਸ਼ਾਮਿਲ ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜ਼ਨ, ਜ਼ਿਲ੍ਹਾ ਸਕੱਤਰ ਪੰਡਿਤ ਮਿਥਲੇਸ਼ ਗਰਗ, ਜ਼ਿਲ੍ਹਾ ਵਾਈਸ ਚੇਅਰਮੈਨ ਸੰਜੀਵ ਖੰਨਾ, ਸਿਟੀ ਪ੍ਰਧਾਨ ਰਜੀਵ ਖੰਨਾ, ਸਿਟੀ ਵਾਈਸ ਪ੍ਰਧਾਨ ਬਬਲੂ, ਰਵੀ ਚੌਹਾਨ, ਅਮਨ ਮਾਹੌਲਾ, ਸੂਰਜ ਕੁਮਾਰ, ਸੰਨੀ ਮਾਹੌਲਾ, ਜੋਨਾ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਹਰ ਹਰ ਮਹਾਦੇਵ ਜੈ ਬਜਰੰਗ ਬਲੀ ਦੇ ਨਾਰੇ ਲਗਾ ਕੇ ਮੁਹਾਲੀ ਲਈ ਚਾਲੇ ਪਾਏ। ਰਾਹੁਲ ਖੰਨਾ ਨੇ ਕਿਹਾ ਕਿ ਪੰਜਾਬ ਦੇ ਹਿੰਦੂਆਂ ਨੂੰ ਦਰਪੇਸ਼ ਆ ਰਹੀਆਂ ਔਕੜਾਂ ਸਬੰਧੀ ਕਈ ਵਾਰ ਮਾਨ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਹਹੈ। ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਦੀ ਅਗਵਾਈ ਵਿੱਚ ਸ਼ਿਵ ਸੈਨਾ ਦੇ ਸਾਰੇ ਅਹੁਦੇਦਾਰਾਂ ਦੀ ਮੁਹਾਲੀ ਹੋ ਰਹੀ ਹੈ ਜਿਸ ਵਿੱਚ ਮੁੱਖ ਮੰਤਰੀ ਦੇ ਨਿਵਾਸ ਸਥਾਨ ਤੱਕ ਕੱਢਣ ਵਾਲੇ ਤ੍ਰਿਸ਼ੂਲ ਮਾਰਚ ਦੀ ਰਣਨੀਤੀ ਤਿਆਰ ਕੀਤੀ ਜਾਵੇਗੀ।

# ਚੱਕ ਬਿਲਗਾ ਵਿਖੇ ਸਾਲਾਨਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)** ਦਰਬਾਰ ਬਾਬਾ ਖਰੈਤੀ ਦਾਸ ਜੀ ਪਿੰਡ ਚੱਕ ਬਿਲਗਾ ਵਿਖੇ ਸਲਾਨਾ ਮੇਲਾ, ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ-ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਕਮੇਟੀ ਦੇ ਪ੍ਰਧਾਨ ਪ੍ਰੇਮ ਸਿੰਘ ਵਲੋਂ ਦਰਬਾਰ ਦੇ ਇਤਿਹਾਸ ਬਾਰੇ ਚਾਨਣਾ ਪਾਇਆ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਦਰਬਾਰ



ਤੇ ਠੰਡਾ ਮਿੱਠਾ ਜਲ, ਚਾਹ ਪਕੌੜੇ ਤੇ ਲੰਗਰ ਅਤੁੱਟ ਵਰਤਾਇਆ ਗਿਆ। ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ। ਇਸ ਮੌਕੇ ਪ੍ਰਧਾਨ ਪ੍ਰੇਮ ਸਿੰਘ, ਗਿਆਨ ਚੰਦ ਕਜਲਾ, ਮਨਜੀਤ ਰਾਮ ਕਜਲਾ,ਸੁਰਜੀਤ ਕੁਮਾਰ ਕਜਲਾ, ਬਨਾਰਸੀ ਦਾਸ ਕਜਲਾ, ਪਰਮਿੰਦਰ ਸੋਨੂੰ,ਦੌਲਤ ਰਾਮ, ਫ਼ੌਜੀ ਰਾਮ ਕਜਲਾ ਤੋਂ ਇਲਾਵਾ ਭਾਰੀ ਗਿਣਤੀ ’ਚ ਸੰਗਤਾਂ ਹਾਜ਼ਰ ਸਨ।

# ਛੱਪੜ ਨੂੰ ਪਿੰਡ ਤੋਂ ਬਾਹਰ ਕਰਨ ਸੰਬੰਧੀ ਰੈਲੀ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੌਜਵਾਨ ਭਾਰਤ ਸਭਾ ਵੱਲੋਂ ਪਿੰਡ ਮੰਡਿਆਲਾ ਦੇ ਛੱਪੜ ਕਾਰਨ ਆ ਰਹੀਆਂ ਸਮੱਸਿਆਵਾਂ ਅਤੇ ਉਸ ਨੂੰ ਕਿਸੇ ਹੋਰ ਜਗ੍ਹਾ ਤਬਦੀਲ ਕਰਨ ਸੰਬੰਧੀ ਪਿੰਡ ਵਾਸੀਆਂ ਅਤੇ ਭਰਾਤਰੀ ਜਥੇਬੰਦੀਆਂ ਵਲੋਂ ਰੈਲੀ ਕੀਤੀ ਗਈ। ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਵਿੱਤ ਸਕੱਤਰ ਸੁਖਦੇਵ ਮੰਡਿਆਲਾ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਆਗੂ ਕਸ਼ਮੀਰ ਮੰਡਿਆਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿੰਡ ਦਾ ਛੱਪੜ ਜਦੋਂ ਭਰ ਜਾਂਦਾ ਹੈ ਤਾਂ ਗੰਦਾ ਪਾਣੀ ਸੜਕ ਤੇ ਭਰ ਜਾਂਦਾਂ ਹੈ ਜਿਸ ਕਾਰਨ ਲੋਕਾਂ ਨੂੰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਦੂਸਰਾ ਕਾਰਨ ਕਿ ਛੱਪੜ ਬਿਲਕੁਲ ਭਗਵਾਨ ਵਾਲਮੀਕਿ ਮੰਦਿਰ ਦੇ ਨਾਲ ਲੱਗਦਾ ਹੈ। ਇਸ ਨੂੰ ਫੌਰੀ ਕਿਸੇ ਹੋਰ ਜਗ੍ਹਾ ਤਬਦੀਲ ਕਰਨ ਦੀ ਮੰਗ ਕੀਤੀ ਗਈ।

ਇਸ ਰੈਲੀ ਦੌਰਾਨ ਮੌਕੇ ’ਤੇ ਪਿੰਡ ਦੇ ਸਰਪੰਚ ਨੇ ਪਹੁੰਚ ਕੇ ਮਸਲਾ ਹੱਲ ਕਰਨ ਸੰਬੰਧੀ ਆਮ ਇਜਲਾਸ ਕਰਕੇ ਮਤਾ ਪਾਸ ਕਰਕੇ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਵਿਤ ਸਕੱਤਰ ਸੁਖਦੇਵ ਮੰਡਿਆਲਾ, ਸਨੀ, ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਆਗੂ ਕਸ਼ਮੀਰ ਮੰਡਿਆਲਾ, ਜਸਵਿੰਦਰ ਸਿੰਘ ਬਿੱਲਾ, ਸੌਖਾ, ਗਿਆਨ ਸਿੰਘ, ਦੀਵਾਨ ਸਿੰਘ, ਏਕਮ ਆਦਿ ਹਾਜ਼ਰ ਸਨ।

# ਸਰਕਾਰ ਨੇ ਵਾਪਸ ਕੀਤੇ ਪ੍ਰਿੰਸੀਪਲ ਪ੍ਰੇਮ ਕੁਮਾਰ ਦੇ ਗੰਨਮੈਨ

**ਫਿਲੌਰ, (ਨਿਰਮਲ)**- ਵਿਧਾਨ ਸਭਾ ਹਲਕਾ ਫਿਲੌਰ ਤੋਂ ਹਲਕਾ ਇੰਚਾਰਜ ਦੇ ਅਹੁਦੇ ’ਤੇ ਰਹੇ ਪ੍ਰਿੰਸੀਪਲ ਪ੍ਰੇਮ ਕੁਮਾਰ ਦਾ ਇੱਕ ਵਾਰ ਫਿਰ ਕੱਦ ਵੱਧ ਗਿਆ ਹੈ ਕਿਉਂਕਿ ਸਰਕਾਰ ਨੇ ਉਨ੍ਹਾਂ ਨੂੰ ਉਨ੍ਹਾਂ ਦੇ ਗੰਨਮੈਨ ਵਾਪਸ ਲੁਟਾ ਦਿੱਤੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਭਾਵੇਂ ਫਿਲੌਰ ਹਲਕੇ ਦੀ ਜ਼ਿੰਮੇਵਾਰੀ ਹਾਲ ਹੀ ਵਿੱਚ ਸਰਕਾਰ ਨੇ ਹਰਜੋਤ ਕੌਰ ਲੋਹਟੀਆ ਨੂੰ ਸੌਂਪੀ ਹੈ, ਪਰ ਉਹ ਲਗਾਤਾਰ ਇਲਾਕੇ ਦੇ ਲੋਕਾਂ ਨਾਲ ਜੁੜੇ ਹੋਏ ਹਨ ਅਤੇ ਪਹਿਲਾਂ ਵਾਂਗ ਹੀ ਆਪਣੇ ਜਨ ਸੇਵਾ ਦੇ ਕੰਮ ਜਾਰੀ ਰੱਖਣਗੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਉਹ ਆਪਣੇ ਸਾਥੀਆਂ ਨਾਲ ਹਲਕੇ ਦੇ ਹਰ ਪਿੰਡ ਵਿੱਚ ਜਾਣਗੇ ਅਤੇ ਲੋਕਾਂ ਨੂੰ



ਸਰਕਾਰ ਦੀਆਂ ਜਨ ਭਲਾਈ ਨੀਤੀਆਂ ਬਾਰੇ ਜਾਗਰੂਕ ਕਰਨਗੇ। ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਫਿਲੌਰ ਹਲਕੇ ਦੇ ਲੋਕ ਕਿਸੇ ਬਾਹਰੀ ਉਮੀਦਵਾਰ ਨੂੰ ਸਵੀਕਾਰ ਨਹੀਂ ਕਰਨਗੇ। ਉਨ੍ਹਾਂ ਦਾਅਵਾ ਕੀਤਾ ਕਿ ਇਲਾਕੇ ਦੇ ਲੋਕ ਅਜਿਹੇ ਆਗੂਆਂ ਨੂੰ ਪਸੰਦ ਕਰਦੇ ਹਨ ਜੋ ਆਪਣੇ ਹਲਕੇ ਨਾਲ ਜੁੜੇ ਹੋਣ ਅਤੇ ਲੋਕਾਂ ਵਿੱਚ ਰਹਿੰਦੇ ਹੋਣ। ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਓਵਰਲੋਡਡ ਅਤੇ ਤੇਜ਼ ਰਫ਼ਤਾਰ ਟਿੱਪਰਾਂ ’ਤੇ ਸਖ਼ਤ ਨਜ਼ਰ ਰੱਖੀ ਜਾਵੇ ਤਾਂ ਜੋ ਭਵਿੱਖ ਵਿੱਚ ਅਜਿਹੇ ਹਾਦਸਿਆਂ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਗੈਰ-ਕਾਨੂੰਨੀ ਮਾਈਨਿੰਗ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੀਆਂ ਗ਼ਲਤ ਗਤੀਵਿਧੀਆਂ ਖ਼ਿਲਾਫ਼ ਸਖ਼ਤ ਕਾਰਵਾਈ ਲਈ ਆਵਾਜ਼ ਉਠਾਈ ਜਾਵੇਗੀ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸ਼ਰਧਾਲੂਆਂ ਦੀਆਂ ਦੋ ਬੱਸਾਂ ਰਵਾਨਾ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਜ਼ੀਰਕਪੁਰ ਦੇ ਵਾਰਡ ਨੰਬਰ 11 ਤੋਂ 57ਵੀਂ ਅਤੇ ਵਾਰਡ ਨੰਬਰ 12 ਤੋਂ 58ਵੀਂ ਬੱਸ ਨੂੰ ਸ਼ਰਧਾਲੂਆਂ ਲਈ ਅੰਮ੍ਰਿਤਸਰ ਦੇ ਵੱਖ-ਵੱਖ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨਾਂ ਵਾਸਤੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਵਰਗ ਦੇ ਲੋਕਾਂ, ਖਾਸ ਕਰਕੇ ਬਜ਼ੁਰਗਾਂ ਨੂੰ, ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਦਾ ਮੌਕਾ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਆਪਣੀ ਆਸਥਾ ਅਨੁਸਾਰ ਤੀਰਥ ਯਾਤਰਾ ਕਰ ਸਕਣ। ਉਨ੍ਹਾਂ ਕਿਹਾ ਕਿ ਇਹ ਸਕੀਮ ਲੋਕਾਂ ਵੱਲੋਂ ਬਹੁਤ ਸਰਾਹੀ ਜਾ ਰਹੀ ਹੈ ਅਤੇ ਹਜ਼ਾਰਾਂ ਸ਼ਰਧਾਲੂ ਇਸ ਦਾ ਲਾਭ ਲੈ ਚੁੱਕੇ ਹਨ। ਸ਼ਰਧਾਲੂ ਸ੍ਰੀ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਣਾ ਮੰਦਿਰ, ਭਗਵਾਨ ਵਾਲਮੀਕਿ ਤੀਰਥ ਸਥਲ ਵਿਖੇ ਨਤਮਸਤਕ ਹੋਣ ਤੋਂ ਇਲਾਵਾ ਜਲ੍ਹਿਆਂਵਾਲਾ ਬਾਗ਼ ਅਤੇ ਵਾਹਗਾ ਸਰਹੱਦ ਵੀ ਦੇਖਣਗੇ।

# ਇਟਲੀ ਤੋਂ ਆਈ 24 ਸਾਲਾ ਨੌਜਵਾਨ ਦੀ ਮ੍ਰਿਤਕ ਦੇਹ, ਨਮ ਅੱਖਾਂ ਨਾਲ ਹੋਇਆ ਅੰਤਮ ਸੰਸਕਾਰ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- 2020 ਦੌਰਾਨ ਇਟਲੀ ਗਏ ਪਿੰਡ ਅਟਾਲ ਮਜਾਰਾ ਦੇ 24 ਸਾਲਾ ਨੌਜਵਾਨ ਰਜਿੰਦਰ ਸਿੰਘ ਹਨੀ ਦੀ ਮ੍ਰਿਤਕ ਦੇਹ ਪਿਛਲੇ ਦਿਨੀਂ ਜਿਵੇਂ ਹੀ ਉਸ ਦੇ ਜੱਦੀ ਪਿੰਡ ਪਹੁੰਚੀ, ਤਾਂ ਪੂਰੇ ਇਲਾਕੇ ਵਿੱਚ ਮਾਤਮ ਪਸਰ ਗਿਆ। ਮ੍ਰਿਤਕ ਨੌਜਵਾਨ ਦਾ ਅੰਤਿਮ ਸੰਸਕਾਰ ਪਿੰਡ ਦੇ ਸ਼ਮਸ਼ਾਨਘਾਟ ਵਿੱਚ ਬੇਹੱਦ ਗਮਗੀਨ ਮਾਹੌਲ ਅਤੇ ਨਮ ਅੱਖਾਂ ਨਾਲ ਕਰ ਦਿੱਤਾ ਗਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਰਜਿੰਦਰ ਸਿੰਘ ਹਨੀ (24) ਰੋਜ਼ੀ-ਰੋਟੀ ਕਮਾਉਣ ਲਈ ਇਟਲੀ ਗਿਆ ਸੀ ਅਤੇ ਪਿਛਲੇ ਛੇ ਸਾਲਾਂ ਤੋਂ ਉੱਥੇ ਰਹਿ ਰਿਹਾ ਸੀ। ਇਸ ਮੰਦਭਾਗੀ ਘਟਨਾ ਨਾਲ ਪਰਵਾਰ ’ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ। ਦੱਸਿਆ ਜਾ ਰਿਹਾ ਹੈ ਕਿ ਮ੍ਰਿਤਕ ਰਜਿੰਦਰ ਸਿੰਘ ਦੇ ਪਿਤਾ ਦੀ ਕਰੀਬ ਡੇਢ ਸਾਲ ਪਹਿਲਾਂ ਮੌਤ ਹੋ ਗਈ ਸੀ, ਜਿਸ ਤੋਂ ਕੁਝ ਸਮਾਂ ਬਾਅਦ ਹਨੀ ਦੇ ਭਰਾ ਦਾ ਵੀ ਦੇਹਾਂਤ ਹੋ ਗਿਆ।



ਪਰਵਾਰ ਵਿੱਚ ਕਮਾਉਣ ਵਾਲਾ ਉਹ ਇਕਲੌਤਾ ਸਹਾਰਾ ਸੀ ਅਤੇ ਅਜੇ ਕੁਆਰਾ ਸੀ। ਇਸ ਵਕਤ ਘਰ ਵਿੱਚ ਸਿਰਫ਼ ਉਸ ਦੀ ਬਜ਼ੁਰਗ ਮਾਂ ਅਤੇ ਭੈਣ ਹੀ ਰਹਿ ਗਈਆਂ ਹਨ।

ਇਸ ਦੁਖਦਾਈ ਘੜੀ ਵਿੱਚ ਸੋਗ ਪ੍ਰਗਟ ਕਰਨ ਅਤੇ ਪਰਵਾਰ ਨਾਲ ਦੁੱਖ ਵੰਡਾਉਣ ਲਈ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਇਲਾਕਾ ਨਿਵਾਸੀ ਅਤੇ ਰਿਸ਼ਤੇਦਾਰ ਸ਼ਾਮਲ ਹੋਏ।

# ਐੱਨ ਸੀ ਸੀ ਕੈਡਿਟਾਂ ਦਾ ਸਿਖਲਾਈ ਕੈਂਪ ਸਮਾਪਤ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਇੰਟਰਨੈਸ਼ਨਲ ਸਕੂਲ ਖਿਆਲਾ ਦੇ ਐੱਨ ਸੀ ਸੀ ਕੈਡਿਟਾਂ ਨੇ 2 ਜੂਨ ਤੋਂ 11 ਜੂਨ ਤੱਕ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ 8 ਪੰਜਾਬ ਬਟਾਲੀਅਨ ਐਨ.ਸੀ.ਸੀ., ਫਗਵਾੜਾ ਵੱਲੋਂ ਆਯੋਜਿਤ ਸੰਯੁਕਤ ਸਾਲਾਨਾ ਸਿਖਲਾਈ ਕੈਂਪ (ਸੀ ਏ ਸੀ ਟੀ - 35) ਵਿੱਚ ਸਫਲਤਾਪੂਰਵਕ ਭਾਗ ਲਿਆ। ਸੀ ਟੀ ਓ ਚਰਨਜੀਤ ਦੀ ਅਗਵਾਈ ਹੇਠ 51 ਕੈਡਿਟਾਂ, ਜਿਨ੍ਹਾਂ ਵਿੱਚ 27 ਮੁੰਡੇ ਅਤੇ 24 ਕੁੜੀਆਂ ਸ਼ਾਮਲ ਸਨ, ਨੇ ਸਕੂਲ ਦੀ ਨੁਮਾਇੰਦਗੀ ਕੀਤੀ। ਇਹ ਕੈਂਪ ਕਰਨਲ ਅਜੈ ਲੂੰਬਾ (ਕੈਂਪ ਕਮਾਂਡੈਂਟ) ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸ ਵਿੱਚ ਲੈਫਟੀਨੈਂਟ ਕਰਨਲ ਹਿਤੇਸ਼ ਆਰ ਕੇ ਕਾਲਾ (ਪ੍ਰਸ਼ਾਸਕੀ ਅਧਿਕਾਰੀ), ਸੂਬੇਦਾਰ ਮੇਜਰ ਕੋਂਚੋਕ ਤਾਸ਼ੀ ਅਤੇ ਕੈਂਪ ਐਡਜੂਟੈਂਟ ਡਾ. ਕਮਲਜੀਤ ਸਿੰਘ ਦਾ ਮਹੱਤਵਪੂਰਨ ਯੋਗਦਾਨ ਰਿਹਾ। ਦਸ ਦਿਨਾਂ ਦੇ ਕੈਂਪ ਦੌਰਾਨ ਕੈਡਿਟਾਂ ਨੇ ਡ੍ਰਿੱਲ, ਮੈਪ ਰੀਡਿੰਗ, ਹਥਿਆਰਾਂ ਦੀ ਸੰਭਾਲ, .22 ਰਾਈਫ਼ਲ ਸਿਖਲਾਈ ਅਤੇ ਸਰੀਰਕ ਤੰਦਰੁਸਤੀ ਨਾਲ ਸੰਬੰਧਿਤ ਗਤੀਵਿਧੀਆਂ ਵਿੱਚ ਸਿਖਲਾਈ ਪ੍ਰਾਪਤ ਕੀਤੀ। ਕੈਂਪ ਨੇ ਕੈਡਿਟਾਂ ਵਿੱਚ ਅਨੁਸ਼ਾਸਨ, ਲੀਡਰਸ਼ਿਪ, ਟੀਮ-ਭਾਵਨਾ, ਆਤਮ-ਵਿਸ਼ਵਾਸ ਅਤੇ ਸਮੁੱਚੇ ਸ਼ਖ਼ਸੀਅਤ ਵਿਕਾਸ ਨੂੰ ਉਤਸ਼ਾਹਿਤ ਕੀਤਾ। ਸਮਾਪਤੀ ਸਮਾਰੋਹ ਦੌਰਾਨ ਸਮੂਹ-ਗਾਇਨ, ਮੈਰਾਥਨ ਦੌੜ, ਵਾਲੀਬਾਲ, ਰੱਸਾਕਸ਼ੀ




ਅਤੇ ਖੋ-ਖੋ ਸਮੇਤ ਕਈ ਸੱਭਿਆਚਾਰਕ ਅਤੇ ਖੇਡ ਮੁਕਾਬਲੇ ਕਰਵਾਏ ਗਏ। ਸੰਤ ਬਾਬਾ ਭਾਗ ਸਿੰਘ ਇੰਟਰਨੈਸ਼ਨਲ ਸਕੂਲ ਦੇ ਕੈਡਿਟਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਮੁਕਾਬਲਿਆਂ ਵਿੱਚ 4 ਸੋਨੇ ਦੇ ਤਗ਼ਮੇ ਅਤੇ 10 ਚਾਂਦੀ ਦੇ ਤਗਮੇ ਜਿੱਤੇ।

ਸਕੂਲ ਲਈ ਮਾਣ ਵਾਲੀ ਗੱਲ ਇਹ ਰਹੀ ਕਿ ਸੀ ਟੀ ਓ ਚਰਨਜੀਤ ਨੂੰ ਕਰਨਲ ਅਜੈ ਲੂੰਬਾ ਵੱਲੋਂ ਉਨ੍ਹਾਂ ਦੀ ਮਿਸਾਲੀ ਅਗਵਾਈ ਅਤੇ ਸਕੂਲ ਦੇ ਐਨ.ਸੀ.ਸੀ. ਦਲ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰਸ਼ੰਸਾ-ਪੱਤਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

# ਲਿੰਕ ਸੜਕ ਪ੍ਰੀਮਿਕਸ ਦੀ ਉਡੀਕ ’ਚ, ਲੋਕ ਪ੍ਰੇਸ਼ਾਨ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਖ਼ਾਨਪੁਰ ਤੋਂ ਸਾਧੋਵਾਲ ਵਾਇਆ ਬੀਰਮਪੁਰ ਜਾਣ ਵਾਲੀ ਲਿੰਕ ਸੜਕ ਪਿੱਛਲੇ ਸਮੇ ਤੋ ਪੂਰੀ ਤਰ੍ਹਾਂ ਟੁੱਟ ਚੁੱਕੀ ਸੀ। ਪ੍ਰਸ਼ਾਸਨ ਵਲੋਂ ਇਸ ਸੜਕ ’ਤੇ ਪਿੱਛਲੇ ਕਰੀਬ 3-4 ਮਹੀਨੇ ਤੋ ਪੱਥਰ ਪਾਂ ਕੇ ਛੱਡਿਆ ਹੋਇਆ ਹੈ। ਜਿਸ ਕਰਕੇ ਇਸ ਸੜਕ ਤੋਂ ਲੰਘਣ ਵਾਲਿਆਂ ਲਈ ਸਮੱਸਿਆ ਬਣੀ ਹੋਈ ਹੈ। ਪ੍ਰਸ਼ਾਸਨ ਦੇ ਦੱਸਣ ਮੁਤਾਬਕ ਠੇਕੇਦਾਰਾਂ ਵੱਲੋਂ ਜਲਦ ਹੀ ਪ੍ਰੀਮਿਕਸ ਪਾ ਦੇਣ ਲਈ ਕਿਹਾ ਗਿਆ ਸੀ ਪਰ ਇਨ੍ਹਾਂ ਸਮਾਂ ਬੀਤ ਜਾਣ ਦੇ



ਬਾਵਜੂਦ ਵੀ ਸੜਕ ਦੀ ਹਾਲਤ ਜੀਉ ਦੀ ਤੀਓ ਹੈ। ਇਲਾਕੇ ਦੇ ਲੋਕਾਂ ਨੇ ਮੰਗ ਕੀਤੀ ਕਿ ਜਲਦ ਹੀ ਇਸ ਲਿੰਕ ਸੜਕ ਤੇ ਪ੍ਰੀਮਿਕਸ ਪਾ ਕੇ ਲੋਕਾਂ ਨੂੰ ਸਹੂਲਤ ਦਿੱਤੀ ਜਾਵੇ । ਇਸ ਸਮੇਂ ਇਹਨਾ ਸੜਕਾ ਦੀ ਏਨੀ ਮਾੜੀ ਹਾਲਤ ਹੋ ਚੁੱਕੀ ਹੈ ਕਿ ਜੋ ਇਹਨਾ ਸੜਕਾ ਤੇ ਪੱਥਰ ਪਾਇਆ ਗਿਆ ਸੀ ਉਹ ਸਾਰਾ ਪੱਥਰ ਆਪਣੀ ਪਕੜ ਛੱਡ ਚੁੱਕਾ ਹੈ ਹੁਣ ਤਾਂ ਇਹਨਾ ਸੜਕਾ ਤੋਂ ਸਕੂਟਰ ਮੋਟਰ ਸਾਈਕਲਾਂ ਦਾ ਵੀ ਲੰਘਣਾ ਔਖਾ ਹੋ ਚੁੱਕਾ ਹੈ । ਤਸਵੀਰ ’ਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਸੜਕ ਦੇ ਉੱਪਰ ਪੱਥਰ ਦੀ ਪਰਤ ਪੂਰੀ ਤਰ੍ਹਾਂ ਉੱਖੜ ਚੁੱਕਿਆ ਹੈ। ਇਸ ਸਬੰਧੀ ਵਿਭਾਗ ਦੇ ਐੱਸ ਡੀ ਓ ਅਮਨਦੀਪ ਮਹਿਰਾ ਨਾਲ ਫੋਨ ਤੇ ਸੰਪਰਕ ਕੀਤਾ ਤਾਂ ਉਹਨਾ ਨੇ ਫੋਨ ਹੀ ਨਹੀਂ ਚੁੱਕਿਆ ।

# ਪ੍ਰਦੂਸ਼ਣ ਮਨੁੱਖੀ ਜਾਨਾਂ ਤੇ ਕੁਦਰਤ ਨਾਲ ਕਰ ਰਿਹਾ ਖਿਲਵਾੜ : ਸਾਂਝਾ ਕਿਸਾਨ-ਮਜ਼ਦੂਰ ਮੋਰਚਾ

**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਦੇ ਕਾਠਗੜ੍ਹ ਸਰਕਲ ਦੀ ਮੀਟਿੰਗ ਸਾਥੀ ਮਨੋਹਰ ਲਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦੇ ਹੋਏ ਸੂਬਾਈ ਆਗੂ ਸਾਥੀ ਕਰਨ ਸਿੰਘ ਰਾਣਾ ਨੇ ਦੱਸਿਆ ਕਿ ਮੀਟਿੰਗ ਨੇ ਫੈਕਟਰੀਆਂ ਵੱਲੋਂ ਫਲਾਈ ਜਾ ਰਹੇ ਹਵਾ ਪਾਣੀ ਦੇ ਪ੍ਰਦੂਸ਼ਣ ਅਤੇ ਇਲਾਕੇ ਦੇ ਹੋਰ ਮਸਲਿਆਂ ਤੇ ਗੰਭੀਰਤਾ ਨਾਲ ਵਿਚਾਰ ਚਰਚਾ ਕੀਤੀ। ਮੀਟਿੰਗ ਨੇ ਚਿੰਤਾ ਪ੍ਰਗਟ ਕੀਤੀ ਕਿ ਹਲਕਾ ਬਲਾਚੌਰ ਦੇ ਦੋ ਦਰਜਨ ਤੋਂ ਵੱਧ ਪਿੰਡ ਹਵਾ ਪਾਣੀ ਦੇ ਪ੍ਰਦੂਸ਼ਣ ਦੀ ਮਾਰ ਹੇਠ ਆ ਚੁੱਕੇ ਹਨ ਅਤੇ ਹੁਣ ਤੱਕ ਸੈਂਕੜੇ ਲੋਕ ਸਮੇਂ ਤੋਂ ਪਹਿਲਾਂ ਭਿਅੰਕਰ ਬਿਮਾਰੀਆਂ ਕਾਰਨ ਮੌਤ ਦੇ ਮੂੰਹ ਵਿੱਚ ਜਾ ਚੁੱਕੇ ਹਨ। ਇਸ ਖੇਤਰ ਵਿੱਚ ਲੱਗੀਆਂ ਫੈਕਟਰੀਆਂ ਦੇ ਪ੍ਰਬੰਧਕ ਪਰਦੂਸ਼ਣ



ਦੇ ਨਿਯਮਾਂ ਤੇ ਕਾਨੂੰਨਾਂ ਦੀ ਘੋਰ ਉਲੰਘਣਾ ਕਰਦੇ ਹਨ। ਇਸੇ ਤਰ੍ਹਾਂ ਮੀਟਿੰਗ ਵਿੱਚ ਕਾਠਗੜ੍ਹ ਦੇ ਉਜੜ ਰਹੇ ਸਿਹਤ ਕੇਂਦਰ, ਆਮ ਆਦਮੀ ਕਲੀਨਿਕ ਅਤੇ ਇਲਾਕੇ ਵਿੱਚ ਨਿਘਰ ਰਹੀ ਪਸ਼ੂਆਂ ਦੀ ਡਿਸਪੈਂਸਰੀਆਂ ਦੇ ਹਾਲ ਤੇ ਵੀ ਖੁੱਲ ਕੇ ਵਿਚਾਰ ਚਰਚਾ ਹੋਈ। ਮੀਟਿੰਗ ਨੇ ਫੈਸਲਾ ਕੀਤਾ ਕਿ 21 ਜੂਨ ਨੂੰ ਦੁਪਹਿਰ 12 ਵਜੇ ਇਲਾਕੇ ਦੇ ਲੋਕਾਂ ਦੀ ਇੱਕ ਜ਼ਰੂਰੀ ਮੀਟਿੰਗ ਦਾਣਾ ਮੰਡੀ ਟੌਂਸਾ ਵਿਖੇ ਕੀਤੀ ਜਾਵੇਗੀ ਜਿਸ ਵਿੱਚ ਸ਼ਾਮਿਲ ਹੋਣ ਲਈ ਪੂਰੇ ਇਲਾਕੇ ਦੇ ਲੋਕਾਂ ਨੂੰ ਖੁੱਲਾ ਸੱਦਾ ਦਿੱਤਾ ਗਿਆ ਹੈ। ਇਸ ਮੀਟਿੰਗ ਵਿੱਚ ਸਾਰੇ ਮਸਲਿਆਂ ਤੇ ਖੁੱਲ ਕੇ ਵਿਚਾਰ ਹੋਣ ਤੋਂ ਬਾਅਦ ਅਗਲੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਕਰਨੈਲ ਸਿੰਘ ਭੱਲਾ, ਬੀਬੀ ਸ਼ਸ਼ੀ ਰਾਣਾ ਸਾਬਕਾ ਸਰਪੰਚ ਟੌਂਸਾ, ਮੋਹਨ ਸਿੰਘ ਪ੍ਰਧਾਨ, ਰੌਕੀ ਸਾਬਕਾ ਪੰਚ, ਪ੍ਰਤਾਪ ਰਾਣਾ, ਸਤਪਾਲ ਸਿੰਘ ਸਾਰੋਵਾਲ, ਵਿਨੋਦ ਚੋਪੜਾ, ਮੋਹਣ ਚੰਦ ਰਤੇਵਾਲ, ਮਨੋਹਰ ਲਾਲ ਅਤੇ ਜਸਪ੍ਰੀਤ ਸਿੰਘ ਬਾਜਵਾ ਐਡਵੋਕੇਟ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਅੰਗਰੇਜ਼ੀ ਮਾਧਿਅਮ ਸਮਾਗਮ ਕਰਵਾਇਆ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸੰਤ ਨਿਰੰਕਾਰੀ ਸਤਿਸੰਗ ਭਵਨ ਡੇਰਾ ਬੱਸੀ ਵਿਖੇ ਇੱਕ ਵਿਸ਼ਾਲ ਅੰਗਰੇਜ਼ੀ ਮਾਧਿਅਮ ਸਮਾਗਮ ਦਾ ਆਯੋਜਨ ਸ਼ਰਧਾਪੂਰਵਕ ਕਰਵਾਇਆ ਗਿਆ। ਸੰਯੋਜਕ ਪੱਧਰ ਦੇ ਇਸ ਸਮਾਗਮ ਵਿੱਚ ਡੇਰਾ ਬੱਸੀ ਬਰਾਂਚ ਤੋਂ ਇਲਾਵਾ ਜੀਰਕਪੁਰ, ਲਾਲੜੂ, ਦੱਪਰ, ਮੁਬਾਰਿਕਪੁਰ, ਭਾਂਖਰਪੁਰ ਅਤੇ ਸਮਗੌਲੀ ਬਰਾਂਚਾਂ ਦੀਆਂ ਸੰਗਤਾਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ। ਇਸ ਸਮਾਗਮ ਵਿੱਚ ਭਾਗ ਲੈਣ ਵਾਲੇ ਸ਼ਰਧਾਲੂਆਂ ਨੇ ਅੰਗਰੇਜ਼ੀ ਭਾਸ਼ਾ ਦਾ ਸਹਾਰਾ ਲੈਂਦੇ ਹੋਏ ਭਗਤੀ ਭਰੇ ਗੀਤਾਂ, ਸਕਿੱਟਾਂ ਅਤੇ ਵਿਚਾਰਾਂ ਨਾਲ ਨਿਰੰਕਾਰ ਪ੍ਰਮਾਤਮਾ ਦੇ ਗੁਣਾਂ ਦਾ ਸੁੰਦਰ ਵਰਨਣ ਕੀਤਾ ਅਤੇ ਨਿਰੰਕਾਰੀ ਮਿਸ਼ਨ ਦੀਆਂ ਸਿੱਖਿਆਵਾਂ ਨੂੰ ਉਜਾਗਰ ਕੀਤਾ। ਸਮਾਗਮ ਵਿੱਚ ਆਪਣੀ ਪੇਸ਼ਕਾਰੀਆਂ ਦੇਣ ਵਾਲੇ ਹਰ ਉਮਰ ਦੇ ਸ਼ਰਧਾਲੂਆਂ, ਵਿਸ਼ੇਸ਼ ਤੌਰ ਤੇ ਬੱਚਿਆਂ ਵੱਲੋਂ ਇਸ ਦਿਨ ਲਈ ਪਿਛਲੇ ਕਈ ਦਿਨਾਂ ਤੋਂ ਲਗਾਤਾਰ ਤਿਆਰੀਆਂ ਕੀਤੀਆਂ ਜਾ ਰਹੀਆਂ ਸਨ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਮਹਾਤਮਾ ਨਰਪਾਲ ਸਿੰਘ, ਪ੍ਰਚਾਰਕ ਚੰਡੀਗੜ੍ਹ ਨੇ ਸਤਿਗੁਰੂ ਮਾਤਾ ਦਾ ਪਵਿੱਤਰ ਸੰਦੇਸ਼ ਦਿੱਤਾ। ਉਨ੍ਹਾਂ ਨੇ ਆਪਣੇ ਪ੍ਰਵਚਨਾਂ ਵਿੱਚ ਫਰਮਾਇਆ ਕਿ ਇਸ ਸਮਾਗਮ ਵਿੱਚ ਉਤਸ਼ਾਹ ਅਤੇ ਸ਼ਰਧਾ ਨਾਲ ਭਾਗ ਲੈਣ




ਵਾਲੇ ਸ਼ਰਧਾਲੂ ਭਗਤ, ਬੱਚੇ ਅਤੇ ਉਨ੍ਹਾਂ ਦੇ ਮਾਪੇ ਸ਼ਲਾਘਾ ਦੇ ਪਾਤਰ ਹਨ ਤੇ ਅਜੋਕੇ ਸਮੇਂ ਵਿੱਚ ਅਧਿਆਤਮ ਦੀਆਂ ਇਨ੍ਹਾਂ ਸਿੱਖਿਆਵਾਂ ਦੀ ਸਮਾਜ ਨੂੰ ਬਹੁਤ ਲੋੜ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਸੰਸਥਾ ਜਾਂ ਵਿਅਕਤੀ ਦੀ ਸਫਲਤਾ ਅਤੇ ਪ੍ਰਫੁੱਲਤਾ ਲਈ ਅਨੁਸ਼ਾਸ਼ਨ ਦਾ ਹੋਣਾ ਬਹੁਤ ਜਰੂਰੀ ਹੈ। ਅਧਿਆਤਮ ਅਤੇ ਭਗਤੀ ਦਾ ਮਾਰਗ ਆਪਣੇ ਆਪ ਨੂੰ ਹਰ ਰੋਜ਼ ਬੀਤੇ ਕੱਲ੍ਹ ਨਾਲੋਂ ਬਿਹਤਰ ਬਣਾਉਣ ਦਾ ਮਾਰਗ ਹੈ। ਉਨ੍ਹਾਂ ਕਿਹਾ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਨੇ ਵੱਖ-ਵੱਖ ਸੱਭਿਆਚਾਰਾਂ ਅਤੇ ਵਿਚਾਰਧਾਰਾਵਾਂ ਨੂੰ ਜੋੜ ਕੇ ਪਿਆਰ ਅਤੇ ਭਾਈਚਾਰੇ ਦਾ ਇੱਕ ਸੁੰਦਰ ਗੁਲਦਸਤਾ ਬਣਾਇਆ ਹੈ, ਜੋ ਕਿ ਪੂਰੇ ਸੰਸਾਰ ਲਈ ਇੱਕ ਮਿਸਾਲ ਬਣ ਗਿਆ ਹੈ। ਇਸ ਤੋਂ ਪਹਿਲਾਂ ਡੇਰਾ ਬੱਸੀ ਦੀ ਸੰਯੋਜਕ ਭੈਣ ਗੁਰਚਰਨ ਕੌਰ ਨੇ ਇਸ ਸਮਾਗਮ ਵਿੱਚ ਹਿੱਸਾ ਲੈਣ ਵਾਲੀਆਂ ਸਮੂਹ ਸੰਗਤਾਂ ਅਤੇ ਪ੍ਰਚਾਰਕ ਮਹਾਤਮਾ ਨਰਪਾਲ ਸਿੰਘ ਦਾ ਨਿੱਘਾ ਸਵਾਗਤ ਅਤੇ ਧੰਨਵਾਦ ਕੀਤਾ।

# ਪਿੰਡਾਂ ਦੇ ਵਿਕਾਸ ਦੇ ਮਾਮਲੇ ’ਚ ਮੈਂ ਸਿਆਸੀ ਵਿਤਕਰਾ ਨਹੀਂ ਕਰਦਾ : ਪੰਡੋਰੀ



**ਸ਼ਾਹਕੋਟ (ਗਿਆਨ ਸੈਦਪੁਰੀ)**- ‘ਮੈਂ ਪਿੰਡਾਂ ਦੇ ਵਿਕਾਸ ਦੇ ਮਾਮਲੇ ਵਿੱਚ ਸਿਆਸੀ ਵਿਤਕਰੇਬਾਜ਼ੀ ਤੋਂ ਉੱਪਰ ਉੱਠ ਕੇ ਕੰਮ ਕਰਦਾ ਹਾਂ’। ਉਕਤ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਹਲਕਾ ਸ਼ਾਹਕੋਟ ਦੇ ਇੰਚਾਰਜ ਪਰਮਿੰਦਰ ਸਿੰਘ ਪੰਡੋਰੀ ਨੇ ਕੀਤਾ। ਉਹ ਐਤਵਾਰ ਨੂੰ ਨੇੜਲੇ ਪਿੰਡ ਸੈਦਪੁਰ ਝਿੜੀ ਵਿਚ ‘ਆਪ’ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਹਨਾਂ ਕਿਹਾ ਕਿ ਹਲਕੇ ਵਿੱਚ ਬਹੁਤ ਸਾਰੇ ਪਿੰਡਾਂ ਦੇ ਸਰਪੰਚ ਵਿਰੋਧੀ ਪਾਰਟੀਆਂ ਦੇ ਬਣੇ ਹੋਏ ਹਨ। ਮੈਂ ਉਹਨਾਂ ਦੇ ਕੰਮਾਂ ਵਿੱਚ ਦਖਲ ਅੰਦਾਜ਼ੀ ਨਹੀਂ ਕਰਦਾ। ਪਡੋਰੀ ਨੇ ‘ਆਪ’ ਵਰਕਰਾਂ ਨੂੰ ਕਿਹਾ ਜਿੱਥੇ ਸਰਪੰਚ ਤੁਹਾਡਾ ਸਾਥ ਨਹੀਂ ਦਿੰਦੇ, ਉਥੇ ਤੁਸੀਂ ਆਪ ਤਕੜੇ ਹੋਵੋ। ਮੈਨੂੰ ਜਿੱਥੇ ਤੁਸੀਂ ‘ਵਾਜ ਮਾਰੋਗੇ’ ਮੈਂ ਉਥੇ ਹਾਜ਼ਰ ਹੋਵਾਂਗਾ। ਇਸ ਤੋਂ ਪਹਿਲਾਂ ਬਲਵਿੰਦਰ ਸਿੰਘ ਗਿੱਲ ਨੇ ਪੰਡੋਰੀ ਨੂੰ ਆਇਆ ਆਖਿਆ। ਇਸ ਮੌਕੇ ਹੋਰਨਾ ਤੋਂ ਇਲਾਵਾ ਬਲਾਕ ਸੰਮਤੀ ਮੈਂਬਰ ਸੋਨੀ ਢੋਟ, ਸੁਖਵਿੰਦਰ ਸਿੰਘ ਸੋਖਾ, ਰਣਬੀਰ ਸਿੰਘ ਰਾਣਾ ਸਾਬਕਾ ਸਰਪੰਚ, ਕਾਲਾ ਗੁੱਜਰ, ਤਰਸੇਮ ਲਾਲ ਭਲਵਾਨ, ਬਲਦੇਵ ਰਾਜ ਪੋਕਾ, ਗੋਰਾ ਸੈਦਪੁਰ, ਬਲਦੇਵ ਰਾਜ ਸਰਪੰਚ ਹਾਜੀਪੁਰ, ਰਣਜੀਤ ਸਿੰਘ ਰਾਣਾ ਮੈਂਬਰ ਪੰਚਾਇਤ, ਮੁਖਤਿਆਰ ਚੰਦ ਨਿੱਕਾ, ਸਰਬਣ ਸਿੰਘ ਗਿੱਲ, ਸੁੱਖਾ ਸਹੋਤਾ ਆਦਿ ਮੌਜੂਦ ਸਨ। ਬੀਬੀ ਬਨਸੋ ਨੇ ਸਭ ਦਾ ਧੰਨਵਾਦ ਕੀਤਾ।

# ਸੰਤ ਸਤਵਿੰਦਰ ਹੀਰਾ ਨਿੱਜੀ ਜ਼ਮੀਨ ’ਚੋਂ ਦੋ ਕਿੱਲੇ ਜ਼ਮੀਨ ਮੀਰਾ ਬਾਈ ਮੰਦਰ ਲਈ ਦਾਨ ਵਜੋਂ ਦੇਣਗੇ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਪਰਮਸ਼ਿਸ਼ ਮੀਰਾਂ ਬਾਈ ਦਾ ਸੁੰਦਰ ਅਲੌਕਿਕ ਮੰਦਿਰ ਅਤੇ ਨੌਜਬਾਨਾਂ ਨੂੰ ਫ੍ਰੀ ਆਈ ਏ ਐਸ, ਆਈ ਪੀ ਐਸ,ਪੀ ਸੀ ਐਸ ਕੋਚਿੰਗ ਸੈਂਟਰ ਦੀ ਉਸਾਰੀ ਲਈ ਆਈ ਏ ਐਸ ਅਤੇ ਹੋਰ ਸੇਵਾ ਮੁਕਤ ਅਫਸਰ ਸਾਹਿਬਾਨ ਤੇ ਬੁਧੀਜੀਵੀਆਂ ਦੀ ਇਕ ਕਮੇਟੀ ਬਣਾਈ ਜਾਵੇਗੀ ਅਤੇ ਉਨ੍ਹਾਂ ਦੀ ਇਨਾਂ ਵੱਡੇ ਮਹਾਨ ਕਾਰਜਾਂ ਲਈ ਸੇਵਾ ਲਈ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਵੱਲੋਂ ਆਦਿ ਧਰਮੀ ਕੌਮ ਦੇ ਮਹਾਂਨਾਇਕ ਗਦਰੀ ਬਾਬਾ, ਆਜ਼ਾਦੀ ਘੁਲਾਟੀਏ, ਆਦਿ ਧਰਮ ਮੰਡਲ ਦੇ ਬਾਨੀ ਬਾਬੂ ਮੰਗੂ ਰਾਮ ਮੁੱਗੋਵਾਲੀਆ ਵੱਲੋਂ ਸਥਾਪਿਤ ਕੀਤੇ ਗਏ ਆਦਿ ਧਰਮ ਮੰਡਲ ਦੇ ਸ਼ਤਾਬਦੀ ਸਮਾਗਮਾਂ ਮੌਕੇ ਹਾਜ਼ਰ ਵਿਸ਼ਾਲ ਇਕੱਠ ਵਿੱਚ ਸ੍ਰੀ ਗੁਰੂ ਰਵਿਦਾਸ ਚਰਨਛੋਹ ਇਤਿਹਾਸਕ ਧਰਮ ਅਸਥਾਨ ਬੇਗਮਪੁਰਾ ਚਰਨਛੋਹ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਕਰਦਿਆਂ ਕਿਹਾ ਉਹ ਆਪਣੀ ਨਿੱਜੀ ਜ਼ਮੀਨ ਵਿਚੋਂ ਪਹਿਲਾਂ ਦੋ ਕਿੱਲੇ



ਜ਼ਮੀਨ ਮੀਰਾਂ ਬਾਈ ਮੰਦਿਰ ਲਈ ਦਾਨ ਵਜੋਂ ਦੇਣਗੇ ਅਤੇ ਅਗਲੇ ਕਾਰਜ ਮੀਰਾਂ ਬਾਈ ਦੀ ਗਊ ਸ਼ਾਲਾ ਅਤੇ ਪੜੇ ਲਿਖੇ ਨੌਜਬਾਨਾਂ ਨੂੰ ਆਈ ਪੀ ਐਸ ਅਤੇ ਆਈ ਏ ਐਸ ਦੀ ਫ੍ਰੀ ਕੋਚਿੰਗ ਲਈ ਸੈਂਟਰ ਦੀ ਉਸਾਰੀ ਲਈ ਵੀ ਵੱਡੇ ਫੈਂਸਲੇ ਲਏ ਜਾਣਗੇ। ਉਨਾਂ ਸਮਾਜ ਦੇ ਬੁਧੀਜੀਵੀਆਂ ਨੂੰ ਅਪੀਲ ਕੀਤੀ ਕਿ ਉਹ ਇਨਾਂ ਮਹਾਨ ਕਾਰਜਾਂ ਲਈ ਅੱਗੇ ਆਉਣ ਤੇ ਆਪਣਾ ਬਣਦਾ ਯੋਗਦਾਨ ਪਾਉਣ। ਇਕ ਸਵਾਲ ਦੇ ਜਬਾਬ ਵਿੱਚ ਸੰਤ ਸਤਵਿੰਦਰ ਹੀਰਾ ਨੇ ਕਿਹਾ ਉਨ੍ਹਾਂ ਦਾ ਸੁਪਨਾ ਹੈ, ਸੋਚ ਹੈ ਕਿ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਇਕ ਵੱਡੀ ਅਕੈਡਮੀ ਸਥਾਪਿਤ ਹੋਵੇ ਜਿਥੋਂ ਬਾਬੂ ਮੰਗੂ ਰਾਮ ਮੁਗੋਵਾਲੀਆ, ਮਹਾਤਮਾ ਜੋਤੀਬਾ ਫੂਲੇ, ਬਾਬਾ ਸਾਹਿਬ ਡਾ. ਅੰਬੇਡਕਰ, ਬਾਬੂ ਕਾਂਸ਼ੀ ਰਾਮ ਵਰਗੇ ਮਹਾਂਨਾਇਕ ਪੈਦਾ ਹੋਣ ਅਤੇ ਆਦਿ ਧਰਮ ਦੀ ਲਹਿਰ ਨੂੰ ਪੂਰੇ ਵਿਸ਼ਵ ਅੰਦਰ ਪ੍ਰਚੰਡ ਕਰਨ ਅਤੇ ਸਦੀਆਂ ਦੀ ਗੁਲਾਮੀ ਨੂੰ ਸਮਾਜ ਦੇ ਗਲੋਂ ਲਾਹ ਕੇ ਆਦਿ ਧਰਮ ਰਾਜ ਦੀ ਸਥਾਪਨਾ ਕਰਨ।

ਉਨ੍ਹਾਂ ਕਿਹਾ ਇਨਾਂ ਸਥਾਨਾਂ ਨੂੰ ਸਦਾ ਲਈ ਆਦਿ ਧਰਮੀ ਕੌਮ ਦੀ ਯੋਗ ਅਗਵਾਈ ਹੇਠ ਚਲਾਉਣ ਅਤੇ ਸੁਚੱਜੇ ਪ੍ਰਬੰਧਾਂ ਹੇਠ ਸਦੀਵੀ ਰੱਖਣ ਲਈ ਬੁੱਧੀਜੀਵੀ ਵਰਗ ਦੀ ਕਮੇਟੀ ਬਣਨੀ ਅਤਿ ਜ਼ਰੂਰੀ ਹੈ ਤਾਂ ਕਿ ਕੋਈ ਸੰਤ ਜਾਂ ਬਾਬਾ ਇਨਾਂ ਅਸਥਾਨਾਂ ਤੇ ਕਾਬਜ਼ ਹੋ ਕੇ ਇਸ ਨੂੰ ਆਪਣੀ ਨਿੱਜੀ ਜਾਇਦਾਦ ਜਾਂ ਡੇਰਾ ਨਾ ਬਣਾ ਸਕੇ।

# ਐੱਨ ਸੀ ਸੀ ਕੈਂਪ ਸਫਲਤਾਪੂਰਵਕ ਸੰਪੰਨ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- 08 ਪੰਜਾਬ ਬਟਾਲੀਅਨ ਐਨ ਸੀ ਸੀ, ਫਗਵਾੜਾ ਵੱਲੋਂ ਕੰਬਾਈਨਡ ਐਨੂਅਲ ਟ੍ਰੇਨਿੰਗ ਕੈਂਪ (ਸੀਏਟੀਸੀ -35) ਦਾ ਆਯੋਜਨ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਫਗਵਾੜਾ ਵਿਖੇ 2 ਜੂਨ ਤੋਂ 11 ਜੂਨ ਤੱਕ ਸਫਲਤਾਪੂਰਵਕ ਕੀਤਾ



ਗਿਆ। ਇਸ ਦਸ ਰੋਜ਼ਾ ਕੈਂਪ ਵਿੱਚ ਬਟਾਲੀਅਨ ਅਧੀਨ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਐੱਨ ਸੀ ਸੀ ਕੈਡਿਟਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਪੱਦੀ ਸੂਰਾ ਸਿੰਘ ਦੇ 19 ਐੱਨ ਸੀ ਸੀ ਕੈਡਿਟਾਂ ਨੇ ਵੀ ਇਸ ਕੈਂਪ ਵਿੱਚ ਹਿੱਸਾ ਲਿਆ। ਇਹ ਕੈਡਿਟ ਏ ਐੱਨ ਓ ਮਨੋਜ ਕੁਮਾਰ ਬੰਗਾ ਦੀ ਦੇਖ-ਰੇਖ ਅਤੇ ਅਗਵਾਈ ਹੇਠ ਕੈਂਪ ਵਿੱਚ ਸ਼ਾਮਲ ਹੋਏ। ਕੈਡਿਟਾਂ ਨੇ ਕੈਂਪ ਦੌਰਾਨ ਅਨੁਸ਼ਾਸਨ, ਸਮਰਪਣ ਅਤੇ ਉਤਸ਼ਾਹ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕੈਂਪ ਦੀ ਕਮਾਨ ਕੈਂਪ ਕਮਾਂਡੈਂਟ ਕਰਨਲ ਅਜੈ ਲੂੰਬਾ ਦੇ ਹੱਥਾਂ ਵਿੱਚ ਸੀ। ਕੈਂਪ ਦੇ ਸੁਚਾਰੂ ਪ੍ਰਬੰਧਨ ਲਈ ਐਡਮ ਅਫ਼ਸਰ ਲੈਫਟੀਨੈਂਟ ਕਰਨਲ ਹਿਤੇਸ਼ ਆਰ ਕੇ ਕਾਲਾ, ਸੂਬੇਦਾਰ ਮੇਜਰ ਕੁੰਨਜਮ ਤਾਸ਼ੀ ਅਤੇ ਕੈਂਪ ਐਡਜੂਟੈਂਟ ਲੈਫਟੀਨੈਂਟ ਡਾ. ਕਵਲਜੀਤ ਸਿੰਘ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਕੈਂਪ ਦਾ ਮੁੱਖ ਉਦੇਸ਼ ਕੈਡਿਟਾਂ ਵਿੱਚ ਲੀਡਰਸ਼ਿਪ ਗੁਣਾਂ, ਅਨੁਸ਼ਾਸਨ, ਸਰੀਰਕ ਤੰਦਰੁਸਤੀ ਅਤੇ ਫੌਜੀ ਹੁਨਰਾਂ ਦਾ ਵਿਕਾਸ ਕਰਨਾ ਸੀ। ਕੈਂਪ ਦੌਰਾਨ ਡ੍ਰਿੱਲ, ਮੈਪ ਰੀਡਿੰਗ, ਹਥਿਆਰਾਂ ਦੀ ਜਾਣਕਾਰੀ ਅਤੇ ਸੰਭਾਲ, .22 ਰਾਈਫਲ ਟ੍ਰੇਨਿੰਗ ਅਤੇ ਫਾਇਰਿੰਗ, ਫੀਲਡ ਕਰਾਫਟ, ਪਰਸਨੈਲਿਟੀ ਡਿਵੈਲਪਮੈਂਟ ਅਤੇ ਸਰੀਰਕ ਸਿਖਲਾਈ (ਪੀ.ਟੀ.) ਵਰਗੀਆਂ ਗਤੀਵਿਧੀਆਂ ਕਰਵਾਈਆਂ ਗਈਆਂ।11 ਜੂਨ ਨੂੰ ਕੈਂਪ ਦਾ ਸਮਾਪਤੀ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਮੁਕਾਬਲਿਆਂ ਅਤੇ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਕੈਡਿਟਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਕੈਡਿਟਾਂ ਨੂੰ ਕੈਂਪ ਸਿਖਲਾਈ ਸਰਟੀਫਿਕੇਟ ਦਿੱਤੇ ਗਏ।

# ਅੱਜ ਮਨਾਇਆ ਜਾਵੇਗਾ ‘ਯਾਤਰੀ ਸੁਵਿਧਾ ਦਿਵਸ’

**ਆਦਮਪੁਰ, (ਪਰਮਜੀਤ ਸਿੰਘ)**- ਏਅਰਪੋਰਟ ਅਥਾਰਟੀ ਆਫ਼ ਇੰਡੀਆ 15 ਜੂਨ ਨੂੰ ਦੇਸ਼ ਭਰ ’ਚ ‘ਯਾਤਰੀ ਸੁਵਿਧਾ ਦਿਵਸ’ ਮਨਾਏਗੀ। ਇਸ ਸੰਬੰਧੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਹਵਾਈ ਅੱਡੇ ਆਦਮਪੁਰ ਵਿਖੇ ਵੱਖ-ਵੱਖ ਯਾਤਰੀ-ਕੇਂਦ੍ਰਿਤ, ਸਮਾਜਿਕ ਅਤੇ ਜਨਤਕ ਜਾਗਰੂਕਤਾ ਪ੍ਰੋਗਰਾਮ ਵੀ ਆਯੋਜਿਤ ਕੀਤੇ ਜਾਣਗੇ। ਇਸ ਮੌਕੇ ਹਵਾਈ ਅੱਡੇ ਨੂੰ ਵਿਸ਼ੇਸ਼ ਤੌਰ ’ਤੇ ਸਜਾਇਆ ਜਾਵੇਗਾ ਤੇ ਯਾਤਰੀਆਂ ਦੇ ਸਵਾਗਤ ਅਤੇ ਸਹੂਲਤਾਂ ਸੰਬੰਧੀ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ।

# ਅਜੈ ਕੁਮਾਰ ਨੂੰ ਘੁੰਮਣ ਨੇ ਕੀਤਾ ਸਨਮਾਨਿਤ

**ਦਸੂਹਾ (ਕਰਨੈਲ ਮਾਂਗਟ)**- ਬਲਾਕ ਦਸੂਹਾ ਦੇ ਪਿੰਡ ਕਾਲੂਵਾਲ ਦੇ ਨਵ-ਨਿਯੁਕਤ ਅਜੇ ਕੁਮਾਰ ਨੂੰ ਆਮ ਆਦਮੀ ਪਾਰਟੀ ਵਲੋਂ ਬਾਜੀਗਰ ਵੱਲਫੇਅਰ ਬੋਰਡ ਹੁਸਿਆਰਪੁਰ ਦਾ ਜ਼ਿਲ੍ਹਾ ਚੇਅਰਮੈਨ ਬਣਨ ਤੇ ਬੀ ਡੀ ਪੀ ਓ ਦਫਤਰ ਦਸੂਹਾ ਵਿਖੇ ਵਿਧਾਇਕ ਕਰਮਬੀਰ ਸਿੰਘ ਘੁੰਮਣ ਵੱਲੋ ਸਨਮਾਨਤ ਕੀਤਾ ਗਿਆ। ਇਸ ਮੌਕੇ ਤੇ ਨਵ-ਨਿਯੁਕਤ ਹੁਸਿਆਰਪੁਰ ਬਾਜ਼ੀਗਰ ਵੈੱਲਫੇਅਰ ਬੋਰਡ ਦੇ ਜ਼ਿਲਾ ਚੇਅਰਮੈਨ ਅਜੈ ਕੁਮਾਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਦਸੂਹਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਜਿਸ ਤਰ੍ਹਾਂ ਉਨ੍ਹਾਂ ਤੇ ਵਿਸ਼ਵਾਸ ਜਤਾਉਂਦਿਆਂ ਬਾਜ਼ੀਗਰ ਸੇਲ ਦਾ ਜਿਲਾ ਪ੍ਰਧਾਨ ਲਾਇਆ ਹੈ। ਉਸ ਉਮੀਦ ’ਤੇ ਖਰਾ ਉਤਰਨ ਲਈ ਉਸ ਵਲੋਂ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੇ ਵਰਕਰ ਵੱਜੋ ਕੰਮ ਕਰਦੇ ਆ ਰਹੇ। ਉਨਾ ਨੇ ਪੰਜਾਬ ਸਰਕਾਰ ਤੇ ਵਿਧਾਇਕ ਕਰਮਬੀਰ ਸਿੰਘ ਘੁੰਮਣ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਸਿੰਘ ਲਵਲੀ, ਬਲਾਕ ਸੰਮਤੀ ਮੈਂਬਰ ਦੀਦਾਰ ਸਿੰਘ ਕਾਲਾ, ਰਵਿੰਦਰ ਸਿੰਘ ਡਡਿਆਲ ਤੇ ਹੋਰ ਹਾਜ਼ਰ ਸਨ।

